ਮੰਗਲਵਾਰ, 16 ਜੂਨ, 2026
2 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 15

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 16 JUNE, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਬੇਅਦਬੀ ਖਿਲਾਫ ਕਾਨੂੰਨ ਬਣਾਉਣ ਵਾਲਾ ਬੇਅਦਬੀ ਦੇ ਦੋਸ਼ 'ਚ ਘੇਰਿਆ

### ਸਿੰਘ ਸਾਹਿਬਾਨ ਵੱਲੋਂ ਭਗਵੰਤ ਮਾਨ ਗੁਰੂ ਦੋਖੀ ਤੇ ਖਾਲਸਾ ਪੰਥ ਵਿਰੋਧੀ ਕਰਾਰ, ਸਮੁੱਚੀ ਕੈਬਨਿਟ ਤੇ ਸਿੱਖ ਵਿਧਾਇਕ 29 ਨੂੰ ਤਲਬ

**ਅੰਮ੍ਰਿਤਸਰ ਸਾਹਿਬ (ਨਵਾਂ ਜ਼ਮਾਨਾ ਸਰਵਿਸ)**

ਬੇਅਦਬੀ ਐਕਟ ਨੂੰ ਸੋਮਵਾਰ ਵਿਚਾਰਨ ਮਗਰੋਂ ਸ੍ਰੀ ਅਕਾਲ ਤਖਤ ਦੀ ਫਸੀਲ ਤੋਂ ਫੈਸਲਾ ਸੁਣਾਉਂਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ 29 ਜੂਨ ਨੂੰ ਸਾਰੀਆਂ ਪਾਰਟੀਆਂ ਦੇ ਸਿੱਖ ਵਿਧਾਇਕਾਂ ਅਤੇ ਸਮੁੱਚੀ ਕੈਬਨਿਟ ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਤਲਬ ਕਰ ਲਿਆ। ਸਿੰਘ ਸਾਹਿਬਾਨ ਨੇ ਗੁਰੂ ਸਾਹਿਬਾਨ ਦੀਆਂ ਤਸਵੀਰਾਂ ਦੀ ਬੇਅਦਬੀ ਕਰਨ ਸੰਬੰਧੀ ਕਥਿਤ ਇਤਰਾਜ਼ਯੋਗ ਵੀਡੀਓ ਮਾਮਲੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਗੁਰੂ ਦੋਖੀ ਅਤੇ ਖਾਲਸਾ ਪੰਥ ਵਿਰੋਧੀ ਕਰਾਰ ਦਿੱਤਾ। ਜਥੇਦਾਰ ਗੜਗੱਜ ਨੇ ਕਿਹਾ ਕਿ ਭਾਰਤ ਦੀਆਂ ਦੋ ਮਾਨਤਾਪ੍ਰਾਪਤ ਵੱਡੀਆਂ ਲੈਬਜ਼ ਤੋਂ ਜਾਂਚ ਕਰਾਈ ਗਈ, ਜਿੱਥੇ ਇਹ ਵੀਡੀਓਜ਼ ਠੀਕ ਪਾਈਆਂ ਗਈਆਂ ਹਨ, ਇਸ ਨਾਲ ਕੋਈ ਛੇੜਛਾੜ ਨਹੀਂ ਕੀਤੀ ਗਈ ਅਤੇ ਨਾ ਹੀ ਇਹ ਏ ਆਈ ਨਾਲ ਬਣਾਈਆਂ ਹੋਈਆਂ ਹਨ। ਉਨ੍ਹਾ ਕਿਹਾ ਕਿ ਗੁਰੂ ਸਾਹਿਬ ਦੀਆਂ ਪ੍ਰਚੱਲਤ ਤਸਵੀਰਾਂ ਅਤੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ • ਬਾਕੀ ਸਫਾ 2 'ਤੇ

### ਜਥੇਦਾਰ ਨੂੰ ਅਕਾਲੀ ਦਲ ਦੇ ਸਿਆਸੀ ਮੋਹਰੇ ਵਜੋਂ ਕੰਮ ਨਹੀਂ ਕਰਨਾ ਚਾਹੀਦਾ : ਬਲਤੇਜ ਪੰਨੂ

**ਚੰਡੀਗੜ੍ਹ** : ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਸਿਆਸਤ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ, ਜਦੋਂ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਖੁੱਲ੍ਹੇਆਮ ਇੱਕ ਖਾਸ ਸਿਆਸੀ ਪਾਰਟੀ ਦੇ ਪੱਖ ਵਿੱਚ ਖੜ੍ਹੇ ਹੋ ਕੇ ਰਾਜਨੀਤੀ ਕਰ ਰਹੇ ਹਨ।

ਸੋਮਵਾਰ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਪੰਨੂ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੁਨੀਆ ਭਰ ਦੇ ਸਿੱਖਾਂ ਦਾ ਸਰਵਉੱਚ ਅਤੇ ਪੂਜਣਯੋਗ ਅਸਥਾਨ ਹੈ, ਨਾ ਕਿ ਸੁਖਬੀਰ ਸਿੰਘ ਬਾਦਲ ਜਾਂ ਅਕਾਲੀ ਦਲ ਦੀ ਨਿੱਜੀ ਜਗੀਰ।ਉਹਨਾ ਕਿਹਾ ਕਿ ਜਥੇਦਾਰ ਸਾਹਿਬ ਨੂੰ ਅੱਧੀ ਰਾਤ ਨੂੰ ਸੁਖਬੀਰ ਬਾਦਲ • ਬਾਕੀ ਸਫਾ 2 'ਤੇ

## ਅਮਰੀਕਾ ਤੇ ਈਰਾਨ ਮੇਰੀ ਹਾਜ਼ਰੀ 'ਚ ਸਮਝੌਤੇ 'ਤੇ ਦਸਤਖ਼ਤ ਕਰਨਗੇ : ਸ਼ਰੀਫ

**ਵਾਸ਼ਿੰਗਟਨ (ਨ ਜ਼ ਸ)**-ਅਮਰੀਕਾ ਅਤੇ ਈਰਾਨ ਐਤਵਾਰ ਜੰਗ ਖਤਮ ਕਰਨ ਅਤੇ ਸ਼ਾਂਤੀ ਸਮਝੌਤੇ 'ਤੇ ਸਹਿਮਤ ਹੋ ਗਏ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੋਸ਼ਲ ਮੀਡੀਆ ਰਾਹੀਂ ਇਸ ਦਾ ਐਲਾਨ ਕਰਦਿਆਂ ਕਿਹਾ ਕਿ ਈਰਾਨ ਨਾਲ ਸਮਝੌਤਾ ਹੁਣ ਮੁਕੰਮਲ ਹੋ ਚੁੱਕਾ ਹੈ। ਦੂਜੇ ਪਾਸੇ ਈਰਾਨ ਨੇ ਵੀ ਇੱਕ ਅਧਿਕਾਰਤ ਬਿਆਨ ਜਾਰੀ ਕਰਕੇ ਪੁਸ਼ਟੀ ਕੀਤੀ ਕਿ ਅਮਰੀਕਾ ਨਾਲ ਮਹੀਨਿਆਂਬੱਧੀ ਚੱਲੀ ਲੰਮੀ ਅਤੇ ਗੁੰਝਲਦਾਰ ਗੱਲਬਾਤ ਤੋਂ ਬਾਅਦ ਦੋਵਾਂ ਦੇਸ਼ਾਂ ਨੇ ਇੱਕ ਸਹਿਮਤੀ ਪੱਤਰ ਨੂੰ ਅੰਤਮ ਰੂਪ ਦੇ ਦਿੱਤਾ ਹੈ।

ਟਰੰਪ ਨੇ ਐਲਾਨ ਕੀਤਾ ਕਿ ਇਸ ਸਮਝੌਤੇ ਤਹਿਤ ਰਣਨੀਤਕ ਤੌਰ 'ਤੇ ਅਹਿਮ 'ਹਾਰਮੁਜ਼ ਜਲਡਮਰੂ' ਨੂੰ ਮੁੜ ਖੋਲ੍ਹਿਆ ਜਾ ਰਿਹਾ ਹੈ। ਉਨ੍ਹਾ ਈਰਾਨੀ ਬੰਦਰਗਾਹਾਂ 'ਤੇ ਕੀਤੀ ਅਮਰੀਕੀ ਜਲ ਸੈਨਾ ਦੀ ਘੇਰਾਬੰਦੀ ਨੂੰ ਤੁਰੰਤ ਹਟਾਉਣ ਦੀ ਪ੍ਰਵਾਨਗੀ ਦੇ ਦਿੱਤੀ ਹੈ।ਆਪਣੇ ਖਾਸ ਅੰਦਾਜ਼ ਵਿੱਚ ਟਵੀਟ ਕਰਦਿਆਂ ਟਰੰਪ ਨੇ ਲਿਖਿਆ, 'ਦੁਨੀਆ ਭਰ ਦੇ ਸਮੁੰਦਰੀ ਜਹਾਜ਼ੋ, ਆਪਣੇ ਇੰਜਣ ਚਾਲੂ ਕਰ ਲਓ ਅਤੇ ਤੇਲ ਨੂੰ ਖੁੱਲ੍ਹ ਕੇ ਵਹਿਣ ਦਿਓ।'

ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ਼ ਵੱਲੋਂ ਦਿੱਤੀ ਜਾਣਕਾਰੀ ਮੁਤਾਬਕ ਦੋਵੇਂ ਮੁਲਕ 19 ਜੂਨ ਨੂੰ ਸਵਿਟਜ਼ਰਲੈਂਡ ਦੇ ਜਨੇਵਾ ਸ਼ਹਿਰ ਵਿੱਚ ਇਸ ਇਤਿਹਾਸਕ ਅਮਨ ਸਮਝੌਤੇ 'ਤੇ ਰਸਮੀ ਦਸਤਖਤ ਕਰਨਗੇ। ਇਸ ਦੀ ਮੇਜ਼ਬਾਨੀ ਪਾਕਿਸਤਾਨ ਕਰੇਗਾ। ਸ਼ਰੀਫ ਨੇ ਪਾਕਿਸਤਾਨ ਦੀ ਕੌਮੀ ਅਸੈਂਬਲੀ ਵਿੱਚ ਕਿਹਾ ਕਿ ਇਹ ਦੋ ਦੇਸ਼ਾਂ ਵਿਚਾਲੇ ਸਮਝੌਤਾ ਨਹੀਂ, ਸਗੋਂ ਅਮਨ ਲਈ ਡਿਪਲੋਮੈਟਿਕ ਕਾਮਯਾਬੀ ਹੈ।

ਜੇ ਅਜਿਹਾ ਹੁੰਦਾ ਹੈ, ਤਾਂ ਇਹ ਪਿਛਲੇ 47 ਸਾਲਾਂ ਵਿੱਚ ਤਹਿਰਾਨ ਅਤੇ ਵਾਸ਼ਿੰਗਟਨ ਵਿਚਾਲੇ ਸਭ ਤੋਂ ਉੱਚ ਪੱਧਰੀ ਸਿੱਧੀ ਮੁਲਾਕਾਤ ਹੋਵੇਗੀ, ਜਿਸ 'ਤੇ ਪੂਰੀ ਦੁਨੀਆ ਦੀਆਂ ਨਜ਼ਰਾਂ ਟਿਕੀਆਂ ਹੋਈਆਂ ਹਨ। ਹਾਲਾਂਕਿ ਇਸ ਸਮਝੌਤੇ ਦੇ ਸਾਰੇ ਦਸਤਾਵੇਜ਼ ਅਜੇ ਜਨਤਕ ਨਹੀਂ ਕੀਤੇ ਗਏ, ਪਰ ਈਰਾਨੀ ਮੀਡੀਆ ਮੁਤਾਬਕ ਸਹਿਮਤੀ ਪੱਤਰ ਵਿੱਚ ਜੰਗ ਰੋਕਣ, ਬੰਦਰਗਾਹਾਂ ਤੋਂ ਨਾਕਾਬੰਦੀ ਹਟਾਉਣ ਅਤੇ ਈਰਾਨ ਦੇ ਫਰੀਜ਼ ਕੀਤੇ ਫੰਡਾਂ ਨੂੰ ਬਹਾਲ ਕਰਨ ਵਰਗੀਆਂ ਸ਼ਰਤਾਂ ਸ਼ਾਮਲ ਹਨ। ਈਰਾਨ ਦੇ ਉਪ ਵਿਦੇਸ਼ ਮੰਤਰੀ • ਬਾਕੀ ਸਫਾ 2 'ਤੇ

## ਭੁਪਿੰਦਰ ਕੁਮਾਰ ਭਿੰਦਾ ਦੀ ਮੌਤ ਨੇ ਪੰਜਾਬੀਆਂ ਦੀ ਗੈਰਤ ਨੂੰ ਵੰਗਾਰਿਆ : ਅਰਸ਼ੀ



**ਬੋਹਾ (ਨਿਰੰਜਣ ਬੋਹਾ)**

ਭਾਰਤੀ ਕਮਿਊਨਿਸਟ ਪਾਰਟੀ ਦੇ ਮੈਂਬਰ ਤਰਸੇਮ ਰਾਜ ਸੈਕਟਰੀ ਦੇ ਪਿਛਲੇ ਤਿੰਨ ਦਿਨ ਤੋਂ ਲਾਪਤਾ ਪੁੱਤਰ ਭੁਪਿੰਦਰ ਕੁਮਾਰ ਉਰਫ ਭਿੰਦਾ (ਹੈੱਲਥ ਸੁਪਰਵਾਈਜ਼ਰ ) ਦੀ ਲਾਸ਼ ਭਾਖੜਾ ਨਹਿਰ ਵਿਚੋਂ ਬਰਾਮਦ ਹੋਣ 'ਤੇ ਉਸ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਵਾਲਿਆਂ ਖਿਲਾਫ ਪੁਲਸ ਕਾਰਵਾਈ ਕਰਾਉਣ ਲਈ ਬੋਹਾ ਖੇਤਰ ਦੇ ਹਜ਼ਾਰਾਂ ਲੋਕਾਂ ਨੇ ਬੋਹਾ-ਬੁਢਲਾਡਾ ਸੜਕ 'ਤੇ ਜਾਮ ਲਾ ਕੇ ਰੋਸ ਧਰਨਾ ਦਿੱਤਾ। ਧਰਨੇ ਨੂੰ ਸੰਬੋਧਨ ਕਰਦਿਆਂ ਭਾਰਤੀ ਕਮਿਊਨਿਸ਼ਟ ਪਾਰਟੀ ਦੀ ਕੌਮੀ ਕੌਂਸਲ ਦੇ ਮੈਂਬਰ ਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਮਰਨ ਤੋਂ ਪਹਿਲਾਂ ਭਿੰਦਾ ਕਾਮਰੇਡ ਤਰਸੇਮ ਰਾਜ ਦਾ ਪੁੱਤਰ ਸੀ, ਪਰ ਉਸ ਨੂੰ ਖੁਦਕੁਸ਼ੀ ਕਰਨ ਲਈ ਮਜਬੂਰ ਕਰਨ ਤੋਂ ਬਾਅਦ ਉਹ ਸਾਰੇ ਇਲਾਕੇ ਦੇ ਬਜ਼ੁਰਗ ਲੋਕਾਂ ਦਾ ਪੁੱਤਰ ਬਣ ਗਿਆ ਹੈ। ਉਹਨਾ ਕਿਹਾ ਭੁਪਿੰਦਰ ਦੀ ਮੌਤ ਨੇ ਪੰਜਾਬ ਦੇ ਲੋਕਾਂ ਨੂੰ ਝੰਜੋੜਿਆ ਹੈ ਕਿ ਜੇ ਪੰਜਾਬ ਵਿਚ ਨੌਜਵਾਨ ਇਸੇ ਰਫਤਾਰ ਨਾਲ ਖੁਦਕੁਸ਼ੀਆਂ ਕਰਨ ਲਈ ਮਜਬੂਰ ਹੁੰਦੇ ਰਹੇ ਤਾਂ ਪੰਜਾਬ ਪੂਰੀ ਤਰ੍ਹਾਂ ਬਰਬਾਦ ਹੋ ਜਾਵੇਗਾ। ਭਿੰਦਾ ਨੂੰ ਮਰਨ ਲਈ ਮਜਬੂਰ ਕਰਨ ਵਾਲੇ ਲੋਕਾਂ ਪਿੱਛੇ ਰਾਜਸੀ ਲੋਕਾਂ ਦਾ ਹੱਥ ਹੋਣ ਦੀ ਵੀ ਚਰਚਾ ਹੈ, ਇਸ ਲਈ ਇਸ ਕੇਸ ਦੀ ਪੂਰੀ ਜਾਂਚ ਕੀਤੀ ਜਾਣੀ ਚਾਹੀਦੀ ਹੈ।ਧਰਨੇ ਨੂੰ ਹੋਰਨਾ ਤੋਂ ਇਲਾਵਾ ਸਿਵਲ ਸਰਜਨ ਵਿਸ਼ਵਜੀਤ ਸਿੰਘ, ਆਰ ਟੀ ਆਈ ਕਾਰਕੁਨ ਮਾਨਕ ਗੋਇਲ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ਼ ਡਾ. ਨਿਸ਼ਾਨ ਸਿੰਘ, ਬਲਮ ਸਿੰਘ ਕਲੀਪੁਰ, ਗੁਰਦੀਪ ਸਿੰਘ ਟੋਡਰਪੁਰ, ਜਥੇਦਾਰ ਜੋਗਾ ਹਲਕਾ ਇੰਚਾਰਜ, ਰਣਵੀਰ ਕੌਰ ਮੀਆਂ, ਬਲਕੌਰ ਸਿੰਘ ਮੂਸੇਵਾਲਾ, ਹਰਪ੍ਰੀਤ ਸਿੰਘ ਪਿਆਰੀ, ਸੱਤਪਾਲ ਸਿੰਘ ਮੂਲੇਵਾਲਾ, ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੂਬਾ ਮੀਤ ਪ੍ਰਧਾਨ ਪ੍ਰਸ਼ੋਤਮ ਸਿੰਘ ਗਿੱਲ, ਲਛਮਣ ਸਿੰਘ ਚੱਕ ਅਲੀਸ਼ੇਰ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਕੇਸ਼ ਜੈਨ, ਮਾਸਟਰ ਗੁਰਲਾਲ ਸਿੰਘ, ਬਲਵਿੰਦਰ ਸਿੰਘ ਪਟਵਾਰੀ, ਅਮਰਿੰਦਰ ਸਿੰਘ ਕਾਕਾ, ਵਪਾਰ ਮੰਡਲ ਬੋਹਾ ਤੇ ਆਗੂ ਗਿਆਨ ਚੰਦ ਸਿੰਗਲਾ, ਨਿਖਲ ਗੋਇਲ, ਮਜਦੂਰ ਮੁਕਤੀ ਮੋਰਚਾ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ • ਬਾਕੀ ਸਫਾ 2 'ਤੇ

## ਭਾਜਪਾ ਆਗੂ ਹੈਰੋਇਨ ਸਣੇ ਫੜਿਆ

### ਭਾਜਪਾ ਦੇ ਨਸ਼ਾ ਤਸਕਰੀ ਨਾਲ ਸੰਬੰਧ ਬੇਨਕਾਬ : ਚੀਮਾ

**ਬਠਿੰਡਾ (ਨ ਜ਼ ਸ)**

ਪੁਲਸ ਨੇ ਇੱਕ ਵਕੀਲ ਅਤੇ ਉਸ ਦੇ ਸਹਾਇਕ ਨੂੰ ਇਥੇ ਭਾਈ ਘਨੱਈਆ ਚੌਕ ਤੋਂ ਇੱਕ ਕਾਰ ਵਿੱਚੋਂ 13.53 ਗ੍ਰਾਮ ਆਈਸ ਡਰੱਗ (ਮੈਥਮਫੇਟਾਮਾਈਨ) ਅਤੇ 14.03 ਗ੍ਰਾਮ ਹੈਰੋਇਨ ਲਿਜਾਣ ਦੇ ਦੋਸ਼ ਵਿੱਚ ਗ੍ਰਿਫਤਾਰ ਕਰਨ ਦਾ ਦਾਅਵਾ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਭਾਜਪਾ ਦੇ ਬਠਿੰਡਾ ਜ਼ਿਲ੍ਹਾ ਲੀਗਲ ਸੈੱਲ ਦੇ ਸਾਬਕਾ ਪ੍ਰਧਾਨ ਅਤੇ ਗੋਨਿਆਣਾ ਰੋਡ ਦੇ ਵਸਨੀਕ ਵਕੀਲ ਰੋਹਿਤ ਭਾਰਦਵਾਜ ਅਤੇ ਉਸ ਦੇ ਸਹਾਇਕ ਪਿੰਡ ਬਲਾਹਰ ਵਿੰਝੂ ਦੇ ਗੁਰਪ੍ਰੀਤ ਸਿੰਘ ਵਜੋਂ ਹੋਈ ਹੈ। ਐੱਸ ਪੀ (ਸਿਟੀ) ਨਰਿੰਦਰ ਸਿੰਘ ਨੇ ਦੱਸਿਆ ਕਿ ਗੁਰਪ੍ਰੀਤ 'ਤੇ ਪਹਿਲਾਂ ਹੀ ਐੱਨ ਡੀ ਪੀ ਐੱਸ ਐਕਟ ਤਹਿਤ ਇੱਕ ਕੇਸ ਦਰਜ ਹੈ। ਭਾਜਪਾ ਦੇ ਬਠਿੰਡਾ ਜ਼ਿਲ੍ਹਾ ਮੀਤ ਪ੍ਰਧਾਨ ਵਰਿੰਦਰ ਸ਼ਰਮਾ ਨੇ ਕਿਹਾ ਕਿ ਰੋਹਿਤ ਭਾਰਦਵਾਜ ਦੋ-ਤਿੰਨ ਸਾਲਾਂ ਤੋਂ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਸਰਗਰਮ ਨਹੀਂ ਸੀ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੋਮਵਾਰ ਕਿਹਾ ਕਿ ਨਸ਼ਿਆਂ ਸਮੇਤ ਭਾਜਪਾ ਦੇ ਇੱਕ ਅਹੁਦੇਦਾਰ ਦੀ ਗ੍ਰਿਫ਼ਤਾਰੀ ਨੇ ਪਾਰਟੀ ਦੇ ਨਸ਼ਾ ਤਸਕਰੀ ਨਾਲ ਡੂੰਘੇ ਸੰਬੰਧਾਂ ਨੂੰ ਬੇਨਕਾਬ ਕਰ ਦਿੱਤਾ ਹੈ, ਜਿਸ ਨਾਲ ਪੰਜਾਬ ਨੂੰ ਸਾਲਾਂ ਤੋਂ ਲੱਗੇ ਨਸ਼ਿਆਂ ਦੇ ਕੋਹੜ ਵਿੱਚ ਇਸ ਦੀ ਭੂਮਿਕਾ 'ਤੇ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ। ਉਨ੍ਹਾ ਦਾਅਵਾ ਕੀਤਾ ਕਿ ਜਿੱਥੇ ਪਹਿਲਾਂ ਨਸ਼ਾ ਤਸਕਰ ਭਾਜਪਾ ਦੀ ਸਿਆਸੀ ਸਰਪ੍ਰਸਤੀ ਹੇਠ ਕੰਮ ਕਰਦੇ ਸਨ, ਉਥੇ ਹੁਣ ਨਸ਼ਿਆਂ ਨਾਲ ਸੰਬੰਧਤ ਮਾਮਲਿਆਂ ਵਿੱਚ ਭਾਜਪਾ ਦੇ ਆਗੂ ਅਤੇ ਅਹੁਦੇਦਾਰ ਖੁਦ • ਬਾਕੀ ਸਫਾ 2 'ਤੇ

## ਭਾਜਪਾ ਦੇ ਰਾਜ 'ਚ 'ਕਾਕਰੋਚਾਂ' ਦੇ ਆਗੂ ਦੀਪਕੇ 'ਤੇ ਹਮਲਾ



**ਜੈਪੁਰ (ਨ ਜ਼ ਸ)**-ਭਾਜਪਾ ਦੇ ਰਾਜ ਵਾਲੇ ਰਾਜਸਥਾਨ ਦੀ ਰਾਜਧਾਨੀ ਜੈਪੁਰ ਵਿੱਚ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਸੋਮਵਾਰ ਪ੍ਰਦਰਸ਼ਨ ਦੌਰਾਨ ਕੁਝ ਨੌਜਵਾਨਾਂ ਨੇ ਅਚਾਨਕ ਕਾਕਰੋਚ ਜਨਤਾ ਪਾਰਟੀ ਦੇ ਬਾਨੀ ਅਭਿਜੀਤ ਦੀਪਕੇ 'ਤੇ ਹਮਲਾ ਕਰ ਦਿੱਤਾ ਅਤੇ ਥੱਪੜ ਜੜ ਦਿੱਤੇ। ਇਸ ਤੋਂ ਬਾਅਦ ਮਾਹੌਲ ਤਣਾਅਪੂਰਨ ਹੋ ਗਿਆ ਤੇ ਪਾਰਟੀ ਦੇ ਸਮਥਰਕਾਂ ਨੇ ਹਮਲਾ ਕਰਨ ਵਾਲਿਆਂ ਦੀ ਭੁਗਤ ਸੁਆਰੀ।

ਪ੍ਰਦਰਸ਼ਨ ਵਿੱਚ ਵੱਖ-ਵੱਖ ਸੰਗਠਨਾਂ ਦੇ ਨਾਲ-ਨਾਲ ਕਾਕਰੋਚ ਜਨਤਾ ਪਾਰਟੀ ਦੇ ਆਗੂ ਅਤੇ ਵਰਕਰ ਵੀ ਸ਼ਾਮਲ ਸਨ। ਪ੍ਰਦਰਸ਼ਨਕਾਰੀ ਸਿੱਖਿਆ ਮੰਤਰੀ ਖਿਲਾਫ ਨਾਅਰੇਬਾਜ਼ੀ ਕਰ ਰਹੇ ਸਨ ਅਤੇ ਮਾਹੌਲ ਪੂਰੀ ਤਰ੍ਹਾਂ ਗਰਮਾਇਆ ਹੋਇਆ ਸੀ। ਇਸੇ ਦੌਰਾਨ ਕੁਝ ਅਣਪਛਾਤੇ ਨੌਜਵਾਨ ਭੀੜ ਵਿੱਚੋਂ ਨਿਕਲੇ ਅਤੇ ਦੀਪਕੇ ਦੇ ਥੱਪੜ ਮਾਰਨੇ ਸ਼ੁਰੂ ਕਰ ਦਿੱਤੇ। ਹਮਲੇ ਨੂੰ ਦੇਖ ਕੇ ਕਾਕਰੋਚ ਜਨਤਾ ਪਾਰਟੀ ਦੇ ਸਮਰਥਕ ਅਤੇ ਹੋਰ ਵਰਕਰ ਭੜਕ ਗਏ। ਉਨ੍ਹਾਂ ਬਿਨਾਂ ਦੇਰੀ ਕੀਤੇ ਹਮਲਾਵਰ ਨੌਜਵਾਨਾਂ ਨੂੰ ਘੇਰ ਲਿਆ ਅਤੇ ਖਾਸੀ ਭੁਗਤ ਸੁਆਰੀ। ਕਾਫੀ ਦੇਰ ਤੱਕ ਅਫਰਾ-ਤਫਰੀ ਦਾ ਮਾਹੌਲ ਬਣਿਆ ਰਿਹਾ ਅਤੇ ਪੁਲਸ ਨੂੰ ਸਥਿਤੀ 'ਤੇ ਕਾਬੂ ਪਾਉਣ ਲਈ ਕਾਫੀ ਮੁਸ਼ੱਕਤ ਕਰਨੀ ਪਈ। ਪੂਰੀ ਘਟਨਾ ਦੀਆਂ ਵੀਡੀਓਜ਼ ਹੁਣ ਇੰਟਰਨੈੱਟ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀਆਂ ਹਨ। ਇਨ੍ਹਾਂ ਵੀਡੀਓਜ਼ ਵਿੱਚ ਸਾਫ ਦੇਖਿਆ ਜਾ ਸਕਦਾ ਹੈ ਕਿ ਜਿਵੇਂ ਹੀ ਹਮਲਾ ਹੋਇਆ, ਉੱਥੇ ਮੌਜੂਦ ਸਮਰਥਕਾਂ ਅਤੇ ਹੋਰ ਲੋਕਾਂ ਵਿੱਚ ਭਾਜੜਾਂ ਪੈ ਗਈਆਂ। ਵੀਡੀਓ ਵਿੱਚ ਲੋਕਾਂ ਦਾ ਗੁੱਸਾ ਅਤੇ ਉਸ ਤੋਂ ਬਾਅਦ ਹੋਈ ਹੱਥੋਪਾਈ ਨਜ਼ਰ ਆ ਰਹੀ ਹੈ, ਜਿਸ ਨੇ ਸੋਸ਼ਲ ਮੀਡੀਆ 'ਤੇ ਵੀ ਲੋਕਾਂ ਦਾ ਧਿਆਨ ਖਿੱਚਿਆ ਹੈ।

ਇਹ ਹੰਗਾਮਾ ਉਸ ਸਮੇਂ ਸ਼ੁਰੂ ਹੋਇਆ, ਜਦੋਂ ਦੀਪਕੇ ਭਾਸ਼ਣ ਦੇਣ ਲਈ ਅੱਗੇ ਵਧ ਰਹੇ ਸਨ।

## ਮਾਨ ਵੱਲੋਂ ਯੂ ਪੀ ਐੱਸ ਸੀ ਪਾਸ ਕਰਨ ਵਾਲਿਆਂ ਦਾ ਸਨਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ/ ਸੁਰਜੀਤ ਸੁਮਨ/ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਯੂ ਪੀ ਐੱਸ ਸੀ (ਯੂਨੀਅਨ ਪਬਲਿਕ ਸਰਵਿਸ ਕਮਿਸ਼ਨ) 2025 ਦੀ ਵੱਕਾਰੀ ਪ੍ਰੀਖਿਆ ਪਾਸ ਕਰਨ ਵਾਲੇ ਉਮੀਦਵਾਰਾਂ ਦਾ ਸਨਮਾਨ ਕੀਤਾ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਇਹ ਅਹਿਮ ਸਫ਼ਲਤਾ ਪੰਜਾਬ ਦੀ ਸਿੱਖਿਆ ਪ੍ਰਣਾਲੀ ਦੀ ਵਧ ਰਹੀ ਗੁਣਵੱਤਾ ਅਤੇ ਸੂਬੇ ਦੇ ਨੌਜਵਾਨਾਂ ਦੀਆਂ ਅਥਾਹ ਸੰਭਾਵਨਾਵਾਂ ਨੂੰ ਦਰਸਾਉਂਦੀ ਹੈ। ਭਵਿੱਖ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਇਹ ਦੇਖ ਕੇ ਬਹੁਤ ਖੁਸ਼ੀ ਹੁੰਦੀ ਹੈ ਕਿ ਆਮ ਪਰਵਾਰਾਂ ਦੇ ਨੌਜਵਾਨ ਸਖ਼ਤ ਮਿਹਨਤ, ਪ੍ਰਤਿਭਾ ਅਤੇ ਦ੍ਰਿੜ੍ਹ ਇਰਾਦੇ ਨਾਲ ਦੇਸ਼ ਦੇ ਸਭ ਤੋਂ ਮਹੱਤਵਪੂਰਨ ਅਹੁਦਿਆਂ ਨੂੰ ਪ੍ਰਾਪਤ ਕਰ ਰਹੇ ਹਨ।ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਲੜਕੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦਾ ਜ਼ਿਕਰ ਕਰਦਿਆਂ ਉਨ੍ਹਾ ਕਿਹਾ ਕਿ ਇਹ ਪ੍ਰਾਪਤੀਆਂ ਮਹਿਲਾ ਸਸ਼ਕਤੀਕਰਨ ਦਾ ਪ੍ਰਤੱਖ ਪ੍ਰਮਾਣ ਹੈ ਅਤੇ ਇਸ ਗੱਲ ਦਾ ਵੀ ਪ੍ਰਮਾਣ ਹਨ ਕਿ ਬਰਾਬਰ ਮੌਕੇ ਧੀਆਂ ਨੂੰ ਹਰ ਖੇਤਰ ਵਿੱਚ ਉਤਮਤਾ ਪ੍ਰਾਪਤ ਕਰਨ ਯੋਗ ਬਣਾਉਂਦੇ ਹਨ। ਵਿਦਿਅਕ ਸੁਧਾਰਾਂ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਸਰਕਾਰ ਹਰ ਵਿਦਿਆਰਥੀ ਲਈ ਮਿਆਰੀ ਸਿੱਖਿਆ ਤੇ ਬਰਾਬਰ ਮੌਕੇ ਯਕੀਨੀ ਬਣਾਉਣ ਲਈ • ਬਾਕੀ ਸਫਾ 2 'ਤੇ

## ਬਿਕਰਮ ਮਜੀਠੀਆ ਤੇ ਸਾਥੀਆਂ ਦੀ ਜ਼ਮਾਨਤ

**ਅੰਮ੍ਰਿਤਸਰ (ਨ ਜ਼ ਸ)**-ਐਡੀਸ਼ਨਲ ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਸੋਮਵਾਰ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਪੰਜਾਬ ਦੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਅਤੇ ਉਨ੍ਹਾ ਦੇ ਸਾਥੀਆਂ ਜੋਧ ਸਿੰਘ ਸਮਰਾ ਤੇ ਜਤਿੰਦਰ ਪਾਲ ਸਿੰਘ ਨੂੰ ਮਜੀਠਾ ਪੁਲਸ ਥਾਣੇ ਵਿੱਚ ਕਥਿਤ ਟਕਰਾਅ ਤੋਂ ਬਾਅਦ ਦਰਜ ਕੀਤੇ ਗਏ ਇੱਕ ਮਾਮਲੇ ਵਿੱਚ ਜ਼ਮਾਨਤ ਦੇ ਦਿੱਤੀ।

ਦੱਸਿਆ ਗਿਆ ਹੈ ਕਿ ਪੁਲਸ ਅਦਾਲਤ ਵੱਲੋਂ ਮੰਗੀ ਗਈ ਥਾਣੇ ਅੰਦਰ ਹਮਲਾ ਕਰਨ ਅਤੇ ਹੰਗਾਮਾ ਕਰਨ ਸੰਬੰਧੀ ਸੀ ਸੀ ਟੀ ਵੀ ਕੈਮਰੇ ਦੀ ਫੁਟੇਜ ਪੇਸ਼ ਨਹੀਂ ਕਰ ਸਕੀ। ਇਸ ਲਈ ਅਦਾਲਤ ਨੇ ਜ਼ਮਾਨਤ ਦੇ ਦਿੱਤੀ।

## ਅਸਲਾ ਮਾਮਲੇ 'ਚ ਅਰਪਿਤ ਚੌਧਰੀ ਨੂੰ ਨਾਮਜ਼ਦ ਕਰਨ ਵਿਰੁੱਧ ਰੋਸ



**ਮਾਨਸਾ (ਆਤਮਾ ਸਿੰਘ ਪਮਾਰ)**

ਨਗਰ ਕੌਂਸਲ ਦੀਆਂ ਚੋਣਾਂ ਦੇ ਦਿਨ ਵੋਟਿੰਗ ਦੌਰਾਨ ਵਾਰਡ ਨੰਬਰ 18 ਤੋਂ ਇਕ ਵਿਅਕਤੀ ਤੋਂ ਪਿਸਤੌਲ ਫੜੇ ਜਾਣ ਦੇ ਬਾਅਦ ਥਾਣਾ ਸਿਟੀ-1 ਮਾਨਸਾ ਦੀ ਪੁਲਸ ਨੇ ਕੌਂਸਲਰ ਅਰਪਿਤ ਚੌਧਰੀ ਨੂੰ ਨਾਮਜ਼ਦ ਕੀਤਾ ਹੈ।ਪੁਲਸ ਨੇ ਪਹਿਲਾਂ ਇਸ ਮਾਮਲੇ ਵਿੱਚ ਅਰਪਿਤ ਚੌਧਰੀ ਦੇ ਜੀਜਾ ਤੇ ਪਟਿਆਲਾ ਦੇ ਦੋ ਹੋਰ ਵਿਅਕਤੀਆਂ ਨੂੰ ਨਾਮਜ਼ਦ ਕੀਤਾ ਸੀ।ਅਰਪਿਤ ਚੌਧਰੀ ਦਾ ਨਾਂਅ ਇਸ 'ਚ ਜੋੜਣ ਤੇ ਰਾਜਨੀਤਕ ਪਾਰਟੀਆਂ ਵਿਰੋਧ 'ਚ ਉੱਤਰ ਆਈਆਂ ਹਨ।ਉਨ੍ਹਾ ਮਾਨਸਾ ਦੇ ਐੱਸ ਐੱਸ ਪੀ ਭਾਗੀਰਥ ਸਿੰਘ ਮੀਨਾ ਨੂੰ ਮੰਗ ਪੱਤਰ ਦੇ ਕੇ ਇਸ ਦੀ ਨਿਰਪੱਖ • ਬਾਕੀ ਸਫਾ 2 'ਤੇ

MOTION
PATHANKOT
KOTA's Best
8th to 12th Pass
IIT-JEE,
NEET,
FOUNDATION
BUS FACILITY
AC HOSTELS
SMALL BATCH
TEST SERIES
HIGHEST SELECTION
MOTION MOBILE APP
Separate Set of Faculties for JEE & NEET Batches



मोशन है, तो भरोसा है।
#RankBhiSelectionBhi
82889-99303

ਆਪਣੇ ਪੁਰਾਣੇ ਬੈਂਕ ਖਾਤਿਆਂ ਵਿੱਚ ਪੈਸੇ ਭੁੱਲ ਗਏ ਹੋ?



ਜੋ ਤੁਹਾਡਾ ਹੈ ਆਰਬੀਆਈ ਉਸ ਨੂੰ ਮੁੜ ਪ੍ਰਾਪਤ ਕਰਨ ਵਿੱਚ ਤੁਹਾਡੀ ਮਦਦ ਕਰੇਗਾ।

ਅਣਵਰਤੇ ਖਾਤਿਆਂ ਵਿੱਚ ਪੈਸਾ (2 ਸਾਲ ਤੋਂ ਵੱਧ ਅਤੇ 10 ਸਾਲ ਤੱਕ ਨਾ ਵਰਤਿਆ ਗਿਆ) ਤੁਹਾਡੇ ਬੈਂਕ ਕੋਲ ਜੋ ਪਿਆ ਹੈ / ਦਾਅਵਾ ਨਾ ਕੀਤੇ ਗਏ ਡਿਪਾਜ਼ਿਟ (10 ਸਾਲਾਂ ਤੋਂ ਵੱਧ) ਨੂੰ ਆਰਬੀਆਈ ਦੇ ਡੀਈਏ ਫੰਡ ਵਿੱਚ ਟ੍ਰਾਂਸਫਰ ਕੀਤਾ ਜਾਂਦਾ ਹੈ। ਤੁਸੀਂ ਜਾਂ ਤੁਹਾਡੇ ਕਾਨੂੰਨੀ ਵਾਰਿਸ ਉਸ ਤੇ ਕਿਸੇ ਵੀ ਸਮੇਂ ਦਾਅਵਾ ਕਰ ਸਕਦੇ ਹਨ।

ਆਪਣਾ ਪੈਸਾ ਮੁੜ ਪ੍ਰਾਪਤ ਕਰਨ ਲਈ 3 ਅਸਾਨ ਕਦਮ

1. ਆਪਣੇ ਬੈਂਕ ਦੀ ਕਿਸੇ ਵੀ ਸਾਖਾ 'ਤੇ ਜਾਓ, ਭਾਵੇਂ ਉਹ ਤੁਹਾਡੀ ਨਿਯਮਤ ਸਾਖਾ ਨਾ ਹੋਵੇ।
2. ਕੇਵਾਯਸੀ ਦਸਤਾਵੇਜ਼ਾਂ ਨਾਲ (ਆਧਾਰ, ਪਾਸਪੋਰਟ, ਵੋਟਰ ਆਈਡੀ ਜਾਂ ਡ੍ਰਾਈਵਰ ਲਾਈਸੰਸ) ਫਾਰਮ ਜਮਾ ਕਰੋ।
3. ਪੁਸ਼ਟੀ ਦੇ ਬਾਅਦ, ਵਿਆਜ ਸਮੇਤ, ਜੇ ਹੋਵੇ, ਆਪਣਾ ਪੈਸਾ ਪ੍ਰਾਪਤ ਕਰੋ।




ਆਪਣੇ ਦਾਅਵਾ ਨਾ ਕੀਤੇ ਗਏ ਪੈਸੇ ਬਾਰੇ ਪਤਾ ਕਰਨ ਲਈ

ਆਪਣੇ ਬੈਂਕ ਦੀ ਵੈਬਸਾਈਟ ਵੇਖੋ ਜਾਂ ਆਰਬੀਆਈ ਦਾ UDGAM ਪੋਰਟਲ (https://udgam.rbi.org.in) ਚੈਕ ਕਰੋ ਜੋ ਮੌਜੂਦਾ ਸਮੇਂ 30 ਬੈਂਕਾਂ ਬਾਰੇ ਵੇਰਵਾ ਦੇਂਦਾ ਹੈ।

ਕਿਊਆਰ ਕੋਡ ਸਕੈਨ ਕਰੋ
ਵਧੇਰੇ ਜਾਣਕਾਰੀ ਲਈ, ਵਿਜ਼ਿਟ ਕਰੋ ਹ੍ਹਾਂ:https://rbikehtahai.rbi.org.in ਫੀਡਬੈਕ ਲਈ, rbikehtahai@rbi.org.in ਨੂੰ ਲਿਖੋ। ਨੂੰ ਲਿਖੋ
ਅਧਿਕਾਰਤ ਵਟਸਐਪ ਨੰਬਰ 99990 41935

ਜਨ ਹਿਤ ਵਿੱਚ ਜਾਰੀ ਕਰਤਾ
भारतीय रिज़र्व बैंक
RESERVE BANK OF INDIA
www.rbi.org.in

# ਡਰੱਗ ਜਨਗਣਨਾ ਸੰਬੰਧੀ ਜਬਰੀ ਡਿਊਟੀਆਂ ਲਾਉਣ ਬਾਰੇ ਵਫਦ ਡੀ ਸੀ ਨੂੰ ਮਿਲਿਆ



**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਸਰਕਾਰ ਦੁਆਰਾ ਸੂਬੇ ਵਿੱਚ ਕਰਵਾਈ ਜਾ ਰਹੀ ਆਰਥਿਕ ਤੇ ਡਰੱਗ ਜਨਗਣਨਾ ਸਬੰਧੀ ਅਧਿਆਪਕਾਂ ਸਮੇਤ ਵੱਖ-ਵੱਖ ਮੁਲਾਜ਼ਮਾਂ ਦੀਆਂ ਜਬਰੀ ਡਿਊਟੀਆਂ ਲਗਾਉਣ ਸਬੰਧੀ ਅੱਜ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੀ ਅਗਵਾਈ ਵਿੱਚ ਵੱਖ-ਵੱਖ ਜਥੇਬੰਦੀਆਂ ਦਾ ਵਫਦ ਗੁਪਿੰਦਰਪਾਲ ਸਿੰਘ ਗਿੱਲ, ਬਲਵੀਰ ਸਿੰਘ ਬਾਸੀਆਂ, ਕੁਲਜਿੰਦਰ ਸਿੰਘ ਬੱਦੋਵਾਲ, ਲੈਕ. ਹਰਜੀਤ ਸਿੰਘ ਰਤਨ ਤੇ ਲੈਕ. ਰਾਜਿੰਦਰ ਸਿੰਘ ਜੰਡਿਆਲੀ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਨੂੰ ਮਿਲਿਆ।ਜਥੇਬੰਦਕ ਆਗੂਆਂ ਨੇ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਡਰੱਗ ਜਨਗਣਨਾ ਸਬੰਧੀ ਡਿਊਟੀਆਂ ਸਵੈ-ਇੱਛਕ ਹਨ, ਪਰ ਕੁਝ ਹੇਠਲੇ ਅਧਿਕਾਰੀਆਂ ਦੇ ਦਫਤਰਾਂ ਵੱਲੋਂ ਜ਼ਬਰਦਸਤੀ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ।ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਮੰਗ ਪੱਤਰ ਨੂੰ ਮੌਕੇ 'ਤੇ ਹੀ ਮਾਰਕ ਕਰਕੇ ਹੇਠਲੇ ਅਧਿਕਾਰੀਆਂ ਨੂੰ ਮੰਗ-ਪੱਤਰ 'ਤੇ ਅਮਲ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ।ਇਸ ਮੌਕੇ ਪ੍ਰੀਤਮ ਸਿੰਘ, ਲੈਕ. ਪਰਮਿੰਦਰ ਸਿੰਘ, ਸਤਿੰਦਰ ਕੌਰ, ਕੁਲਵਿੰਦਰ ਕੌਰ, ਰਘਵਿੰਦਰ ਕੌਰ, ਹਰਮੀਤ ਕੌਰ ਸਮੇਤ ਕਈ ਅਧਿਆਪਕ ਹਾਜ਼ਰ ਸਨ।

# ਅਧਿਆਪਕ ਆਗੂ ਕੁਲਵੰਤ ਤਰਕ ਨੂੰ ਸਦਮਾ, ਪੁੱਤਰ ਦੀ ਮੌਤ

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਦੀ ਇਨਕਲਾਬੀ ਜਮਹੂਰੀ ਲਹਿਰ ਤੇ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਉੱਘੇ ਆਗੂ ਕੁਲਵੰਤ ਸਿੰਘ ਤਰਕ ਨੂੰ



ਉਸ ਵੇਲੇ ਭਾਰੀ ਸਦਮਾ ਪਹੁੰਚਿਆ, ਜਦੋਂ ਉਨ੍ਹਾਂ ਦੇ ਇਕਲੌਤੇ ਪੁੱਤਰ ਪ੍ਰਦੀਪ ਰਾਜਾ ਫਿਲਮੀ ਕਲਾਕਾਰ ਤੇ ਨਿਰਦੇਸ਼ਕ ਦੀ ਸੰਖੇਪ ਜਿਹੀ ਬਿਮਾਰੀ ਦੇ ਚਲਦਿਆਂ ਅਚਾਨਕ ਮੌਤ ਹੋ ਗਈ।ਇਨਕਲਾਬੀ ਆਗੂ ਦੇ ਪੁੱਤਰ ਦੀ ਮੌਤ 'ਤੇ ਇਲਾਕੇ ਦੀਆਂ ਸਮੂਹ ਮੁਲਾਜ਼ਮ, ਸਿਆਸੀ ਤੇ ਸਮਾਜਿਕ ਜਥੇਬੰਦੀਆਂ ਨੇ ਅਫਸੋਸ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਦੀ ਵਿੱਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕੀਤੀ।ਕੁਲਵੰਤ ਤਰਕ ਦੇ ਪਰਿਵਾਰ ਨਾਲ ਹਮਦਰਦੀ ਤੇ ਅਫਸੋਸ ਪ੍ਰਗਟ ਕਰਨ ਵਾਲਿਆਂ ਵਿੱਚ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ, ਨਾਟਕਕਾਰ ਰਾਜਵਿੰਦਰ ਸਮਰਾਲਾ, ਪੱਤਰਕਾਰ ਸੁਰਜੀਤ ਵਿਸ਼ਾਦ, ਐਡਵੋਕੇਟ ਦਲਜੀਤ ਸਿੰਘ ਸ਼ਾਹੀ, ਪੈਨਸ਼ਨਰਜ਼ ਐਸੋਸੀਏਸ਼ਨ ਸਮਰਾਲਾ ਦੇ ਪ੍ਰਧਾਨ ਸਿਕੰਦਰ ਸਿੰਘ, ਭਰਪੂਰ ਸਿੰਘ, ਅਮਰੀਕ ਸਿੰਘ ਮੁਸ਼ਕਾਬਾਦ, ਜੁਗਲ ਕਿਸ਼ੋਰ ਸਾਹਨੀ, ਡੀ ਟੀ ਐੱਫ ਅਧਿਆਪਕ ਆਗੂ ਦਲਜੀਤ ਸਿੰਘ ਰਿਐਤ ਤੇ ਰੁਪਿੰਦਰ ਸਿੰਘ ਗਿੱਲ ਆਦਿ ਸ਼ਾਮਲ ਸਨ।ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਰੋਹ 21 ਜੂਨ ਨੂੰ ਮਾਸਟਰ ਕੁਲਵੰਤ ਸਿੰਘ ਤਰਕ ਦੇ ਜੱਦੀ ਪਿੰਡ ਦੀਵਾਲਾ ਨੇੜੇ ਸਮਰਾਲਾ ਵਿਖੇ ਕੀਤਾ ਜਾਵੇਗਾ।

# ਪੈਰਾ-ਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ, 19 ਨੂੰ ਸਿਵਲ ਸਰਜਨ ਦਫ਼ਤਰ ਅੱਗੇ ਸੂਬਾ ਪੱਧਰੀ ਧਰਨਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫ਼ਿਰੋਜ਼ਪੁਰ ਵਿਖੇ ਪੈਰਾ ਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਦੀ ਇੱਕ ਅਹਿਮ ਹੰਗਾਮੀ ਬੈਠਕ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਕੋੜਾ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਮੁਲਾਜ਼ਮਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਤੇ ਪ੍ਰਸ਼ਾਸਨਕ ਬੇਰੁਖ਼ੀ ਖ਼ਿਲਾਫ਼ ਆਉਂਦੀ 19 ਜੂਨ ਨੂੰ ਸਿਵਲ ਸਰਜਨ ਦਫ਼ਤਰ ਵਿਖੇ ਵਿਸ਼ਾਲ ਰੋਸ ਧਰਨਾ ਦੇਣ ਦੀ ਰਣਨੀਤੀ ਤਿਆਰ ਕੀਤੀ ਗਈ। ਪੈਰਾ ਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਆਗੂਆਂ ਦੀ ਇੱਕ ਵਿਸ਼ੇਸ਼ ਇਕੱਤਰਤਾ ਸਥਾਨਕ ਪੱਧਰ 'ਤੇ ਹੋਈ, ਜਿਸ ਵਿੱਚ ਸਿਹਤ ਕਰਮਚਾਰੀਆਂ ਨੂੰ ਦਰਪੇਸ਼ ਗੰਭੀਰ ਮੁਸ਼ਕਲਾਂ ਤੇ ਵਿਭਾਗੀ ਉਦਾਸੀਨਤਾ 'ਤੇ ਡੂੰਘੀ ਚਿੰਤਾ ਪ੍ਰਗਟਾਈ ਗਈ। ਯੂਨੀਅਨ ਆਗੂਆਂ ਨੇ ਦੱਸਿਆ ਕਿ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਪਹਿਲਾਂ ਵੀ ਕਈ ਵਾਰ ਮੰਗ ਪੱਤਰ ਸੌਂਪੇ ਜਾ ਚੁੱਕੇ ਹਨ ਤੇ ਮੰਗਾਂ ਦੀ ਪ੍ਰੋਸੀਡਿੰਗ (ਕਾਰਵਾਈ) ਜਾਰੀ ਹੋਣ ਦੇ ਬਾਵਜੂਦ ਹਾਲੇ ਤੱਕ ਜ਼ਮੀਨੀ ਪੱਧਰ 'ਤੇ ਕੋਈ ਵੀ ਕੰਮ ਮੁਕੰਮਲ ਨਹੀਂ ਕੀਤਾ ਗਿਆ। ਪ੍ਰਸ਼ਾਸਨ ਦੇ ਇਸ ਅੜੀਅਲ ਰਵੱਈਏ ਤੋਂ ਖ਼ਫ਼ਾ ਹੋ ਕੇ ਯੂਨੀਅਨ ਵੱਲੋਂ ਸਿਵਲ ਸਰਜਨ ਫ਼ਿਰੋਜ਼ਪੁਰ ਨੂੰ ਦੁਬਾਰਾ ਮੰਗ ਪੱਤਰ ਸੌਂਪਦਿਆਂ ਆਰ-ਪਾਰ ਦੀ ਲੜਾਈ ਦਾ ਬਿਗਲ ਵਜਾ ਦਿੱਤਾ ਗਿਆ ਹੈ।



ਮੀਟਿੰਗ ਦੌਰਾਨ ਯੂਨੀਅਨ ਪ੍ਰਧਾਨ ਜਸਵਿੰਦਰ ਸਿੰਘ ਕੋੜਾ ਨੇ ਸਖ਼ਤ ਲਹਿਜੇ ਵਿੱਚ ਕਿਹਾ ਕਿ ਜੇਕਰ ਵਿਭਾਗ ਨੇ ਹੁਣ ਵੀ ਉਨ੍ਹਾਂ ਦੀਆਂ ਹੱਕੀ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ 19 ਜੂਨ ਸ਼ੁੱਕਰਵਾਰ ਨੂੰ ਪੂਰੇ ਜ਼ਿਲ੍ਹੇ ਦਾ ਸਿਹਤ ਕੰਮਕਾਜ ਮੁਕੰਮਲ ਤੌਰ 'ਤੇ ਠੱਪ ਕਰ ਦਿੱਤਾ ਜਾਵੇਗਾ। ਉਨ੍ਹਾਂ ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀ ਯੂਨੀਅਨ ਦੇ ਵੱਖ-ਵੱਖ ਬਲਾਕਾਂ ਨਾਲ ਸਬੰਧਤ ਸਮੂਹ ਕਰਮਚਾਰੀਆਂ, ਨਰਸਾਂ ਤੇ ਮੀਡੀਆ ਇੰਚਾਰਜਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ 19 ਜੂਨ ਨੂੰ ਸਿਵਲ ਸਰਜਨ ਦਫ਼ਤਰ ਵਿਖੇ ਦਿੱਤੇ ਜਾਣ ਵਾਲੇ ਰੋਸ ਧਰਨੇ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ।

# ਅੱਜ-ਨਾਮਾ

ਕਾਕਰੋਚ ਪਾਰਟੀ ਦੀ ਚਰਚਾ ਬੜੀ ਹੈ ਸੀ,
ਸਰਗਰਮੀ ਚੱਲੀ ਨਾ ਜਾਪਦੀ ਖਾਸ ਬੇਲੀ।
ਦਿੱਲੀ ਅੰਦਰ ਵੀ ਜੁੜੀ ਨਹੀਂ ਭੀੜ ਭਾਰੀ,
ਦੇਂਦੀ ਲੀਡਰ ਨੂੰ ਜਿਹੜੀ ਧਰਵਾਸ ਬੇਲੀ।
ਪੁਣੇ ਅੰਦਰ ਹੀ ਰੌਣਕ ਆ ਸੁਣੀ ਤਕੜੀ,
ਲੱਗੀ ਬੱਝਣ ਸੀ ਉਹਦੇ ਤੋਂ ਆਸ ਬੇਲੀ।
ਮਗਰੋਂ ਫੇਰ ਨਾ ਗੱਲ ਕੁਝ ਤੁਰੀ ਬਾਹਲੀ,
ਆਗੂ ਜੇ ਚੁੱਪ ਤੇ ਵਰਕਰ ਨਿਰਾਸ਼ ਬੇਲੀ।
ਸਿੱਟੇ ਕੱਢਣ ਦਾ ਇਹ ਨਹੀਂ ਵਕਤ ਬੇਲੀ,
ਕਰਨੀ ਤੇ ਪੈਣੀ ਕੁਝ ਹੋਰ ਉਡੀਕ ਬੇਲੀ।
ਖਾ-ਖਾ ਸੱਟਾਂ ਇਹ ਫੇਰ ਨੇ ਉੱਠ ਸਕਦੇ,
ਵਿੱਚੋ-ਵਿੱਚ ਡਰੇ ਨੇ ਪਏ ਸ਼ਰੀਕ ਬੇਲੀ।

-ਤੀਸ ਮਾਰ ਖਾਂ

# ਨੇਕੀ ਫਾਊਂਡੇਸ਼ਨ ਵੱਲੋਂ ਮਾਸਟਰ ਰਾਜੇਸ਼ ਕੁਮਾਰ ਦੀ ਯਾਦ 'ਚ ਅੱਖਾਂ ਦਾ ਮੁਫ਼ਤ ਚੈੱਕਅੱਪ ਕੈਂਪ

## 25 ਲੋੜਵੰਦਾਂ ਨੂੰ ਅਪ੍ਰੇਸ਼ਨ ਲਈ ਰਾਮਪੁਰਾ ਹਸਪਤਾਲ ਭੇਜਿਆ



**ਬੁਢਲਾਡਾ (ਅਸ਼ੋਕ ਲਾਕੜਾ)**-ਮਾਨਵਤਾ ਦੀ ਸੇਵਾ ਨੂੰ ਸਮਰਪਤ ਸੰਸਥਾ ਨੇਕੀ ਫਾਉਂਡੇਸ਼ਨ ਬੁਢਲਾਡਾ ਵੱਲੋਂ ਸਵ. ਮਾਸਟਰ ਰਾਜੇਸ਼ ਕੁਮਾਰ (ਭੀਖੀ) ਦੀ ਪਹਿਲੀ ਬਰਸੀ ਮੌਕੇ ਉਨ੍ਹਾਂ ਦੀ ਯਾਦ ਵਿੱਚ ਇੱਕ ਵਿਸ਼ਾਲ ਮੁਫ਼ਤ ਅੱਖਾਂ ਦਾ ਚੈੱਕਅਪ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ।ਇਹ ਕੈਂਪ ਸਥਾਨਕ ਸ਼੍ਰੀ ਨਵ ਦੁਰਗਾ ਨੇਕੀ ਚੈਰੀਟੇਬਲ ਹਸਪਤਾਲ (ਸਾਈਟ), ਸਾਹਮਣੇ ਰੇਲਵੇ ਸਟੇਸ਼ਨ, ਨੇੜੇ 639 ਪੱਲੇਦਾਰ ਯੂਨੀਅਨ, ਬੁਢਲਾਡਾ ਵਿਖੇ ਬੜੀ ਸਫ਼ਲਤਾਪੂਰਵਕ ਨੇਪਰੇ ਚੜ੍ਹਿਆ।ਇਸ ਕੈਂਪ ਦੌਰਾਨ ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ ਰਾਮਪੁਰਾ ਫੂਲ ਦੇ ਮਾਹਰ ਡਾਕਟਰਾਂ ਦੀ ਟੀਮ ਵੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਮਰੀਜ਼ਾਂ ਦੀਆਂ ਅੱਖਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਕੈਂਪ ਵਿੱਚ ਪਹੁੰਚੇ ਲਗਭਗ 200 ਮਰੀਜ਼ਾਂ ਦੀਆਂ ਅੱਖਾਂ ਦਾ ਮੁਫ਼ਤ ਚੈੱਕਅਪ ਕੀਤਾ ਗਿਆ ਤੇ ਫਾਊਂਡੇਸ਼ਨ ਵੱਲੋਂ ਉਨ੍ਹਾਂ ਨੂੰ ਲੋੜੀਂਦੀਆਂ ਦਵਾਈਆਂ ਬਿਲਕੁਲ ਮੁਫ਼ਤ ਦਿੱਤੀਆਂ ਗਈਆਂ।ਜਾਂਚ ਦੌਰਾਨ ਚਿੱਟੇ ਮੋਤੀਏ ਤੋਂ ਪੀੜਤ 25 ਮਰੀਜ਼ਾਂ ਦੀ ਚੋਣ ਕੀਤੀ ਗਈ, ਜਿਨ੍ਹਾਂ ਨੂੰ ਮੁਫ਼ਤ ਆਪ੍ਰੇਸ਼ਨ ਤੇ ਲੈਂਜ਼ ਪਾਉਣ ਲਈ ਰਾਮਪੁਰਾ ਹਸਪਤਾਲ ਵਿਖੇ ਭੇਜਿਆ ਗਿਆ।ਸਮਾਗਮ ਦੌਰਾਨ ਨੇਕੀ ਫਾਊਂਡੇਸ਼ਨ ਦੇ ਪ੍ਰਬੰਧਕਾਂ ਵੱਲੋਂ ਸਮਾਜ ਸੇਵੀ ਕਾਰਜਾਂ ਵਿੱਚ ਯੋਗਦਾਨ ਪਾਉਣ ਤੇ ਮਾਸਟਰ ਰਾਜੇਸ਼ ਕੁਮਾਰ ਦੀ ਯਾਦ ਨੂੰ ਬਰਕਰਾਰ ਰੱਖਣ ਲਈ ਉਨ੍ਹਾਂ ਦੇ ਪਰਵਾਰ ਪਤਨੀ ਬਬੀਤਾ ਰਾਣੀ ਤੇ ਪੁੱਤਰ ਦਿਸ਼ਾਂਤ ਗੋਇਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਉਨ੍ਹਾਂ ਨਾਲ ਹੋਰ ਪਰਿਵਾਰਕ ਮੈਂਬਰ ਰਾਜ ਕੁਮਾਰ ਤੇ ਇੰਦਰ ਗਰਗ ਮੌਜੂਦ ਰਹੇ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮਾਛੀਕੇ ਤੋਂ ਪਹਿਲੀ ਬੱਸ ਰਵਾਨਾ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸਕੀਮ ਤਹਿਤ ਪਿੰਡ ਮਾਛੀਕੇ ਤੋਂ ਸੰਗਤ ਦੀ ਤੀਰਥ ਯਾਤਰਾ ਲਈ ਪਹਿਲੀ ਬੱਸ ਨੂੰ ਰਵਾਨਾ ਕੀਤਾ ਗਿਆ।ਇਸ ਮੌਕੇ ਪਿੰਡ ਵਾਸੀਆਂ ਤੇ ਸੰਗਤ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੋਸ਼ਲ ਮੀਡੀਆ ਹਲਕਾ ਇੰਚਾਰਜ ਡਾਕਟਰ ਜਗਦੇਵ ਸਿੰਘ ਬੱਬੂ ਮਾਛੀਕੇ ਤੇ ਸਰਪੰਚ ਜਗਮੋਹਨ ਸਿੰਘ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਮਾਨ ਤੇ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਸ੍ਰ. ਮਨਜੀਤ ਸਿੰਘ ਬਿਲਾਸਪੁਰ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਉਨ੍ਹਾਂ ਦੇ ਪਿੰਡ ਨੂੰ ਬੱਸ ਦੀ ਸਹੂਲਤ ਮਿਲੀ ਹੈ, ਜਿਸ ਨਾਲ ਸੰਗਤ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਪ੍ਰਾਪਤ ਹੋਵੇਗਾ।ਉਨ੍ਹਾਂ ਕਿਹਾ ਕਿ ਇਹ ਯੋਜਨਾ ਖਾਸ ਕਰਕੇ 50 ਸਾਲ ਤੋਂ ਉੱਪਰ ਉਮਰ ਵਾਲੀ ਸੰਗਤ ਲਈ ਲਾਭਕਾਰੀ ਸਾਬਿਤ ਹੋਵੇਗੀ ਤੇ ਸੰਗਤ ਨੂੰ ਵਾਰੀ-ਵਾਰੀ ਤੀਰਥ ਅਸਥਾਨਾਂ ਦੇ ਦਰਸ਼ਨ ਕਰਵਾਏ ਜਾਣਗੇ।ਅੰਤ ਵਿੱਚ ਉਨ੍ਹਾਂ ਤੀਰਥ ਯਾਤਰਾ 'ਤੇ ਜਾ ਰਹੀ ਸੰਗਤ ਨੂੰ ਵਧਾਈ ਦਿੱਤੀ ਤੇ ਯਾਤਰਾ ਦੇ ਸੁਖਦ ਤੇ ਸਫਲ ਹੋਣ ਦੀ ਕਾਮਨਾ ਕੀਤੀ।

# ਕਾਂਗਰਸ ਨੂੰ ਝਟਕਾ : ਰਿੰਕਾ ਹਸਨਪੁਰ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਹਲਕਾ ਧੂਰੀ ਵਿੱਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਇੱਕ ਬਹੁਤ ਵੱਡਾ ਸਿਆਸੀ ਝਟਕਾ ਲੱਗਿਆ, ਜਦੋਂ ਪਿੰਡ ਹਸਨਪੁਰ ਦੇ ਮੌਜੂਦਾ ਸਰਪੰਚ ਦੇ ਪਤੀ ਤੇ ਸੀਨੀਅਰ ਕਾਂਗਰਸੀ ਆਗੂ ਰਵਿੰਦਰ ਕੁਮਾਰ ਰਿੰਕਾ ਹਸਨਪੁਰ ਆਪਣੇ ਦਰਜਨਾਂ ਸਾਥੀਆਂ ਤੇ ਸਮਰਥਕਾਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਰਿੰਕਾ ਹਸਨਪੁਰ ਤੇ ਉਨ੍ਹਾਂ ਦੇ ਸਾਥੀਆਂ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਰਸਮੀ ਤੌਰ 'ਤੇ ਸਿਰੋਪਾਓ ਪਾ ਕੇ 'ਆਪ' ਪਰਿਵਾਰ ਵਿੱਚ ਜੀ ਆਇਆਂ ਨੂੰ ਆਖਿਆ।ਇਸ ਮੌਕੇ ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਪੱਖੀ ਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਦੇ ਆਗੂ ਲਗਾਤਾਰ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।ਦੂਜੇ ਪਾਸੇ, 'ਆਪ' 'ਚ ਸ਼ਾਮਲ ਹੋਣ ਉਪਰੰਤ ਰਵਿੰਦਰ ਕੁਮਾਰ ਰਿੰਕਾ ਹਸਨਪੁਰ ਨੇ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ 'ਤੇ ਪੂਰਾ ਪਹਿਰਾ ਦੇਣਗੇ।ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਤੇ ਉਨ੍ਹਾਂ ਦੀ ਟੀਮ ਹਲਕਾ ਧੂਰੀ ਤੇ ਪਿੰਡ ਹਸਨਪੁਰ ਦੇ ਵਿਕਾਸ ਲਈ ਦਿਨ-ਰਾਤ ਇੱਕ ਕਰਕੇ ਕੰਮ ਕਰਨਗੇ।

# ਪੱਤਰਕਾਰ ਏਕਤਾ ਫਰੰਟ ਵੱਲੋਂ ਜਤਿੰਦਰਜੀਤ ਸੰਧੂ ਦੀ ਯਾਦ 'ਚ ਖੂਨਦਾਨ ਕੈਂਪ ਤੇ ਸੈਮੀਨਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਵਿਸ਼ਵ ਖੂਨਦਾਨ ਦਿਵਸ ਮੌਕੇ ਪੱਤਰਕਾਰ ਏਕਤਾ ਫਰੰਟ ਰਾਮਪੁਰਾ ਫੂਲ ਵੱਲੋਂ ਸਹਾਰਾ ਸਮਾਜ ਸੇਵਾ ਦੇ ਸਹਿਯੋਗ ਨਾਲ ਪੱਤਰਕਾਰ ਸਵ. ਜਤਿੰਦਰਜੀਤ ਸਿੰਘ ਸੰਧੂ ਦੀ ਯਾਦ ਨੂੰ ਸਮਰਪਤ ਸਥਾਨਕ ਪੁਨਰਜੋਤੀ ਆਈ ਹਸਪਤਾਲ ਵਿਖੇ ਵਿਸ਼ਾਲ ਖੂਨਦਾਨ ਕੈਂਪ ਤੇ ਸੈਮੀਨਾਰ ਕਰਵਾਇਆ ਗਿਆ।ਕੈਂਪ ਦਾ ਉਦਘਾਟਨ ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਰਿਬਨ ਕੱਟ ਕੇ ਕੀਤਾ।ਕੈਂਪ ਦੌਰਾਨ ਗੁਪਤਾ ਬਲੱਡ ਬੈਂਕ ਦੀ ਟੀਮ ਵੱਲੋਂ 32 ਯੂਨਿਟ ਖੂਨ ਇਕੱਤਰ ਕੀਤਾ ਗਿਆ।ਆਯੋਜਕਾਂ ਨੇ ਦੱਸਿਆ ਕਿ ਖੂਨਦਾਨ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ ਤੇ ਇਸ ਕੈਂਪ ਦਾ ਮੁੱਖ ਉਦੇਸ਼ ਲੋਕਾਂ ਨੂੰ ਖੂਨਦਾਨ ਪ੍ਰਤੀ ਜਾਗਰੂਕ ਕਰਨਾ ਤੇ ਲੋੜਵੰਦ ਮਰੀਜ਼ਾਂ ਲਈ ਖੂਨ ਦੀ ਉਪਲਬਧਤਾ ਯਕੀਨੀ ਬਣਾਉਣਾ ਹੈ।ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਖੂਨਦਾਨ ਮਹਾਦਾਨ ਹੈ ਤੇ ਹਰ ਤੰਦਰੁਸਤ ਵਿਅਕਤੀ ਨੂੰ ਨਿਯਮਤ ਤੌਰ 'ਤੇ ਖੂਨ ਦਾਨ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਸਮਾਜ ਵਿੱਚ ਮਨੁੱਖਤਾ ਤੇ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਪੱਤਰਕਾਰ ਏਕਤਾ ਫਰੰਟ ਰਾਮਪੁਰਾ ਫੂਲ ਨੂੰ ਜਲਦ ਸਰਕਾਰੀ ਜਗ੍ਹਾ ਅਲਾਟ ਕਰਵਾਉਣ ਦਾ ਭਰੋਸਾ ਵੀ ਦਿੱਤਾ।ਕੈਂਪ ਦੌਰਾਨ ਖੂਨਦਾਨੀਆਂ ਦੇ ਨਾਲ-ਨਾਲ ਸਮਾਜ ਸੇਵਾ ਦੇ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲੀਆਂ ਸੰਸਥਾਵਾਂ ਤੇ ਸ਼ਖ਼ਸੀਅਤਾਂ ਨੂੰ ਵੀ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਪੱਤਰਕਾਰ ਸਵ. ਜਤਿੰਦਰਜੀਤ ਸਿੰਘ ਸੰਧੂ ਦੇ ਪਰਵਾਰ ਤੇ ਮੁੱਖ ਮਹਿਮਾਨ ਇੰਦਰਜੀਤ ਸਿੰਘ ਮਾਨ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

# ਮਾਰਕੀਟ ਕਮੇਟੀ ਰਾਏਕੋਟ ਦੇ ਸਕੱਤਰ ਰੁਮੇਲ ਸਿੰਘ ਨੇ ਸੰਭਾਲਿਆ ਚਾਰਜ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਮਾਰਕੀਟ ਕਮੇਟੀ ਰਾਏਕੋਟ ਦੇ ਨਵ-ਨਿਯੁਕਤ ਸਕੱਤਰ ਰੁਮੇਲ ਸਿੰਘ ਨੇ ਆਪਣਾ ਚਾਰਜ ਸੰਭਾਲ ਲਿਆ ਹੈ।ਮਾਰਕੀਟ ਕਮੇਟੀ ਦੇ ਸਮੂਹ ਸਟਾਫ ਵੱਲੋਂ ਉਨ੍ਹਾ ਨੂੰ ਬੁੱਕੇ ਭੇਟ ਕਰਕੇ ਹਾਰਦਿਕ ਸਵਾਗਤ ਕੀਤਾ ਗਿਆ।ਅਹੁਦਾ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਕੱਤਰ ਰੁਮੇਲ ਸਿੰਘ ਨੇ ਕਿਹਾ ਕਿ ਮਾਰਕੀਟ ਕਮੇਟੀ ਨਾਲ ਸੰਬੰਧਤ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾਵੇਗਾ।ਕਿਸਾਨਾਂ ਤੇ ਆੜ੍ਹਤੀਆਂ ਨੂੰ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਅਕਾਊਂਟੈਂਟ ਵਰਿੰਦਰ ਕੁਮਾਰ ਮੁੱਲਾਂਪੁਰ, ਮੰਡੀ ਸੁਪਰਵਾਈਜ਼ਰ ਗੁਰਪ੍ਰੀਤ ਸਿੰਘ ਮੁੱਲਾਂਪੁਰ, ਚੇਅਰਮੈਨ ਗੁਰਮਿੰਦਰ ਸਿੰਘ ਤੂਰ, ਤੇਜਿੰਦਰ ਸਿੰਘ, ਸੰਦੀਪ ਕੌਰ, ਵਰਿੰਦਰ ਸ਼ਰਮਾ ਅਕਾਲਗੜ੍ਹ, ਲਾਡੀ ਤਾਜਪੁਰ, ਜਤਿੰਦਰ ਸਿੰਘ ਗਰੇਵਾਲ, ਲਵਪ੍ਰੀਤ ਸਿੰਘ ਧੂਰਕੋਟ ਸਮੇਤ ਸਮੂਹ ਸਟਾਫ ਹਾਜ਼ਰ ਸੀ।

# ਜੈਤੋ ਸਬ-ਡਵੀਜ਼ਨ ਦੇ ਕਈ ਪਿੰਡਾਂ 'ਚ 'ਕਾਸੋ' ਅਪ੍ਰੇਸ਼ਨ ਤਹਿਤ ਛਾਪੇਮਾਰੀ



**ਫ਼ਰੀਦਕੋਟ/ਜੈਤੋ (ਐਲਿਗਜ਼ੈਂਡਰ ਡਿਸੂਜ਼ਾ)**-ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਵਿੱਢੀ ਮੁਹਿੰਮ ਤਹਿਤ ਫ਼ਰੀਦਕੋਟ ਪੁਲਸ ਵੱਲੋਂ ਸ੍ਰੀ ਇਕਬਾਲ ਸਿੰਘ ਡੀ.ਐੱਸ.ਪੀ. (ਸਬ-ਡਵੀਜ਼ਨ) ਜੈਤੋ ਦੀ ਅਗਵਾਈ ਹੇਠ ਵੱਖ-ਵੱਖ ਪਿੰਡਾਂ ਵਿੱਚ ਵੱਡੇ ਪੱਧਰ 'ਤੇ ਕਾਰਡਨ ਐਂਡ ਸਰਚ ਆਪ੍ਰੇਸ਼ਨ (ਕਾਸੋ) ਚਲਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ. ਜੈਤੋ ਇਕਬਾਲ ਸਿੰਘ ਨੇ ਦੱਸਿਆ ਕਿ ਮਾਨਯੋਗ ਉੱਚ ਅਧਿਕਾਰੀਆਂ ਦੇ ਨਿਰਦੇਸ਼ਾਂ 'ਤੇ ਨਸ਼ੇ ਦੀ ਲਾਹਨਤ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਪੁਲਸ ਵੱਲੋਂ ਲਗਾਤਾਰ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਫ਼ਰੀਦਕੋਟ ਪੁਲਸ ਵੱਲੋਂ ਚਲਾਇਆ ਗਿਆ ਇਹ ਸਰਚ ਆਪ੍ਰੇਸ਼ਨ ਵੀ ਇਸੇ ਮੁਹਿੰਮ ਦਾ ਇੱਕ ਅਹਿਮ ਹਿੱਸਾ ਹੈ।ਸ੍ਰੀ ਇਕਬਾਲ ਸਿੰਘ ਡੀ.ਐੱਸ.ਪੀ. ਜੈਤੋ ਨੇ ਦੱਸਿਆ ਕਿ ਇਸ ਵਿਸ਼ੇਸ਼ ਆਪ੍ਰੇਸ਼ਨ ਦੌਰਾਨ ਖ਼ਾਸ ਕਰਕੇ ਉਨ੍ਹਾਂ ਵਿਅਕਤੀਆਂ ਦੇ ਘਰਾਂ ਤੇ ਠਿਕਾਣਿਆਂ 'ਤੇ ਰੇਡ ਕੀਤੀ ਗਈ, ਜਿਨ੍ਹਾਂ ਖ਼ਿਲਾਫ਼ ਪਹਿਲਾਂ ਹੀ ਐੱਨ.ਡੀ.ਪੀ.ਐੱਸ. ਐਕਟ ਤਹਿਤ ਮੁਕੱਦਮੇ ਦਰਜ ਹਨ ਜਾਂ ਜਿਨ੍ਹਾਂ ਦਾ ਪੁਰਾਣਾ ਕ੍ਰਿਮੀਨਲ ਰਿਕਾਰਡ ਰਿਹਾ ਹੈ।ਪੁਲਸ ਅਧਿਕਾਰੀ ਮੁਤਾਬਕ ਆਉਣ ਵਾਲੇ ਦਿਨਾਂ ਵਿੱਚ ਵੀ ਅਜਿਹੀਆਂ ਸਖ਼ਤ ਕਾਰਵਾਈਆਂ ਲਗਾਤਾਰ ਜਾਰੀ ਰਹਿਣਗੀਆਂ ਤਾਂ ਜੋ ਸਮਾਜ ਨੂੰ ਨਸ਼ਾ ਮੁਕਤ ਬਣਾਇਆ ਜਾ ਸਕੇ।

# ਸਫਾ 1 ਦੇ ਬਾਕੀ...

## ਅਮਰੀਕਾ ਤੇ ਈਰਾਨ ਮੇਰੀ...

ਕਾਜ਼ਿਮ ਗ਼ਰੀਬਾਬਾਦੀ ਨੇ ਸਪੱਸ਼ਟ ਕੀਤਾ ਕਿ ਅਗਲੇ 60 ਦਿਨਾਂ ਦੀ ਗੱਲਬਾਤ ਤਾਂ ਹੀ ਅੱਗੇ ਵਧੇਗੀ, ਜੇ ਅਮਰੀਕਾ ਪਹਿਲਾਂ ਆਪਣੀਆਂ ਤਿੰਨ ਸ਼ਰਤਾਂ (ਨਾਕਾਬੰਦੀ ਖਤਮ ਕਰਨਾ, ਫੌਜੀ ਕਾਰਵਾਈ ਰੋਕਣਾ ਅਤੇ ਫਰੀਜ਼ ਫੰਡ ਜਾਰੀ ਕਰਨਾ) ਪੂਰੀਆਂ ਕਰੇਗਾ।

ਕਾਂਗਰਸ ਪਾਰਟੀ ਨੇ ਸਮਝੌਤੇ ਦਾ ਸਵਾਗਤ ਕੀਤਾ ਹੈ, ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਇਜ਼ਰਾਈਲ ਦੀ ਅੰਨ੍ਹੀ ਭਗਤੀ ਦੀ ਨਿੰਦਾ ਕੀਤੀ ਹੈ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ ਭਾਰਤ ਦੇ ਕੌਮੀ ਹਿੱਤ ਪੱਛਮੀ ਏਸ਼ੀਆ ਵਿੱਚ ਸੰਤੁਲਤ ਨੀਤੀ ਦੀ ਮੰਗ ਕਰਦੇ ਹਨ। ਉਨ੍ਹਾ ਕਿਹਾ ਕਿ ਨਵੰਬਰ 2008 ਦੇ ਮੁੰਬਈ ਹਮਲਿਆਂ ਤੋਂ ਬਾਅਦ ਭਾਰਤੀ ਕੋਸ਼ਿਸ਼ਾਂ ਨਾਲ ਨਿਖੇੜੇ ਗਏ ਪਾਕਿਸਤਾਨ ਨੇ ਨਵਾਂ ਖੇਤਰੀ ਤੇ ਵਿਸ਼ਵੀ ਪ੍ਰਭਾਵ ਬਣਾ ਲਿਆ ਹੈ। ਕਾਂਗਰਸ ਦੇ ਇੱਕ ਹੋਰ ਆਗੂ ਪਵਨ ਖੇੜਾ ਨੇ ਕਿਹਾ ਕਿ ਭਾਰਤ ਨੇ ਡਿਪਲੋਮੈਟਿਕ ਜ਼ਮੀਨ ਗੁਆ ਲਈ ਹੈ, ਜਦਕਿ ਪਾਕਿਸਤਾਨ ਨੇ ਕੌਮਾਂਤਰੀ ਅਕਸ ਸੁਧਾਰ ਲਿਆ ਹੈ।

## ਅਸਲਾ ਮਾਮਲੇ 'ਚ ...

ਜਾਂਚ ਕਰਵਾਉਣ ਤੇ ਅਰਪਿਤ ਚੌਧਰੀ ਦਾ ਨਾਂਅ ਇਸ ਪਰਚੇ 'ਚੋਂ ਬਾਹਰ ਕੱਢਣ ਦੀ ਮੰਗ ਕੀਤੀ ਹੈ।ਜ਼ਿਕਰਯੋਗ ਹੈ ਕਿ ਲੰਘੀ 26 ਮਈ ਨੂੰ ਨਗਰ ਕੌਂਸਲ ਦੀ ਚੋਣ ਦੌਰਾਨ ਵਾਰਡ ਨੰਬਰ 18 ਤੋਂ ਇੱਕ ਵਿਅਕਤੀ ਤੋਂ ਪੁਲਸ ਨੇ ਇੱਕ ਪਿਸਤੌਲ ਤੇ ਕਾਰਤੂਸ ਸਮੇਤ ਕਾਬੂ ਕੀਤਾ ਸੀ।ਉਹ ਵਿਅਕਤੀ ਮੌਕੇ 'ਤੇ ਕੋਈ ਲਾਇਸੈਂਸ ਆਦਿ ਨਹੀਂ ਦਿਖਾ ਸਕਿਆ ਸੀ।ਪੁਲਸ ਨੇ ਭਗਤ ਕਰਨ ਭੱਟੀ ਤੇ ਗੁਰਪ੍ਰੀਤ ਸਿੰਘ ਵਾਸੀ ਪਟਿਆਲਾ ਦੋ ਵਿਅਕਤੀਆਂ ਨੂੰ ਨਾਮਜ਼ਦ ਕੀਤਾ ਸੀ।ਕੌਂਸਲਰ ਅਰਪਿਤ ਚੌਧਰੀ ਦਾ ਕਹਿਣਾ ਹੈ ਕਿ ਉਨ੍ਹਾ ਦੇ ਜੀਜਾ ਰੋਹਿਨ ਗਰਗ ਪਟਿਆਲਾ ਤੋਂ ਉਨ੍ਹਾ ਨੂੰ ਮਿਲਣ ਆਏ ਸਨ, ਇਹ ਵਿਅਕਤੀ ਉਨ੍ਹਾਂ ਨਾਲ ਹੀ ਸੀ। ਬਾਅਦ 'ਚ ਪੁਲਸ ਨੇ ਉਨ੍ਹਾਂ ਦੇ ਜੀਜਾ ਰੋਹਿਨ ਗਰਗ ਤੇ ਹੁਣ ਖ਼ੁਦ ਉਨ੍ਹਾ ਨੂੰ ਇਸ ਅਸਲਾ ਮਾਮਲੇ ਵਿਚ ਨਾਮਜ਼ਦ ਕੀਤਾ ਹੈ। ਉਨ੍ਹਾ ਕਿਹਾ ਕਿ ਇਹ ਪੂਰੀ ਤਰ੍ਹਾਂ ਧੱਕੇਸ਼ਾਹੀ ਹੈ। ਉਨ੍ਹਾ ਨਗਰ ਕੌਂਸਲ ਮਾਨਸਾ ਦਾ ਪ੍ਰਧਾਨ ਬਣਨ ਲਈ ਕੋਰਮ ਪੂਰਾ ਕਰਨ ਤੋਂ ਇਲਾਵਾ ਸਾਰੀਆਂ ਰਾਜਨੀਤਕ ਪਾਰਟੀਆਂ ਦਾ ਸਮਰਥਨ ਵੀ ਹਾਸਲ ਕਰ ਲਿਆ ਸੀ। ਉਨ੍ਹਾ ਦਾ ਰਾਹ ਰੋਕਣ ਲਈ ਉਨ੍ਹਾਂ ਦਾ ਨਾਂਅ ਕੇਸ 'ਚ ਸ਼ਾਮਲ ਕੀਤਾ ਗਿਆ ਹੈ।

ਇਸ ਦੇ ਵਿਰੋਧ 'ਚ ਕਾਂਗਰਸ ਦੇ ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ, ਐਡਵੋਕੇਟ ਗੁਰਪ੍ਰੀਤ ਸਿੰਘ ਵਿੱਕੀ, ਅਕਾਲੀ ਦਲ ਦੇ ਪ੍ਰੇਮ ਅਰੋੜਾ, ਸੀ ਪੀ ਆਈ ਦੇ ਕ੍ਰਿਸ਼ਨ ਚੌਹਾਨ, ਭਾਜਪਾ ਦੇ ਮੁਨੀਸ਼ ਬੱਬੀ ਦਾਨੇਵਾਲੀਆ ਨੇ ਇਸ ਨੂੰ ਧੱਕੇਸ਼ਾਹੀ ਦੱਸਦਿਆਂ ਐੱਸ ਐੱਸ ਪੀ ਭਾਗੀਰਥ ਸਿੰਘ ਮੀਨਾ ਨੂੰ ਮੰਗ ਪੱਤਰ ਦੇ ਕੇ ਇਸ ਦੀ ਬਾਰੀਕੀ ਨਾਲ ਜਾਂਚ ਦੀ ਮੰਗ ਕੀਤੀ ਹੈ। ਉਨ੍ਹਾ ਕਿਹਾ ਕਿ ਅਸਲਾ ਮਾਮਲੇ 'ਚ ਕੌਂਸਲਰ ਅਰਪਿਤ ਚੌਧਰੀ ਦਾ ਨਾਂਅ ਜੋੜਨਾ ਧੱਕੇਸ਼ਾਹੀ ਤੇ ਰਾਜਨੀਤੀ ਤੋਂ ਪ੍ਰੇਰਿਤ ਹੈ। ਉਨ੍ਹਾ ਕਿਹਾ ਕਿ ਜੇਕਰ ਅਰਪਿਤ ਚੌਧਰੀ ਦਾ ਨਾਂਅ ਇਸ ਪਰਚੇ 'ਚੋਂ ਬਾਹਰ ਨਾ ਕੱਢਿਆ ਤਾਂ ਸਾਰੀਆਂ ਰਾਜਨੀਤਕ ਪਾਰਟੀਆਂ ਇਕਜੁੱਟ ਹੋ ਕੇ ਇਸ ਵਿਰੁੱਧ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੀਆਂ।

## ਭਾਜਪਾ ਆਗੂ ਹੈਰੋਇਨ...

ਫੜੇ ਜਾ ਰਹੇ ਹਨ।ਸੀਨੀਅਰ ਆਪ ਆਗੂ ਨੇ ਕਿਹਾ ਕਿ ਭਾਜਪਾ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਗੁਜਰਾਤ ਦੇ ਰਸਤੇ ਵਾਰ-ਵਾਰ ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਕਿਉਂ ਬਰਾਮਦ ਕੀਤੇ ਜਾ ਰਹੇ ਹਨ।

ਇਸ ਦੇ ਨਾਲ ਹੀ ਉਨ੍ਹਾ ਯਾਦ ਦਿਵਾਇਆ ਕਿ ਇਹ ਅਕਾਲੀ-ਭਾਜਪਾ ਦੇ ਸ਼ਾਸਨਕਾਲ ਦੌਰਾਨ ਹੀ ਸੀ, ਜਦੋਂ ਪੰਜਾਬ ਭਰ ਵਿੱਚ ਚਿੱਟਾ ਫੈਲਿਆ ਅਤੇ ਸੂਬੇ ਨੂੰ ਹਨੇਰੇ ਵਿੱਚ ਧੱਕ ਦਿੱਤਾ ਗਿਆ। ਚੀਮਾ ਨੇ ਕਿਹਾ ਕਿ ਜੇਕਰ ਕੋਈ ਵੀ ਭਾਜਪਾ ਆਗੂ, ਅਹੁਦੇਦਾਰ ਜਾਂ ਸਮਰਥਕ ਨਸ਼ਾ ਤਸਕਰੀ ਵਿੱਚ ਸ਼ਾਮਲ ਪਾਇਆ ਗਿਆ ਤਾਂ ਪੰਜਾਬ ਪੁਲਸ ਸਖ਼ਤ ਕਾਰਵਾਈ ਕਰੇਗੀ ਅਤੇ ਉਨ੍ਹਾਂ ਨੂੰ ਜੇਲ੍ਹ ਭੇਜੇਗੀ। ਮਾਨ ਸਰਕਾਰ ਵਿੱਚ ਕਾਨੂੰਨ ਸਭ ਲਈ ਬਰਾਬਰ ਹੈ।

# ਗੈਰ-ਅਧਿਕਾਰਤ ਖੁਫੀਆ ਕੈਮਰੇ ਲਗਾਉਣ ਵਾਲੇ ਦੋ ਗ੍ਰਿਫ਼ਤਾਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਠਿੰਡਾ ਪੁਲਸ ਨੇ ਇੱਕ ਅਹਿਮ ਕਾਰਵਾਈ ਦੌਰਾਨ ਗੈਰ-ਅਧਿਕਾਰਤ ਤੌਰ 'ਤੇ ਖੁਫੀਆ ਕੈਮਰੇ ਲਗਾ ਕੇ ਪੁਲਸ ਤੇ ਸੁਰੱਖਿਆ ਬਲਾਂ ਦੀਆਂ ਗਤੀਵਿਧੀਆਂ ਦੀ ਨਿਗਰਾਨੀ ਕਰਨ ਦੇ ਮਾਮਲੇ ਵਿੱਚ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਹੈ।ਐੱਸ ਐੱਸ ਪੀ ਬਠਿੰਡਾ ਦੀ ਅਗਵਾਈ ਹੇਠ ਕੀਤੀ ਗਈ ਜਾਂਚ ਦੌਰਾਨ ਪਤਾ ਲੱਗਾ ਕਿ ਬਠਿੰਡਾ-ਮਲੋਟ ਰੋਡ 'ਤੇ ਅੰਬੂਜਾ ਫੈਕਟਰੀ ਦੇ ਸਾਹਮਣੇ ਸਰਕਾਰੀ ਬਿਜਲੀ ਦੇ ਖੰਭੇ 'ਤੇ ਇੱਕ ਸੋਲਰ ਪਾਵਰ ਨਾਲ ਚੱਲਣ ਵਾਲਾ ਕੈਮਰਾ ਲਗਾਇਆ ਗਿਆ ਸੀ।ਇਸ ਵਿੱਚ ਸਿਮ ਕਾਰਡ ਵੀ ਲੱਗਾ ਹੋਇਆ ਸੀ, ਜਿਸ ਰਾਹੀਂ ਪੁਲਸ ਤੇ ਹੋਰ ਸੁਰੱਖਿਆ ਬਲਾਂ ਦੀਆਂ ਹਰਕਤਾਂ 'ਤੇ ਨਜ਼ਰ ਰੱਖੀ ਜਾ ਰਹੀ ਸੀ।ਪੁਲਸ ਅਨੁਸਾਰ ਇਸ ਨਾਲ ਦੇਸ਼ ਦੀ ਸੁਰੱਖਿਆ ਨੂੰ ਖਤਰਾ ਪੈਦਾ ਹੋ ਸਕਦਾ ਸੀ।ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ।ਸੀਸੀਟੀਵੀ ਫੁਟੇਜ, ਤਕਨੀਕੀ ਸਾਧਨਾਂ ਤੇ ਮਨੁੱਖੀ ਖੁਫੀਆ ਜਾਣਕਾਰੀ ਦੀ ਮਦਦ ਨਾਲ ਜਾਂਚ ਨੂੰ ਅੱਗੇ ਵਧਾਇਆ ਗਿਆ।ਜਾਂਚ ਦੌਰਾਨ ਅਸ਼ੋਕ ਸਿੰਘ ਪੁੱਤਰ ਪ੍ਰਕਾਸ਼ ਸਿੰਘ ਵਾਸੀ ਸਰਾਏ, ਥਾਣਾ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਨੂੰ 10 ਜੂਨ 2026 ਨੂੰ ਗ੍ਰਿਫ਼ਤਾਰ ਕੀਤਾ ਗਿਆ।ਉਸ ਤੋਂ ਪੁੱਛਗਿੱਛ ਦੇ ਆਧਾਰ 'ਤੇ ਆਕਾਸ਼ਦੀਪ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਸਰਾਏ, ਥਾਣਾ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਨੂੰ ਵੀ 14 ਜੂਨ 2026 ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।ਪੁਲਸ ਨੇ ਇਸ ਮਾਮਲੇ ਵਿੱਚ ਕੁੱਲ ਚਾਰ ਵਿਅਕਤੀਆਂ ਨੂੰ ਨਾਮਜ਼ਦ ਕੀਤਾ ਹੈ, ਜਿਨ੍ਹਾਂ ਵਿੱਚੋਂ ਦੋ ਦੀ ਗ੍ਰਿਫ਼ਤਾਰੀ ਹੋ ਚੁੱਕੀ ਹੈ, ਜਦਕਿ ਬਾਕੀ ਦੋ ਮੁਲਜ਼ਮਾਂ ਦੀ ਭਾਲ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਇਹ ਬਹੁਤ ਹੀ ਗੰਭੀਰ ਤੇ ਸੰਵੇਦਨਸ਼ੀਲ ਮਾਮਲਾ ਹੈ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਤੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਇਸ ਮਾਮਲੇ ਨਾਲ ਜੁੜੇ ਹੋਰ ਤੱਥ ਸਾਹਮਣੇ ਲਿਆਂਦੇ ਜਾ ਸਕਣ।

## ਮਾਨ ਵੱਲੋਂ ਯੂ ਪੀ ਐੱਸ...

ਲਗਾਤਾਰ ਕੰਮ ਕਰ ਰਹੀ ਹੈ।ਸੂਬਾ ਸਰਕਾਰ ਦਾ ਸੁਪਨਾ ਪੰਜਾਬ ਦੇ ਹੋਰਨਾਂ ਨੌਜਵਾਨਾਂ ਨੂੰ ਵੀ ਲੋਕ ਸੇਵਾ ਦੇ ਉੱਚ ਤੇ ਵੱਕਾਰੀ ਅਹੁਦਿਆਂ 'ਤੇ ਪਹੁੰਚਦੇ ਦੇਖਣਾ ਹੈ। ਮੁੱਖ ਮੰਤਰੀ ਨੇ ਆਸ ਪ੍ਰਗਟਾਈ ਕਿ ਨਵੇਂ ਭਰਤੀ ਹੋਏ ਅਧਿਕਾਰੀ ਆਪਣੇ ਅਹੁਦਿਆਂ ਦੀ ਵਰਤੋਂ ਲੋਕਾਂ ਦੀ ਸੇਵਾ ਲਈ ਕਰਨਗੇ। ਉਨ੍ਹਾ ਕਿਹਾ ਕਿ ਉਨ੍ਹਾ ਨੂੰ ਜਨਤਕ ਸੇਵਾ ਨੂੰ ਤਰਜੀਹ ਦੇਣੀ ਚਾਹੀਦੀ ਹੈ। ਇਸ ਮੌਕੇ ਮੁੱਖ ਸਕੱਤਰ ਕੇ ਏ ਪੀ ਸਿਨਹਾ ਅਤੇ ਕਈ ਹੋਰ ਪਤਵੰਤੇ ਵੀ ਮੌਜੂਦ ਸਨ।

## ਭੁਪਿੰਦਰ ਕੁਮਾਰ ਭਿੰਦਾ...

ਸਮਾਓ, ਜੀਤ ਸਿੰਘ ਬੋਹਾ, ਗੁਰਜੰਟ ਸਿੰਘ, ਸੁਖਵਿੰਦਰ ਸਿੰਘ ਬੋਹਾ, ਨਗਰ ਸੁਧਾਰ ਸਭਾ ਬੁਢਲਾਡਾ ਦੇ ਪ੍ਰਧਾਨ ਸਵਰਨ ਸਿੰਘ ਦਲਿਓ ਤੇ ਸੁਰਿੰਦਰ ਮੰਗਲਾ ਆਦਿ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਡੀ ਐੱਸ ਪੀ ਸਿੰਕਦਰ ਸਿੰਘ ਚੀਮਾ ਵੱਲੋਂ ਇਹ ਵਿਸ਼ਵਾਸ ਦਿਵਾਏ ਜਾਣ 'ਤੇ ਧਰਨਾ ਚੁੱਕ ਦਿੱਤਾ ਗਿਆ ਕਿ ਮ੍ਰਿਤਕ ਭੁਪਿੰਦਰ ਕੁਮਾਰ ਵੱਲੋਂ ਆਤਮ-ਹੱਤਿਆ ਸੰਬੰਧੀ ਲਿਖੇ ਨੋਟ ਅਨੁਸਾਰ ਇਸ ਕੇਸ ਦੀ ਪੂਰੀ ਗਹਿਰਾਈ ਨਾਲ ਜਾਂਚ ਕੀਤੀ ਜਾਵੇਗੀ, ਜੋ ਵੀ ਦੋਸ਼ੀ ਪਾਇਆ ਗਿਆ, ਉਸ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਜਥੇਦਾਰ ਨੂੰ ਅਕਾਲੀ ਦਲ...

ਦੇ ਇਸ਼ਾਰੇ 'ਤੇ ਬਿਨਾਂ ਕਿਸੇ ਸਿੱਖ ਸੰਪਰਦਾ ਜਾਂ ਜਥੇਬੰਦੀ ਦੀ ਰਾਇ ਲਏ ਇੱਕ ਅਜਿਹੀ ਜਗ੍ਹਾ 'ਤੇ ਜਥੇਦਾਰ ਥਾਪ ਦਿੱਤਾ ਗਿਆ ਸੀ, ਜਿੱਥੇ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਤੱਕ ਨਹੀਂ ਸੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦਾ ਖੁਦ ਨੂੰ ਸੁਖਬੀਰ ਬਾਦਲ ਦਾ ਸਿਪਾਹੀ ਦੱਸਣਾ, ਇਹਨਾਂ ਮਹਾਨ ਸਿੱਖ ਸੰਸਥਾਵਾਂ ਦੇ ਸਿਆਸੀਕਰਨ ਦਾ ਜਿਉਂਦਾ-ਜਾਗਦਾ ਸਬੂਤ ਹੈ।

ਬਲਤੇਜ ਪੰਨੂ ਨੇ ਜਥੇਦਾਰ ਵੱਲੋਂ ਜਾਰੀ ਕੀਤੀ ਗਈ ਕਥਿਤ ਫੋਰੈਂਸਿਕ ਰਿਪੋਰਟ 'ਤੇ ਗੰਭੀਰ ਸਵਾਲ ਚੁੱਕਦਿਆਂ ਕਿਹਾ ਕਿ ਇਸ ਰਿਪੋਰਟ ਵਿੱਚ ਕਿਤੇ ਵੀ ਇਹ ਨਹੀਂ ਲਿਖਿਆ ਕਿ ਵੀਡੀਓ ਵਿੱਚ ਦਿਖਾਈ ਦੇ ਰਿਹਾ ਵਿਅਕਤੀ ਕੌਣ ਹੈ। ਉਹਨਾ ਚੁਣੌਤੀ ਦਿੰਦਿਆਂ ਕਿਹਾ ਕਿ ਜੇਕਰ ਅਸੀਂ ਤੁਹਾਡੀ ਰਿਪੋਰਟ ਮੰਨ ਵੀ ਲਈਏ ਕਿ ਵੀਡੀਓ (ਏ ਆਈ) ਨਾਲ ਨਹੀਂ ਬਣੀ, ਤਾਂ ਜਥੇਦਾਰ ਸਾਹਿਬ ਇਹ ਦੱਸਣ ਕਿ ਉਸ ਵੀਡੀਓ ਵਿੱਚ ਦਿਖ ਰਹੇ ਵਿਅਕਤੀ ਦਾ ਕੱਦ ਕਿੰਨਾ ਹੈ? ਜਿਸ ਮੁੱਖ ਮੰਤਰੀ ਭਗਵੰਤ ਮਾਨ 'ਤੇ ਤੁਸੀਂ ਉਂਗਲ ਚੁੱਕ ਰਹੇ ਹੋ, ਕੀ ਉਹਨਾ ਦਾ ਕੱਦ ਅਤੇ ਵੀਡੀਓ ਵਾਲੇ ਵਿਅਕਤੀ ਦਾ ਕੱਦ ਮੇਲ ਖਾਂਦਾ ਹੈ? ਉਹ ਕਿਹੜਾ ਹੋਟਲ ਦਾ ਕਮਰਾ ਹੈ, ਜਿੱਥੇ ਗੁਰੂ ਸਾਹਿਬ ਦੀਆਂ ਤਸਵੀਰਾਂ ਲੱਗੀਆਂ ਹੋਈਆਂ ਹਨ, ਜਿਵੇਂ ਕਿ ਦਾਅਵਾ ਕੀਤਾ ਜਾ ਰਿਹਾ ਹੈ? ਰਿਪੋਰਟ ਇਹ ਦੱਸਣ ਵਿੱਚ ਪੂਰੀ ਤਰ੍ਹਾਂ ਨਾਕਾਮ ਹੈ ਕਿ ਵੀਡੀਓ ਵਿੱਚ ਅਸਲ ਵਿੱਚ ਕੌਣ ਹੈ। ਪੰਨੂ ਨੇ ਚੇਤਾਵਨੀ ਦਿੱਤੀ ਕਿ ਆਉਣ ਵਾਲੇ ਦਿਨਾਂ ਵਿੱਚ ਆਮ ਆਦਮੀ ਪਾਰਟੀ ਇਸ ਪੂਰੇ ਮਾਮਲੇ ਦਾ ਦੁੱਧ ਦਾ ਦੁੱਧ ਅਤੇ ਪਾਣੀ ਦਾ ਪਾਣੀ ਜਨਤਾ ਦੇ ਸਾਹਮਣੇ ਕਰਕੇ ਰਹੇਗੀ।ਅਕਾਲੀ ਦਲ ਦੇ ਇਤਿਹਾਸ ਨੂੰ ਕਾਲੇ ਪੰਨਿਆਂ ਨਾਲ ਭਰਿਆ ਦੱਸਦਿਆਂ ਪੰਨੂ ਨੇ ਕਿਹਾ ਕਿ ਸਾਲ 2015 ਵਿੱਚ ਬੁਰਜ ਜਵਾਹਰ ਸਿੰਘ ਵਾਲਾ ਤੋਂ ਗੁਰੂ ਗ੍ਰੰਥ ਸਾਹਿਬ ਦੀ ਪਾਵਨ ਬੀੜ ਚੋਰੀ ਹੋਈ, ਸਿੱਖਾਂ ਨੂੰ ਭੱਦੀ ਭਾਸ਼ਾ ਵਿੱਚ ਪੋਸਟਰ ਲਗਾ ਕੇ ਚੈਲੰਜ ਕੀਤਾ ਗਿਆ ਅਤੇ ਅਕਤੂਬਰ ਮਹੀਨੇ ਵਿੱਚ ਗੁਰੂ ਸਾਹਿਬ ਦੇ ਅੰਗ ਕੂੜੇ ਦੇ ਢੇਰਾਂ ਵਿੱਚ ਰੋਲੇ ਗਏ।

ਉਸ ਸਮੇਂ ਪੰਥਕ ਮੁਖੌਟਾ ਪਹਿਨ ਕੇ ਵਾਰ-ਵਾਰ ਸਰਕਾਰ ਬਣਾਉਣ ਵਾਲੇ ਸੁਖਬੀਰ ਬਾਦਲ ਅਤੇ ਉਹਨਾ ਦੇ ਲੋਕ ਸੁੱਤੇ ਰਹੇ। ਉਹਨਾਂ ਜਸਟਿਸ ਜ਼ੋਰਾ ਸਿੰਘ ਕਮਿਸ਼ਨ ਦੀ ਰਿਪੋਰਟ ਨੂੰ ਦਬਾਇਆ, ਗਵਾਹਾਂ ਨੂੰ ਪੁਲਸ ਨੌਕਰੀਆਂ ਦੇ ਕੇ ਮਾਮਲੇ ਨੂੰ ਰਫ਼ਾ-ਦਫ਼ਾ ਕਰਨ ਦੀ ਕੋਸ਼ਿਸ਼ ਕੀਤੀ ਅਤੇ ਵਿਧਾਨ ਸਭਾ ਦੇ ਬਾਹਰ ਜਸਟਿਸ ਰਣਜੀਤ ਸਿੰਘ ਕਮਿਸ਼ਨ ਦੀ ਰਿਪੋਰਟ ਨੂੰ ਇੱਕ-ਦੋ ਰੁਪਏ ਵਿੱਚ ਰੱਦੀ ਦੇ ਭਾਅ ਵੇਚਿਆ। ਕੋਟਕਪੂਰਾ ਅਤੇ ਬਹਿਬਲ ਕਲਾਂ ਗੋਲੀ ਕਾਂਡ ਦੇ ਸਬੂਤ ਮਿਟਾਉਣ ਦੀ ਹਰ ਸੰਭਵ ਕੋਸ਼ਿਸ਼ ਕੀਤੀ ਗਈ, ਜਿਸ ਕਾਰਨ ਅੱਜ ਸੁਖਬੀਰ ਬਾਦਲ, ਸੁਮੇਧ ਸੈਣੀ ਅਤੇ ਉਮਰਾਨੰਗਲ ਵਰਗੇ ਲੋਕ ਅਦਾਲਤ ਤੋਂ ਜ਼ਮਾਨਤ 'ਤੇ ਬਾਹਰ ਘੁੰਮ ਰਹੇ ਹਨ। ਇਹਨਾਂ ਨੂੰ ਡਰ ਹੈ ਕਿ ਬਹਿਬਲ ਕਲਾਂ ਦੀ ਜਾਂਚ ਵੀ ਜਲਦੀ ਹੀ ਇਹਨਾਂ ਦੇ ਗਲੇ ਦੀ ਫ਼ਾਹੀ ਬਣਨ ਵਾਲੀ ਹੈ।ਬਲਤੇਜ ਪੰਨੂ ਨੇ ਕਿਹਾ ਕਿ ਅਕਾਲੀ ਦਲ ਨੂੰ ਸਭ ਤੋਂ ਵੱਡੀ ਤਕਲੀਫ਼ ਇਸ ਗੱਲ ਦੀ ਹੈ ਕਿ ਜਿਸ ਭਗਵੰਤ ਮਾਨ ਨੂੰ ਉਹ ਹਮੇਸ਼ਾ ਬਦਨਾਮ ਕਰਦੇ ਸਨ, ਉਸੇ ਮਾਨ ਸਰਕਾਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਰੋਕਣ ਲਈ 'ਸਤਿਕਾਰ ਐਕਟ' ਵਿੱਚ ਇਤਿਹਾਸਕ ਸੋਧ ਕਰਕੇ ਸਖ਼ਤ ਕਾਨੂੰਨ ਲਾਗੂ ਕਰ ਦਿੱਤਾ ਹੈ। ਹੁਣ ਬੇਅਦਬੀ ਕਰਨ ਵਾਲੇ ਨੂੰ ਸਜ਼ਾ ਭੁਗਤਣੀ ਪਵੇਗੀ।ਇਹ ਐਕਟ ਪਾਸ ਵੀ ਹੋਇਆ ਅਤੇ ਰਾਜਪਾਲ ਦੇ ਦਸਤਖਤਾਂ ਤੋਂ ਬਾਅਦ ਲਾਗੂ ਵੀ ਹੋ ਗਿਆ। ਜਿਹੜਾ ਬਾਦਲ ਪਰਵਾਰ ਖੁਦ ਨੂੰ ਪੰਥ ਦਾ ਠੇਕੇਦਾਰ ਸਮਝਦਾ ਸੀ ਅਤੇ ਜਿਸ ਨੇ 2007 ਤੋਂ 2017 ਦੇ ਦਰਮਿਆਨ ਪੰਜਾਬ ਦੀ ਇੱਕ ਪੂਰੀ ਪੀੜ੍ਹੀ ਨੂੰ ਚਿੱਟੇ (ਨਸ਼ੇ) ਦੀ ਅੱਗ ਵਿੱਚ ਝੋਕ ਦਿੱਤਾ, ਅੱਜ ਉਹ ਗੁਰੂ ਨਾਨਕ ਦੇਵ ਜੀ ਦੀ ਧਰਤੀ 'ਤੇ ਬਣੇ ਇਸ ਸਖ਼ਤ ਕਾਨੂੰਨ ਨੂੰ ਪਚਾ ਨਹੀਂ ਪਾ ਰਹੇ। ਇਸੇ ਬੁਖਲਾਹਟ ਵਿੱਚ ਉਹਨਾ ਹੁਣ ਰਾਜਨੀਤੀ ਦਾ ਆਪਣਾ ਆਖਰੀ ਪੱਤਾ ਖੇਡਦਿਆਂ ਬਦਕਿਸਮਤੀ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਵੀ ਮੋਹਰਾ ਬਣਾ ਕੇ ਮੈਦਾਨ ਵਿੱਚ ਉਤਾਰ ਦਿੱਤਾ ਹੈ, ਪਰ ਪੰਜਾਬ ਦੀ ਸਮਝਦਾਰ ਜਨਤਾ ਉਹਨਾਂ ਦੇ ਇਹਨਾਂ ਮਨਸੂਬਿਆਂ ਨੂੰ ਕਦੇ ਕਾਮਯਾਬ ਨਹੀਂ ਹੋਣ ਦੇਵੇਗੀ।

## ਬੇਅਦਬੀ ਖਿਲਾਫ ਕਾਨੂੰਨ...

ਵਾਲਿਆਂ ਦੀ ਤਸਵੀਰ ਨਾਲ ਇਤਰਾਜ਼ਯੋਗ ਹਰਕਤਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਮੁੱਖ ਮੰਤਰੀ ਵੱਲੋਂ ਗੁਰਦੁਆਰਿਆਂ ਵਿੱਚੋਂ ਗੋਲਕਾਂ ਚੁੱਕਣ ਦੇ ਦਿੱਤੇ ਗਏ ਇੱਕ ਬਿਆਨ ਦਾ ਸਖਤ ਨੋਟਿਸ ਲੈਂਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਮੁੱਖ ਮੰਤਰੀ ਨੂੰ ਕਿਸੇ ਵੀ ਗੁਰਦੁਆਰੇ ਵਿੱਚੋਂ ਗੋਲਕ ਚੁੱਕਣ ਲਈ ਚੁਣੌਤੀ ਦਿੱਤੀ ਗਈ ਹੈ।

ਇਸ ਤੋਂ ਪਹਿਲਾਂ ਬੇਅਦਬੀ ਵਿਰੋਧੀ ਐਕਟ ਦੇ ਮਾਮਲੇ ਨੂੰ ਲੈ ਕੇ ਜਥੇਦਾਰ ਗੜਗੱਜ ਵੱਲੋਂ ਸੱਦੀ ਗਈ ਸਿੱਖ ਜਥੇਬੰਦੀਆਂ ਦੀ ਮੀਟਿੰਗ 'ਚ ਐਕਟ ਵਿਚਲੀਆਂ ਮੱਦਾਂ ਬਾਰੇ ਸਖ਼ਤ ਇਤਰਾਜ਼ ਪ੍ਰਗਟਾਇਆ ਗਿਆ ਅਤੇ ਇਸ ਨੂੰ ਰੱਦ ਕਰਨ 'ਤੇ ਜ਼ੋਰ ਦਿੱਤਾ ਗਿਆ। ਇਸ ਵਾਸਤੇ ਸੰਘਰਸ਼ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ। ਮੀਟਿੰਗ ਵਿੱਚ ਵੱਖ-ਵੱਖ ਸਿੱਖ ਜਥੇਬੰਦੀਆਂ ਤੋਂ ਇਲਾਵਾ ਵੱਖ-ਵੱਖ ਸ਼੍ਰੋਮਣੀ ਅਕਾਲੀ ਦਲਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

ਜਥੇਦਾਰ ਗੜਗੱਜ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਿਆਂਦੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਾਨੂੰਨ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਜੁੜੇ ਕੁਝ ਮਾਮਲਿਆਂ 'ਤੇ ਵਿਸਥਾਰ ਨਾਲ ਵਿਚਾਰ ਕੀਤਾ ਗਿਆ। ਇਕੱਤਰਤਾ ਦੌਰਾਨ ਮਤਾ ਪਾਸ ਕਰਕੇ ਉਨ੍ਹਾਂ ਸਾਰੇ ਸਿੱਖ ਵਿਧਾਇਕਾਂ ਅਤੇ ਕੈਬਨਿਟ ਮੰਤਰੀਆਂ ਨੂੰ 29 ਜੂਨ ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਤਲਬ ਕਰਨ ਦਾ ਫੈਸਲਾ ਕੀਤਾ ਗਿਆ, ਜਿਨ੍ਹਾਂ ਨੇ ਇਸ ਕਾਨੂੰਨ ਦੇ ਹੱਕ ਵਿੱਚ ਦਸਤਖ਼ਤ ਕੀਤੇ ਹਨ। ਇਨ੍ਹਾਂ ਨੁਮਾਇੰਦਿਆਂ ਨੂੰ ਪੰਥ ਸਾਹਮਣੇ ਆਪਣਾ ਪੱਖ ਸਪੱਸ਼ਟ ਕਰਨਾ ਹੋਵੇਗਾ।

ਜਥੇਦਾਰ ਗੜਗੱਜ ਨੇ ਕਿਹਾ ਕਿ ਪੰਜ ਸਿੰਘ ਸਾਹਿਬਾਨ ਦੀ ਇਹ ਰਾਏ ਬਣੀ ਕਿ ਵੀਡੀਓਜ਼ ਬਾਰੇ ਮੁੱਖ ਮੰਤਰੀ ਵੱਲੋਂ ਗਲਤ ਜਾਣਕਾਰੀ ਦਿੱਤੀ ਗਈ। ਇਸ ਆਧਾਰ 'ਤੇ ਇਕੱਤਰਤਾ ਵੱਲੋਂ ਮਤਾ ਪਾਸ ਕਰਕੇ ਮੁੱਖ ਮੰਤਰੀ ਭਗਵੰਤ ਸਿੰਘ ਨੂੰ ਗੁਰੂ ਦੋਖੀ ਅਤੇ ਖਾਲਸਾ ਪੰਥ ਵਿਰੋਧੀ ਕਰਾਰ ਦਿੱਤਾ ਗਿਆ ਅਤੇ ਖਾਲਸਾ ਪੰਥ (ਸਿੱਖ ਸੰਗਤ) ਨੂੰ ਭਗਵੰਤ ਸਿੰਘ ਨੂੰ ਮੂੰਹ ਨਾ ਲਾਉਣ ਦੀ ਅਪੀਲ ਕੀਤੀ ਗਈ।

ਉਨ੍ਹਾ ਕਿਹਾ ਕਿ ਸਿੱਖ ਪੰਥ ਅਕਾਲ ਤਖਤ ਸਾਹਿਬ ਦੀ ਮਰਿਆਦਾ ਅਤੇ ਸਰਬਉੱਚਤਾ ਨਾਲ ਕੋਈ ਸਮਝੌਤਾ ਨਹੀਂ ਕਰ ਸਕਦਾ। ਇਸ ਦੀ ਰੱਖਿਆ ਲਈ ਸਿੱਖ ਆਪਣਾ ਸਿਰ ਕੁਰਬਾਨ ਕਰ ਸਕਦੇ ਹਨ, ਪਰ ਕਿਸੇ ਵੀ ਸਰਕਾਰ ਜਾਂ ਤਾਕਤ ਵੱਲੋਂ ਇਸ ਸੰਸਥਾ ਨੂੰ ਚੁਣੌਤੀ ਦੇਣਾ ਪੰਥ ਲਈ ਕਦੇ ਵੀ ਪ੍ਰਵਾਨ ਨਹੀਂ ਹੋਵੇਗਾ।

ਗਿਆਨੀ ਗੜਗੱਜ ਨੇ ਦੋਸ਼ ਲਾਇਆ ਕਿ ਬੇਅਦਬੀ ਵਿਰੋਧੀ ਕਾਨੂੰਨ ਬਾਰੇ ਨਾ ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਨਾ ਹੀ ਪੰਥ ਦੀਆਂ ਹੋਰ ਧਾਰਮਕ ਸੰਸਥਾਵਾਂ ਅਤੇ ਸੰਪਰਦਾਵਾਂ ਨਾਲ ਕੋਈ ਸਲਾਹ-ਮਸ਼ਵਰਾ ਕੀਤਾ ਗਿਆ। ਉਨ੍ਹਾ ਕਿਹਾ ਕਿ 6 ਅਪ੍ਰੈਲ 2026 ਨੂੰ ਤੇਜਾ ਸਿੰਘ ਸਮੁੰਦਰੀ ਹਾਲ ਵਿੱਚ ਹੋਈ ਪੰਥਕ ਇਕੱਤਰਤਾ ਦੌਰਾਨ ਸਰਬਸੰਮਤੀ ਨਾਲ ਇਹ ਮਤਾ ਪਾਸ ਕੀਤਾ ਗਿਆ ਸੀ ਕਿ ਪੰਥ ਦੀ ਸਹਿਮਤੀ ਤੋਂ ਬਿਨਾਂ ਕੋਈ ਵੀ ਅਜਿਹਾ ਕਾਨੂੰਨ ਮਨਜ਼ੂਰ ਨਹੀਂ ਕੀਤਾ ਜਾਵੇਗਾ। ਇਸ ਦੇ ਬਾਵਜੂਦ ਪੰਜਾਬ ਸਰਕਾਰ ਨੇ 11 ਅਪ੍ਰੈਲ ਨੂੰ ਕੈਬਨਿਟ ਵਿੱਚ ਇਸ ਨੂੰ ਮਨਜ਼ੂਰੀ ਦਿੱਤੀ ਅਤੇ 13 ਅਪ੍ਰੈਲ 2026 ਨੂੰ ਪੰਜਾਬ ਵਿਧਾਨ ਸਭਾ ਵਿੱਚ ਪਾਸ ਕਰਵਾ ਦਿੱਤਾ, ਜਿਸ ਤੋਂ ਬਾਅਦ ਇਸ ਨੂੰ ਰਾਜਪਾਲ ਦੀ ਮਨਜ਼ੂਰੀ ਲਈ ਭੇਜਿਆ ਗਿਆ। ਪੰਥਕ ਮਾਮਲਿਆਂ ਵਿੱਚ ਸਿੱਖ ਸੰਸਥਾਵਾਂ ਦੀ ਰਾਇ ਨੂੰ ਨਜ਼ਰਅੰਦਾਜ਼ ਕਰਨਾ ਠੀਕ ਨਹੀਂ ਅਤੇ ਅਜਿਹੇ ਮਸਲਿਆਂ 'ਤੇ ਸਿੱਖ ਪੰਥ ਦੀ ਭਾਵਨਾ ਅਤੇ ਮਰਜ਼ੀ ਦਾ ਸਤਿਕਾਰ ਕੀਤਾ ਜਾਣਾ ਚਾਹੀਦਾ ਹੈ। ਹੁਕਮਨਾਮੇ ਜਾਰੀ ਕਰਨ ਵੇਲੇ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਅਮਰਜੀਤ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਧਨੌਲਾ, ਗ੍ਰੰਥੀ ਪਰਵਿੰਦਰਪਾਲ ਸਿੰਘ ਬੁੱਟਰ ਤੇ ਗਿਆਨੀ ਕੇਵਲ ਸਿੰਘ ਵੀ ਮੌਜੂਦ ਸਨ।

# ਭਾਜਪਾ ਮੰਡਲ ਰਾਏਕੋਟ ਦਾ ਗਠਨ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਭਾਜਪਾ ਮੰਡਲ ਰਾਏਕੋਟ ਦੀ ਮੀਟਿੰਗ ਮੰਡਲ ਪ੍ਰਧਾਨ ਦੀਪਕ ਬਾਂਸਲ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਭਾਜਪਾ ਜ਼ਿਲ੍ਹਾ ਜਗਰਾਉਂ ਦੇ ਪ੍ਰਧਾਨ ਰਾਜਿੰਦਰ ਸ਼ਰਮਾ, ਪ੍ਰਦੀਪ ਜੰਡ ਤੇ ਸੁਮਿਤ ਅਰੋੜਾ (ਦੋਨੋਂ ਜ਼ਿਲ੍ਹਾ ਜਨਰਲ ਸਕੱਤਰ) ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਮੀਟਿੰਗ ਦੌਰਾਨ ਭਾਜਪਾ ਮੰਡਲ ਰਾਏਕੋਟ ਦਾ ਗਠਨ ਕੀਤਾ ਗਿਆ, ਜਿਸ ਵਿੱਚ ਦੀਪਕ ਬਾਂਸਲ ਨੂੰ ਮੰਡਲ ਰਾਏਕੋਟ ਦਾ (ਪ੍ਰਧਾਨ), ਮਨੋਜ ਜੈਨ, ਜੈ ਪ੍ਰਕਾਸ਼, ਕਮਲ ਵਰਮਾ (ਤਿੰਨੇ ਵਾਈਸ ਪ੍ਰਧਾਨ), ਵਿਸ਼ਾਲ ਭਾਰਤ, ਅਸ਼ੋਕ ਚੋਪੜਾ (ਦੋਨੋਂ ਜਨ: ਸਕੱਤਰ), ਮਾਹੀਪਾਲ ਕੁਮਾਰ, ਭੋਲਾ ਸਿੰਘ, ਦਵਿੰਦਰ ਸਿੰਘ (ਤਿੰਨੇ ਸਕੱਤਰ), ਮਹਿੰਦਰਪਾਲ ਜੈਨ ਖਜ਼ਾਨਚੀ, ਰਣਧੀਰ ਸਿੰਘ ਆਫਿਸ ਸੈਕਟਰੀ, ਸ਼ੁਜਲ ਪਰੂਥੀ ਨੂੰ ਯੂਵਾ ਮੋਰਚਾ ਪ੍ਰਧਾਨ, ਸੰਦੀਪ ਕੌਰ ਨੂੰ ਮਹਿਲਾ ਮੋਰਚਾ ਪ੍ਰਧਾਨ, ਗੁਰਪਾਲ ਸਿੰਘ ਨੂੰ ਐੱਸ ਸੀ ਮੋਰਚਾ ਪ੍ਰਧਾਨ, ਸੁਭਾਸ਼ ਕੱਕੜ ਓਬੀਸੀ ਮੋਰਚਾ ਪ੍ਰਧਾਨ, ਵਿਕਾਸ ਚੋਪੜਾ ਆਈ ਟੀ ਕਨਵੀਨਰ, ਡਾ. ਰਾਜ ਠਾਕੁਰ ਸੋਸ਼ਲ ਮੀਡੀਆ ਕਨਵੀਨਰ, ਮਨਕਰਨ ਕੁਮਾਰ ਮੀਡੀਆ ਕਨਵੀਨਰ ਤੋਂ ਇਲਾਵਾ ਆਸ਼ੂ, ਹਰਜੀਤ ਸਿੰਘ, ਵਰੁਣ ਜੈਨ, ਵਿਪਲ ਜੈਨ ਮੈਂਬਰ ਨਿਯੁਕਤ ਕੀਤੇ ਗਏ।ਨਵਨਿਯੁਕਤ ਆਹੁਦੇਦਾਰਾਂ ਨੇ ਜ਼ਿਲ੍ਹਾ ਪ੍ਰਧਾਨ ਰਾਜਿੰਦਰ ਸ਼ਰਮਾ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਅਨਿਲ ਪਰੂਥੀ ਸ਼ਾਖਾ ਪ੍ਰਭਾਰੀ, ਲਖਵਿੰਦਰ ਸਿੰਘ ਸਪਰਾ ਕਮੇਟੀ ਮੈਂਬਰ, ਸੰਤੋਸ਼ ਕਾਲੜਾ, ਜਗਤਾਰ ਸਿੰਘ ਬੰਗੜ ਜ਼ਿਲ੍ਹਾ ਪ੍ਰਧਾਨ ਐੱਸ ਸੀ ਮੋਰਚਾ, ਪਰਮਜੀਤ ਸਿੰਘ ਟੂਸਾ ਸਮੇਤ ਹੋਰ ਪਾਰਟੀ ਵਰਕਰ ਹਾਜ਼ਰ ਸਨ।

# ਅੱਗਰਵਾਲ ਚੈਰੀਟੇਬਲ ਟਰੱਸਟ ਵੱਲੋਂ ਕੌਂਸਲਰ ਸੰਦੀਪ ਬਾਂਸਲ ਦਾ ਸਨਮਾਨ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਧੂਰੀ ਸ਼ਹਿਰ ਦੇ ਵਾਰਡ ਨੰਬਰ 14 ਤੋਂ ਕੌਂਸਲਰ ਬਣੇ ਸੰਦੀਪ ਸੋਨੀ ਬਾਂਸਲ ਦਾ ਅੱਗਰਵਾਲ ਚੈਰੀਟੇਬਲ ਟਰੱਸਟ ਪ੍ਰਾਚੀਨ ਸ਼ਿਵ ਮੰਦਿਰ ਕ੍ਰਾਂਤੀ ਚੌਕ ਧੂਰੀ ਵਿਖੇ ਪ੍ਰਧਾਨ ਐਡਵੋਕੇਟ ਰਾਜ ਕੁਮਾਰ ਸਿੰਗਲਾ ਤੇ ਚੇਅਰਮੈਨ ਡਾ. ਰਾਕੇਸ਼ ਸਿੰਗਲਾ ਦੀ ਅਗਵਾਈ ਹੇਠ ਸਨਮਾਨ ਕਰਦਿਆਂ ਮੁਬਾਰਕਬਾਦ ਦਿੱਤੀ ਗਈ।ਇਸ ਮੌਕੇ ਸੰਸਥਾ ਦੇ ਆਗੂ ਰੋਸ਼ਨ ਲਾਲ, ਮਨਜੀਤ ਸਿੰਘ ਬਖ਼ਸ਼ੀ ਆਦਿ ਹਾਜ਼ਰ ਸਨ।ਸੰਸਥਾ ਦੇ ਪ੍ਰਧਾਨ ਐਡਵੋਕੇਟ ਰਾਜ ਕੁਮਾਰ ਸਿੰਗਲਾ ਤੇ ਚੇਅਰਮੈਨ ਡਾ. ਰਾਕੇਸ਼ ਸਿੰਗਲਾ ਨੇ ਸੰਬੋਧਨ ਕਰਦਿਆਂ ਨਵੇਂ ਚੁਣੇ ਗਏ ਕੌਂਸਲਰ ਸੰਦੀਪ ਸੋਨੀ ਬਾਂਸਲ ਨੂੰ ਸਿਰੋਪਾਓ ਭੇਟ ਕਰਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਤੇ ਭਵਿੱਖ ਵਿੱਚ ਸ਼ਹਿਰ ਦੀ ਸੇਵਾ ਲਈ ਮੁਬਾਰਕਬਾਦ ਦਿੱਤੀ।ਸਮਾਰੋਹ ਦੌਰਾਨ ਸੰਸਥਾ ਦੇ ਪ੍ਰਮੁੱਖ ਆਗੂ ਰੋਸ਼ਨ ਲਾਲ, ਮਨਜੀਤ ਸਿੰਘ ਬਖ਼ਸ਼ੀ ਤੇ ਹੋਰ ਪਤਵੰਤੇ ਸੱਜਣ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ, ਜਿਨ੍ਹਾਂ ਨੇ ਨਵ-ਨਿਯੁਕਤ ਕੌਂਸਲਰ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਜਤਾਇਆ।ਅਖੀਰ ਵਿੱਚ ਕੌਂਸਲਰ ਸੰਦੀਪ ਸੋਨੀ ਬਾਂਸਲ ਨੇ ਟਰੱਸਟ ਤੇ ਸ਼ਹਿਰ ਨਿਵਾਸੀਆਂ ਦਾ ਇਸ ਮਾਣ-ਸਨਮਾਨ ਲਈ ਤਹਿ ਦਿਲੋਂ ਧੰਨਵਾਦ ਕੀਤਾ।

# ਬੇਰੁਜ਼ਗਾਰ ਲਾਇਬ੍ਰੇਰੀਅਨ ਨੇ ਸਿੱਧੂ ਨੂੰ ਸੌਂਪਿਆ ਮੰਗ ਪੱਤਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਬੇਰੁਜ਼ਗਾਰ ਲਾਇਬ੍ਰੇਰੀਅਨ ਨੇ ਆਪਣੀਆਂ ਮੰਗਾਂ ਸਬੰਧੀ ਇਕ ਮੰਗ ਪੱਤਰ ਸਥਾਨਕ ਵਿਧਾਇਕ ਬਲਕਾਰ ਸਿੰਘ ਸਿੱਧੂ ਨੂੰ ਦਿੱਤਾ।ਬੇਰੁਜ਼ਗਾਰ ਲਾਇਬ੍ਰੇਰੀਅਨ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ ਤਾਂ ਜੋ ਵਿਧਾਇਕ ਸਾਹਿਬ ਇਨ੍ਹਾਂ ਮੰਗਾਂ ਨੂੰ ਮੁੱਖ ਮੰਤਰੀ ਪੰਜਾਬ ਸਾਹਮਣੇ ਰੱਖ ਸਕਣ।ਲਾਇਬ੍ਰੇਰੀਅਨ ਨੇ ਪੱਤਰ ਲਿਖਿਆ ਕਿ ਲਾਇਬ੍ਰੇਰੀਅਨਾਂ ਦੀ ਨਵੀਂ ਭਰਤੀ ਸਬੰਧੀ 3000 ਅਸਾਮੀਆਂ ਦਾ ਇਸ਼ਤਿਹਾਰ ਜਾਰੀ ਕੀਤਾ ਜਾਵੇ, ਸਰਕਾਰੀ ਸਕੂਲਾਂ ਵਿੱਚ ਲਾਇਬ੍ਰੇਰੀ ਸਟਾਫ ਦੀਆਂ ਖਾਲੀ ਪਈਆਂ ਅਸਾਮੀਆਂ ਨੂੰ ਭਰਿਆ ਜਾਵੇ, ਕਾਲਜਾਂ ਦੀਆਂ ਲਾਇਬ੍ਰੇਰੀਆਂ ਵਿੱਚ ਲਾਇਬ੍ਰੇਰੀ ਸਟਾਫ ਦੀ ਭਰਤੀ ਕੀਤੀ ਜਾਵੇ, ਜ਼ਿਲ੍ਹਾ ਲਾਇਬ੍ਰੇਰੀਆਂ ਵਿੱਚ ਉੱਚ ਯੋਗਤਾ ਰੱਖਦੇ ਪੰਜਾਬ ਦੇ ਨੌਜਵਾਨਾਂ ਨੂੰ ਨਿਯੁਕਤ ਕੀਤਾ ਜਾਵੇ, ਪੰਜਾਬ ਦੇ ਸਥਾਨਕ ਬੇਰੁਜ਼ਗਾਰ ਨੌਜਵਾਨਾਂ ਦੇ ਹੱਕਾਂ ਦੀ ਰਾਖੀ ਲਈ ਪੰਜਾਬ ਦੇ ਹੀ ਨੌਜਵਾਨਾਂ ਨੂੰ ਪਹਿਲ ਦਿੱਤੀ ਜਾਵ, ਪੰਜਾਬ ਪਬਲਿਕ ਲਾਇਬ੍ਰੇਰੀ ਐਕਟ ਨੂੰ ਲਾਗੂ ਕੀਤਾ ਜਾਵੇ।ਬੇਰੁਜ਼ਗਾਰ ਲਾਇਬ੍ਰੇਰੀਅਨ ਨੇ ਸਰਕਾਰ ਤੋਂ ਉਮੀਦ ਕੀਤੀ ਹੈ ਕਿ ਲੋਕ-ਹਿੱਤ ਤੇ ਸਿੱਖਿਆ ਨਾਲ ਜੁੜੇ ਮਹੱਤਵਪੂਰਨ ਮਸਲੇ ਨੂੰ ਵਿਧਾਨ ਸਭਾ ਤੇ ਸਰਕਾਰੀ ਪੱਧਰ 'ਤੇ ਉਠਾ ਕੇ ਜਲਦੀ ਹੱਲ ਕੀਤਾ ਜਾਵੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਨਵਾਂ ਜ਼ਮਾਨਾ
ਮੰਗਲਵਾਰ, 16 ਜੂਨ 2026

# ਮੋਦੀ ਸਰਕਾਰ ਅਮਰੀਕਾ ਅੱਗੇ ਲਾਚਾਰ

ਪਿਛਲੇ ਹਫਤੇ ਅਮਰੀਕੀ ਫੌਜਾਂ ਨੇ ਓਮਾਨ ਦੀ ਖਾੜੀ ਵਿੱਚ ਤਿੰਨ ਵਪਾਰਕ ਜਹਾਜ਼ਾਂ ’ਤੇ ਹਮਲਾ ਕੀਤਾ, ਜਿਸ ਦੌਰਾਨ ਤਿੰਨ ਭਾਰਤੀ ਮਲਾਹ ਮਾਰੇ ਗਏ। ਇਹ ਸੰਭਾਵਤ ਤੌਰ ’ਤੇ ਸੁਤੰਤਰ ਭਾਰਤ ਦੇ ਇਤਿਹਾਸ ਵਿੱਚ ਅਮਰੀਕੀ ਹਥਿਆਰਬੰਦ ਫੌਜਾਂ ਦੀ ਕਾਰਵਾਈ ਦੇ ਨਤੀਜੇ ਵਜੋਂ ਭਾਰਤੀ ਨਾਗਰਿਕਾਂ ਦੇ ਸਿੱਧੇ ਜਾਨੀ ਨੁਕਸਾਨ ਦੀ ਪਹਿਲੀ ਘਟਨਾ ਹੈ। ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ 12 ਜੂਨ ਨੂੰ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨਾਲ ਗੱਲ ਕਰਕੇ ਕਿਹਾ ਕਿ ਅਜਿਹੀ ਘਾਤਕ ਕਾਰਵਾਈ ਨੂੰ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਰੂਬੀਓ ਨੇ ਭਾਰਤੀ ਨਾਗਰਿਕਾਂ ਦੀ ਮੌਤ ਲਈ ਮੁਆਫੀ ਜਾਂ ਅਫਸੋਸ ਤਾਂ ਕੀ ਪ੍ਰਗਟ ਕਰਨਾ ਸੀ, ਇਹ ਭਰੋਸਾ ਵੀ ਨਹੀਂ ਦਿੱਤਾ ਕਿ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾਵੇਗਾ।

ਇਸ ਘਟਨਾ ਨੇ ਨਾ ਸਿਰਫ ਭਾਰਤ-ਅਮਰੀਕਾ ਸੰਬੰਧਾਂ ਦੀ ਸੰਵੇਦਨਸ਼ੀਲਤਾ ਨੂੰ ਉਜਾਗਰ ਕੀਤਾ ਹੈ, ਸਗੋਂ ਇਹ ਵੀ ਸਵਾਲ ਖੜ੍ਹੇ ਕੀਤੇ ਹਨ ਕਿ ਭਾਰਤੀ ਨਾਗਰਿਕਾਂ ਦੀਆਂ ਮੌਤਾਂ ਪ੍ਰਤੀ ਭਾਰਤ ਸਰਕਾਰ ਦਾ ਕੂਟਨੀਤਕ ਸਟੈਂਡ ਕਿੰਨਾ ਪ੍ਰਭਾਵਸ਼ਾਲੀ ਰਿਹਾ ਹੈ, ਅਮਰੀਕਾ ਨੇ ਇਸ ਮਾਮਲੇ ਨੂੰ ਕਿਵੇਂ ਸੰਭਾਲਿਆ ਹੈ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਦੋਵਾਂ ਦੇਸ਼ਾਂ ਵਿਚਕਾਰ ਕੀ ਕਦਮ ਚੁੱਕੇ ਜਾਣਗੇ। ਜਿੱਥੇ ਜੈਸ਼ੰਕਰ ਨੇ ਮੁਕਾਬਲਤਨ ਸੰਜਮੀ ਪ੍ਰੋਟੈੱਸਟ ਦਰਜ ਕਰਵਾਇਆ, ਉੱਥੇ ਰੂਬੀਓ ਨੇ ਘਾਤਕ ਫੌਜੀ ਕਾਰਵਾਈ ਜਾਰੀ ਰੱਖਣ ਦੇ ਅਮਰੀਕੀ ਫੈਸਲੇ ਦਾ ਡਟ ਕੇ ਬਚਾਅ ਕੀਤਾ। ਇਹ ਦਰਸਾਉਂਦਾ ਹੈ ਕਿ ਅਮਰੀਕਾ ਨੇ ਭਾਰਤ ਦੇ ਇਤਰਾਜ਼ਾਂ ਨੂੰ ਕਿੰਨੀ ਗੰਭੀਰਤਾ ਨਾਲ ਲਿਆ। ਭਾਰਤ ਆਪਣੇ ਨਾਗਰਿਕਾਂ ਦੀਆਂ ਮੌਤਾਂ ਲਈ ਜਵਾਬਦੇਹੀ ਯਕੀਨੀ ਬਣਾਉਣ ਵਿੱਚ ਅਸਫਲ ਰਿਹਾ।

ਇਸ ਘਟਨਾਕ੍ਰਮ ਨਾਲ ਭਾਰਤ ਦੀ ਅਮਰੀਕਾ ਨਾਲ ‘ਰਣਨੀਤਕ ਭਾਈਵਾਲੀ’ ਦੀ ਬਿਆਨਬਾਜ਼ੀ ਅਤੇ ਹਕੀਕਤ ਵਿਚਕਾਰ ਪਾੜਾ ਵੀ ਸਾਹਮਣੇ ਆ ਗਿਆ ਹੈ। ਇਹ ਭਾਰਤ-ਅਮਰੀਕਾ ‘ਰਣਨੀਤਕ ਭਾਈਵਾਲੀ’ ਦੇ ਅੰਦਰ ਢਾਂਚਾਗਤ ਅਸਮਾਨਤਾ ਨੂੰ ਉਜਾਗਰ ਕਰਦਾ ਹੈ। ਮੋਦੀ ਸਰਕਾਰ ਨੇ ਅਮਰੀਕਾ ਨਾਲ ਆਪਣੇ ਸੰਬੰਧਾਂ ਨੂੰ ਹਮੇਸ਼ਾ ਸਮਾਨਤਾ, ਆਪਸੀ ਸਤਿਕਾਰ ਅਤੇ ਸਾਂਝੇ ਸਮੁੰਦਰੀ ਸੁਰੱਖਿਆ ਉਦੇਸ਼ਾਂ ’ਤੇ ਅਧਾਰਤ ਸੰਬੰਧ ਵਜੋਂ ਪੇਸ਼ ਕੀਤਾ ਹੈ। ਇਸ ਘਟਨਾਕ੍ਰਮ ਨੇ ਦਰਸਾਇਆ ਹੈ ਕਿ ਇਸ ਰਿਸ਼ਤੇ ਵਿੱਚ ਸ਼ਕਤੀ ਦਾ ਸੰਤੁਲਨ ਅਸਲ ਵਿੱਚ ਕਿੰਨਾ ਨਾਬਰਾਬਰ ਹੈ। ਭਾਰਤੀ ਨਾਗਰਿਕਾਂ ਦੀਆਂ ਮੌਤਾਂ ਦੇ ਮਾਮਲੇ ਵਿੱਚ ਅਮਰੀਕੀ ਰਵੱਈਆ ਇਸ ਸਾਂਝੇਦਾਰੀ ਵਿੱਚ ਭਾਰਤ ਦੇ ਅਸਲ ਪ੍ਰਭਾਵ ਬਾਰੇ ਹੋਰ ਸਵਾਲ ਖੜ੍ਹੇ ਕਰਦਾ ਹੈ। ਮੋਦੀ ਸਰਕਾਰ ਆਪਣੇ ਨਾਗਰਿਕਾਂ ਦੇ ਜੀਵਨ ਦੀ ਰੱਖਿਆ ਦੇ ਮੁਢਲੇ ਸੰਵਿਧਾਨਕ ਫਰਜ਼ ਨੂੰ ਪੂਰਾ ਕਰਨ ਵਿੱਚ ਅਸਫਲ ਰਹੀ ਹੈ, ਜਿਸ ਦੀ ਕਿਸੇ ਵੀ ਸਰਕਾਰ ਤੋਂ ਉਮੀਦ ਕੀਤੀ ਜਾਂਦੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਕਸਰ ਅਤੀਤ ਵਿੱਚ ਅਪ੍ਰੇਸ਼ਨ ਗੰਗਾ ਅਤੇ ਅਪ੍ਰੇਸ਼ਨ ਕਾਵੇਰੀ ਵਰਗੇ ਵੱਡੇ ਨਿਕਾਸੀ ਕਾਰਜਾਂ ਦੀ ਵਰਤੋਂ ਆਪਣੇ-ਆਪ ਨੂੰ ਇੱਕ ਸ਼ਕਤੀਸ਼ਾਲੀ ਨੇਤਾ ਵਜੋਂ ਪੇਸ਼ ਕਰਨ ਲਈ ਕੀਤੀ ਹੈ, ਜੋ ਦੁਨੀਆ ਵਿੱਚ ਕਿਤੇ ਵੀ ਫਸੇ ਭਾਰਤੀਆਂ ਨੂੰ ਸੁਰੱਖਿਅਤ ਵਾਪਸ ਲਿਆਉਣ ਦੇ ਸਮਰੱਥ ਹੈ। (ਇਹ ਵੱਖਰੀ ਗੱਲ ਹੈ ਕਿ ਪਿਛਲੀਆਂ ਸਰਕਾਰਾਂ ਨੇ ਵੀ ਵੱਡੇ ਪੱਧਰ ’ਤੇ ਨਿਕਾਸੀ ਕਾਰਜ ਚਲਾਏ ਸਨ, ਪਰ ਉਨ੍ਹਾਂ ਨੇ ਪ੍ਰਚਾਰ ਨਹੀਂ ਸੀ ਕੀਤਾ।) ਅਮਰੀਕੀ ਫੌਜੀ ਹਮਲੇ ਦੀ ਖੁੱਲ੍ਹ ਕੇ ਨਿੰਦਾ ਕਰਨ ਜਾਂ ਅਮਰੀਕਾ ਦਾ ਨਾਂਅ ਲੈਣ ਤੋਂ ਪਰਹੇਜ਼ ਕਰਕੇ, ਮੋਦੀ ਸਰਕਾਰ ਨੇ ਭਾਰਤ ਨੂੰ ਸ਼ਰਮਸਾਰ ਕੀਤਾ ਹੈ। ਮੋਦੀ ਸਰਕਾਰ ਦਾ ਇਹ ਰਵੱਈਆ ਚਿੰਤਾਜਨਕ ਸੰਦੇਸ਼ ਦਿੰਦਾ ਹੈ ਕਿ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਅਤੇ ਉਨ੍ਹਾਂ ਲਈ ਨਿਆਂ ਦੀ ਮੰਗ ਹਰ ਮਾਮਲੇ ਵਿੱਚ ਬਰਾਬਰ ਮਹੱਤਵਪੂਰਨ ਨਹੀਂ ਹੈ, ਸਗੋਂ ਇਹ ਘਟਨਾ ਲਈ ਜ਼ਿੰਮੇਵਾਰ ਧਿਰ ਅਤੇ ਭਾਰਤ ਨਾਲ ਇਸ ਦੇ ਭੂ-ਸਿਆਸੀ ਸੰਬੰਧਾਂ ’ਤੇ ਨਿਰਭਰ ਕਰਦਾ ਹੈ। ਦੂਜੇ ਸ਼ਬਦਾਂ ਵਿੱਚ ਇਹ ਇੱਕ ਅਜਿਹੀ ਸਥਿਤੀ ਵੱਲ ਇਸ਼ਾਰਾ ਕਰਦਾ ਹੈ, ਜਿੱਥੇ ਭਾਰਤੀ ਨਾਗਰਿਕਾਂ ਦੇ ਜੀਵਨ ਦੀ ਸੁਰੱਖਿਆ ਜਾਂ ਉਨ੍ਹਾਂ ਲਈ ਜਵਾਬਦੇਹੀ ਦੀ ਮੰਗ ਦਾ ਫੈਸਲਾ ਇੱਕ ਸਮਾਨ ਸਿਧਾਂਤ ’ਤੇ ਨਹੀਂ, ਸਗੋਂ ਕੂਟਨੀਤਕ ਅਤੇ ਰਣਨੀਤਕ ਸਮੀਕਰਨਾਂ ਦੇ ਆਧਾਰ ’ਤੇ ਕੀਤਾ ਜਾਂਦਾ ਪ੍ਰਤੀਤ ਹੁੰਦਾ ਹੈ।

ਸੱਚੀ ਪ੍ਰਭੂਸੱਤਾ ਦਾ ਮਤਲਬ ਹੈ ਕਿ ਇੱਕ ਦੇਸ਼ ਆਪਣੇ ਨਾਗਰਿਕਾਂ ਵਿਰੁੱਧ ਦੁਸ਼ਮਣੀ ਭਰੀਆਂ ਕਾਰਵਾਈਆਂ ਦਾ ਵਿਰੋਧ ਕਰਨ ਦੇ ਯੋਗ ਹੋਣਾ ਚਾਹੀਦਾ ਹੈ, ਭਾਵੇਂ ਉਹ ਕਿੰਨਾ ਹੀ ਸ਼ਕਤੀਸ਼ਾਲੀ ਦੇਸ਼ ਹੋਵੇ, ਪਰ ਇਸ ਮੁੱਦੇ ’ਤੇ ਪ੍ਰਧਾਨ ਮੰਤਰੀ ਮੋਦੀ ਦੀ ਪੂਰੀ ਚੁੱਪੀ ਦਰਸਾਉਂਦੀ ਹੈ ਕਿ ਅਮਰੀਕਾ ਨਾਲ ਰਣਨੀਤਕ ਨੇੜਤਾ ਨੇ ਭਾਰਤੀ ਵਿਦੇਸ਼ ਨੀਤੀ ਨੂੰ ਕਿਸ ਹੱਦ ਤੱਕ ਸੀਮਤ ਕਰ ਦਿੱਤਾ ਹੈ। ਜਦੋਂ ਮੁਕਾਬਲਤਨ ਛੋਟੇ ਦੇਸ਼ ਭਾਰਤ ਨੂੰ ਚੁਣੌਤੀ ਦਿੰਦੇ ਹਨ, ਤਾਂ ਹਿੰਦੂਤਵ ਸ਼ਾਸਨ ਅਕਸਰ ਹਮਲਾਵਰ ਰਾਸ਼ਟਰਵਾਦ, ਅਤਿਕਥਨੀ ਵਾਲੀ ਪ੍ਰਭੂਸੱਤਾ ਅਤੇ ਤੇਜ਼ ਬਦਲਾ ਲੈਣ ਦੀ ਭਾਸ਼ਾ ਦਾ ਸਹਾਰਾ ਲੈਂਦਾ ਹੈ, ਪਰ ਜਦੋਂ ਇੱਕ ਪੱਛਮੀ ਮਹਾਂਸ਼ਕਤੀ ਸਿੱਧੇ ਤੌਰ ’ਤੇ ਭਾਰਤੀ ਨਾਗਰਿਕਾਂ ਨੂੰ ਮਾਰ ਦਿੰਦੀ ਹੈ, ਤਾਂ ਉਹੀ ਸਿਆਸੀ ਸੰਦ ਵਿਦੇਸ਼ ਮੰਤਰਾਲੇ ਵੱਲੋਂ ਧਿਆਨ ਨਾਲ ਚੁਣੀ ਗਈ ਨੌਕਰਸ਼ਾਹੀ ਭਾਸ਼ਾ ਅਤੇ ਰਸਮੀ ‘ਚਿੰਤਾ ਦੇ ਪ੍ਰਗਟਾਵੇ’ ਵਰਗੀਆਂ ਪ੍ਰਤੀਕਿਰਿਆਵਾਂ ਤੱਕ ਸੀਮਤ ਹੋ ਜਾਂਦਾ ਹੈ। ਇਹ ਚੋਣਵੀਂ ਨਰਮਾਈ ਦਰਸਾਉਂਦੀ ਹੈ ਕਿ ਮੋਦੀ ਸਰਕਾਰ ਕਿੰਨੀ ਮਜ਼ਬੂਤ ਅਤੇ ਅਡੋਲ ਹੈ।

## ਵੱਡੇ ਅਪਰੇਸ਼ਨਾਂ ਦੀ !

ਪਹੁੰਚ ਗਈ ਮੰਝਧਾਰ ਦੇ ਵਿੱਚ ਬੇੜੀ,
ਪੂਰਾ ਰਿਸਕੀ ਬੇੜੀ ਦਾ ਪੂਰ ਬਣਿਆ।
ਹੋ ਗਿਆ ਹੈ ਲਹੂ ਦਾ ਰੰਗ ਚਿੱਟਾ,
ਚੰਗਾ ਭਲਾ ਸਮਾਜ ਕਰੂਰ ਬਣਿਆ।
ਪਲਟ ਜਾਂਦਾ ਹੈ ਪੂਛ ਦੇ ਜ਼ੋਰ ’ਤੇ,
ਨੇਤਾ ਦੇਸ਼ ਦਾ ਸ਼ਾਤਰ ਲੰਗੂਰ ਬਣਿਆ।
ਇਹਨੂੰ ਲੋੜ ਹੈ ਵੱਡੇ ਅਪਰੇਸ਼ਨਾਂ ਦੀ,
ਰਾਜਨੀਤੀ ਦਾ ਫੋੜਾ ਨਾਸੂਰ ਬਣਿਆ।

-ਗੁਲਪੁਰ

# ਕੀ ਤਕਨੀਕ ਦਾ ਗੁਲਾਮ ਹੋ ਜਾਵੇਗਾ ਮਨੁੱਖ


ਗੁਰਚਰਨ ਸਿੰਘ ਨੂਰਪੁਰ

ਆਉਣ ਵਾਲੇ ਸਮੇਂ ਦੌਰਾਨ ਮਨੁੱਖ ਦੇ ਮਨ ਮਸਤਕ, ਆਰਥਿਕਤਾ ਅਤੇ ਰਹਿਣ-ਸਹਿਣ ਵਿੱਚ ਵੱਡੀਆਂ ਤਬਦੀਲੀਆਂ ਵਾਪਰਨ ਜਾ ਰਹੀਆਂ ਹਨ। ਇਹ ਤਬਦੀਲੀਆਂ ਬੜੀਆਂ ਹੈਰਾਨੀਜਨਕ ਹੋਣਗੀਆਂ।

ਏ ਆਈ ਦਾ ਅਜੇ ਜਨਮ ਹੀ ਹੋਇਆ ਹੈ। ਇਹ ਅਜੇ ਬਾਲਪਨ ਵਿਚ ਹੈ। ਇਸ ਦੇ ਜਨਮ ਹੁੰਦਿਆਂ ਹੀ ਕਈ ਖੇਤਰਾਂ ਵਿੱਚ ਬਹੁਤ ਕੁਝ ਬਦਲਣ ਲੱਗਾ ਹੈ। ਸਾਡਾ ਭਵਿੱਖ ਏਨਾ ਬਦਲ ਜਾਵੇਗਾ, ਜਿਸ ਦਾ ਅਸੀਂ ਕਦੇ ਕਿਆਸ ਵੀ ਨਹੀਂ ਕੀਤਾ ਸੀ।

ਤੁਹਾਨੂੰ ਤੁਹਾਡੇ ਕਿਸੇ ਆਪਣੇ ਨੇ ਫੋਨ ਕਰਕੇ ਕਿਹਾ, “ਮੈਂ ਅੱਜ ਬਹੁਤ ਉਦਾਸ ਹਾਂ, ਮੇਰਾ ਦਿਲ ਨਹੀਂ ਲੱਗ ਰਿਹਾ।” ਇਸ ਦਾ ਕਲਾਤਮਿਕ ਜਵਾਬ ਦੇਣ ਲਈ ਤੁਸੀਂ ਆਪਣੀ ਮਰਜ਼ੀ ਨਾਲ ਜਿਵੇਂ- “ਅੱਜਕੱਲ੍ਹ ਕਿਉਂ ਨਹੀਂ ਲੱਗਦਾ ਦਿਲ ਤੇਰਾ ਕੀ ਹੋਇਐ ਦਿਲ ਨੂੰ।” ਇਸ ਵਿਸ਼ੇ ਦਾ ਗੀਤ ਏ ਆਈ ਤੋਂ ਲਿਖਵਾ ਸਕਦੇ ਹੋ। ਇੱਥੇ ਹੀ ਬੱਸ ਨਹੀਂ, ਤੁਸੀਂ ਇਸ ਗੀਤ ਦਾ ਸੰਗੀਤ ਤਿਆਰ ਕਰਕੇ ਅਤੇ ਇਸ ਨੂੰ ਤੁਸੀਂ ਆਪਣੀ ਆਵਾਜ਼ ਜਾਂ ਤੁਹਾਡੇ ਮਿੱਤਰ ਦੇ ਪਸੰਦੀਦਾ ਸਟਾਰ ਗਾਇਕ ਤੋਂ ਗਵਾ ਕੇ ਏ ਆਈ ਦੋ ਮਿੰਟ ਵਿੱਚ ਤੁਹਾਨੂੰ ਤਿਆਰ ਕਰਕੇ ਦੇ ਸਕਦੀ ਹੈ, ਜੋ ਤੁਸੀਂ ਆਪਣੇ ਮਿੱਤਰ ਨੂੰ ਭੇਜ ਸਕਦੇ ਹੋ। ਇਸ ਤੋਂ ਵੀ ਅਗਾਂਹ ਇਸ ਗੀਤ ਦੀ ਤੁਸੀਂ ਆਪਣੀ ਮਰਜ਼ੀ ਦੀ ਵੀਡੀਓ ਜਿਸ ਵਿੱਚ ਸਮੁੰਦਰਾਂ, ਪਹਾੜਾਂ, ਰੇਗਿਸਤਾਨਾਂ, ਹੈਲੀਕਾਪਟਰ, ਹਵਾਈ ਤੇ ਸਮੁੰਦਰੀ ਜਹਾਜ਼ਾਂ ਦੇ ਦ੍ਰਿਸ਼ ਹੋਣ, ਵੀ ਤਿਆਰ ਕਰ ਸਕਦੇ ਹੋ। ਅੱਜ ਤੋਂ ਕੁਝ ਸਾਲ ਪਹਿਲਾਂ ਇਸ ਕੰਮ ਲਈ ਕਈ ਦਿਨ ਲੱਗਦੇ ਸਨ ’ਤੇ ਇਸ ਲਈ ਸਾਨੂੰ ਲੱਖਾਂ ਰੁਪਏ ਚਾਹੀਦੇ ਸਨ।

ਆਪਣੀ ਮਰਜ਼ੀ ਦੀ ਫਿਲਮ ਦੀ ਕਹਾਣੀ, ਕਵਿਤਾ, ਵੀਡੀਓ, ਫੋਟੋ, ਪੇਂਟਿੰਗ, ਗੀਤ-ਸੰਗੀਤ, ਕਿਸੇ ਵਿਸ਼ੇ ਸੰਬੰਧੀ ਕੋਈ ਖੋਜ ਕਰਨੀ ਹੋਵੇ, ਇਹ ਸਭ ਕੁਝ ਏ ਆਈ ਦਾ ਅਵਤਾਰ ਮਿੰਟਾਂ-ਸਕਿੰਟਾਂ ਵਿੱਚ ਕਰਨ ਦੀ ਮੁਹਾਰਤ ਰੱਖਦਾ ਹੈ। ਇਹ ਅਜੇ ਸ਼ੁਰੂਆਤ ਮਾਤਰ ਹੈ। ਭਵਿੱਖ ਵਿੱਚ ਤਾਂ ਏਨਾ ਕੁਝ ਤਬਦੀਲ ਹੋ ਜਾਵੇਗਾ ਕਿ ਪਹਿਲੀ ਵਾਰ ਮਾਨਵ ਜਾਤੀ ਏਨੇ ਵੱਡੇ ਹੈਰਾਨੀਜਨਕ ਵਰਤਾਰੇ ਵਿੱਚ ਪ੍ਰਵੇਸ਼ ਕਰੇਗੀ। ਏ ਆਈ ਤਕਨੀਕ ਇੱਕ ਅਜਿਹਾ ਵੇਗ ਹੈ, ਜੋ ਸਭ ਕੁਝ ਨੂੰ ਪ੍ਰਭਾਵਤ ਕਰਨ ਦੀ ਮੁਹਾਰਤ ਰੱਖਦਾ ਹੈ। ਕੰਪਿਊਟਰ ਦੀ ਮਦਦ ਨਾਲ ਵੀ ਜਿਸ ਕੰਮ ਨੂੰ ਕਰਨ ਲਈ ਪਹਿਲਾਂ ਦਿਨ, ਹਫਤੇ ਲੱਗਦੇ ਸਨ ਉਹ ਹੁਣ ਮਿੰਟਾਂ-ਸਕਿੰਟਾਂ ਵਿੱਚ ਹੋਣ ਲੱਗੇਗਾ। ਕੋਈ ਵੈਬਸਾਈਟ ਬਣਾਉਣੀ ਹੈ, ਕਿਸੇ ਤਰ੍ਹਾਂ ਦੀ ਮਸ਼ਹੂਰੀ ਕਰਨ ਲਈ ਕੋਈ ਛੋਟੀ ਫਿਲਮ ਜਾਂ ਪੋਸਟਰ ਤਿਆਰ ਕਰਨਾ ਹੈ, ਕੋਈ ਕਾਰਡ ਜਾਂ ਸਕਪ੍ਰਿਟ ਲਿਖਣੀ ਹੈ, ਏ ਆਈ ਟੂਲ ਇਸ ਸਭ ਕੁਝ ਨੂੰ ਮਿੰਟਾਂ-ਸਕਿੰਟਾਂ ਵਿੱਚ ਕਰਨ ਦੀ ਮੁਹਾਰਤ ਰੱਖਦੇ ਹਨ। ਏ ਆਈ ਦੇ ਮਾਹਰ ਇਹ ਕਹਿ ਰਹੇ ਹਨ ਕਿ ਇਸ ਸਮੇਂ ਦੁਨੀਆ ਵਿੱਚ ਬੜੇ ਵਿਲੱਖਣ ਕੰਮਾਂ ਨੂੰ ਅੰਜ਼ਾਮ ਦੇਣ ਵਾਲੇ ਏ ਆਈ ਟੂਲਜ਼, ਜਿਵੇਂ ਚੈਟ ਜੀ ਪੀ ਟੀ ਜਾਂ ਗਰੋਕ ਵਰਗੀਆਂ ਸਾਈਟਾਂ ਲਈ ਭਵਿੱਖ ਵਿੱਚ ਲੋਕ ਹੱਸਿਆ ਕਰਨਗੇ ਕਿ ਸ਼ੁਰੂ ਵਿੱਚ ਇਸ ਤਰ੍ਹਾਂ ਦੀ ਏ ਆਈ ਨਾਲ ਕੰਮ ਚਲਦਾ ਸੀ।

ਤਕਨੀਕ ਦੇ ਮਾਹਰ ਦੱਸ ਰਹੇ ਹਨ ਅਗਲੇ ਕੁਝ ਕੁ ਸਾਲਾਂ ਵਿੱਚ ਜਦੋਂ ‘ਏ ਜੀ ਆਈ’ ਆਰਟੀਫੀਸ਼ੀਅਲ ਜਨਰਲ ਇੰਟੈਲੀਜੈਂਸ ਦਾ ਪ੍ਰਵੇਸ਼ ਹੋਵੇਗਾ ਤਾਂ ਸਭ ਕੁਝ ਏਨੀ ਤੇਜੀ ਨਾਲ ਤਬਦੀਲ ਹੋਣ ਲੱਗੇਗਾ ਕਿ ਸਾਡੇ ਕੋਲ ਹੈਰਾਨ ਹੋਣ ਦਾ ਸਮਾਂ ਵੀ ਨਹੀਂ ਹੋਵੇਗਾ। ਇੱਥੇ ਸਾਡੇ ਲਈ ਅਫਸੋਸਨਾਕ ਗੱਲ ਇਹ ਹੈ ਕਿ ਅੱਜ ਵੀ ਸਾਡੇ ਸਕੂਲਾਂ ’ਚ ਉਹ ਪੜ੍ਹਾਈ ਕਰਵਾਈ ਜਾ ਰਹੀ ਹੈ, ਜਿਸ ਨੂੰ ਪੜ੍ਹਨ ਨਾਲ ਪੰਜਾਹ ਸਾਲ ਪਹਿਲਾਂ ਵਾਲੀ ਨੌਕਰੀ ਮਿਲਦੀ ਸੀ। ਜਦਕਿ ਸਮਾਂ ਬਹੁਤ ਅੱਗੇ ਨਿਕਲ ਗਿਆ ਹੈ ਅਤੇ ਚੀਜ਼ਾਂ ਏਨੀ ਤੇਜ਼ੀ ਨਾਲ ਤਬਦੀਲ ਹੋਣ ਲੱਗੀਆਂ ਹਨ ਕਿ ਅੱਜ ਜਿਹੜਾ ਗਿਆਨ ਹੁਣ ਮੁੱਲਵਾਨ ਲੱਗਦਾ ਹੈ, ਅਗਲੇ ਸਾਲ ਉਹ ਅਰਥਹੀਨ ਹੋ ਜਾਣ ਵਾਲਾ ਹੈ।

ਅਤਿ-ਆਧੁਨਿਕ ਇਹਨਾਂ ਤਬਦੀਲੀਆਂ ਦਾ ਸਾਡੇ ਮਨ-ਮਸਤਕ ’ਤੇ ਕਿਹੋ ਜਿਹਾ ਪ੍ਰਭਾਵ ਪਵੇਗਾ, ਇਸ ਦਾ ਠੀਕ ਠੀਕ ਅੰਦਾਜ਼ਾ ਏ ਆਈ ਦੇ ਮਾਹਰਾਂ ਨੂੰ ਵੀ ਨਹੀਂ ਲੱਗ ਰਿਹਾ। ਅਸੀਂ ਟੈਕਨੀਕ ਦੇ ਉਸ ਯੁੱਗ ਵਿੱਚ ਪ੍ਰਵੇਸ਼ ਕਰ ਗਏ ਹਾਂ, ਜਿੱਥੇ ਵੱਡੀ ਗਿਣਤੀ ਲੋਕਾਂ ਦਾ ਜ਼ਿਆਦਾਤਰ ਸਮਾਂ ਆਪਣੇ ਆਪ ਤੋਂ ਦੂਰ ਹੋ ਕੇ ਬੀਤਦਾ ਹੈ। ਸੋਸ਼ਲ ਮੀਡੀਆ ਦੇ ਇਸ ਦੌਰ ਵਿੱਚ ਅਸੀਂ ਹਰ ਦਿਨ ਆਪਣੇ ਆਪ ਤੋਂ ਦੂਰ ਹੋ ਰਹੇ ਹਾਂ। ਪਹਿਲਾਂ ਬੰਦਾ ਆਪਣੇ ਆਲੇ-ਦੁਆਲੇ ਦੇ ਕੁਝ ਕੁ ਪੰਦਰਾਂ ਵੀਹ ਲੋਕਾਂ ਵਿੱਚ ਆਪਣੇ ਅਕਸ ਨੂੰ ਵੇਖਦਾ ਸੀ ਕਿ ਇਹਨਾਂ ਵਿੱਚ ਮੇਰੀ ਵਾਹ-ਵਾਹ ਬਣੀ ਰਹੇ। ਹੁਣ ਉਸ ਦਾ ਦਾਇਰਾ ਹੋਰ ਵਧ ਕੇ ਮੋਬਾਇਲ ਦੀ ਸਕਰੀਨ ਦੀ ਡਿਜੀਟਲ ਦੋਸਤੀ ਤੱਕ ਹੋ ਗਿਆ ਹੈ। ਮੋਬਾਇਲ ਦੀ ਸਕਰੀਨ ਤੋ ਮਿਲੇ ਲਾਈਕਾਂ ਦੇ ਨੰਬਰ ਤੇ ਕੂਮੈਂਟਸ ਨਾਲ ਬਣੀ ਰਾਇ ਹੁਣ ਸਾਡੇ ਮਨ ਦੀ ਅਵਸਥਾ ਨੂੰ ਨਿਰਧਾਰਤ ਕਰਨ ਲੱਗ ਪਈ ਹੈ। ਹਰ ਪੰਜ ਮਿੰਟ ਬਾਅਦ ਮੋਬਾਇਲ ਦੇਖਣ ਦੀ ਆਦਤ ਨੇ ਸਾਨੂੰ ਇੱਕ ਤਰ੍ਹਾਂ ਨਾਲ ਡਿਜੀਟਲ ਦੁਨੀਆ ਦਾ ਗੁਲਾਮ ਬਣਾ ਦਿੱਤਾ ਹੈ। ਸਾਡੇ ਮਨਾਂ ਨੂੰ ਇੱਕ ਤਰ੍ਹਾਂ ਨਾਲ ਮੋਬਾਇਲ ਦੀ ਤੋੜ (ਲੱਤ) ਲੱਗਣ ਲੱਗੀ ਹੈ। ਬਿਨਾਂ ਸ਼ੱਕ ਇੰਟਰਨੈੱਟ ਦੀ ਦੁਨੀਆ ਨੇ ਮਨੁੱਖ ਨੂੰ ਬਹੁਤ ਕੁਝ ਦਿੱਤਾ ਹੈ, ਬਹੁਤ ਕੁਝ ਉਸ ਦੇ ਨੇੜੇ-ਨੇੜੇ ਲਿਆ ਕੇ ਖੜਾ ਕਰ ਦਿੱਤਾ ਹੈ। ਮੌਸਮ, ਚੀਜ਼ਾਂ ਵਸਤਾਂ ਦੇ ਮੁੱਲ ਅਤੇ ਇਹਨਾਂ ਦੀਆਂ ਜਾਣਕਾਰੀਆਂ, ਆਪਣੇ ਕਾਰੋਬਾਰ ਦੇ ਫੈਲਾਅ ਕਰਨ ਦੇ ਢੰਗ-ਤਰੀਕੇ ਤੇ ਹੋਰ ਬਹੁਤ ਕੁਝ ਨੂੰ ਇੰਟਰਨੈੱਟ ਨੇ ਆਸਾਨ ਬਣਾਇਆ ਹੈ। ਇਹ ਵੀ ਸਮਝਣ ਦੀ ਲੋੜ ਹੈ ਕਿ ਅੱਜ ਦੇ ਦੌਰ ਵਿੱਚ ਮੋਬਾਇਲ ਫੋਨ ਅਤੇ ਇੰਟਰਨੈੱਟ ਬਗੈਰ ਗੁਜ਼ਾਰਾ ਨਹੀਂ, ਪਰ ਇਸ ਤੋਂ ਵੱਧ ਇਹ ਜਾਨਣ ਦੀ ਲੋੜ ਹੈ ਕਿ ਅਸੀਂ ਇਸ ਸਭ ਕੁਝ ਦੇ ਗੁਲਾਮ ਵੀ ਬਣ ਰਹੇ ਹਾਂ। ਏਨੇ ਗੁਲਾਮ ਕਿ ਅਸੀਂ ਜੀਵਨ ਦੇ ਬਹੁਮੁੱਲੇ ਪੱਖ ਵਿਸਰਦੇ ਜਾ ਰਹੇ ਹਨ।

ਭਵਿੱਖ ਵਿੱਚ ਚੀਜ਼ਾਂ ਹੋਰ ਤੇਜ਼ੀ ਨਾਲ ਬਦਲਣ ਜਾ ਰਹੀਆਂ ਹਨ। ਅਸੀਂ ਇਸ ਸਮੇਂ ਜਾਣਕਾਰੀਆਂ ਦੇ ਵੱਡੇ ਭਿਆਨਕ ਹੜ੍ਹ ਦੇ ਦੌਰ ਵਿੱਚ ਹਾਂ। ਆਮ ਮਨੁੱਖ ਲਈ ਵੱਡੇ ਭਰਮਾਂ ਦੀ ਸਿਰਜਣਾ ਹੋਵਗੀ, ਅਸੀਂ ਸੱਚ-ਝੂਠ ਦਾ ਫਰਕ ਕਰਨ ਦੀ ਸਮਰਥਾ ਨੂੰ ਗਵਾ ਲਵਾਂਗੇ।

ਵੱਡੇ ਬਦਲਾਵਾਂ ਦੇ ਮੋੜ ’ਤੇ ਖੜੀ ਮਾਨਵ ਜਾਤ ਲਈ ਸੋਚਣ, ਵਾਲੀ ਗੱਲ ਇਹ ਹੈ ਕਿ ਤਕਨੀਕ ਦੇ ਵਿਕਾਸ ਵਿੱਚ ਮਨੁੱਖੀ ਮਨ ਦੀਆਂ ਸੰਭਾਵਨਾਵਾਂ ਕਿਹੋ ਜਿਹੀਆਂ ਹੋਣਗੀਆਂ। ਕੀ ਮਨੁੱਖ ਨੂੰ ਸੋਚਣ ਵਿਚਾਰਨ ਦੀ ਲੋੜ ਨਹੀਂ ਰਹੇਗੀ ਜਾਂ ਇਹ ਏਨੀ ਸੀਮਤ ਹੋ ਜਾਵੇਗੀ ਕਿ ਸਾਨੂੰ ਆਪਣਾ ਦਿਮਾਗ ਵਰਤਣਾ ਹੀ ਨਹੀਂ ਪਵੇਗਾ। ਜਦੋਂ ਅਸੀਂ ਆਪਣਾ ਦਿਮਾਗ ਬਹੁਤ ਘੱਟ ਖਰਚ ਕਰਾਂਗੇ ਤਾਂ ਦੁਨੀਆ ਦੇ ਵੱਡੀ ਗਿਣਤੀ ਲੋਕਾਂ ’ਤੇ ਕਿਹੋ ਜਿਹੇ ਪ੍ਰਭਾਵ ਪੈਣਗੇ? ਜਿਵੇਂ ਹੁਣ ਵੀ ਸਾਡੇ ਬੱਚੇ ਚੌਵੀ ਨੂੰ ਚਾਰ ਨਾਲ ਗੁਣਾਂ ਕਰਨ ਲਈ ਮੋਬਾਇਲ ਦੀ ਵਰਤੋਂ ਕਰਦੇ ਹਨ। ਭਵਿੱਖ ਵਿੱਚ ਜਦੋਂ ਬਹੁਤ ਕੁਝ ਏ ਆਈ ’ਤੇ ਨਿਰਭਰ ਹੋ ਜਾਣਾ ਵਾਲਾ ਹੈ ਤਾਂ ਕੀ ਅਸੀਂ ਆਪਣੇ ਦਿਮਾਗ ਦੀ ਵਰਤੋਂ ਘੱਟ ਕਰ ਦੇਵਾਂਗੇ? ਜੇਕਰ ਅਜਿਹਾ ਹੁੰਦਾ ਹੈ ਤਾਂ ਇਸ ਦਾ ਸਾਡੇ ਮਨ-ਮਸਤਕ ’ਤੇ ਇਸ ਦਾ ਕੀ ਪ੍ਰਭਾਵ ਪਵੇਗਾ? ਦੂਜੇ ਪਾਸੇ ਸੋਚਿਆ ਇਹ ਵੀ ਜਾ ਰਿਹਾ ਹੈ ਕਿ ਭਵਿੱਖ ਵਿੱਚ ਮਾਨਵ ਜਾਤ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਣ ਜਾ ਰਿਹਾ ਹੈ ਕਿ ਮਨੁੱਖ ਦੇ ਬਹੁਤ ਸਾਰੇ ਕੰਮ ਮਸ਼ੀਨਾਂ ਸੰਭਾਲ ਲੈਣਗੀਆਂ ਤਾਂ ਮਨੁੱਖ ਦੇ ਕੋਲ ਜੋ ਵਿਹਲ ਹੋਵੇਗੀ, ਉਸ ਵਿਹਲ ਜ਼ਰੀਏ ਉਹ ਕੁਝ ਜ਼ਿਆਦਾ ਕਰੀਏਟਿਵ ਹੋ ਜਾਵੇਗਾ। ਉਹ ਉਹਨਾਂ ਵਿਸ਼ਿਆਂ ਸੰਬੰਧੀ ਹੋਰ ਗਹਿਰ-ਗੰਭੀਰ ਸੋਚ ਵਿਚਾਰ ਕਰਨ ਲੱਗੇਗਾ, ਜੋ ਉਸ ਦੀ ਸੋਚ ਤੋਂ ਪਰੇ ਹਨ।

ਜਿਵੇਂ ਸਾਡੇ ਬੱਚਿਆਂ ਟੀ ਵੀ, ਮੋਬਾਇਲ ਅਤੇ ਬੋਝਲ ਸਿੱਖਿਆ ਦੇ ਪ੍ਰਭਾਵ ਕਰਕੇ ਖੇਡਣਾ ਬੰਦ ਕਰ ਦਿੱਤਾ ਹੈ। ਅੱਜ ਤੋਂ ਪੰਜ ਦਹਾਕੇ ਪਹਿਲਾਂ ਸਾਰੇ ਦੇ ਸਾਰੇ ਹੀ ਬੱਚੇ ਖੇਡਦੇ ਸਨ, ਪਰ ਹੁਣ ਛੋਟੇ-ਛੋਟੇ ਬੱਚਿਆਂ ਜਿਹਨਾਂ ਨੂੰ ਇਸ ਦੀ ਨਹੀਂ ਵੀ ਸਮਝ ਉਹਨਾਂ ਨੂੰ ਲਾਲਚ ਲਾਈ ਰੱਖਣ ਲਈ ਉਹਨਾਂ ਅੱਗੇ ਫੋਨ ਰੱਖ ਦਿੱਤਾ ਜਾਂਦਾ ਹੈ। ਸਕੂਲਾਂ ਦੀ ਬੇਲੋੜੀ ਬੋਝਲ ਤੇ ਅਕਾਊ ਪੜ੍ਹਾਈ ਅਤੇ ਟਿਊਸ਼ਨਾਂ ਤੋਂ ਹੀ ਬੱਚਿਆਂ ਨੂੰ ਟਾਈਮ ਨਹੀਂ ਮਿਲਦਾ, ਜੇ ਮਿਲਦਾ ਹੈ ਤਾਂ ਉਹਨਾਂ ਦਾ ਬਾਕੀ ਸਮਾਂ ਹੁਣ ਮੋਬਾਇਲ ’ਤੇ ਖਰਚ ਹੋ ਰਿਹਾ ਹੈ। ਬੀਤੇ ਸਮੇਂ ਵਿੱਚ ਸਾਰੇ ਦੇ ਸਾਰੇ ਬੱਚੇ ਵੱਖ ਵੱਖ ਪ੍ਰਕਾਰ ਦੀਆਂ ਖੇਡਾਂ ਖੇਡਦੇ ਸਨ ਤਾਂ ਹੁਣ ਵਾਲੇ ਬੱਚਿਆਂ ਚੋਂ ਕੇਵਲ 50 × ਬੱਚੇ ਹਨ, ਜੋ ਖੇਡਦੇ ਹਨ, ਬਾਕੀ ਸਾਰੇ ਖੇਡਣ ਤੋਂ ਬਗੈਰ ਹੀ ਵੱਡੇ ਹੋ ਰਹੇ ਹਨ। ਭਵਿੱਖ ਵਿੱਚ ਇਹ ਅਮਲ ਤੇਜ਼ੀ ਨਾਲ ਵਧ ਰਿਹਾ ਹੈ। ਇਸ ਦਾ ਭਾਵ ਇਹੋ ਹੀ ਹੈ ਕਿ ਅਸੀਂ ਅਤੇ ਸਾਡੀ ਨਵੀਂ ਜਨਰੇਸ਼ਨ ਬੜੀ ਤੇਜ਼ੀ ਨਾਲ ਤਕਨੀਕ ਦਾ ਪ੍ਰਭਾਵ ਕਬੂਲ ਕਰ ਰਹੀ ਅਤੇ ਇਸੇ ਦੇ ਅਨੁਸਾਰ ਬਣਦੀ ਜਾ ਰਹੀ ਹੈ। ਭਵਿੱਖ ਵਿੱਚ ਇਹਨਾਂ ਸਭ ਵਰਤਾਰਿਆਂ ਦੇ ਸਾਡੀ ਆਉਣ ਵਾਲੀ ਪੀੜ੍ਹੀ ’ਤੇ ਕੀ ਪ੍ਰਭਾਵ ਪੈਣਗੇ, ਇਸ ਸੰਬੰਧੀ ਫਿਲਹਾਲ ਕਿਸੇ ਪਾਸੇ ਕੋਈ ਫਿਕਰਮੰਦੀ ਜ਼ਾਹਿਰ ਨਹੀਂ ਹੋ ਰਹੀ।

ਸਮੇਂ ਦੀ ਵੱਡੀ ਮੰਗ ਹੈ ਕਿ ਭਵਿੱਖ ਦੀਆਂ ਵੱਡੀਆਂ ਤਬਦੀਲੀਆਂ ਲਈ ਅਸੀਂ ਆਪਣੇ ਆਪ ਨੂੰ ਤਿਆਰ ਕਰੀਏ। ਸਾਡੇ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਦੇ ਸਲੇਬਸਾਂ ਵਿੱਚ ਵੱਡੀਆਂ ਤਬਦੀਲੀਆਂ ਦੀ ਲੋੜ ਹੈ। ਉਹ ਵਿਸ਼ੇ, ਜੋ ਭਵਿੱਖ ਦੇ ਕੁਝ ਕੁ ਸਾਲਾਂ ਵਿੱਚ ਅਰਥਹੀਣ ਹੋ ਜਾਣੇ ਹਨ, ਉਹਨਾਂ ਦਾ ਤੁਰੰਤ ਤਿਆਗ ਕੀਤਾ ਜਾਣਾ ਚਾਹੀਦਾ ਹੈ। ਤਕਨੀਕ ਦੀ ਹਨੇਰੀ ਵਿੱਚ ਬੰਦਾ, ਬੰਦਾ ਕਿਵੇਂ ਬਣਿਆ ਰਹੇ, ਇਸ ਦੀ ਕੁਦਰਤ ਨਾਲ ਇੱਕਮਿਕਤਾ ਬਰਕਰਾਰ ਰਹੇ, ਇਸ ਤਰ੍ਹਾਂ ਦੇ ਮੌਲਿਕ ਵਿਸ਼ਿਆਂ ਸੰਬੰਧੀ ਵੀ ਸੋਚ-ਵਿਚਾਰ, ਚਿੰਤਨ, ਮੰਥਨ ਕੀਤੇ ਜਾਣ ਦੀ ਵੱਡੀ ਲੋੜ ਹੈ।

# ਸੰਪਰਕ : 98550-51099

# ਅਰਾਵਲੀ ਪਹਾੜੀਆਂ ਨਹੀਂ, ਤੁਸੀਂ ਲੁੱਟੇ ਜਾ ਰਹੇ ਹੋ

ਪ੍ਰਿੰ. ਹਰੀ ਕ੍ਰਿਸ਼ਨ ਮਾਇਰ

ਖੇਜੜੀ ਦੇ ਰੁੱਖਾਂ ਨਾਲ ਰਾਜਸਥਾਨ ਦਾ ਬਿਸ਼ਨੋਈ ਭਾਈਚਾਰਾ ਬੜੀ ਗੂੜ੍ਹੀ ਤਰ੍ਹਾਂ ਜੁੜਿਆ ਹੋਇਆ ਹੈ।ਇਤਿਹਾਸ ਵਿਚ ਦਰਜ ਹੈ ਕਿ ਸੰਨ 1730 ਵਿੱਚ ਸਥਾਨਕ ਝਗੜੇ ਦੌਰਾਨ ਜਿੱਥੇ ਅੰਮ੍ਰਿਤਾ ਦੇਵੀ ਦੀ ਅਗਵਾਈ ਵਿੱਚ 363 ਬਿਸ਼ਨੋਈਆਂ ਨੇ ਖੇਜੜੀ ਦੇ ਰੁੱਖਾਂ ਨੂੰ ਇੱਕ ਸ਼ੀਸ਼ ਮਹਿਲ ਦੀ ਉਸਾਰੀ ਖਾਤਰ ਕੱਟੇ ਜਾਣ ਤੋਂ ਬਚਾਉਣ ਲਈ ਆਪਣੀਆਂ ਜਾਨਾਂ ਨਿਛਾਵਰ ਕਰ ਦਿੱਤੀਆਂ ਸਨ।ਇਸ ਨੂੰ ਭਾਰਤ ਦੀ ਵੱਡੀ ਵਾਤਾਵਰਨ ਲਹਿਰ ਕਿਹਾ ਜਾਂਦਾ ਹੈ।ਇਸ ਲਹਿਰ ਤੋਂ ਹੀ ਚਰਚਿਤ ‘ਚਿਪਕੋ ਲਹਿਰ’ ਨੂੰ ਪ੍ਰੇਰਨਾ ਮਿਲੀ ਸੀ।ਖੇਜੜੀ ਦੇ ਰੁੱਖ ਨੂੰ ਮਾਰੂਥਲ ਦੀ ਜੀਵਨ ਰੇਖਾ ਵਜੋਂ ਸਨਮਾਨਿਆ ਜਾਂਦਾ ਹੈ।ਖੇਜੜੀ ਦਾ ਰੁੱਖ ਇਕ ਪਵਿੱਤਰ, ਲਚਕੀਲਾ ਰੁੱਖ ਹੈ, ਜੋ ਸਾਨੂੰ ਭੋਜਨ, ਚਾਰਾ ਅਤੇ ਔਸ਼ਧੀਆਂ ਪ੍ਰਦਾਨ ਕਰਦਾ ਹੈ।

**ਅਰਾਵਲੀ ਪਰਬਤ ਲੜੀ:** ਅਰਾਵਲੀ ਪਰਬਤਮਾਲਾ ਦੁਨੀਆ ਦੀ ਸਭ ਤੋਂ ਪੁਰਾਤਨ ਪਰਬਤ ਲੜੀਆਂ ਵਿੱਚੋਂ ਇੱਕ ਹੈ।ਇਸ ਦੀ ਉਮਰ ਤਿੰਨ ਅਰਬ ਸਾਲ ਮੰਨੀ ਜਾਂਦੀ ਹੈ।ਇਹ ਪਹਾੜ ਰਾਜਸਥਾਨ ਨੂੰ ਰੇਗਿਸਤਾਨ ਬਣਨ ਤੋਂ ਰੋਕਦੇ ਹਨ ।ਇਹ ਦਿੱਲੀ ਐੱਨ.ਸੀ. ਆਰ ਦੀ ਅਖ਼ੀਰਲੀ ਹਰਿਆਲੀ ਢਾਲ ਹੈ।ਜੇ ਅਰਾਵਲੀ ਖਤਮ ਹੋਈ ਤਾਂ ਉੱਤਰ ਭਾਰਤ ਦੀ ਆਬੋ-ਹਵਾ ਵਿੱਚ ਘਾਤਕ ਤਬਦੀਲੀਆਂ ਦਾ ਆਉਣਾ ਹੀ ਤੈਅ ਮੰਨਿਆ ਜਾ ਰਿਹਾ ਹੈ।

**ਅਰਾਵਲੀ ਦੀ ਜਾਣ-ਪਛਾਣ:** ਅਰਾਵਲੀ ਰੇਂਜ ਭਾਰਤ ਦੇ ਉੱਤਰ-ਪੱਛਮ ਦਿਸ਼ਾ ਤੋਂ ਦੱਖਣ ਪੱਛਮ ਦਿਸ਼ਾ ਵੱਲ ਤਕਰੀਬਨ 670 ਕਿਲੋਮੀਟਰ ਤੱਕ ਫੈਲੀ ਇੱਕ ਪਰਬਤ ਲੜੀ ਹੈ। ਇਹ ਪਰਬਤ ਲੜੀ ਦਿੱਲੀ ਦੇ ਨੇੜਿਉਂ ਚੱਲ ਕੇ ਦੱਖਣੀ ਹਰਿਆਣਾ ਵਿੱਚੋਂ ਦੀ ਹੁੰਦੀ ਹੋਈ ਰਾਜਸਥਾਨ ਤੋਂ ਅਹਿਮਦਾਬਾਦ (ਗੁਜਰਾਤ) ’ਤੇ ਜਾ ਕੇ ਖ਼ਤਮ ਹੁੰਦੀ ਹੈ।ਇਸ ਦੀ ਸਭ ਤੋਂ ਉੱਚੀ ਚੋਟੀ ‘ਗੁਰੂ ਸਿਖਰ’ ਮਾਊਂਟ ਆਬੂ (ਰਾਜਸਥਾਨ) ਵਿੱਚ ਹੈ, ਜਿਸ ਦੀ ਉਚਾਈ 5650 ਫੁੱਟ ਹੈ।ਅਰਾਵਲੀ ਰੇਂਜ ਭਾਰਤ ਦੀ ਸਭ ਤੋਂ ਪੁਰਾਤਨ ਫੋਲਡ ਪਹਾੜੀ ਪੱਟੀ ਹੈ, ਜਿਹੜੀ ਕਿ ਪਾਲੀਓਪ੍ਰੋਟੇਰੋਜ਼ੋਇਕ ਯੁੱਗ ਤੋਂ ਮੌਜੂਦ ਹੈ।

**ਅਰਾਵਲੀ ਦਾ ਮੁੱਦਾ ਕੀ ਹੈ:** ਮਿਸਟਰ ਟੌਂਗੈਸਟ ਚਿਤਾਵਨੀ ਦਿੰਦਾ ਹੈ ਕਿ ਅਦਾਲਤ ਦੀ ਨਵੀਂ ਪ੍ਰੀਭਾਸ਼ਾ ਦੇ ਨਾਲ ਮਾਈਨਿੰਗ, ਨਿਰਮਾਣ ਅਤੇ ਵਪਾਰਕ ਗਤੀਵਿਧੀਆਂ ਨੂੰ ਹੱਲਾਸ਼ੇਰੀ ਦਿੱਤੀ ਜਾ ਰਹੀ ਹੈ।ਇਨ੍ਹਾਂ ਪਹਾੜੀਆਂ ‘ਤੇ ਮਾਈਨਿੰਗ ਪਾਣੀ ਦੇ ਪੱਧਰ ਨੂੰ ਹੇਠਾਂ ਲਿਜਾ ਸਕਦੀ ਹੈ।ਗੁਜਰਾਤ, ਰਾਜਸਥਾਨ, ਹਰਿਆਣਾ ਅਤੇ ਦਿੱਲੀ ਐੱਨ ਸੀ ਆਰ ਵਿੱਚ ਜਲ ਭੰਡਾਰਾਂ ਨੂੰ ਗੰਧਲਾ ਕਰ ਸਕਦੀ ਹੈ। ਨਿਵਾਸ ਸਥਾਨਾਂ ਦੇ ਸੁੰਗੜ ਜਾਣ ਕਰਕੇ ਮਨੁੱਖ ਅਤੇ ਜੰਗਲੀ ਜੀਵ ਸੰਘਰਸ਼ ਨੂੰ ਤੇਜ਼ ਕਰ ਸਕਦੀ ਹੈ।ਕੇਂਦਰ ਦੇ ਹਲਫ਼ਨਾਮੇ ਵਿੱਚ ਮੁੱਖ ਖੇਤਰਾਂ ਨੂੰ ਬਾਹਰ ਰੱਖਣ ਕਾਰਨ ਹੋਰ ਵੀ ਸਵਾਲ ਉੱਠ ਰਹੇ ਹਨ ।ਭਾਰਤ ਦੀ ਸਰਬ ਉੱਚ ਅਦਾਲਤ ਨੇ ਨਵੰਬਰ 2025 ’ਚ ਭਾਰਤ ਸਰਕਾਰ ਵੱਲੋਂ ਪੇਸ਼ ਕੀਤੀ ਅਰਾਵਲੀ ਹਿੱਲਜ ਦੀ ਨਵੀਂ ਘੜੀ ਪ੍ਰੀਭਾਸ਼ਾ ਨਾਲ ਸਹਿਮਤੀ ਜਤਾਈ ਹੈ ।

**ਇਸ ਪ੍ਰੀਭਾਸ਼ਾ ਅਨੁਸਾਰ:** ਸਿਰਫ ਜ਼ਮੀਨੀ ਪੱਧਰ ਤੋਂ 100 ਮੀਟਰ ਜਾਂ ਇਸ ਤੋਂ ਵੱਧ ਉੱਚੀ ਜ਼ਮੀਨ ਨੂੰ ਅਰਾਵਲੀ ਪਹਾੜੀ ਮੰਨਿਆ ਜਾਣਾ ਚਾਹੀਦਾ ਹੈ। ਅਰਾਵਲੀ ਪਹਾੜੀ ਲੜੀ ਦੀਆਂ ਵੱਖ-ਵੱਖ ਉਚਾਈਆਂ ਹਨ ।ਜਿਨ੍ਹਾਂ ਦੀ ਔਸਤ ਉਚਾਈ 300-900 ਮੀਟਰ ਵਿਚਕਾਰ ਹੈ।ਇਸ ਦਾ ਉੱਚਾ ਬਿੰਦੂਸਰ ਸਿਖਰ ਹੈ, ਜੋ ਰਾਜਸਥਾਨ ਵਿੱਚ ਮਾਊਂਟ ਆਬੂ ਖੇਤਰ ਵਿੱਚ ਹੈ।ਇਸ ਦੀ ਉਚਾਈ 1722 ਮੀਟਰ ( 5650 ਫੁੱਟ) ਹੈ। ਇਹ ਅਰਾਵਲੀ ਪਰਬਤ ਲੜੀ ਦੀ ਸਭ ਤੋਂ ਉੱਚੀ ਚੋਟੀ ਹੈ।ਕਿਸੇ ਵੇਲੇ ਇਹ ਵਿਸ਼ਾਲ ਮੋੜਾਂ ਵਾਲਾ ਪਹਾੜ ਸੀ, ਹੁਣ ਇਸ ਵਿੱਚ ਵੱਖ-ਵੱਖ ਖੇਤਰਾਂ ਵਿੱਚ ਪਹਾੜੀਆਂ ਜ਼ਿਆਦਾਤਰ 100 ਮੀਟਰ ਤੋਂ ਘੱਟ ਉੱਚੀਆਂ ਹਨ।ਅਦਾਲਤੀ ਫੁਰਮਾਨ ਨੀਵੀਆਂ ਅਰਾਵਲੀ ਪਹਾੜੀਆਂ ਨੂੰ ਤਹਿਸ-ਨਹਿਸ ਕਰ ਦੇਣ ਵਾਲਾ ਕਦਮ ਹੈ।

**ਅਰਾਵਲੀ ਸੋਚਦੀ ਹੈ:** ਇਸ ਮੁਲਕ ਵਿਚ ਵਪਾਰੀ ਆਪਣੇ ਲਾਭ ਲਈ ਸਾਰੇ ਜੰਗਲ ਕੱਟਣ ਨੂੰ ਫਿਰਦੇ ਹਨ ਅਤੇ ਪਰਬਤਾਂ ਨੂੰ ਢਹਿ-ਢੇਰੀ ਕਰਨ ਨੂੰ ਫਿਰਦੇ ਹਨ । ਪਾਣੀ ਨੂੰ ਅਤੇ ਹਵਾ ਨੂੰ ਬੋਤਲਾਂ ਵਿੱਚ ਭਰ ਕੇ ਹੱਟੀਆਂ ਤੇ ਵੇਚਣ ਨੂੰ ਕਾਹਲ਼ੇ ਹਨ । ਇਨ੍ਹਾਂ ਨੂੰ ਤਾਂ ਦਰਿਆਵਾਂ, ਝੀਲਾਂ, ਖੇਤਾਂ, ਫ਼ਸਲਾਂ, ਜੰਗਲਾਂ ਵਿਚੋਂ ਰੁਪਈਏ ਦਿੱਸਦੇ ਹਨ।

‘ਅਣ ਵਰਕੀ ਬੇਕਾਰ ਭੂਮੀ’ ਕਹਿ ਕੇ ਮੇਰੇ ਨਾਲ ਰਿਸ਼ਤਾ ਤੋੜ ਲਿਆ।ਅੱਠ ਸੌ ਸਾਲ ਰਾਜੇ ਆਉਂਦੇ ਰਹੇ ਜਾਂਦੇ ਰਹੇ। ਤੁਸੀਂ ਪਹਿਲੀ ਵਾਰ ਵਿੱਚ ਪਹਿਲੀ ਵਾਰ ਮੇਰੀ ਜ਼ਮੀਨ ਦਾ ਅਪਮਾਨ ਕੀਤਾ ਹੈ।ਅਰਾਵਲੀ ਨੂੰ ਰੁੱਖਾਂ ਤੋਂ ਖਾਲੀ ਕੀਤਾ ਹੈ ਤਾਂ ਦਿੱਲੀ ਦੀ ਜ਼ਹਿਰੀਲੀ ਹਵਾ ਵਿਚ ਹੁਣ ਸਾਹ ਲਓ ।ਅੱਗੇ-ਅੱਗੇ ਦੇਖਿਓ ਕੀ ਭਾਣਾ ਵਰਤਦਾ। ਚੈਨਲ ਉੱਚੀ ਉੱਚੀ ਰੌਲਾ ਪਾਉਣਗੇ ਕਿ ਦਿੱਲੀ ਦਾ AQI500 ਪਾਰ ਕਰ ਗਿਆ, ਤਾਂ ਕੀ ਹੋਣ ਲੱਗਿਆ, ਉਹ ਰੌਲਾ ਪਾ ਕੇ ਜ਼ਹਿਰ ਥੋੜ੍ਹਾ ਘੱਟ ਕਰ ਦੇਣਗੇ। ਜੋ ਕੰਮ ਕੁਦਰਤੀ ਸ੍ਰੋਤ ਕਰ ਸਕਦੇ ਹਨ, ਨਿਜ਼ਾਮ ਨਹੀਂ ਕਰ ਸਕਦਾ।ਇਹ ਵਪਾਰੀ ਤਾਂ ਨੋਟ ਕਮਾ ਕੇ ਡੱਬੂ ਕੰਧ ’ਤੇ ਚੜ੍ਹ ਜਾਣਗੇ। ਕੁਦਰਤ ਦਾ ਖਿਲਵਾੜ ਕਰਕੇ ਕੀਤੀ ਕਮਾਈ ਹਜ਼ਮ ਕਰਨੀ ਬੜੀ ਔਖੀ ਹੁੰਦੀ ਹੈ। ਮੇਰੇ ’ਤੇ ਬੁਲਡੋਜ਼ਰ ਕਿਉਂ ਚੜ੍ਹੇ ਰਹਿੰਦੇ ਹਨ। ਮੇਰੀ ਜ਼ਮੀਨ ਪੁੱਟ ਸੁੱਟੀ ਗਈ।ਮੇਰੇ ਰੁੱਖਾਂ ’ਤੇ ਆਰੇ ਚੱਲ ਰਹੇ ਹਨ। ਇਹ ਕੌਣ ਹਨ, ਜੋ ਮੇਰੀ ਜ਼ਮੀਨ ’ਤੇ ਮਨਮਾਨੀ ਕਰਦੇ ਹਨ? ਅਰਾਵਲੀ ਦੀਆਂ ਅੱਖਾਂ ਵਿੱਚੋਂ ਹੰਝੂ ਡਿੱਗਦੇ ਸਾਫ਼ ਦਿਖਾਈ ਦੇ ਰਹੇ ਹਨ।ਉਹ ਠੰਢੀ ਆਹ ਲੈਂਦਾ ਬੋਲਦਾ ਹੈ, ਅਰਾਵਲੀ ਕੱਟੋਗੇ, ਸਮਝ ਆਪਣੇ ਸਾਹ ਵੀ ਕੱਟੋਗੇ।

**ਬੋਰਡ ਹੱਸ ਰਿਹਾ ਹੈ:** ਅਰਾਵਲੀ ਦੇ ਹੱਕ ’ਚ ਕੁਝ ਲੋਕ ਵਿਰੋਧ ਕਰ ਰਹੇ ਹਨ। ਅਰਾਵਲੀ ਸਾਮ੍ਹਣੇ ਧਰਨਾ ਲਈ ਬੈਠੇ ਹਨ । ਬੁਲਡੋਜ਼ਰ ਜ਼ਮੀਨ ਦੀ ਫਰੋਲਾ-ਫਰੋਲੀ ਕਰ ਰਹੇ ਹਨ । ਸਾਮ੍ਹਣੇ ਇੱਕ ਵੱਡਾ ਸਰਕਾਰੀ ਬੋਰਡ ਲੱਗਾ ਹੈ ਜਿਸ ’ਤੇ ਲਿਖਿਆ: ‘ਵਾਤਾਵਰਨ ਦੀ ਸਾਂਭ ਸੰਭਾਲ, ਸਾਡੀ ਸਭ ਤੋਂ ਪਹਿਲੀ ਤਰਜੀਹ ਹੈ।’ ਇਹ ਬੋਰਡ ਜਿਵੇਂ ਅਰਾਵਲੀ ਨੂੰ ਚਿੜਾ ਰਿਹਾ ਹੈ।ਉੱਚੀ-ਉੱਚੀ ਹੱਸ ਰਿਹਾ ਹੈ।ਕਹਿ ਰਿਹਾ ਹੈ-ਦੇਖਿਆ ਮੈਂ ਕਿੰਨਾ ਦੋਗਲਾ ਸੁਨੇਹਾ ਲੋਕਾਂ ਨੂੰ ਦੇ ਰਿਹਾ ਹਾਂ। ਭਾਵੇਂ ਲੋਕਾਂ ਦੇ ਵਿਰੋਧ ਕਾਰਨ ਉੱਚ ਅਦਾਲਤ ਨੇ ਜਾਰੀ ਹੁਕਮ ’ਤੇ ਵਿਚਾਰਨ ਹਿੱਤ ਰੋਕ ਲਗਾ ਦਿੱਤੀ ਹੈ, ਫਿਰ ਵੀ ਇਨ੍ਹਾਂ ਮਾਇਆਧਾਰੀਆਂ ਤੋਂ ਅਰਾਵਲੀ ਪਹਾੜੀਆਂ ਨੂੰ ਬਚਾਉਣ ਲਈ ਲੋਕਾਂ ਨੂੰ ਅੱਗੇ ਆਉਣਾ ਪਵੇਗਾ। ਅਜੇ ਤਾਂ ਵਾਤਾਵਰਨ ਦੇ ਮਾਹਰ ਚੁੱਪ ਨੇ।ਪਤਾ ਨਹੀਂ ਕਿਉਂ ਹਰ ਆਵਾਜ਼ ਡਰੀ ਹੋਈ ਹੈ।ਸ਼ਾਇਦ ਇਹ ਮਨੁੱਖ ਦੀ ਬਰਬਾਦੀ ਤੋਂ ਪਹਿਲਾਂ ਦਾ ਸੰਨਾਟਾ ਹੈ।

# ਸੰਪਰਕ : 97806-67686

# ਪੰਜਾਬ ਦੇ ਪ੍ਰਾਈਵੇਟ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਦੀ ਸਥਿਤੀ


ਡਾ. ਸਰਬਜੀਤ ਸਿੰਘ

ਪੰਜਾਬੀ ਭਾਸ਼ਾ ਸਿਰਫ਼ ਇੱਕ ਸੰਚਾਰ ਦਾ ਸਾਧਨ ਨਹੀਂ, ਸਗੋਂ ਪੰਜਾਬ ਦੀ ਸੱਭਿਆਚਾਰਕ, ਇਤਿਹਾਸਕ ਅਤੇ ਸਮਾਜਿਕ ਪਛਾਣ ਦਾ ਆਧਾਰ ਹੈ। ਪੰਜਾਬ ਰਾਜ ਦੀ ਸਰਕਾਰੀ ਭਾਸ਼ਾ ਹੋਣ ਦੇ ਨਾਤੇ ਪੰਜਾਬੀ ਨੂੰ ਸਿੱਖਿਆ, ਪ੍ਰਸ਼ਾਸਨ ਅਤੇ ਸਰਕਾਰੀ ਕੰਮ-ਕਾਜ ਵਿੱਚ ਪਹਿਲਾ ਸਥਾਨ ਪ੍ਰਾਪਤ ਹੋਣਾ ਚਾਹੀਦਾ ਹੈ। ਪਿਛਲੇ ਕੁਝ ਸਾਲਾਂ ਤੋਂ ਇਹ ਚਿੰਤਾ ਲਗਾਤਾਰ ਵਧ ਰਹੀ ਹੈ ਕਿ ਪੰਜਾਬ ਦੇ ਕਈ ਪ੍ਰਾਈਵੇਟ, ਖਾਸ ਕਰਕੇ ਸੀ ਬੀ ਐਸ ਈ ਨਾਲ ਸੰਬੰਧਤ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਦੀ ਸਥਿਤੀ ਠੀਕ ਨਹੀਂ। ਮਾਪੇ, ਸਿੱਖਿਆ ਸ਼ਾਸਤਰੀ ਅਤੇ ਭਾਸ਼ਾ ਮਾਹਰ ਇਹ ਸਵਾਲ ਉਠਾ ਰਹੇ ਹਨ ਕਿ ਜਦੋਂ ਪੰਜਾਬੀ ਰਾਜ ਦੀ ਸਰਕਾਰੀ ਭਾਸ਼ਾ ਹੈ ਤਾਂ ਫਿਰ ਸੈਕੰਡਰੀ ਕਲਾਸਾਂ ਵਿੱਚ ਇਸ ਨੂੰ ਲਾਜ਼ਮੀ ਵਿਸ਼ੇ ਦੀ ਥਾਂ ਇੱਕ ਚੋਣਵੇਂ ਵਿਸ਼ੇ ਵਜੋਂ ਕਿਉਂ ਪੜ੍ਹਾਇਆ ਜਾ ਰਿਹਾ ਹੈ?

ਇਹ ਬਹੁਤ ਗੰਭੀਰ ਮਸਲਾ ਹੈ ਕਿ ਸੂਬਾ, ਜਿਸ ਦੀ ਬੁਨਿਆਦ ਹੀ ਉਸ ਦੀ ਭਾਸ਼ਾ ਉੱਤੇ ਟਿਕੀ ਹੁੰਦੀ ਹੈ ਤੇ ਉਸ ਸੂਬੇ ਵਿੱਚ ਕਿਸ ਤਰ੍ਹਾਂ ਸਰਕਾਰੀ ਪ੍ਰਬੰਧ ਦੇ ਬਦਲ ਵਜੋਂ ਪ੍ਰਾਈਵੇਟ ਸਿੱਖਿਆ ਪ੍ਰਬੰਧ ਵਿੱਚ ਰਾਜ ਦੀ ਸਰਕਾਰੀ ਭਾਸ਼ਾ ਨੂੰ ਅੱਖੋਂ-ਪਰੋਖੇ ਕੀਤਾ ਜਾ ਰਿਹਾ ਹੈ। ਇਸ ਮਸਲੇ ਨੂੰ ਸਮਝਣ ਲਈ ਤੱਥਾਂ, ਕਾਨੂੰਨੀ ਪ੍ਰਬੰਧ ਅਤੇ ਸਿੱਖਿਆ ਨੀਤੀਆਂ ਦਾ ਅਧਿਐਨ ਕਰਨਾ ਜ਼ਰੂਰੀ ਹੈ।

ਪੰਜਾਬ ਵਿੱਚ ਪੰਜਾਬੀ ਭਾਸ਼ਾ ਦੀ ਸਿੱਖਿਆ ਨੂੰ ਲੈ ਕੇ ਸਭ ਤੋਂ ਮਹੱਤਵਪੂਰਨ ਕਾਨੂੰਨੀ ਪ੍ਰਬੰਧ ਭਾਸ਼ਾ ਐਕਟ 2008 ਹੈ। ਇਸ ਕਾਨੂੰਨ ਦਾ ਉਦੇਸ਼ ਰਾਜ ਦੇ ਸਾਰੇ ਸਕੂਲਾਂ ਵਿੱਚ ਪੰਜਾਬੀ ਦੀ ਸਿੱਖਿਆ ਯਕੀਨੀ ਬਣਾਉਣਾ ਸੀ। ਇਸ ਦੇ ਅਨੁਸਾਰ ਪੰਜਾਬ ਵਿੱਚ ਚੱਲ ਰਹੇ ਸਰਕਾਰੀ, ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਪੰਜਾਬੀ ਪੜ੍ਹਾਈ ਜਾਣੀ ਜਰੂਰੀ ਹੈ। ਇਹ ਧਾਰਨਾ ਹੈ ਕਿ ਪੰਜਾਬੀ ਦਸਵੀਂ ਤੱਕ ਲਾਜ਼ਮੀ ਤੌਰ ’ਤੇ ਪੜ੍ਹਾਈ ਜਾਂਦੀ ਹੈ ਪਰ ਅਸਲ ਹਕੀਕਤ ਕਈ ਸਕੂਲਾਂ ਵਿੱਚ ਇਸ ਤੋਂ ਵੱਖਰੀ ਹੈ। ਸੀ ਬੀ ਐੱਸ ਈ ਸਕੂਲਾਂ ਵਿੱਚ ਲੰਮੇ ਸਮੇਂ ਤੱਕ ਅਜਿਹੀ ਪ੍ਰਥਾ ਰਹੀ ਕਿ ਵਿਦਿਆਰਥੀਆਂ ਨੂੰ ਪੰਜਾਬੀ ਪੜ੍ਹਾਈ ਤਾਂ ਜਾਂਦੀ ਸੀ, ਪਰ ਨੌਵੀਂ ਅਤੇ ਦਸਵੀਂ ਵਿੱਚ ਕਈ ਵਾਰ ਇਸ ਨੂੰ ਵਾਧੂ ਜਾਂ ਵਿਕਲਪਕ ਵਿਸ਼ੇ ਦੇ ਰੂਪ ਚੁਣਿਆ ਜਾਂਦਾ ਹੈ। ਕੁਝ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਪੰਜਾਬੀ ਅਤੇ ਹਿੰਦੀ ਵਿੱਚੋਂ ਇੱਕ ਚੁਣਨ ਦਾ ਵਿਕਲਪ ਦਿੱਤਾ ਜਾਂਦਾ ਸੀ। ਇਸ ਕਾਰਨ ਵਿਦਿਆਰਥੀਆਂ ਦਾ ਰੁਝਾਨ ਅਕਸਰ ਹਿੰਦੀ ਜਾਂ ਹੋਰ ਵਿਸ਼ਿਆਂ ਵੱਲ ਹੋ ਜਾਂਦਾ ਸੀ। ਪੰਜਾਬ ਵਿੱਚ ਪੰਜਾਬੀ ਭਾਸ਼ਾ ਦੀ ਇਹ ਸਥਿਤੀ ਭਾਸ਼ਾ ਦੇ ਅਧਿਐਨ ਨੂੰ ਸਿਰਫ਼ ਇੱਕ ਰਸਮੀ ਕਾਰਵਾਈ ਵਜੋਂ ਹੀ ਸਮਾਪਤ ਕਰ ਦਿੰਦੀ ਹੈ। ਨਵੀਂ ਸਿੱਖਿਆ ਨੀਤੀ 2020 ਨੇ ਮਾਤ ਭਾਸ਼ਾ ਅਤੇ ਖੇਤਰੀ ਭਾਸ਼ਾਵਾਂ ਦੇ ਮਹੱਤਵ ’ਤੇ ਵਿਸ਼ੇਸ਼ ਤੌਰ ’ਤੇ ਜ਼ੋਰ ਦਿੱਤਾ ਹੈ। ਇਸ ਨੀਤੀ ਵਿੱਚ ਦੱਸਿਆ ਗਿਆ ਹੈ ਕਿ ਬੱਚਿਆਂ ਦੀ ਸ਼ੁਰੂਆਤੀ ਸਿੱਖਿਆ ਮਾਤ ਭਾਸ਼ਾ ਜਾਂ ਸਥਾਨਕ ਭਾਸ਼ਾ ਵਿੱਚ ਹੋਣੀ ਚਾਹੀਦੀ ਹੈ ਅਤੇ ਬਹੁਭਾਸ਼ੀ ਸਿੱਖਿਆ ਨੂੰ ਉਤਸ਼ਾਹਤ ਕੀਤਾ ਜਾਣਾ ਚਾਹੀਦਾ ਹੈ।

ਸਾਲ 2025 ਵਿੱਚ ਪੰਜਾਬੀ ਭਾਸ਼ਾ ਦੀ ਸਥਿਤੀ ਨੂੰ ਲੈ ਕੇ ਸੀ ਬੀ ਐੱਸ ਈ ਦੇ ਪ੍ਰੀਖਿਆ ਕਰਵਾਉਣ ਸਬੰਧੀ ਜਾਰੀ ਕੀਤੇ ਇੱਕ ਡਰਾਫਟ ਵਿੱਚ ਪੰਜਾਬੀ ਦਾ ਨਾਂਅ ਸਪੱਸ਼ਟ ਤੌਰ ’ਤੇ ਦਰਸਾਇਆ ਨਹੀਂ ਗਿਆ ਸੀ। ਇਸ ’ਤੇ ਪੰਜਾਬ ਸਰਕਾਰ, ਭਾਸ਼ਾ ਮਾਹਰ ਅਤੇ ਵੱਖ-ਵੱਖ ਸਮਾਜਿਕ ਸੰਸਥਾਵਾਂ ਨੇ ਸਖ਼ਤ ਇਤਰਾਜ਼ ਜਤਾਇਆ ਸੀ। ਇਸ ਇਤਰਾਜ ਉਪਰੰਤ ਸੀ ਬੀ ਐੱਸ ਈ ਨੇ ਸਪੱਸ਼ਟੀਕਰਨ ਦਿੱਤਾ ਕਿ ਪੰਜਾਬੀ ਨੂੰ ਹਟਾਇਆ ਨਹੀਂ ਗਿਆ ਅਤੇ ਉਹ ਪਹਿਲਾਂ ਦੀ ਤਰ੍ਹਾਂ ਜਾਰੀ ਰਹੇਗੀ। ਤਾਜ਼ਾ ਸਥਿਤੀ ਵਿੱਚ ਸੈਨਿਕ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਦੀ ਪੜ੍ਹਾਈ ਦੀ ਸਥਿਤੀ ਬਾਰੇ ਅਸੀਂ ਭਲੀ-ਭਾਂਤ ਜਾਣੂ ਹਾਂ। ਇਸ ਤੋਂ ਬਾਅਦ ਪੰਜਾਬ ਸਰਕਾਰ ਨੇ ਇੱਕ ਮਹੱਤਵਪੂਰਨ ਫੈਸਲਾ ਲੈਂਦਿਆਂ ਐਲਾਨ ਕੀਤਾ ਕਿ ਪੰਜਾਬ ਦੇ ਸਾਰੇ ਸਕੂਲਾਂ ਵਿੱਚ ਭਾਵੇਂ ਉਹ ਕਿਸੇ ਵੀ ਬੋਰਡ ਨਾਲ ਸੰਬੰਧਤ ਹੋਣ, ਪੰਜਾਬੀ ਨੂੰ ਮੁੱਖ ਅਤੇ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਇਆ ਜਾਵੇਗਾ। ਸਰਕਾਰ ਨੇ ਇਹ ਵੀ ਸਪੱਸ਼ਟ ਕੀਤਾ ਕਿ ਪੰਜਾਬੀ ਪੜ੍ਹੇ ਬਿਨਾਂ ਵਿਦਿਆਰਥੀ ਨੂੰ ਦਸਵੀਂ ਪਾਸ ਨਹੀਂ ਮੰਨਿਆ ਜਾਵੇਗਾ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਸਕੂਲਾਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਇਸ ਸਰਕਾਰੀ ਫੈਸਲੇ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਸਰਕਾਰ ਨੂੰ ਵੀ ਇਹ ਮਹਿਸੂਸ ਹੋਇਆ ਕਿ ਕਾਨੂੰਨ ਹੋਣ ਦੇ ਬਾਵਜੂਦ ਪੰਜਾਬੀ ਦੀ ਸਥਿਤੀ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਇਸ ਤੋਂ ਸਹਿਜੇ ਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਸਕੂਲਾਂ ’ਚ ਪੰਜਾਬੀ ਦੀ ਸਥਿਤੀ ਪੂਰੀ ਤਰ੍ਹਾਂ ਠੀਕ ਹੁੰਦੀ ਤਾਂ ਅਜਿਹੀ ਨਵੀਂ ਹਦਾਇਤ ਜਾਰੀ ਕਰਨ ਦੀ ਲੋੜ ਸ਼ਾਇਦ ਨਾ ਪੈਂਦੀ।

ਭਾਸ਼ਾ ਵਿਗਿਆਨੀਆਂ ਅਤੇ ਸਿੱਖਿਆ ਮਾਹਰਾਂ ਦਾ ਮੰਨਣਾ ਹੈ ਕਿ ਭਾਸ਼ਾ ਦੀ ਸੁਰੱਖਿਆ ਕੇਵਲ ਕਾਨੂੰਨ ਨਾਲ ਨਹੀਂ ਹੁੰਦੀ, ਸਗੋਂ ਉਸ ਦੇ ਸੰਪੂਰਨ ਉਪਯੋਗ ਨਾਲ ਹੁੰਦੀ ਹੈ। ਪੰਜਾਬ ਦੇ ਕਈ ਨਿੱਜੀ ਸਕੂਲਾਂ ਵਿੱਚ ਅੱਜ ਵੀ ਵਿਦਿਆਰਥੀਆਂ ਨੂੰ ਪੰਜਾਬੀ ਬੋਲਣ ਲਈ ਉਤਸ਼ਾਹਤ ਕਰਨ ਦੀ ਥਾਂ ਅੰਗਰੇਜ਼ੀ ਬੋਲਣ ’ਤੇ ਜ਼ੋਰ ਦਿੱਤਾ ਜਾਂਦਾ ਹੈ। ਸਕੂਲਾਂ ਦੇ ਨੋਟਿਸ, ਸਮਾਗਮ ਅਤੇ ਆਪਸੀ ਸੰਚਾਰ ਅਕਸਰ ਅੰਗਰੇਜ਼ੀ ਵਿੱਚ ਹੀ ਹੁੰਦੇ ਹਨ। ਅਜਿਹੇ ਮਾਹੌਲ ਵਿੱਚ ਪੰਜਾਬੀ ਸਿਰਫ਼ ਇੱਕ ਵਿਸ਼ਾ ਬਣ ਕੇ ਰਹਿ ਜਾਂਦੀ ਹੈ। ਖੋਜ ਅਧਿਐਨ ਤੋਂ ਵੀ ਇਹ ਗੱਲ ਸਾਹਮਣੇ ਆਈ ਹੈ ਕਿ ਮਾਤ ਭਾਸ਼ਾ ਵਿੱਚ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਬੌਧਿਕ ਅਤੇ ਭਾਵਨਾਤਮਕ ਤੌਰ ’ਤੇ ਵਧੇਰੇ ਮਜ਼ਬੂਤ ਹੁੰਦੇ ਹਨ। ਅੰਤਰਰਾਸ਼ਟਰੀ ਸੰਸਥਾਵਾਂ ਵੀ ਮਾਤ ਭਾਸ਼ਾ-ਆਧਾਰਤ ਸਿੱਖਿਆ ਪ੍ਰਣਾਲੀ ਦੀ ਸਿਫ਼ਾਰਸ਼ ਕਰਦੀਆਂ ਹਨ। ਨਵੀਂ ਸਿੱਖਿਆ ਨੀਤੀ ਵੀ ਇਸੇ ਸਿਧਾਂਤ ਨੂੰ ਮੰਨਦੀ ਹੈ। ਇਸ ਲਈ ਪੰਜਾਬੀ ਨੂੰ ਕਮਜ਼ੋਰ ਕਰਨਾ, ਸਿਰਫ਼ ਇੱਕ ਭਾਸ਼ਾ ਦਾ ਨੁਕਸਾਨ ਨਹੀਂ, ਸਗੋਂ ਸਿੱਖਿਆ ਦੀ ਗੁਣਵੱਤਾ ਨਾਲ ਵੀ ਜੁੜਿਆ ਹੋਇਆ ਮਸਲਾ ਹੈ। ਇਹ ਵੀ ਧਿਆਨ ਦੇਣ ਯੋਗ ਹੈ ਕਿ ਪੰਜਾਬੀ ਭਾਸ਼ਾ ਦਾ ਮਹੱਤਵ ਸਿਰਫ਼ ਸਾਹਿਤ ਜਾਂ ਸੱਭਿਆਚਾਰ ਤੱਕ ਸੀਮਿਤ ਨਹੀਂ। ਪੰਜਾਬ ਸਰਕਾਰ ਅਤੇ ਕੇਂਦਰਤ ਦੀਆਂ ਨੌਕਰੀਆਂ, ਪ੍ਰਸ਼ਾਸਕੀ ਕੰਮਕਾਜ ਅਤੇ ਸਮਾਜਿਕ ਜੀਵਨ ਵਿੱਚ ਪੰਜਾਬੀ ਭਾਸ਼ਾ ਦੀ ਸਮਝ ਇੱਕ ਲਾਜ਼ਮੀ ਪਹਿਲੂ ਹੈ। ਨਵੀਂ ਪੀੜ੍ਹੀ ਜੇਕਰ ਪੰਜਾਬੀ ਪੜ੍ਹਨ ਅਤੇ ਲਿਖਣ ਵਿੱਚ ਪਛੜ ਜਾਵੇਗੀ ਤਾਂ ਇਸ ਦਾ ਪ੍ਰਭਾਵ ਭਵਿੱਖ ਵਿੱਚ ਰਾਜ ਦੇ ਸੱਭਿਆਚਾਰਕ, ਸਮਾਜਿਕ, ਆਰਥਿਕ ਅਤੇ ਪ੍ਰਸ਼ਾਸਕੀ ਢਾਂਚੇ ’ਤੇ ਵੀ ਪਵੇਗਾ।

ਸੂਬੇ ਵਿੱਚ ਪੰਜਾਬੀ ਭਾਸ਼ਾ ਦੀ ਸਥਿਤੀ ਨੂੰ ਸਮਝਦੇ ਹੋਏ ਬਹੁਤ ਸਾਰੇ ਸੁਹਿਰਦ ਯਤਨ ਵੀ ਹੋਏ ਹਨ। ਪਿਛਲੇ ਕੁਝ ਸਾਲਾਂ ਦੌਰਾਨ ਪੰਜਾਬੀ ਭਾਸ਼ਾ ਦੀ ਰਾਖੀ ਲਈ ਸਮਾਜਿਕ ਜਾਗਰੂਕਤਾ ਵਿੱਚ ਵਾਧਾ ਹੋਇਆ ਹੈ। ਯੂਨੀਵਰਸਿਟੀਆਂ, ਸਾਹਿਤਕ ਸੰਸਥਾਵਾਂ ਅਤੇ ਭਾਸ਼ਾ ਪ੍ਰੇਮੀ ਪੰਜਾਬੀ ਦੇ ਹੱਕ ਵਿੱਚ ਆਵਾਜ਼ ਉਠਾ ਰਹੇ ਹਨ। ਉੱਚ ਸਿੱਖਿਆ ਸੰਸਥਾਵਾਂ ਵੀ ਪੰਜਾਬੀ ਨੂੰ ਖੋਜ ਅਤੇ ਅਕਾਦਮਿਕ ਕੰਮਾਂ ਵਿੱਚ ਵਧੇਰੇ ਮਹੱਤਵ ਦੇਣ ਵੱਲ ਕਦਮ ਚੁੱਕ ਰਹੀਆਂ ਹਨ। ਇਸ ਸਥਿਤੀ ਨੂੰ ਭਾਂਪਦਿਆਂ ਇਸ ਗੱਲ ਦੀ ਜ਼ਰੂਰਤ ਹੈ ਕਿ ਪੰਜਾਬੀ ਨੂੰ ਕੇਵਲ ਪ੍ਰੀਖਿਆ ਪਾਸ ਕਰਨ ਦਾ ਵਿਸ਼ਾ ਨਾ ਸਮਝਿਆ ਜਾਵੇ। ਸਕੂਲ ਪੱਧਰ ਤੋਂ ਲੈ ਕੇ ਯੂਨੀਵਰਸਿਟੀ ਪੱਧਰ ਤੱਕ ਪੰਜਾਬੀ ਭਾਸ਼ਾ ਦੀ ਪੜ੍ਹਾਈ ਨੂੰ ਯਕੀਨੀ ਬਣਾਇਆ ਜਾਵੇ। ਪ੍ਰਾਈਵੇਟ ਸਕੂਲਾਂ ਵਿੱਚ ਪੰਜਾਬੀ ਬੋਲਣ, ਲਿਖਣ ਅਤੇ ਪੜ੍ਹਨ ਦਾ ਮਾਹੌਲ ਬਣਾਇਆ ਜਾਵੇ। ਸਕੂਲੀ ਸਮਾਗਮਾਂ, ਨਾਟਕਾਂ, ਭਾਸ਼ਣ ਮੁਕਾਬਲਿਆਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਪੰਜਾਬੀ ਨੂੰ ਅਹਿਮ ਸਥਾਨ ਦਿੱਤਾ ਜਾਵੇ। ਅੰਤ ਵਿੱਚ ਕਿਹਾ ਜਾ ਸਕਦਾ ਹੈ ਕਿ ਪੰਜਾਬ ਦੇ ਪ੍ਰਾਈਵੇਟ ਸੀ ਬੀ ਐਸ ਈ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਦੀ ਸਥਿਤੀ ਨੂੰ ਲੈ ਕੇ ਚਿੰਤਾ ਪੂਰੀ ਤਰ੍ਹਾਂ ਬੇਬੁਨਿਆਦ ਨਹੀਂ। ਰਾਜ ਦੀ ਸਰਕਾਰੀ ਭਾਸ਼ਾ ਦੇ ਸਬੰਧ ਵਿੱਚ ਕਾਨੂੰਨੀ ਤੌਰ ’ਤੇ ਪੰਜਾਬੀ ਨੂੰ ਮਹੱਤਵ ਪ੍ਰਾਪਤ ਹੈ ਅਤੇ ਇਸ ਨੂੰ ਹੋਰ ਮਜ਼ਬੂਤ ਬਣਾਉਣ ਲਈ ਸਰਕਾਰ ਨੇ ਨਵੇਂ ਕਦਮ ਵੀ ਚੁੱਕੇ ਹਨ, ਪਰ ਜ਼ਮੀਨੀ ਪੱਧਰ ’ਤੇ ਅਜੇ ਵੀ ਬਹੁਤ ਕੁਝ ਕਰਨ ਦੀ ਲੋੜ ਹੈ। ਪੰਜਾਬੀ ਭਾਸ਼ਾ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਲਈ ਸਰਕਾਰ , ਸਕੂਲਾਂ, ਮਾਪਿਆਂ, ਅਧਿਆਪਕਾਂ ਅਤੇ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਅਸੀਂ ਆਪਣੀ ਭਾਸ਼ਾ ਨੂੰ ਸਿੱਖਿਆ ਦੇ ਕੇਂਦਰ ਵਿੱਚ ਨਹੀਂ ਰੱਖਾਂਗੇ ਤਾਂ ਭਵਿੱਖ ਦੀਆਂ ਪੀੜ੍ਹੀਆਂ ਆਪਣੀਆਂ ਜੜ੍ਹਾਂ ਤੋਂ ਦੂਰ ਹੋ ਜਾਣਗੀਆਂ। ਵਿਸ਼ਵ ਦੇ ਬਹੁਤ ਸਾਰੇ ਦੇਸ਼ ਹਨ, ਜਿੱਥੇ ਉਹ ਆਪਣੀ ਮਾਤ ਭਾਸ਼ਾ ਵਿੱਚ ਆਪਣੀ ਸਾਰੀ ਸ਼ਾਸਨ ਪ੍ਰਣਾਲੀ ਚਲਾਉਂਦੇ ਹਨ ਅੱਜ ਉਹਨਾਂ ਦੀ ਸਥਿਤੀ ਵਿਸ਼ਵ ਵਿੱਚ ਬਹੁਤ ਅਹਿਮ ਹੈ।

# ਸੰਪਰਕ : 94176-2692

# ਪੈਸਕੋ ਮੁਲਾਜ਼ਮਾਂ ਵੱਲੋਂ ਤਨਖਾਹ ਕਟੌਤੀ ਖਿਲਾਫ 132 ਕੇ ਵੀ ਗਰਿੱਡ ਅੱਗੇ ਧਰਨਾ



**ਮੋਗਾ (ਇਕਬਾਲ ਸਿੰਘ ਖਹਿਰਾ)**

ਪਿਛਲੇ ਦੋ ਮਹੀਨੇ ਤੋਂ ਪੈਸਕੋ ਮੁਲਾਜ਼ਮ ਜੋ ਸਾਬਕਾ ਸੈਨਿਕ ਹਨ ਤੇ ਬਿਜਲੀ ਗਰਿੱਡਾਂ ਦੀ ਸੁਰੱਖਿਆ ਕਰਦੇ ਹਨ, ਦੀਆਂ ਤਨਖਾਹਾਂ ਵਿੱਚ ਕੀਤੀ ਕਟੌਤੀ ਦੇ ਵਿਰੋਧ ਵਿੱਚ ਮੋਗਾ ਦੇ 132 ਕੇ.ਵੀ. ਗਰਿੱਡ ਅੱਗੇ ਇਕੱਠੇ ਹੋ ਕੇ ਰੋਸ ਧਰਨਾ ਦਿੱਤਾ ਗਿਆ।ਇਸ ਧਰਨੇ ਵਿੱਚ 220 ਕੇ.ਵੀ. ਗਰਿੱਡ ਬਾਘਾ ਪੁਰਾਣਾ, 132 ਕੇ.ਵੀ. ਗਰਿੱਡ ਬੱਧਨੀ ਕਲਾਂ, 132 ਕੇ.ਵੀ. ਗਰਿੱਡ ਸਮਾਧ ਭਾਈ, 132 ਕੇ.ਵੀ. ਗਰਿੱਡ ਘੋਲੀਆ ਕਲਾਂ, 132 ਕੇ.ਵੀ. ਗਰਿੱਡ ਧੱਲੇਕੇ, 132 ਕੇ.ਵੀ. ਗਰਿੱਡ ਸਿੰਘਾਂ ਵਾਲਾ, 132 ਕੇ.ਵੀ. ਗਰਿੱਡ ਸੋਸਣ ਦੇ ਸੁਰੱਖਿਆ ਮੁਲਾਜ਼ਮਾਂ ਵੱਲੋਂ ਸ਼ਮੂਲੀਅਤ ਕੀਤੀ ਗਈ।

ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਗੁਰਸੇਵਕ ਸਿੰਘ ਤੇ ਸਤਨਾਮ ਸਿੰਘ ਨੇ ਕਿਹਾ ਕਿ ਉਹ ਸਾਬਕਾ ਸੈਨਿਕ ਹਨ ਤੇ ਪੈਸਕੋ ਕੰਪਨੀ ਦੇ ਮੁਲਾਜ਼ਮ ਹਨ, ਜੋ ਬਿਜਲੀ ਗਰਿੱਡਾਂ ਦੀ ਸੁਰੱਖਿਆ 'ਚ ਤੈਨਾਤ ਹਨ। ਉਨ੍ਹਾਂ ਕਿਹਾ ਕਿ ਪੈਸਕੋ ਵੱਲੋਂ ਪਿਛਲੇ ਦੋ ਮਹੀਨਿਆਂ ਤੋਂ ਉਨ੍ਹਾਂ ਦੀਆਂ ਤਨਖਾਹਾਂ ਵਿੱਚ ਵੱਡੀਆਂ ਕਟੌਤੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਸਬੰਧੀ ਉਨ੍ਹਾਂ ਵੱਲੋਂ ਅਨੇਕਾਂ ਵਾਰ ਕੰਪਨੀ ਦੇ ਆਗੂਆਂ ਨਾਲ ਗੱਲ ਕੀਤੀ ਗਈ, ਪਰ ਇਹ ਵਰਤਾਰਾ ਲਗਾਤਾਰ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਲਾਜ਼ਮਾਂ ਦੀ ਤਨਖਾਹ 13 ਹਜ਼ਾਰ ਹੈ, ਪਰ ਪੈਸਕੋ ਵੱਲੋਂ ਕਿਸੇ ਨੂੰ 2200, 3000, 5000, 6000 ਪਾਈਆਂ ਗਈਆਂ ਹਨ, ਜੋ ਇਨ੍ਹਾਂ ਮੁਲਾਜ਼ਮਾਂ ਨਾਲ ਸਰਾਸਰ ਧੱਕਾ ਹੈ।ਉਨ੍ਹਾਂ ਕਿਹਾ ਪਿਛਲੇ ਦਿਨੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਕ ਬਿਆਨ ਜਾਰੀ ਕੀਤਾ ਗਿਆ ਸੀ ਕਿ ਜੋ ਸਾਬਕਾ ਸੈਨਿਕ ਕੰਪਨੀ ਅਧੀਨ ਸੁਰੱਖਿਆ ਮੁਲਾਜ਼ਮ ਹਨ, ਉਨ੍ਹਾਂ ਨੂੰ ਸਰਕਾਰੀ ਮੁਲਾਜ਼ਮ ਵਜੋਂ ਨਿਯੁਕਤੀ ਕਰਕੇ ਤੈਨਾਤ ਕੀਤਾ ਜਾਵੇਗਾ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਠੇਕੇਦਾਰੀ ਸਿਸਟਮ ਖਤਮ ਕਰਕੇ ਜਲਦ ਤੋਂ ਜਲਦ ਇਨ੍ਹਾਂ ਸੁਰੱਖਿਆ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਤੇ ਉਨ੍ਹਾਂ ਦੀਆਂ ਬਕਾਇਆ ਤਨਖਾਹਾਂ ਜਲਦ ਦਵਾਈਆਂ ਜਾਣ ਤਾਂ ਜੋ ਇਹ ਸਾਬਕਾ ਸੈਨਿਕ ਆਪਣੇ ਘਰ ਦਾ ਗੁਜ਼ਰ ਕਰ ਸਕਣ।

ਇਸ ਮੌਕੇ ਗੁਰਮੇਲ ਸਿੰਘ, ਬਲਜਿੰਦਰ ਸਿੰਘ, ਗੁਰਪ੍ਰੀਤ ਸਿੰਘ, ਰਾਜਪਾਲ ਸਿੰਘ, ਕ੍ਰਿਸ਼ਨ ਸਿੰਘ, ਮਨਪ੍ਰੀਤ ਸਿੰਘ, ਜਗਜੀਤ ਸਿੰਘ, ਰਮਨਦੀਪ ਸਿੰਘ, ਗੁਰਪ੍ਰੀਤ ਸਿੰਘ, ਰੂੜ ਸਿੰਘ, ਜਸਕਰਨ ਸਿੰਘ, ਅੰਗਰੇਜ ਸਿੰਘ, ਗੁਰਤੇਜ ਸਿੰਘ, ਜਸਬੀਰ ਸਿੰਘ, ਬਲਦੇਵ ਸਿੰਘ, ਗੁਰਲਾਲ ਸਿੰਘ, ਅਵਤਾਰ ਸਿੰਘ, ਬਲਰਾਜ ਸਿੰਘ, ਗੁਰਪ੍ਰੀਤ ਸਿੰਘ, ਗੁਰਤੇਜ ਸਿੰਘ, ਮਨਜੀਤ ਸਿੰਘ, ਰੁਪਿੰਦਰ ਸਿੰਘ, ਬਲਜਿੰਦਰ ਸਿੰਘ ਤੇ ਜਸਕੀਰਤ ਸਿੰਘ ਆਦਿ ਆਗੂ ਹਾਜ਼ਰ ਸਨ।

# ਗੋਲਡੀ ਢਿੱਲੋਂ ਗੈਂਗ ਦੇ 5 ਗੁਰਗੇ 10 ਪਿਸਤੌਲਾਂ ਸਮੇਤ ਗ੍ਰਿਫ਼ਤਾਰ

### ਕਿਸੇ ਵੱਡੀ ਘਟਨਾ ਨੂੰ ਅੰਜਾਮ ਦੇਣ ਦੀ ਫ਼ਿਰਾਕ 'ਚ ਸਨ ਮੁਲਜ਼ਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਗੈਂਗਸਟਰ ਗੋਲਡੀ ਢਿੱਲੋਂ ਗੈਂਗ ਨਾਲ ਜੁੜੇ 5 ਮੈਂਬਰਾਂ ਨੂੰ ਪਟਿਆਲਾ ਪੁਲਸ ਨੇ ਗ੍ਰਿਫਤਾਰ ਕੀਤਾ ਹੈ, ਜਿਨ੍ਹਾਂ ਕੋਲੋਂ 10 ਪਿਸਤੌਲ ਬਰਾਮਦ ਕੀਤੇ ਗਏ ਹਨ। ਐੱਸ.ਐੱਸ.ਪੀ. ਵਰੁਣ ਸ਼ਰਮਾ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਅਰਸ਼ਦੀਪ ਸਿੰਘ ਉਰਫ਼ ਬਿੰਦਰ (ਉਮਰ 22 ਸਾਲ) ਵਾਸੀ ਪਿੰਡ ਰਸੂਲਪੁਰ ਸੈਦਾਂ, ਜਤਿੰਦਰ ਗੁਪਤਾ (ਉਮਰ 27 ਸਾਲ) ਵਾਸੀ ਗੋਪਾਲ ਕਲੋਨੀ ਪਟਿਆਲਾ, ਜਸਵੰਤ ਉਰਫ਼ ਯੋਧਾ (ਉਮਰ 24 ਸਾਲ) ਵਾਸੀ ਸੰਗਰੂਰ ਰੋਡ ਪਟਿਆਲਾ, ਅਭਿਸ਼ੇਕ (ਉਮਰ 22 ਸਾਲ) ਵਾਸੀ ਪਿੰਡ ਸਿਘਸਰ ਹਰਿਆਣਾ ਤੇ ਅਖਿਲ ਅਹਿਮਦ (ਉਮਰ 20 ਸਾਲ) ਵਾਸੀ ਰਿਸ਼ੀ ਕਲੋਨੀ ਪਟਿਆਲਾ ਵਜੋਂ ਹੋਈ ਹੈ।ਐੱਸ.ਐੱਸ.ਪੀ. ਨੇ ਦੱਸਿਆ ਕਿ ਸੀ.ਆਈ.ਏ. ਮੁਖੀ ਪ੍ਰਦੀਪ ਸਿੰਘ ਬਾਜਵਾ ਦੀ ਅਗਵਾਈ ਵਿਚ ਪੁਲਸ ਟੀਮ ਥਾਣਾ ਅਰਬਨ ਐਸਟੇਟ ਦੇ ਏਰੀਏ 'ਚ ਪੈਟਰੋਲਿੰਗ ਕਰ ਰਹੀ ਸੀ।ਇਸ ਦੌਰਾਨ ਸਾਧੂ ਬੇਲਾ ਰੋਡ 'ਤੇ ਉਕਤ ਪੰਜਾਂ ਮੁਲਜ਼ਮਾਂ ਨੂੰ ਉਸ ਵੇਲੇ ਦਬੋਚ ਲਿਆ, ਜਦੋਂ ਉਹ ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਹੇ ਸਨ।ਮੁਲਜ਼ਮਾਂ ਖ਼ਿਲਾਫ਼ ਥਾਣਾ ਅਰਬਨ ਐਸਟੇਟ ਵਿਖੇ ਅਸਲਾ ਐਕਟ ਤੇ ਬੀ.ਐੱਨ.ਐੱਸ. ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।ਪੁੱਛਗਿੱਛ ਦੌਰਾਨ ਸਾਹਮਣੇ ਆਇਆ ਹੈ ਕਿ ਜੇਲ੍ਹ 'ਚ ਬੰਦ ਰਹਿਣ ਦੌਰਾਨ ਇਨ੍ਹਾਂ ਦਾ ਪੰਜਾਬ ਤੇ ਨਾਲ ਲੱਗਦੇ ਸੂਬਿਆਂ ਦੇ ਬਦਨਾਮ ਨਸ਼ਾ ਤੇ ਹਥਿਆਰ ਤਸਕਰਾਂ ਨਾਲ ਮੇਲ ਹੋਇਆ ਸੀ।ਜੇਲ੍ਹ 'ਚੋਂ ਬਾਹਰ ਆਉਣ ਤੋਂ ਬਾਅਦ ਮੁਲਜ਼ਮ ਜਸਵੰਤ ਉਰਫ਼ ਯੋਧਾ ਨੇ ਸੋਸ਼ਲ ਮੀਡੀਆ ਰਾਹੀਂ ਆਪਣੇ ਤਰਨਤਾਰਨ ਦੇ ਸਾਥੀ ਨਾਲ ਸੰਪਰਕ ਕਰਕੇ ਹਥਿਆਰਾਂ ਦੀ ਖੇਪ ਮੰਗਵਾਈ ਸੀ।ਇਹ ਹਥਿਆਰ ਇਨ੍ਹਾਂ ਨੇ ਆਪਣੇ ਵਿਰੋਧੀ ਧੜੇ ਦੇ ਵਿਅਕਤੀਆਂ 'ਤੇ ਹਮਲਾ ਕਰਨ ਤੇ ਜਾਨੀ-ਮਾਲੀ ਨੁਕਸਾਨ ਪਹੁੰਚਾਉਣ ਲਈ ਵਰਤਣੇ ਸਨ।

# ਡਿਸਟ੍ਰੀਬਿਊਟਰੀ 'ਤੇ ਨਿਰਮਾਣ ਅਧੀਨ ਪੁਲ ਦੀ ਨੁਕਸਾਨੀ ਬੁਰਜੀ, ਆਵਾਜਾਈ ਖੋਲ੍ਹੀ ਤਾਂ ਹਾਦਸੇ ਦੀ ਸੰਭਾਵਨਾ

### ■ ਪੁਲ ਦੀ ਸਟ੍ਰੈਂਥ ਚੈੱਕ ਕਰਨ ਤੋਂ ਬਾਅਦ ਹੀ ਚਾਲੂ ਕੀਤਾ ਜਾਵੇਗਾ : ਐੱਸ.ਡੀ.ਓ.

**ਭੀਖੀ (ਧਰਮਵੀਰ ਸ਼ਰਮਾ)**-ਧਲੇਵਾਂ ਰੋਡ 'ਤੇ ਭੀਖੀ ਡਿਸਟ੍ਰੀਬਿਊਟਰੀ (ਨਹਿਰ) ਉੱਪਰ ਨਿਰਮਾਣ ਅਧੀਨ ਪੁਲ ਦੇ ਨਾਲ ਪਾੜ ਪੈਣ ਨਾਲ ਜਿੱਥੇ ਸੈਂਕੜੇ ਏਕੜ ਜ਼ਮੀਨ ਵਿੱਚ ਪਾਣੀ ਭਰ ਗਿਆ ਸੀ, ਉਥੇ ਇਹ ਨਿਰਮਾਣ ਅਧੀਨ ਪੁਲ ਦਾ ਅਧਾਰ ਵੀ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਹੈ ਅਤੇ ਤਾਜੀ ਪਾਈ ਸਲੈਬ ਹੇਠੋਂ ਸ਼ਟਰਿੰਗ ਖਿਸਕਣ ਨਾਲ ਸਲੈਬ ਦੀ ਮਜ਼ਬੂਤੀ 'ਤੇ ਵੀ ਸਵਾਲ ਖੜੇ ਹੋ ਗਏ ਹਨ ਕਿ ਕੀ ਇਹ ਪੁਲ ਵਰਤਣ ਯੋਗ ਵੀ ਹੋਵੇਗਾ ਜਾਂ ਨਹੀਂ? ਜ਼ਿਕਰਯੋਗ ਹੈ ਕਿ ਨਗਰ ਪੰਚਾਇਤ ਵੱਲੋਂ ਕਸਬੇ ਦੇ ਛੱਪੜਾਂ ਦੇ ਪਾਣੀ ਦੀ ਨਿਕਾਸੀ ਲਈ ਨਹਿਰ ਹੇਠੋਂ ਜ਼ਮੀਨਦੋਜ਼ ਪਾਇਪ ਲਾਈਨ ਨੂੰ ਵੀ ਨਹਿਰ ਟੁੱਟਣ ਦਾ ਕਾਰਨ ਮੰਨਿਆ ਜਾ ਰਿਹਾ ਹੈ।ਭਾਵੇਂ ਨਗਰ ਪੰਚਾਇਤ ਦੇ ਜੇ. ਈ. ਰਾਕੇਸ਼ ਕੁਮਾਰ ਨੇ ਕਿਹਾ ਕਿ ਅਸੀਂ ਨਹਿਰੀ ਵਿਭਾਗ ਦੀ ਨਿਸ਼ਾਨਦੇਹੀ 'ਤੇ ਹੀ ਪਾਇਪ ਪਾਈ ਸੀ ਤੇ ਪਾਇਪ ਲਾਈਨ ਪਾਉਣ ਲਈ ਮਾਹਰ ਕਾਰੀਗਰਾਂ ਨਾਲ ਉੱਚ ਤਕਨੀਕੀ ਡਰਿੱਲ ਮਸ਼ੀਨ ਦੀ ਵਰਤੋਂ ਕੀਤੀ ਸੀ, ਪ੍ਰੰਤੂ ਸਵਾਲ ਇਹ ਖੜ੍ਹਾ ਹੁੰਦਾ ਹੈ ਕਿ ਨਹਿਰ ਦੇ ਬੈੱਡ ਤੋਂ ਲਗਾਤਾਰ ਪਾਣੀ ਦਾ ਰਿਸਾਵ ਧਰਤੀ ਵਿੱਚ ਹੁੰਦਾ ਰਹਿੰਦਾ ਹੈ, ਜਿਸ ਦੇ ਚਲਦੇ ਹੇਠਲੀ ਮਿੱਟੀ ਦੀ ਸਟ੍ਰੈਂਥ ਹੋਰ ਮੈਦਾਨੀ ਮਿੱਟੀ ਨਾਲੋਂ ਘੱਟ ਹੁੰਦੀ ਹੈ, ਜਿਸ ਲਈ ਕਈ ਤਰ੍ਹਾਂ ਦੀ ਲੈਬੋਰੇਟਰੀ ਟੈਸਟਿੰਗ ਦੀ ਜ਼ਰੂਰਤ ਰਹਿੰਦੀ ਹੈ ਤਾਂ ਜੋ ਪਾਇਪ ਲਾਈਨ ਕਾਰਨ ਨਹਿਰ ਨੂੰ ਕੋਈ ਨੁਕਸਾਨ ਨਾ ਪੁੱਜੇ, ਪ੍ਰੰਤੂ ਸੂਤਰਾਂ ਅਨੁਸਾਰ ਅਜਿਹੀ ਇਤਿਹਾਤ ਦੋਵੇਂ ਵਿਭਾਗਾਂ ਵੱਲੋਂ ਨਹੀਂ ਵਰਤੀ ਗਈ।ਦੂਸਰੇ ਪਾਸੇ ਨਹਿਰ ਦਾ ਇਹ ਪੁਲ ਨੀਵਾਂ ਹੋਣ ਕਾਰਨ ਅਕਸਰ ਇਸ ਪੁੱਲ 'ਤੇ ਪਾਣੀ ਦੀ ਡਾਫ ਲੱਗ ਜਾਂਦੀ ਸੀ ਤੇ ਨਹਿਰ ਦੀ ਲਾਇਨਿੰਗ ਲੀਕ ਹੋਣ ਦਾ ਖਤਰਾ ਬਣਿਆ ਰਹਿੰਦਾ ਸੀ, ਜਿਸ ਨੂੰ ਲੈ ਕੇ ਵਿਭਾਗ ਵੱਲੋਂ ਕਰੀਬ 18 ਲੱਖ ਰੁਪਏ ਦੀ ਲਾਗਤ ਨਾਲ ਇਸ ਪੁਲ ਨੂੰ ਉੱਚਾ ਚੁਕਵਾਇਆ ਗਿਆ, ਜਿਸ 'ਤੇ 11 ਜੂਨ ਨੂੰ ਹੀ ਸਲੈਬ ਪਾਈ ਗਈ ਸੀ ਅਤੇ 12 ਜੂਨ ਦੀ ਸ਼ਾਮ ਨੂੰ ਨਹਿਰ ਵਿੱਚ ਪਾਣੀ ਆਉਣ 'ਤੇ 13 ਜੂਨ ਦੀ ਸਵੇਰ 3 ਵਜੇ ਦੇ ਕਰੀਬ ਨਹਿਰ ਵਿੱਚ ਪਾੜ ਪੈ ਗਿਆ, ਜਿਸ ਕਰਕੇ ਨਿਰਮਾਣ ਅਧੀਨ ਪੁਲ ਦੀ ਸ਼ਟਰਿੰਗ ਪਾਣੀ ਦੇ ਤੇਜ਼ ਵਹਾਅ ਵਿੱਚ ਵਹਿ ਗਈ।ਅੱਜ ਮੌਕੇ 'ਤੇ ਜਾਇਜ਼ਾ ਲੈਣ ਮੁਤਾਬਕ ਪੁਲ ਹੇਠ ਕੁਝ ਸ਼ਟਰਿੰਗ ਦੀ ਸਪੋਰਟ ਨਹੀਂ ਲਾਈ ਗਈ ਸੀ ਅਤੇ ਪੁਲ ਦੇ ਵਿਚਾਲੇ ਬਣੀ ਇੱਟਾਂ ਦੀ ਬੁਰਜੀ ਵੀ ਦੋਵੇਂ ਸਾਇਡਾਂ ਤੋਂ ਨੁਕਸਾਨੀ ਹੋਈ ਹੈ ਅਤੇ ਪੁਲ ਹੇਠਲੇ ਬੈੱਡ ਨੂੰ ਵੀ ਨੁਕਸਾਨ ਪੁੱਜਾ ਹੈ।ਜੇਕਰ ਪੁਲ ਨੂੰ ਚਾਲੂ ਕਰਨ ਸਮੇਂ ਥੋੜ੍ਹੀ ਜਿਹੀ ਵੀ ਕੁਤਾਹੀ ਹੋਈ ਤਾਂ ਕੋਈ ਵੱਡੀ ਦੁਰਘਟਨਾ ਵਾਪਰ ਸਕਦੀ ਹੈ। ਸਿੰਚਾਈ ਵਿਭਾਗ ਦੇ ਉੱਪ ਮੰਡਲ ਅਫਸਰ ਸਤਿਗੁਰ ਸਿੰਘ ਨੇ ਦੱਸਿਆ ਕਿ ਨਹਿਰ ਦੀ ਸੁਰੱਖਿਆ ਲਈ ਇਸ ਪੁਲ ਨੂੰ ਉੱਚਾ ਕੀਤਾ ਗਿਆ ਸੀ ਤੇ ਹੁਣ ਨਹਿਰ ਟੁੱਟਣ ਕਾਰਨ ਹੋਏ ਨੁਕਸਾਨ ਤੋਂ ਬਾਅਦ ਪੁਲ ਦੀ ਸਟ੍ਰੈਂਥ ਚੈੱਕ ਕਰਨ 'ਤੇ ਹੀ ਜਨਤਾ ਲਈ ਖੋਲ੍ਹਿਆ ਜਾਵੇਗਾ।ਉਧਰ ਨਗਰ ਪੰਚਾਇਤ ਵੱਲੋਂ ਪਾਈ ਪਾਇਪ ਲਾਈਨ ਨੂੰ ਚੈੱਕ ਕਰਨ ਲਈ ਕੀਤੀ ਖੁਦਾਈ ਤੋਂ ਕਰੀਬ ਅੱਠ ਦਹਾਕੇ ਪੁਰਾਣਾ ਪੁਲ ਸਾਹਮਣੇ ਆਇਆ ਹੈ, ਜਿਸ ਦਾ ਸਰੂਪ ਤੇ ਮਜ਼ਬੂਤੀ ਹਾਲੇ ਵੀ ਧਿਆਨ ਖਿੱਚਦੀ ਹੈ।ਕਾਰਨ ਇਹ ਵੀ ਮੰਨਿਆ ਜਾ ਰਿਹਾ ਹੈ ਕਿ ਸ਼ਾਇਦ ਪਾਇਪ ਲਾਈਨ ਪਾਉਣ ਸਮੇਂ ਇਹ ਪੁਰਾਣਾ ਪੁਲ ਵਿਚਕਾਰ ਆਇਆ ਹੋਵੇ, ਜਿਸ ਕਰਕੇ ਪਾਣੀ ਦੇ ਰਿਸਾਵ ਨਾਲ ਪਾੜ ਪਿਆ ਹੋਵੇ ਅਤੇ ਦੂਜੇ ਪਾਸੇ ਫਾਇਦਾ ਇਹ ਵੀ ਹੋਇਆ ਕਿ ਇਸ ਪੁਰਾਣੇ ਪੁਲ ਨੇ ਪਾੜ ਨੂੰ ਹੋਰ ਅੱਗੇ ਨਹੀਂ ਵਧਣ ਦਿੱਤਾ।



ਉਧਰ ਵਿਭਾਗੀ ਸੂਤਰਾਂ ਅਨੁਸਾਰ ਨਗਰ ਪੰਚਾਇਤ ਵੱਲੋਂ ਨਹਿਰ ਹੇਠੋਂ ਪਾਇਪ ਲਾਈਨ ਲੰਘਾਉਣ ਲਈ ਭਾਵੇਂ ਸਿੰਚਾਈ ਵਿਭਾਗ ਤੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਲਈ ਫਾਈਲ ਭੇਜੀ ਹੋਈ ਹੈ, ਪ੍ਰੰਤੂ ਹਾਲੇ ਤੱਕ ਸਿੰਚਾਈ ਵਿਭਾਗ ਨੇ ਨਗਰ ਪੰਚਾਇਤ ਨੂੰ ਐੱਨ.ਓ.ਸੀ. ਜਾਰੀ ਨਹੀਂ ਕੀਤੀ।ਇਸ ਸਬੰਧੀ ਸਿੰਚਾਈ ਵਿਭਾਗ ਦੇ ਜੇ. ਈ. ਸਾਹਿਲ ਕੁਮਾਰ ਨੇ ਦੱਸਿਆ ਕਿ ਨਗਰ ਪੰਚਾਇਤ ਨੇ ਸਿੰਚਾਈ ਵਿਭਾਗ ਦੇ ਦਫਤਰ ਇਤਰਾਜ਼ਹੀਣਤਾ ਸਰਟੀਫਿਕੇਟ ਲਈ ਫਾਈਲ ਭੇਜੀ ਹੋਈ ਹੈ, ਪ੍ਰੰਤੂ ਹਾਲੇ ਤੱਕ ਫਾਇਲ ਵਿਭਾਗੀ ਵਿਚਾਰ ਅਧੀਨ ਹੈ।

## ਕਾਤਰਾਂ

### ਕ੍ਰਿਸ਼ਨ ਸਿੰਗਲਾ ਦੀ ਯਾਦ 'ਚ ਸ਼ਰਧਾਂਜਲੀ ਸਮਾਗਮ 24 ਨੂੰ



**ਕੋਟਕਪੂਰਾ (ਰਛਪਾਲ ਭੁੱਲਰ)**-ਫਰੀਦਕੋਟ, ਮੋਗਾ ਤੇ ਸ੍ਰੀ ਮੁਕਤਸਰ ਸਾਹਿਬ ਵਿਖੇ ਸਾਲ 1990 ਤੋਂ 1997 ਤੱਕ ਚੱਲੀ ਸਾਖ਼ਰਤਾ ਲਹਿਰ ਦੇ ਜਰਨੈਲ, ਬੇਬਾਕ ਸਮਾਜਸੇਵੀ, ਬਹੁਤ ਵਧੀਆ ਆਰਗੇਨਾਇਜ਼ਰ, ਸਮਾਜਿਕ, ਵਪਾਰਕ ਤੇ ਰਾਜਨੀਤਕ ਆਕਾਸ਼ ਦੀ ਬੁਲੰਦ ਅਵਾਜ਼ ਕ੍ਰਿਸ਼ਨ ਸਿੰਗਲਾ, ਜੋ ਪਿਛਲੇ ਸਮੇਂ ਦੌਰਾਨ ਮੋਹਾਲੀ ਵਿਖੇ ਸਦੀਵੀ ਵਿਛੋੜਾ ਦੇ ਗਏ ਸਨ, ਵੱਲੋਂ ਸਮਾਜ ਦੇ ਵੱਖ ਵੱਖ ਖੇਤਰਾਂ ਵਿੱਚ ਨਿਭਾਏ ਗਏ ਮਿਸਾਲੀ ਯੋਗਦਾਨ ਬਾਰੇ ਯਾਦਾਂ ਸਾਂਝੀਆਂ ਕਰਨ ਲਈ ਇੱਕ ਸ਼ਰਧਾਂਜਲੀ ਸਮਾਗਮ 24 ਜੂਨ ਨੂੰ ਸਵੇਰੇ 10-30 ਵਜੇ ਅਗਰਵਾਲ ਭਵਨ ਲਾਜਪਤ ਨਗਰ, ਕੋਟਕਪੂਰਾ ਵਿਖੇ ਕੀਤਾ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦਿਆਂ ਕ੍ਰਿਸ਼ਨ ਸਿੰਗਲਾ ਦੇ ਨਜ਼ਦੀਕੀ ਸਾਥੀ ਡਾਕਟਰ ਤੇਜਬੀਰ ਸਿੰਘ, ਓਮਕਾਰ ਗੋਇਲ ਪ੍ਰਧਾਨ ਆਲ ਇੰਡੀਆ ਕਰਿਆਨਾ ਮਰਚੈਂਟਸ ਫੈਡਰੇਸ਼ਨ, ਰਮਨ ਮਨਚੰਦਾ, ਵਿਪਨ ਕੁਮਾਰ ਬਿੱਟੂ, ਪੈਨਸ਼ਨਰ ਆਗੂ ਪ੍ਰੇਮ ਚਾਵਲਾ, ਪਵਨ ਗੁਲਾਟੀ ਸੇਵਾ ਮੁਕਤ ਜ਼ਿਲ੍ਹਾ ਮਾਲ ਅਫਸਰ, ਮੁਕੰਦ ਕਮਲ ਬਾਘਾ ਪੁਰਾਣਾ, ਨਾਇਬ ਸਿੰਘ ਫਰੀਦਕੋਟ ਤੇ ਹੋਰਨਾਂ ਨੇ ਦੱਸਿਆ ਕਿ ਸ਼ਰਧਾਂਜਲੀ ਸਮਾਗਮ ਦੌਰਾਨ ਵੱਖ ਵੱਖ ਰਾਜਨੀਤਕ, ਸਮਾਜਿਕ ਤੇ ਵਪਾਰਕ ਜਥੇਬੰਦੀਆਂ ਦੇ ਆਗੂ ਕ੍ਰਿਸ਼ਨ ਸਿੰਗਲਾ ਦੀ ਸ਼ਖ਼ਸੀਅਤ ਦੇ ਵੱਖ ਵੱਖ ਪਹਿਲੂਆਂ ਬਾਰੇ ਰੌਸ਼ਨੀ ਪਾਉਣਗੇ ਤੇ ਸ਼ਰਧਾ ਦੇ ਫੁੱਲ ਭੇਟ ਕਰਨਗੇ।

### ਪੀੜਤ ਪਰਵਾਰ ਵੱਲੋਂ ਪ੍ਰਸ਼ਾਸਨ ਤੋਂ ਸਿਰ 'ਤੇ ਛੱਤ ਮੁਹੱਈਆ ਕਰਵਾਉਣ ਦੀ ਮੰਗ



**ਜਲਾਲਾਬਾਦ (ਬਲਵਿੰਦਰ ਸਿੰਘ)**-ਬੀਤੀ ਰਾਤ ਪਏ ਤੇਜ਼ ਮੀਂਹ ਤੇ ਚੱਲੀਆਂ ਤੇਜ਼ ਹਵਾਵਾਂ ਕਾਰਨ ਪਿੰਡ ਚੱਕ ਰੋਮਾਵਾਲਾ ਦੇ ਵਸਨੀਕ ਮੁਖਤਿਆਰ ਸਿੰਘ ਪੁੱਤਰ ਕਸ਼ਮੀਰ ਸਿੰਘ ਦੇ ਘਰ ਦੇ ਇੱਕ ਕਮਰੇ ਦੀ ਛੱਤ ਅਚਾਨਕ ਡਿੱਗ ਗਈ।ਹਾਦਸੇ ਵੇਲੇ ਪਰਿਵਾਰਕ ਮੈਂਬਰ ਘਰ ਵਿੱਚ ਮੌਜੂਦ ਸਨ, ਪਰ ਖੁਸ਼ਕਿਸਮਤੀ ਨਾਲ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਤੇ ਸਾਰਾ ਪਰਿਵਾਰ ਵਾਲ-ਵਾਲ ਬਚ ਗਿਆ।ਪੀੜਤ ਮੁਖਤਿਆਰ ਸਿੰਘ ਨੇ ਦੱਸਿਆ ਕਿ ਮੀਂਹ ਤੇ ਤੇਜ਼ ਹਵਾ ਕਾਰਨ ਕੱਚੀ ਤੇ ਪੁਰਾਣੀ ਛੱਤ ਢਹਿ ਗਈ, ਜਿਸ ਨਾਲ ਘਰ ਦਾ ਕਾਫ਼ੀ ਸਾਮਾਨ ਵੀ ਨੁਕਸਾਨਿਆ ਗਿਆ।ਹਾਦਸੇ ਤੋਂ ਬਾਅਦ ਪਰਵਾਰ ਡਰ ਤੇ ਸਹਿਮ ਦੇ ਮਾਹੌਲ ਵਿੱਚ ਹੈ ਅਤੇ ਹੁਣ ਉਨ੍ਹਾਂ ਕੋਲ ਰਹਿਣ ਲਈ ਸੁਰੱਖਿਅਤ ਥਾਂ ਨਹੀਂ ਰਹੀ।ਮੁਖਤਿਆਰ ਸਿੰਘ ਤੇ ਉਨ੍ਹਾਂ ਦੇ ਪਰਵਾਰ ਨੇ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਕੋਲੋਂ ਮਾਲੀ ਸਹਾਇਤਾ ਤੇ ਪੱਕੇ ਮਕਾਨ ਲਈ ਮਦਦ ਦੀ ਮੰਗ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸਿਰ ਉੱਤੇ ਛੱਤ ਮੁਹੱਈਆ ਕਰਵਾਈ ਜਾਵੇ ਤਾਂ ਜੋ ਉਹ ਆਪਣੇ ਪਰਵਾਰ ਸਮੇਤ ਸੁਰੱਖਿਅਤ ਢੰਗ ਨਾਲ ਰਹਿ ਸਕਣ।ਪਿੰਡ ਵਾਸੀਆਂ ਨੇ ਵੀ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਪੀੜਤ ਪਰਵਾਰ ਦੀ ਹਾਲਤ ਨੂੰ ਦੇਖਦੇ ਹੋਏ ਜਲਦ ਤੋਂ ਜਲਦ ਬਣਦੀ ਸਹਾਇਤਾ ਦਿੱਤੀ ਜਾਵੇ, ਤਾਂ ਜੋ ਪਰਵਾਰ ਨੂੰ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਮਿਲ ਸਕੇ।

# ਸੱਤਵੇਂ ਦਿਨ ਵੀ ਮੋਬਾਇਲ ਟਾਵਰ 'ਤੇ ਡਟਿਆ ਰਿਹਾ ਹਰਜੀਤ ਸਿੰਘ ਬਰਨਾਲਾ

### ਬੈਕਲਾਗ ਪੋਸਟਾਂ ਨੂੰ ਭਰਨ ਲਈ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਨੂੰ ਖੂਨ ਨਾਲ ਲਿਖੀ ਚਿੱਠੀ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਈਟੀਟੀ 2994 ਬੇਰੁਜ਼ਗਾਰ ਅਧਿਆਪਕਾਂ ਵੱਲੋਂ ਬੈਕਲਾਗ ਅਸਾਮੀਆਂ ਨੂੰ ਤੁਰੰਤ ਭਰਨ ਦੀ ਮੰਗ ਨੂੰ ਲੈ ਕੇ ਉੱਚੇ ਮੋਬਾਇਲ ਟਾਵਰ 'ਤੇ ਚੜ੍ਹਿਆ ਬੇਰੁਜ਼ਗਾਰ ਅਧਿਆਪਕ ਆਗੂ ਹਰਜੀਤ ਸਿੰਘ ਬਰਨਾਲਾ ਮੰਗਲਵਾਰ ਲਗਾਤਾਰ ਸੱਤਵੇਂ ਦਿਨ ਵੀ ਪ੍ਰਸ਼ਾਸਨਕ ਦਬਾਅ ਤੇ ਮੌਸਮ ਦੀਆਂ ਹਾਲਤਾਂ ਦੀ ਪ੍ਰਵਾਹ ਕੀਤੇ ਬਿਨਾਂ ਟਾਵਰ ਦੇ ਸਿਖਰ 'ਤੇ ਡਟਿਆ ਰਿਹਾ।ਟਾਵਰ ਦੇ ਹੇਠਾਂ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਬੇਰੁਜ਼ਗਾਰ ਅਧਿਆਪਕਾਂ ਨੇ ਪੰਜਾਬ ਸਰਕਾਰ ਦੇ ਅੜੀਅਲ ਵਤੀਰੇ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਸੰਘਰਸ਼ ਦੇ ਸੱਤਵੇਂ ਦਿਨ ਰੋਸ ਪ੍ਰਦਰਸ਼ਨ ਕਰ ਰਹੇ ਬੇਰੁਜ਼ਗਾਰ ਅਧਿਆਪਕਾਂ ਨੇ ਆਪਣੀਆਂ ਹੱਕੀ ਮੰਗਾਂ ਦੀ ਪੂਰਤੀ ਲਈ ਆਪਣੇ ਖੂਨ ਨਾਲ ਪੰਜਾਬ ਦੇ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਦੇ ਨਾਂ ਇੱਕ ਮੰਗ ਪੱਤਰ ਰੂਪੀ ਚਿੱਠੀ ਲਿਖੀ।ਇਸ ਖੂਨ ਨਾਲ ਲਿਖੀ ਚਿੱਠੀ ਰਾਹੀਂ ਬੇਰੁਜ਼ਗਾਰਾਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ 2994 ਬੈਕਲਾਗ ਪੋਸਟਾਂ ਦੀ ਭਰਤੀ ਪ੍ਰਕਿਰਿਆ ਨੂੰ ਤੁਰੰਤ ਮੁਕੰਮਲ ਨਾ ਕੀਤਾ ਗਿਆ, ਤਾਂ ਇਸ ਸੰਘਰਸ਼ ਨੂੰ ਆਉਣ ਵਾਲੇ ਦਿਨਾਂ ਵਿੱਚ ਹੋਰ ਤੇਜ਼ ਤੇ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸੂਬਾ ਸਰਕਾਰ ਦੀ ਹੋਵੇਗੀ।ਉਨ੍ਹਾਂ ਆਖਿਆ ਕਿ ਹਰਜੀਤ ਸਿੰਘ ਬਰਨਾਲਾ ਦੀ ਜਾਨ ਨੂੰ ਟਾਵਰ 'ਤੇ ਖ਼ਤਰਾ ਬਣਿਆ ਹੋਇਆ ਹੈ, ਪਰ ਪ੍ਰਸ਼ਾਸਨ ਤੇ ਸਰਕਾਰ ਇਸ ਗੰਭੀਰ ਮਸਲੇ ਦਾ ਹੱਲ ਕੱਢਣ ਦੀ ਬਜਾਏ ਮੂਕ ਦਰਸ਼ਕ ਬਣੇ ਬੈਠੇ ਹਨ।ਉਨ੍ਹਾਂ ਸਾਫ਼ ਸ਼ਬਦਾਂ ਵਿੱਚ ਕਿਹਾ ਕਿ ਜਦੋਂ ਤੱਕ ਸਰਕਾਰ ਉਨ੍ਹਾਂ ਦੀਆਂ ਮੰਗਾਂ ਦਾ ਸਾਰਥਕ ਨਿਪਟਾਰਾ ਕਰਕੇ ਨਿਯੁਕਤੀ ਪੱਤਰ ਜਾਰੀ ਨਹੀਂ ਕਰਦੀ, ਉਦੋਂ ਤੱਕ ਇਹ ਮੋਰਚਾ ਕਿਸੇ ਵੀ ਕੀਮਤ 'ਤੇ ਖ਼ਤਮ ਨਹੀਂ ਹੋਵੇਗਾ।

# ਅਧਿਆਪਕਾਂ ਨੇ ਗੈਰ-ਵਿੱਦਿਅਕ ਡਿਊਟੀਆਂ ਦਾ ਪ੍ਰਸ਼ਾਸਨ ਅੱਗੇ ਕੀਤਾ ਵਿਰੋਧ ਪ੍ਰਗਟ



**ਸਮਰਾਲਾ (ਸੁਰਜੀਤ ਸਿੰਘ)**

ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਨੇ ਅਧਿਆਪਕਾਂ ਦੀਆਂ ਗੈਰ-ਵਿੱਦਿਅਕ ਕੰਮਾਂ ਲਈ ਡਿਊਟੀਆਂ ਲਾਉਣ ਦਾ ਵਿਰੋਧ ਜਤਾਉਣ ਲਈ ਐੱਸ ਡੀ ਐੱਮ ਸਮਰਾਲਾ ਨਾਲ ਮੁਲਾਕਾਤ ਕੀਤੀ।ਡੀ ਟੀ ਐੱਫ ਲੁਧਿਆਣਾ ਦੇ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਸਮਰਾਲਾ ਨੇ ਕਿਹਾ ਕਿ ਇੱਕ ਪਾਸੇ ਸਰਕਾਰ ਵੱਲੋਂ ਅਖਬਾਰਾਂ ਤੇ ਹੋਰ ਸੰਚਾਰ ਸਾਧਨਾਂ ਰਾਹੀਂ ਇਸ ਸਰਵੇ ਲਈ ਸਵੈਇੱਛਤ ਮੁਲਾਜ਼ਮਾਂ ਦੀਆਂ ਡਿਊਟੀਆਂ ਲਗਾਉਣ ਸਬੰਧੀ ਇਸ਼ਤਿਹਾਰ ਦਿੱਤੇ ਗਏ ਹਨ, ਪਰ ਦੂਜੇ ਪਾਸੇ ਅਧਿਕਾਰੀਆਂ ਵੱਲੋਂ ਅਧਿਆਪਕਾਂ ਦੀਆਂ ਜਬਰੀ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ, ਜਿਸ ਨਾਲ ਬੱਚਿਆਂ ਦੀ ਪੜ੍ਹਾਈ 'ਤੇ ਵਿਪਰੀਤ ਅਸਰ ਪਵੇਗਾ।ਉਨ੍ਹਾਂ ਕਿਹਾ ਕਿ ਅਧਿਆਪਕਾਂ ਦੀ ਮਰਦਮਸ਼ੁਮਾਰੀ, ਬੀ.ਐੱਲ.ਓ. ਡਿਊਟੀਆਂ, ਇਲੈਕਸ਼ਨ ਡਿਊਟੀਆਂ ਤੋਂ ਇਲਾਵਾ ਡਰੱਗ ਸੈਂਸਜ਼, ਤੀਰਥ ਯਾਤਰਾ ਤੇ ਹੈਲਥ ਕਾਰਡ ਬਣਾਉਣ ਲਈ ਵੀ ਡਿਊਟੀ ਲਗਾਈ ਗਈ ਹੈ।ਜਥੇਬੰਦੀ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਹੁਸ਼ਿਆਰ ਸਿੰਘ ਤੇ ਮਨਪ੍ਰੀਤ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਸਰਵੇ ਦੇ ਨਾਂ ਹੇਠ ਇੱਕ ਪਾਰਟੀ ਵਿਸ਼ੇਸ਼ ਲਈ ਏਜੰਡਾ ਤਿਆਰ ਕਰਵਾਇਆ ਜਾ ਰਿਹਾ ਹੈ।ਆਗੂਆਂ ਨੇ ਕਿਹਾ ਕਿ ਇਸ ਸਬੰਧੀ ਡੀਟੀਐੱਫ ਦਾ ਵਫ਼ਦ ਐੱਸ ਡੀ ਐੱਮ ਸਮਰਾਲਾ ਨੂੰ ਮਿਲਿਆ।ਆਗੂਆਂ ਨੇ ਦੋਸ਼ ਲਾਇਆ ਕਿ ਪ੍ਰਸ਼ਾਸਨਕ ਅਧਿਕਾਰੀ ਨੇ ਉਨ੍ਹਾਂ ਦੀ ਗੱਲ ਨਹੀਂ ਸੁਣੀ।ਇਸ ਸਬੰਧੀ ਐੱਸ ਡੀ ਐੱਮ ਸਮਰਾਲਾ ਨਾਲ ਫੋਨ 'ਤੇ ਗੱਲ ਕਰਨ ਦੀ ਕੋਸ਼ਿਸ਼ ਕੀਤੀ, ਪਰ ਸੰਪਰਕ ਨਹੀਂ ਹੋ ਸਕਿਆ।ਆਗੂਆਂ ਨੇ ਅਧਿਕਾਰੀ ਦੇ ਵਤੀਰੇ ਦੀ ਨਿਖੇਧੀ ਕੀਤੀ।ਇਸ ਮੌਕੇ ਬਲਜੀਤ ਸਿੰਘ, ਰਾਜਵੀਰ ਸਿੰਘ, ਕੁਲਵੀਰ ਸਿੰਘ, ਸੁਖਦੇਵਜੀਤ ਸਿੰਘ, ਹਰਦਮਨਦੀਪ ਸਿੰਘ, ਕਮਲ ਕ੍ਰਿਸ਼ਨ, ਸੁਰਪ੍ਰੀਤ ਸਿੰਘ, ਕਰਨਵੀਰ ਸਿੰਘ, ਜੈਦੀਪ, ਬਲਰਾਜ ਸਿੰਘ, ਮਨਜਿੰਦਰ ਸਿੰਘ, ਇੰਦਰਜੀਤ ਸਿੰਘ, ਸੁਖਵਿੰਦਰ ਸਿੰਘ, ਪਰਮਜੀਤ ਸਿੰਘ, ਟਹਿਲ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਧਿਆਪਕ ਸਾਥੀ ਹਾਜ਼ਰ ਸਨ।

# ਪੱਤਰਕਾਰ ਪਰੋਚਾ ਨੂੰ ਰਿਹਾਅ ਕਰਵਾਉਣ ਲਈ ਸਰਕਾਰ ਦੀ ਅਰਥੀ ਸਾੜੀ

**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)**-ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਕਾਮਰੇਡ ਬਿੱਟੂ ਖੋਖਰ ਦੀ ਅਗਵਾਈ ਹੇਠ ਬਲਾਕ ਸੁਨਾਮ ਦੀ ਅਨਾਜ ਮੰਡੀ ਵਾਲੀ ਸੜਕ 'ਤੇ ਪੱਤਰਕਾਰ ਅਮਨਦੀਪ ਸਿੰਘ ਪਰੋਚਾ ਨੂੰ ਰਿਹਾਅ ਕਰਵਾਉਣ ਲਈ ਮਾਨ ਸਰਕਾਰ ਦੀ ਅਰਥੀ ਸਾੜ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।ਕਾਮਰੇਡ ਬਿੱਟੂ ਖੋਖਰ ਨੇ ਪੰਜਾਬ ਸਰਕਾਰ 'ਤੇ ਰੋਸ ਜਤਾਉਂਦੇ ਹੋਏ ਕਿਹਾ ਕਿ ਕਦੇ ਬੇਰੁਜ਼ਗਾਰਾਂ 'ਤੇ ਪੁਲਸ ਦਾ ਲੱਠ ਚਲਦਾ, ਕਦੇ ਕਿਸਾਨਾਂ ਮਜ਼ਦੂਰਾਂ ਉੱਪਰ, ਹੁਣ ਤਾਂ ਮਾਨ ਸਰਕਾਰ ਨੇ ਹੱਦ ਹੀ ਮੁਕਾ ਦਿੱਤੀ ਕਿ ਬੀਤੇ ਮਹੀਨਿਆਂ ਤੋਂ ਲੋਕਤੰਤਰ ਦੇ ਚੌਥੇ ਥੰਮ੍ਹ ਮੀਡੀਆ ਉੱਪਰ ਪਰਚੇ ਦਿੱਤੇ ਜਾ ਰਹੇ ਹਨ।ਜੇ ਦੇਖਿਆ ਜਾਵੇ ਤਾਂ ਲੋਕ ਅਵਾਜ਼ ਚੈਨਲ ਨੋਟਿਸ, ਰਤਨਦੀਪ ਸਿੰਘ ਧਾਲੀਵਾਲ ਦੀ ਗ੍ਰਿਫਤਾਰੀ ਲਈ ਛਾਪੇ ਤੇ ਅਮਨਦੀਪ ਸਿੰਘ ਪਰੋਚਾ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਵਿੱਚ ਬੰਦ ਕਰ ਦਿੱਤਾ ਹੈ।ਜੋ ਪੱਤਰਕਾਰ ਨਸ਼ੇ ਤੇ ਦੇਹ ਵਪਾਰ ਤੋਂ ਇਲਾਵਾ ਹੋਰ ਕਈ ਸਮਾਜਿਕ ਮੁੱਦਿਆਂ ਨੂੰ ਬੇਬਾਕੀ ਨਾਲ ਚੁੱਕਦਾ ਸੀ। ਕਾਮਰੇਡ ਬਿੱਟੂ ਨੇ ਕਿਹਾ ਕਿ ਮਾਨ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਿਤ ਹੋਈ ਹੈ, ਇਹ ਸਰਕਾਰ ਸਿਰਫ ਮਸ਼ਹੂਰੀਆਂ ਕਰਨ ਵਾਲੇ ਮੁੱਖ ਮੰਤਰੀ ਭਗਵੰਤ ਮਾਨ ਦੀ ਕਠਪੁਤਲੀ ਬਣ ਕੇ ਰਹਿ ਗਈ ਹੈ। ਜੇਕਰ ਪੱਤਰਕਾਰਾਂ 'ਤੇ ਅਜਿਹੇ ਜਬਰ ਝੂਠੇ ਪਰਚੇ ਦਰਜ ਹੋਣਗੇ ਤਾਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਮੀਡੀਆ ਦੀ ਅਵਾਜ਼ ਦਬਾਉਣ ਵਾਲੇ ਖਿਲਾਫ ਸੰਘਰਸ਼ ਦੀ ਚੇਤਾਵਨੀ ਦਿੱਤੀ ਜਾਵੇਗੀ।ਇਸ ਮੌਕੇ ਬਲਾਕ ਸੁਨਾਮ ਦੇ ਪ੍ਰਧਾਨ ਕਾਮਰੇਡ ਧਰਮਪਾਲ ਸਿੰਘ, ਤਹਿਸੀਲ ਆਗੂ ਰਣਜੀਤ ਸਿੰਘ ਛਾਜਲੀ, ਜ਼ਿਲ੍ਹਾ ਆਗੂ ਕਾਮਰੇਡ ਕੁਲਵੰਤ ਛਾਜਲੀ ਵੀ ਹਾਜ਼ਰ ਸਨ।



# ਰਾਜਪਾਲ ਕਟਾਰੀਆ ਵੱਲੋਂ ਸਕਿੱਲ ਡਿਵੈੱਲਪਮੈਂਟ ਸੈਂਟਰ ਦਾ ਉਦਘਾਟਨ

### ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ 'ਚ ਸੈਂਟਰ ਨਿਭਾਏਗਾ ਅਹਿਮ ਭੂਮਿਕਾ : ਰਾਜਪਾਲ



**ਫਰੀਦਕੋਟ (ਬੇਦੀ, ਡਿਸੂਜ਼ਾ)**-ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਫਰੀਦਕੋਟ ਦੌਰੇ ਦੌਰਾਨ ਰੈੱਡ ਕਰਾਸ ਭਵਨ ਵਿਖੇ ਸਨ ਫਾਊਂਡੇਸ਼ਨ ਵੱਲੋਂ ਸਥਾਪਤ ਸਕਿੱਲ ਡਿਵੈਲਪਮੈਂਟ ਸੈਂਟਰ ਆਫ ਐਕਸੀਲੈਂਸ ਦਾ ਰਸਮੀ ਉਦਘਾਟਨ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਮੇਂ ਦੇ ਹਾਣ ਦਾ ਹੁਨਰ ਪ੍ਰਦਾਨ ਕਰਨਾ ਬਹੁਤ ਜ਼ਰੂਰੀ ਹੈ ਤਾਂ ਜੋ ਉਹ ਆਤਮ ਨਿਰਭਰ ਬਣ ਸਕਣ ਤੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾ ਸਕਣ।ਰਾਜਪਾਲ ਨੇ ਕਿਹਾ ਕਿ ਇਹ ਸਕਿੱਲ ਡਿਵੈਲਪਮੈਂਟ ਸੈਂਟਰ ਨੌਜਵਾਨਾਂ ਲਈ ਵਰਦਾਨ ਸਾਬਿਤ ਹੋਵੇਗਾ, ਜਿੱਥੇ ਉਨ੍ਹਾਂ ਨੂੰ ਵੱਖ-ਵੱਖ ਕਿੱਤਾਮੁਖੀ ਕੋਰਸਾਂ ਦੀ ਸਿਖਲਾਈ ਮੁਫ਼ਤ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਜਿਨ੍ਹਾਂ ਨੌਜਵਾਨਾਂ ਨੂੰ ਸਰਕਾਰੀ ਨੌਕਰੀ ਨਹੀਂ ਮਿਲਦੀ, ਉਨ੍ਹਾਂ ਲਈ ਇਹ ਸਕਿੱਲ ਸੈਂਟਰ ਵਰਦਾਨ ਸਾਬਿਤ ਹੋਵੇਗਾ, ਕਿਉਂਕਿ ਇਸ ਤੋਂ ਵੱਖ ਵੱਖ ਤਰ੍ਹਾਂ ਦੇ ਸਕਿੱਲ ਦੀ ਟ੍ਰੇਨਿੰਗ ਲੈ ਕੇ ਨੌਜਵਾਨ ਆਪਣਾ ਰੁਜ਼ਗਾਰ ਖੁਦ ਸ਼ੁਰੂ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਬੇਰੁਜ਼ਗਾਰੀ ਨੂੰ ਘਟਾਉਣ ਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਇਸ ਤਰ੍ਹਾਂ ਦੇ ਸਕਿੱਲ ਸੈਂਟਰ ਮਦਦਗਾਰ ਸਾਬਿਤ ਹੋਣਗੇ। ਉਨ੍ਹਾਂ ਕਿਹਾ ਕਿ ਹੁਨਰ ਵਿਕਾਸ ਰਾਹੀਂ ਨੌਜਵਾਨਾਂ ਲਈ ਰੁਜ਼ਗਾਰ ਤੇ ਸਵੈ-ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ।ਫਾਊਂਡੇਸ਼ਨ ਦੇ ਚੇਅਰਮੈਨ ਡਾ. ਵਿਕਰਮਜੀਤ ਸਾਹਨੀ ਨੇ ਦੱਸਿਆ ਕਿ ਸਨ ਫਾਊਂਡੇਸ਼ਨ ਵੱਲੋਂ ਪੰਜਾਬ ਵਿੱਚ ਸਥਾਪਤ ਕੀਤਾ ਗਿਆ ਇਹ ਪੰਜਵਾਂ ਸਕਿੱਲ ਡਿਵੈਲਪਮੈਂਟ ਸੈਂਟਰ ਹੈ, ਜੋ ਹਰ ਸਾਲ ਲਗਭਗ 1,000 ਨੌਜਵਾਨਾਂ ਨੂੰ ਮੁਫ਼ਤ ਹੁਨਰ ਸਿਖਲਾਈ ਤੇ ਰੁਜ਼ਗਾਰ ਸਹਾਇਤਾ ਪ੍ਰਦਾਨ ਕਰੇਗਾ।ਇਸ ਉਪਰੰਤ ਗਵਰਨਰ ਸ੍ਰੀ ਗੁਲਾਬ ਚੰਦ ਕਟਾਰੀਆ ਟਿੱਲਾ ਬਾਬਾ ਫਰੀਦ ਵਿਖੇ ਵੀ ਨਤਮਸਤਕ ਹੋਏ।ਇਸ ਮੌਕੇ ਪ੍ਰੋ. (ਡਾ.) ਰਾਜੀਵ ਸੂਦ ਵਾਈਸ ਚਾਂਸਲਰ, ਡਿਪਟੀ ਕਮਿਸ਼ਨਰ ਰਾਹੁਲ ਚਾਬਾ, ਐੱਸ.ਐੱਸ.ਪੀ. ਸ. ਗੁਰਬੰਸ ਸਿੰਘ ਬੈਂਸ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਤੋਂ ਪਹਿਲਾਂ ਫਰੀਦਕੋਟ ਵਿਖੇ ਪਹਿਲੀ ਵਾਰ ਆਉਣ 'ਤੇ ਪੁਲਸ ਦੀ ਟੁਕੜੀ ਵੱਲੋਂ ਉਨ੍ਹਾਂ ਨੂੰ ਗਾਰਡ ਆਫ ਆਨਰ ਵੀ ਦਿੱਤਾ ਗਿਆ।

# ਤਿਲੋਕੇਵਾਲਾ 'ਚ ਛੇਵੇਂ ਪਾਤਸ਼ਾਹ ਦਾ ਅਵਤਾਰ ਦਿਹਾੜਾ ਮਨਾਇਆ

### ਬਾਬਾ ਗੁਰਮੀਤ ਸਿੰਘ ਵੱਲੋਂ ਧਾਰਮਿਕ ਹਸਤੀਆਂ ਦਾ ਸਨਮਾਨ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸਤਿਗੁਰੂ ਹਰਗੋਬਿੰਦ ਸਾਹਿਬ ਜੀ ਦੇ ਅਵਤਾਰ ਦਿਹਾੜੇ ਨੂੰ ਸਮਰਪਤ ਮਹਾਨ ਗੁਰਮਤਿ ਪ੍ਰਚਾਰ ਸਮਾਗਮ ਤੇ ਸਾਲਾਨਾ ਜੋੜ ਮੇਲਾ ਗੁਰਦੁਆਰਾ ਨਿਰਮਲਸਰ ਸਾਹਿਬ ਤਿਲੋਕੇਵਾਲਾ ਵਿਖੇ ਬ੍ਰਹਮ ਗਿਆਨੀ ਸੱਚਖੰਡ ਵਾਸੀ ਬਾਬਾ ਮੋਹਨ ਸਿੰਘ ਮਤਵਾਲਾ ਦੀ ਚਲਾਈ ਹੋਈ ਮਰਿਆਦਾ ਅਨੁਸਾਰ ਧਾਰਮਿਕ ਸ਼ਰਧਾ ਨਾਲ ਮਨਾਇਆ ਗਿਆ। ਐੱਸ ਜੀ ਪੀ ਸੀ ਮੈਂਬਰ ਤੇ ਗੁਰਦੁਆਰਾ ਨਿਰਮਲਸਰ ਸਾਹਿਬ ਤਿਲੋਕੇਵਾਲਾ ਦੇ ਮੁੱਖ ਸੇਵਾਦਾਰ ਬਾਬਾ ਗੁਰਮੀਤ ਸਿੰਘ ਜੀ ਦਾ ਕਹਿਣਾ ਸੀ ਕਿ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਤੇ ਸਹਿਜ ਪਾਠਾਂ ਦੇ ਭੋਗ ਪਾਏ ਗਏ, ਜਿਸ ਉਪਰੰਤ ਗੁਰਮਤਿ ਸਮਾਗਮ ਵਿੱਚ ਸਮੂਹ ਸੰਪਰਦਾਵਾਂ ਤੇ ਇਲਾਕੇ ਦੇ ਸੰਤ ਮਹਾਂਪੁਰਖਾਂ ਅਤੇ ਐੱਸ ਜੀ ਪੀ ਸੀ ਮੈਂਬਰਾਂ ਤੇ ਹਰਿਆਣਾ ਸਿੱਖ ਗੁਰਦੁਆਰਾ ਕਮੇਟੀ ਦੇ ਮੈਂਬਰਾਂ ਤੋਂ ਬਿਨਾਂ ਢਾਡੀ ਬਲਦੇਵ ਸਿੰਘ ਲੌਂਗੋਵਾਲ ਸਮੇਂ ਹੋਰ ਜਥਿਆਂ ਵੱਲੋਂ ਗੁਰੂ ਦੇ ਜਸ ਗਾਏ ਗਏ। ਇਸ ਮੌਕੇ ਬੋਲਦਿਆਂ ਤਖਤ ਸ੍ਰੀ ਦਮਦਮਾ ਸਾਹਿਬ ਤੋਂ ਆਏ ਬੁੰਗਾ ਸ੍ਰੀ ਮਸਤੂਆਨਾ ਦੇ ਮੁੱਖ ਸੇਵਾਦਾਰ ਬਾਬਾ ਕਾਕਾ ਸਿੰਘ ਨੇ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸਤਿਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ 'ਤੇ ਵਿਸਤਾਰ ਨਾਲ ਚਾਨਣਾ ਪਾਇਆ। ਗੁਰਦੁਆਰਾ ਨਿਰਮਲਸਰ ਸਾਹਿਬ ਤਿਲੋਕੇਵਾਲਾ ਦੇ ਮੁੱਖ ਸੇਵਾਦਾਰ ਬਾਬਾ ਗੁਰਮੀਤ ਸਿੰਘ ਜੀ ਵੱਲੋਂ ਇਸ ਸਮਾਗਮ ਵਿੱਚ ਪੁੱਜੀਆਂ ਸਮੂਹ ਧਾਰਮਿਕ ਹਸਤੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਦੇ ਮੰਚ ਸੰਚਾਲਕ ਭਾਈ ਅਵਤਾਰ ਸਿੰਘ ਰਾਗੀ ਨੇ ਦੱਸਿਆ ਕਿ ਇਸ ਧਾਰਮਿਕ ਸਮਾਗਮ ਵਿੱਚ ਬਾਬਾ ਪ੍ਰੀਤਮ ਸਿੰਘ ਮੱਲੜੀ, ਬਾਬਾ ਦਰਸ਼ਨ ਸਿੰਘ ਦਾਦੂ, ਭਾਈ ਗੁਰਜੰਟ ਸਿੰਘ ਰੋੜੀ, ਭਾਈ ਮਨਜੀਤ ਸਿੰਘ, ਮਹੰਤ ਪ੍ਰਸ਼ੋਤਮ ਦਾਸ ਤੱਖਤਮੱਲ, ਭਾਈ ਸੁਖਵਿੰਦਰ ਸਿੰਘ ਸਿੰਘਪੁਰਾ, ਬਾਬਾ ਜੀਤ ਸਿੰਘ ਰੁਘੂਆਣਾ, ਪ੍ਰਿੰ: ਦਵਿੰਦਰ ਕੌਰ ਸਮੇਤ ਇਲਾਕੇ ਦੀਆਂ ਸੰਗਤਾਂ ਵੱਲੋਂ ਗੁਰੂ ਘਰ ਨਮਸਤਕ ਹੋ ਕੇ ਖ਼ੁਸ਼ੀਆਂ ਪ੍ਰਾਪਤ ਕੀਤੀਆਂ ਗਈਆਂ।

# ਮਨਰੇਗਾ ਸਟਾਫ਼ ਬਲਾਕ ਫਿਰੋਜ਼ਪੁਰ ਦੀ ਕਲਮ ਛੋੜ ਹੜਤਾਲ ਜਾਰੀ

### ਯੂਨੀਅਨ ਆਗੂਆਂ ਵਿਧਾਇਕ ਦੇ ਨਿੱਜੀ ਸਕੱਤਰ ਨੂੰ ਸੌਂਪਿਆ ਮੰਗ ਪੱਤਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ ਬਲਾਕ ਦੇ ਮਨਰੇਗਾ ਸਟਾਫ਼ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਵਿੱਢਿਆ ਗਿਆ ਸੰਘਰਸ਼ ਲਗਾਤਾਰ ਤੇਜ਼ ਹੁੰਦਾ ਜਾ ਰਿਹਾ ਹੈ। ਅੱਜ 16ਵੇਂ ਦਿਨ ਵੀ ਕਰਮਚਾਰੀਆਂ ਵੱਲੋਂ ਮੁਕੰਮਲ 'ਕਲਮ ਛੋੜ' ਹੜਤਾਲ ਰੱਖ ਕੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਦੌਰਾਨ ਵਿਧਾਇਕ ਦੇ ਨਿੱਜੀ ਸਕੱਤਰ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਮੁਲਾਜ਼ਮਾਂ ਦੀਆਂ ਮੰਗਾਂ ਸੁਣੀਆਂ। ਮਨਰੇਗਾ ਕਰਮਚਾਰੀ ਯੂਨੀਅਨ ਵੱਲੋਂ ਆਪਣੀਆਂ ਰੁਜ਼ਗਾਰ ਸੁਰੱਖਿਆ ਤੇ ਹੋਰ ਪੈਂਡਿੰਗ ਮੰਗਾਂ ਨੂੰ ਲੈ ਕੇ ਸ਼ੁਰੂ ਕੀਤੀ ਗਈ ਹੜਤਾਲ ਅੱਜ ਤੇਰਵੇਂ ਦਿਨ ਵਿੱਚ ਦਾਖ਼ਲ ਹੋ ਗਈ ਹੈ। ਬਲਾਕ ਫਿਰੋਜ਼ਪੁਰ ਵਿਖੇ ਦਿੱਤੇ ਗਏ ਇਸ ਧਰਨੇ ਵਿੱਚ ਮਨਰੇਗਾ ਕਰਮਚਾਰੀ ਯੂਨੀਅਨ ਦੇ ਸੀਨੀਅਰ ਆਗੂ ਹਰਪਿੰਦਰ ਸਿੰਘ ਟਿੱਬੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਕਰਮਚਾਰੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮਨਰੇਗਾ ਸਟਾਫ਼ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਸਮੁੱਚੇ ਸਟਾਫ਼ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਯੂਨੀਅਨ ਦੇ ਉਪ ਪ੍ਰਧਾਨ ਅਖਿਲ ਅਰੋੜਾ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਵਿਕਰਮ ਖੋਖਰ ਨੇ ਆਖਿਆ ਕਿ ਜਦੋਂ ਤੱਕ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਪ੍ਰਵਾਨ ਨਹੀਂ ਕਰਦੀ, ਉਦੋਂ ਤੱਕ ਇਹ ਸੰਘਰਸ਼ ਇਸੇ ਤਰ੍ਹਾਂ ਨਿਰੰਤਰ ਜਾਰੀ ਰਹੇਗਾ। ਹੜਤਾਲ ਕਾਰਨ ਵਿਕਾਸ ਕਾਰਜਾਂ ਵਿੱਚ ਆ ਰਹੀ ਰੁਕਾਵਟ ਦੀ ਜ਼ਿੰਮੇਵਾਰੀ ਸਿੱਧੇ ਤੌਰ 'ਤੇ ਪ੍ਰਸ਼ਾਸਨ ਤੇ ਸਰਕਾਰ ਦੀ ਹੋਵੇਗੀ। ਧਰਨੇ ਦੌਰਾਨ ਫਿਰੋਜ਼ਪੁਰ ਦੇ ਵਿਧਾਇਕ ਦੇ ਨਿੱਜੀ ਸਕੱਤਰ ਨੇ ਪਹੁੰਚ ਕੇ ਪ੍ਰਦਰਸ਼ਨਕਾਰੀਆਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਹਾਸਲ ਕੀਤਾ। ਉਨ੍ਹਾਂ ਭਰੋਸਾ ਦਿਵਾਇਆ ਕਿ ਇਨ੍ਹਾਂ ਮੰਗਾਂ ਨੂੰ ਜਲਦੀ ਹੀ ਉੱਚ ਅਧਿਕਾਰੀਆਂ ਤੇ ਸਰਕਾਰ ਅੱਗੇ ਰੱਖ ਕੇ ਹੱਲ ਕਰਵਾਉਣ ਦਾ ਯਤਨ ਕੀਤਾ ਜਾਵੇਗਾ। ਇਸ ਰੋਸ ਪ੍ਰਦਰਸ਼ਨ ਵਿੱਚ ਹੋਰਨਾਂ ਤੋਂ ਇਲਾਵਾ ਮੀਨੂ ਸ਼ਰਮਾ ਏਪੀਓ ਨਰੇਗਾ, ਵਰਿੰਦਰ ਪਾਲ ਸਿੰਘ ਲੇਖਾਕਾਰ, ਗੁਰਪ੍ਰੀਤ ਕੌਰ, ਮੋਨਿਕਾ ਸ਼ਰਮਾ, ਵੀਰਪਾਲ ਕੌਰ, ਅਮਨਪ੍ਰੀਤ ਕੌਰ, ਗੁਰਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਰਾਜਨ ਚਿਨਵਾਲ ਤੇ ਗੁਰਵਿੰਦਰ ਸਿੰਘ ਭੁੱਲਰ ਬੀਐੱਫਟੀ ਯੂਨੀਅਨ ਸਮੇਤ ਵੱਡੀ ਗਿਣਤੀ ਵਿੱਚ ਮਨਰੇਗਾ ਕਰਮਚਾਰੀ ਹਾਜ਼ਰ ਸਨ।

# ਕੌਂਸਲਰ ਟੱਕਰ ਨੇ ਧਰਮਕੋਟ ਰੋਡ 'ਤੇ ਬਣੀ ਖਤਰਨਾਕ ਪੁਲੀ ਕਰਵਾਈ ਦਰੁਸਤ

### ਚੋਣਾਂ ਦੌਰਾਨ ਕੀਤੇ ਵਾਅਦਿਆਂ ਦੀ ਹੋਈ ਪਹਿਲ, ਸ਼ਹਿਰ ਵਾਸੀਆਂ ਤੇ ਰਾਹਗੀਰਾ ਵੱਲੋਂ ਧੰਨਵਾਦ



**ਕੋਟ ਈਸੇ ਖਾਂ (ਅਰੋੜਾ)**-ਜ਼ਿਲ੍ਹਾ ਮੋਗਾ ਦੇ ਕਸਬਾ ਕੋਟ ਈਸੇ ਖਾਂ ਤੋਂ ਧਰਮਕੋਟ ਨੂੰ ਜਾਂਦੀ ਮੁੱਖ ਸੜਕ ਉੱਪਰ ਹਰਬੰਸ ਨਰਸਿੰਗ ਹੋਮ ਸਾਹਮਣੇ ਸੜਕ ਦੇ ਵਿਚਕਾਰ ਬਣੀ ਪੁਲੀ ਲੰਮੇ ਸਮੇਂ ਤੋਂ ਇਲਾਕਾ ਨਿਵਾਸੀਆਂ ਤੇ ਰਾਹਗੀਰਾਂ ਲਈ ਪ੍ਰੇਸ਼ਾਨੀ ਦਾ ਕਾਰਨ ਬਣੀ ਹੋਈ ਸੀ।ਪੁਲੀ ਦਾ ਪੱਧਰ ਸੜਕ ਨਾਲੋਂ ਉੱਚਾ-ਨੀਵਾਂ ਹੋਣ ਕਾਰਨ ਰੋਜ਼ਾਨਾ ਸੈਂਕੜੇ ਵਾਹਨ ਚਾਲਕਾਂ ਨੂੰ ਇੱਥੋਂ ਲੰਘਣ ਵੇਲੇ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਖਾਸ ਕਰਕੇ ਦੋ-ਪਹੀਆ ਵਾਹਨ ਚਾਲਕਾਂ ਲਈ ਇਹ ਥਾਂ ਹਾਦਸਿਆਂ ਦਾ ਖਤਰਾ ਬਣੀ ਰਹਿੰਦੀ ਸੀ ਤੇ ਕਈ ਵਾਰ ਤੇਜ਼ ਰਫ਼ਤਾਰ ਵਾਹਨਾਂ ਦਾ ਸੰਤੁਲਨ ਵਿਗੜਨ ਕਾਰਨ ਹਾਦਸੇ ਵੀ ਵਾਪਰ ਚੁੱਕੇ ਸਨ।ਲੋਕਾਂ ਦੀ ਇਸ ਮੁਸ਼ਕਲ ਨੂੰ ਗੰਭੀਰਤਾ ਨਾਲ ਲੈਂਦਿਆਂ ਵਾਰਡ ਨੰਬਰ-7 ਤੋਂ ਆਮ ਆਦਮੀ ਪਾਰਟੀ ਦੇ ਹਾਲ ਹੀ ਵਿੱਚ ਚੁਣੇ ਗਏ ਕੌਂਸਲਰ ਸੁਖਮਨਜੀਤ ਟੱਕਰ ਪਤਨੀ ਅਮਨਦੀਪ ਟੱਕਰ ਵੱਲੋਂ ਤੁਰੰਤ ਪਹਿਲ ਕੀਤੀ ਗਈ ਤੇ ਉਕਤ ਪੁਲੀ ਦੀ ਮੁਰੰਮਤ ਕਰਵਾ ਕੇ ਉਸ ਨੂੰ ਸੜਕ ਦੇ ਪੱਧਰ ਅਨੁਸਾਰ ਦਰੁਸਤ ਕੀਤਾ ਗਿਆ, ਜਿਸ ਨਾਲ ਹੁਣ ਰਾਹਗੀਰਾਂ ਤੇ ਵਾਹਨ ਚਾਲਕਾਂ ਨੂੰ ਕਾਫ਼ੀ ਰਾਹਤ ਮਿਲੇਗੀ।ਲੋਕਾਂ ਦਾ ਕਹਿਣਾ ਸੀ ਕਿ ਧਰਮਕੋਟ ਰੋਡ ਇੱਕ ਵੱਡਾ ਮਾਰਗ ਹੈ, ਜਿੱਥੇ ਦਿਨ ਭਰ ਵੱਡੀ ਗਿਣਤੀ ਵਿੱਚ ਵਾਹਨਾਂ ਦੀ ਆਵਾਜਾਈ ਰਹਿੰਦੀ ਹੈ।ਅਜਿਹੇ ਵਿੱਚ ਸੜਕ ਵਿਚਕਾਰ ਉੱਚੀ-ਨੀਵੀਂ ਪੁਲੀ ਨਾ ਸਿਰਫ਼ ਟ੍ਰੈਫਿਕ ਦੀ ਰਵਾਨਗੀ ਨੂੰ ਪ੍ਰਭਾਵਿਤ ਕਰ ਰਹੀ ਸੀ, ਸਗੋਂ ਲੋਕਾਂ ਦੀ ਸੁਰੱਖਿਆ ਲਈ ਵੀ ਖਤਰਾ ਬਣੀ ਹੋਈ ਸੀ।ਇਸ ਮੌਕੇ ਕੌਂਸਲਰ ਸੁਖਮਨਜੀਤ ਟੱਕਰ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਉਨ੍ਹਾਂ ਦੀ ਮੁੱਢਲੀ ਜ਼ਿੰਮੇਵਾਰੀ ਹੈ ਤੇ ਉਹ ਚੋਣਾਂ ਦੌਰਾਨ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਵਾਰਡ ਦੇ ਵਿਕਾਸ ਤੇ ਲੋਕਾਂ ਦੀਆਂ ਸਹੂਲਤਾਂ ਨਾਲ ਜੁੜੇ ਹਰ ਮਸਲੇ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਵਾਰਡ ਵਾਸੀਆਂ ਨੇ ਕਿਹਾ ਕਿ ਚੁਣੇ ਹੋਏ ਨੁਮਾਇੰਦਿਆਂ ਦਾ ਅਸਲ ਫਰਜ਼ ਲੋਕਾਂ ਵਿਚ ਰਹਿ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਤੇ ਉਨ੍ਹਾਂ ਦਾ ਸਮੇਂ ਸਿਰ ਨਿਪਟਾਰਾ ਕਰਵਾਉਣਾ ਹੈ, ਜਿਸ ਨੂੰ ਕੌਂਸਲਰ ਸੁਖਮਜੀਤ ਵੱਲੋਂ ਬਾਖੂਬੀ ਨਿਭਾਇਆ ਜਾ ਰਿਹਾ ਹੈ। ਇਲਾਕਾ ਨਿਵਾਸੀਆਂ, ਦੁਕਾਨਦਾਰਾਂ ਤੇ ਰੋਜ਼ਾਨਾ ਇਸ ਰਸਤੇ ਤੋਂ ਲੰਘਣ ਵਾਲੇ ਰਾਹਗੀਰਾਂ ਨੇ ਕੌਂਸਲਰ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਬਠਿੰਡਾ ਪੁਲਸ ਦੀ ਵੱਡੀ ਸਫਲਤਾ : 4 ਕਿੱਲੋ 100 ਗ੍ਰਾਮ ਅਫੀਮ ਸਮੇਤ ਦੋ ਕਾਬੂ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਬਠਿੰਡਾ ਪੁਲਸ ਨੇ ਨਸ਼ਾ ਤਸਕਰੀ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਵੱਡੀ ਸਫਲਤਾ ਹਾਸਲ ਕਰਦਿਆਂ 4 ਕਿੱਲੋ 100 ਗ੍ਰਾਮ ਅਫੀਮ ਬਰਾਮਦ ਕਰਕੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਕਪਤਾਨ ਪੁਲਸ (ਸਿਟੀ) ਨੇ ਦੱਸਿਆ ਕਿ ਐੱਸ.ਐੱਸ.ਪੀ. ਬਠਿੰਡਾ ਡਾ. ਜੋਤੀ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀ.ਆਈ.ਏ. ਸਟਾਫ਼-2 ਤੇ ਇੰਟੈਲੀਜੈਂਸ ਵਿੰਗ ਦੀ ਟੀਮ ਵੱਲੋਂ ਸਾਂਝੀ ਕਾਰਵਾਈ ਕੀਤੀ ਗਈ।14 ਤੇ 15 ਜੂਨ ਦੀ ਦਰਮਿਆਨੀ ਰਾਤ ਦੌਰਾਨ ਪੁਲਸ ਪਾਰਟੀ ਨੇ ਸ਼ੱਕ ਦੇ ਆਧਾਰ 'ਤੇ ਇੱਕ ਹੁੰਡਈ ਵਰਨਾ ਕਾਰ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਕਾਰ ਦੀ ਡਿੱਗੀ ਵਿੱਚੋਂ ਇੱਕ ਪਲਾਸਟਿਕ ਦੇ ਲਿਫਾਫੇ ਵਿੱਚ ਰੱਖੀ 4 ਕਿੱਲੋ 100 ਗ੍ਰਾਮ ਅਫੀਮ ਬਰਾਮਦ ਹੋਈ।ਇਸ ਮਾਮਲੇ ਵਿੱਚ ਥਾਣਾ ਸਦਰ ਰਾਮਪੁਰਾ ਵਿਖੇ ਕੇਸ ਦਰਜ ਕੀਤਾ ਗਿਆ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਬਲਰਾਜ ਸ਼ਰਮਾ ਉਰਫ਼ ਬੱਬਲੂ ਵਾਸੀ ਪਿੰਡ ਫੂਲ ਤੇ ਰਾਜ ਕੁਮਾਰ ਉਰਫ਼ ਮੋਦਰ ਵਾਸੀ ਜਨਤਾ ਕਲੋਨੀ ਰਾਮਪੁਰਾ ਵਜੋਂ ਹੋਈ ਹੈ।ਪੁੱਛਗਿੱਛ ਦੌਰਾਨ ਮੁਲਜ਼ਮਾਂ ਨੇ ਖੁਲਾਸਾ ਕੀਤਾ ਕਿ ਇਹ ਅਫੀਮ ਝਾਰਖੰਡ ਤੋਂ ਲਿਆਂਦੀ ਗਈ ਸੀ।ਪੁਲਸ ਨੇ ਦੋਵਾਂ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਹੈ। ਪੁਲਸ ਅਧਿਕਾਰੀਆਂ ਅਨੁਸਾਰ ਮੁਲਜ਼ਮਾਂ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਇਸ ਮਾਮਲੇ ਵਿੱਚ ਹੋਰ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਅੱਠ ਰੋਜ਼ਾ ਦਸਤਾਰ, ਦੁਮਾਲਾ ਸਿਖਲਾਈ ਕੈਂਪ ਸੰਪੰਨ

### ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਇਲਾਕਾ ਨਿਵਾਸੀ ਸੰਗਤਾਂ ਦਾ ਕੀਤਾ ਧੰਨਵਾਦ



**ਮੱਖੂ (ਰਛਪਾਲ ਸਿੰਘ ਸੰਧੂ)**

ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੋਸਾਇਟੀ ਪੰਜਾਬ ਦੇ ਵੱਲੋਂ ਸ਼ਹੀਦਾਂ ਦੇ ਸਿਰਤਾਜ ਸਾਹਿਬ ਸ੍ਰੀ ਗੁਰੂ ਅਰਜਨ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਗੁਰਦੁਆਰਾ ਪ੍ਰਬੰਧਕ ਕਮੇਟੀ, ਹੈੱਡ ਗ੍ਰੰਥੀ ਭਾਈ ਸੁਰਿੰਦਰ ਸਿੰਘ ਤੇ ਪ੍ਰਸਿੱਧ ਲੇਖਕ ਭਾਈ ਲਖਵੀਰ ਸਿੰਘ ਰਸੂਲਪੁਰੀ ਦੇ ਯਤਨਾਂ ਸਦਕਾ ਅੱਠ ਰੋਜ਼ਾ ਦਸਤਾਰ, ਦੁਮਾਲਾ ਸਿਖਲਾਈ ਕੈਂਪ ਲਗਾਇਆ ਗਿਆ।ਇਸ ਦੇ ਸਮਾਪਤੀ ਸਮਾਗਮ ਦੌਰਾਨ ਬੱਚਿਆਂ ਦੇ ਦਸਤਾਰ, ਦੁਮਾਲਾ ਤੇ ਸ਼ੁੱਧ ਪੰਜਾਬੀ ਲਿਖਾਈ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਦੌਰਾਨ ਬੱਚਿਆਂ ਦੇ ਪੰਜ ਗਰੁੱਪ ਬਣਾਏ ਗਏ।ਹਰੇਕ ਗਰੁੱਪ ਵਿੱਚ ਪਹਿਲੇ, ਦੂਸਰੇ ਤੇ ਤੀਸਰੇ ਸਥਾਨ 'ਤੇ ਆਉਣ ਵਾਲੇ ਬੱਚਿਆਂ ਨੂੰ ਸ਼ੀਲਡਾਂ ਤੇ ਧਾਰਮਿਕ ਸਾਹਿਤ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਬਾਕੀ ਸਾਰੇ ਬੱਚੇ ਤੇ ਸੰਗਤ ਨੂੰ ਧਾਰਮਿਕ ਸਾਹਿਤ ਤੇ ਮੈਡਲ ਦੇ ਕੇ ਹੌਂਸਲਾ ਅਫਜ਼ਾਈ ਕੀਤੀ ਗਈ।ਸੁਸਾਇਟੀ ਵੱਲੋਂ ਇਸ ਸਮਾਗਮ ਵਿੱਚ ਉਚੇਚੇ ਤੌਰ 'ਤੇ ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ, ਖਜ਼ਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ, ਮਾਲਵਾ ਜ਼ੋਨ ਦੇ ਇੰਚਾਰਜ ਨਿੰਦਰਪਾਲ ਸਿੰਘ ਦਸਤਾਰ ਕੋਚ, ਗਗਨਦੀਪ ਸਿੰਘ ਦਸਤਾਰ ਕੋਚ ਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਸ਼ਮੂਲੀਅਤ ਕੀਤੀ।

ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੁੱਖ ਬੁਲਾਰੇ ਭਾਈ ਸੁਖਵਿੰਦਰ ਸਿੰਘ ਖਾਲੜਾ, ਪ੍ਰੈੱਸ ਸਕੱਤਰ ਅਜੀਤ ਸਿੰਘ ਘਰਿਆਲਾ, ਭਾਈ ਗੁਰਪ੍ਰੀਤ ਸਿੰਘ ਸੈਡੀ, ਦਸਤਾਰ ਕੋਆਰਡੀਨੇਟਰ ਹਰਜੀਤ ਸਿੰਘ ਲਹਿਰੀ, ਹਰਪ੍ਰੀਤ ਸਿੰਘ ਪੱਟੀ, ਆਕਾਸ਼ਦੀਪ ਸਿੰਘ ਪੱਟੀ, ਵਜੀਰ ਸਿੰਘ ਆਸਲ, ਹਰਮਨਦੀਪ ਸਿੰਘ, ਸੁਖਮਨਦੀਪ ਸਿੰਘ, ਹੁਸਨਦੀਪ ਸਿੰਘ ਭਿੱਖੀਵਿੰਡ, ਰਣਵੀਰ ਸਿੰਘ ਵੀਰਮ, ਭਾਈ ਦਿਲਬਾਗ ਸਿੰਘ ਡੱਲ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ, ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਤੇ ਪ੍ਰਸਿੱਧ ਲਿਖਾਰੀ ਲਖਬੀਰ ਸਿੰਘ ਰਸੂਲਪੁਰੀ ਤੇ ਇਲਾਕਾ ਨਿਵਾਸੀ ਸੰਗਤਾਂ ਦਾ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ। ਬੱਚਿਆਂ ਦੇ ਇਨਾਮ ਬਣਾਉਣ ਦੀ ਸੇਵਾ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੀ ਗਈ।

## ਵੈਟਰਨਸ ਵੈੱਲਫੇਅਰ ਆਰਗੇਨਾਈਜ਼ੇਸ਼ਨ ਮੋਗਾ ਦੀ ਮਹੀਨਾਵਾਰ ਮੀਟਿੰਗ

### ਕਿਸੇ ਵੀ ਸੰਸਥਾ ਦੀ ਵਧੀਆ ਕਾਰਜ ਪ੍ਰਣਾਲੀ ਵਾਸਤੇ ਅਨੁਸ਼ਾਸਨ, ਮਿਹਨਤ ਤੇ ਆਪਸੀ ਤਾਲਮੇਲ ਹੋਣਾ ਅਤੀ ਜ਼ਰੂਰੀ : ਕੈਪਟਨ ਬਿੱਕਰ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਾਬਕਾ ਸੈਨਿਕਾਂ ਦੇ ਮੁੱਖ ਸੰਗਠਨ ਵੈਟਰਨਸ ਵੈੱਲਫੇਅਰ ਆਰਗਨਾਈਜ਼ੇਸ਼ਨ ਇੰਡੀਆ ਇਕਾਈ ਜ਼ਿਲ੍ਹਾ ਮੋਗਾ ਦੀ ਮਹੀਨਾਵਾਰ ਮੀਟਿੰਗ ਰਾਸ਼ਟਰੀ ਮੀਤ ਪ੍ਰਧਾਨ ਤੇ ਮੋਗਾ ਦੇ ਪ੍ਰਧਾਨ ਕੈਪਟਨ ਬਿੱਕਰ ਸਿੰਘ ਦੀ ਅਗਵਾਈ ਹੇਠ ਹੋਈ।ਮੀਟਿੰਗ ਦੀ ਸ਼ੁਰੂਆਤ ਸਰਬੱਤ ਦੇ ਭਲੇ ਲਈ ਕੀਤੀ ਗਈ ਅਰਦਾਸ ਨਾਲ ਹੋਈ।ਮੀਟਿੰਗ ਵਿੱਚ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਤੇ ਉਨ੍ਹਾਂ ਨੂੰ ਹੱਲ ਕਰਨ ਲਈ ਵਿਚਾਰ ਵਟਾਂਦਰਾ ਕਰਕੇ ਸਰਬ ਸੰਮਤੀ ਨਾਲ ਕਾਰਵਾਈ ਲਈ ਫੈਸਲਾ ਲਿਆ।ਕੈਪਟਨ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਪਣੇ ਹੱਕਾਂ ਦੀ ਰਾਖੀ ਲਈ ਸਾਬਕਾ ਸੈਨਿਕਾਂ ਨੂੰ ਇੱਕ ਜੁੱਟ ਹੋਣਾ ਅਤੀ ਜ਼ਰੂਰੀ ਹੈ।ਜ਼ਰੂਰਤ ਪੈਣ 'ਤੇ ਸਾਬਕਾ ਸੈਨਿਕਾਂ ਨੂੰ ਸੰਘਰਸ਼ ਕਰਨ ਵਾਸਤੇ ਵੀ ਆਪਣਾ ਫਰਜ਼ ਸਮਝ ਕੇ ਯੋਗਦਾਨ ਪਾਉਣਾ ਚਾਹੀਦਾ ਹੈ।ਬੀਤੇ 21 ਮਈ 2026 ਨੂੰ ਈ.ਸੀ.ਐੱਚ.ਐੱਸ. ਸਟੇਸ਼ਨ ਕਮਾਂਡਰ ਫਿਰੋਜ਼ਪੁਰ ਦੀ ਮੀਟਿੰਗ ਵਿੱਚ ਹੋਏ ਪੁਆਇੰਟਾਂ ਨੂੰ ਵਿਸਥਾਰ ਨਾਲ ਸਮਝਾਇਆ। ਉਪ ਪ੍ਰਧਾਨ ਕੈਪਟਨ ਜੁਗਰਾਜ ਸਿੰਘ ਨੇ ਮੀਟਿੰਗ ਨੂੰ ਸੰਬੋਧਨ ਕੀਤਾ। ਇਸ ਮੌਕੇ ਕੈਪਟਨ ਬਿੱਕਰ ਸਿੰਘ ਤੋਂ ਇਲਾਵਾ ਸੂਬੇਦਾਰ ਮੇਜਰ ਤਰਸੇਮ ਸਿੰਘ, ਕੈਪਟਨ ਜੁਗਰਾਜ ਸਿੰਘ, ਕੈਪਟਨ ਬਖਸ਼ੀਸ਼ ਸਿੰਘ, ਕੈਪਟਨ ਕਰਮਜੀਤ ਸਿੰਘ, ਕੈਪਟਨ ਮੁਖਤਿਆਰ ਸਿੰਘ, ਸੂਬੇਦਾਰ ਗੁਰਚਰਨ ਸਿੰਘ ਸੰਧੂ, ਨਾਇਬ ਸੂਬੇਦਾਰ ਗੁਰਪਾਲ ਸਿੰਘ, ਸੂਬੇਦਾਰ ਨਿਰਭੈ ਸਿੰਘ, ਹੌਲਦਾਰ ਪ੍ਰਥੀ ਸਿੰਘ, ਸੂਬੇਦਾਰ ਭਜਨ ਸਿੰਘ, ਦਰਸ਼ਨ ਸਿੰਘ ਸਤਨਾਮ ਸਿੰਘ ਤੋਂ ਇਲਾਵਾ ਹੋਰ ਕਈ ਵੈਟਰਨਸ ਮੌਜੂਦ ਸਨ। ਸੰਗਠਨ ਵੱਲੋਂ ਸੂਬੇਦਾਰ ਗੁਰਚਰਨ ਸਿੰਘ ਸੰਧੂ ਨੂੰ ਪੈਟਰਨ ਤੇ ਕੈਪਟਨ ਬਖਸ਼ੀਸ਼ ਸਿੰਘ ਨੂੰ ਪੀ.ਆਰ.ਓ. ਦਾ ਨਿਯੁਕਤੀ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਅਖ਼ੀਰ ਵਿੱਚ ਰਾਸ਼ਟਰੀ ਮੀਤ ਪ੍ਰਧਾਨ ਨੇ ਸਾਰੀ ਟੀਮ ਦਾ ਧੰਨਵਾਦ ਕਰਦੇ ਹੋਏ ਸਾਰਿਆਂ ਦੇ ਨਾਲ ਰਿਫਰੈਸ਼ਮੈਂਟ ਦਾ ਆਨੰਦ ਮਾਣਿਆ।

## ਬਹੁਪੱਖੀ ਸ਼ਖਸੀਅਤ ਭੰਗੂ ਦੀ ਯਾਦ 'ਚ ਸ਼ਰਧਾਂਜਲੀ ਸਮਾਗਮ ਤੇ ਕਵੀ ਦਰਬਾਰ



**ਬਠਿੰਡਾ (ਬਖਤੌਰ ਢਿੱਲੋਂ)**-ਸਾਹਿਤ ਸੱਭਿਆਚਾਰ ਮੰਚ ਬਠਿੰਡਾ ਤੇ ਪੰਜਾਬੀ ਸਾਹਿਤ ਸਭਾ ਬਠਿੰਡਾ ਵੱਲੋਂ ਸਾਂਝੇ ਤੌਰ 'ਤੇ ਮਰਹੂਮ ਬਹੁ-ਪਰਤੀ ਸ਼ਖ਼ਸੀਅਤ, ਜੋ ਹਰ ਵੰਨਗੀ ਦੇ ਪ੍ਰਗਤੀਸ਼ੀਲ ਹਲਕਿਆਂ ਵਿੱਚ ਮਕਬੂਲ ਸਨ, ਸਵਰਨ ਭੰਗੂ ਦੀ ਯਾਦ ਵਿੱਚ ਸਥਾਨਕ ਟੀਚਰਜ਼ ਹੋਮ ਵਿਖੇ ਤਰਕਸ਼ੀਲ ਸੁਸਾਇਟੀ ਤੇ ਟੀਚਰਜ਼ ਹੋਮ ਟਰੱਸਟ ਦੇ ਸਹਿਯੋਗ ਨਾਲ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਸਾਹਿਤ ਸੱਭਿਆਚਾਰ ਮੰਚ ਦੇ ਪ੍ਰਧਾਨ ਅਤਰਜੀਤ ਕਹਾਣੀਕਾਰ ਨੇ ਸਭਾ ਦੇ ਪ੍ਰਧਾਨ ਜਸਪਾਲ ਮਾਨਖੇੜਾ ਨੂੰ ਸਮਾਗਮ ਦੀ ਪ੍ਰਧਾਨਗੀ ਤੇ ਮੰਚ ਸੰਚਾਲਨ ਕਰਨ ਦੀ ਬੇਨਤੀ ਕੀਤੀ। ਸਮਾਗਮ ਦੀ ਸ਼ੁਰੂਆਤ ਕਰਦਿਆਂ ਦੋ ਮਿੰਟ ਦਾ ਮੋਨ ਧਾਰ ਕੇ ਸ੍ਰੀ ਭੰਗੂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਉਪਰੰਤ ਸ੍ਰੀ ਮਾਨਖੇੜਾ ਨੇ ਇਹ ਸਮਾਗਮ ਕਰਨ ਦੀ ਰੂਪ ਰੇਖਾ ਬਿਆਨ ਕਰਦਿਆਂ ਮੰਚ ਵੱਲੋਂ ਜੁਲਾਈ ਅਗਸਤ ਵਿੱਚ ਵੱਡਾ ਸ਼ਰਧਾਂਜਲੀ ਸਮਾਗਮ ਕਰਨ ਤੇ ਸ੍ਰੀ ਭੰਗੂ ਦੀ ਧਰਮਪਤਨੀ ਗੁਰਪ੍ਰੀਤ ਕੌਰ ਭੰਗੂ ਨੂੰ ਸਨਮਾਨਤ ਕਰਨ ਦੀ ਤਜਵੀਜ਼ ਦੀ ਵਿਆਖਿਆ ਕੀਤੀ। ਉਨ੍ਹਾਂ ਯਾਦ ਲਈ ਵਾਧਾ ਇਹ ਕੀਤਾ ਕਿ ਸ੍ਰੀ ਭੰਗੂ ਹੁਰਾਂ ਨੂੰ ਸਮਰਪਤ 'ਪਰਵਾਜ਼' ਦਾ ਵਿਸ਼ੇਸ਼ ਅੰਕ ਜਾਰੀ ਕਰਨ ਦੀ ਸਲਾਹ ਦਿੱਤੀ। ਸ਼ਰਧਾਂਜਲੀ ਦੇ ਸ਼ਬਦ ਭੇਟ ਕਰਦਿਆਂ ਲੋਕ ਪੱਖੀ ਗੀਤਕਾਰ ਤੇ ਗਾਇਕ ਜਗਸੀਰ ਜੀਦਾ ਨੇ ਸ੍ਰੀ ਭੰਗੂ ਹੁਰਾਂ ਨਾਲ ਯਾਦਾਂ ਸਾਂਝੀਆਂ ਕੀਤੀਆਂ ਤੇ ਉਨ੍ਹਾਂ ਦੇ ਗਿਆਨ, ਸਿੱਖਿਆ ਦੇ ਖੇਤਰ ਵਿੱਚ ਪਾਏ ਵੱਡਮੁੱਲੇ ਯੋਗਦਾਨ ਤੇ ਚਰਚਾ ਕੀਤੀ। ਇਸ ਤੋਂ ਇਲਾਵਾ ਕਹਾਣੀਕਾਰ ਬਲਵਿੰਦਰ ਸਿੰਘ ਭੁੱਲਰ, ਟੀਚਰਜ਼ ਹੋਮ ਟਰੱਸਟ ਦੇ ਸਕੱਤਰ ਲਛਮਣ ਮਲੂਕਾ, ਸੇਵਾਮੁਕਤ ਅਧਿਕਾਰੀ ਗੋਪਾਲ ਸਿੰਘ, ਪ੍ਰਿੰ: ਜਸਵੀਰ ਸਿੰਘ ਢਿੱਲੋਂ ਨੇ ਵੀ ਸ੍ਰੀ ਭੰਗੂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਉਪਰੰਤ ਪੰਜਾਬੀ ਸਾਹਿਤ ਸਭਾ ਵੱਲੋਂ ਕਰਵਾਏ ਕਵੀ ਦਰਬਾਰ ਵਿੱਚ ਵੱਖ ਵੱਖ ਕਵੀਆਂ ਨੇ ਸ੍ਰੀ ਭੰਗੂ ਦੇ ਸ਼ਰਧਾਂਜਲੀ ਸਮਾਗਮ ਨੂੰ ਸਮਰਪਤ ਆਪਣੇ ਕਲਾਮ ਪੇਸ਼ ਕੀਤੇ।

## ਟਾਵਰ 'ਤੇ ਚੜ੍ਹੇ ਬੇਰੁਜ਼ਗਾਰ ਅਧਿਆਪਕਾਂ ਦਾ ਮਸਲਾ ਤੁਰੰਤ ਹੱਲ ਕਰੇ ਸਰਕਾਰ : ਰਾਣਵਾਂ



**ਧੂਰੀ (ਸੁਖਦੇਵ ਧੂਰੀ)**-ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਵਿਧਾਨ ਸਭਾ ਹਲਕਾ ਧੂਰੀ ਵਿਖੇ 5994 ਈ ਟੀ ਟੀ ਅਧਿਆਪਕਾਂ ਦੀ ਭਰਤੀ ਦਾ ਬੈਕਲਾਗ ਪੂਰਾ ਕਰਵਾਉਣ ਦੀ ਮੰਗ ਨੂੰ ਲੈ ਕੇ ਚੱਲ ਰਹੇ ਟਾਵਰ ਮੋਰਚੇ ਨੂੰ ਅੱਜ ਉਸ ਸਮੇਂ ਹੋਰ ਬਲ ਮਿਲਿਆ, ਜਦੋਂ ਵੱਖ-ਵੱਖ ਮੁਲਾਜ਼ਮ ਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਮੌਕੇ 'ਤੇ ਪਹੁੰਚ ਕੇ ਇਨ੍ਹਾਂ ਅਧਿਆਪਕਾਂ ਦੀ ਹੱਕੀ ਤੇ ਜਾਇਜ਼ ਮੰਗ ਨੂੰ ਤੁਰੰਤ ਪੂਰਾ ਕਰਨ ਲਈ ਆਪਣੀ ਪੂਰਨ ਹਮਾਇਤ ਦੇਣ ਦਾ ਐਲਾਨ ਕਰ ਦਿੱਤਾ।ਪੰਜਾਬ ਸਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਮੁਲਾਜ਼ਮ ਆਗੂ ਮੇਲਾ ਸਿੰਘ ਪੁੰਨਾਵਾਲ, ਐੱਸ.ਸੀ./ਬੀ.ਸੀ. ਯੂਨੀਅਨ ਦੇ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਦੁੱਗਾ ਤੇ ਜ਼ਿਲ੍ਹਾ ਚੀਫ਼ ਆਰਗੇਨਾਈਜ਼ੇਸ਼ਨ ਕਮਲਜੀਤ ਸਿੰਘ ਭਵਾਨੀਗੜ੍ਹ, ਸੀਤਾ ਰਾਮ ਸ਼ਰਮਾ, ਹੰਸ ਰਾਜ ਦੀਦਾਰਗੜ੍ਹ ਵਿਸ਼ੇਸ਼ ਤੌਰ 'ਤੇ ਧਰਨੇ ਵਿੱਚ ਸ਼ਾਮਲ ਹੋਏ। ਮੁਲਾਜ਼ਮ ਆਗੂ ਰਣਜੀਤ ਸਿੰਘ ਰਾਣਵਾਂ ਨੇ ਕਿਹਾ ਕਿ ਕਿਸੇ ਵੀ ਲੋਕਤੰਤਰੀ ਸਰਕਾਰ ਨੂੰ ਆਪਣੇ ਨੌਜਵਾਨਾਂ ਨੂੰ ਇਸ ਤਰ੍ਹਾਂ ਟਾਵਰਾਂ ਉੱਤੇ ਚੜ੍ਹ ਕੇ ਸੰਘਰਸ਼ ਕਰਨ ਲਈ ਮਜਬੂਰ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਜਲਦੀ ਮਸਲੇ ਦਾ ਹੱਲ ਨਾ ਕੀਤਾ ਤਾਂ ਪੰਜਾਬ ਭਰ ਦੀਆਂ ਮੁਲਾਜ਼ਮ ਤੇ ਜਨਤਕ ਜਥੇਬੰਦੀਆਂ ਇਸ ਸੰਘਰਸ਼ ਨੂੰ ਹੋਰ ਵੱਡੇ ਪੱਧਰ 'ਤੇ ਲੈ ਕੇ ਜਾਣਗੀਆਂ।ਮੁਲਾਜ਼ਮ ਆਗੂ ਕ੍ਰਿਸ਼ਨ ਸਿੰਘ ਦੁੱਗਾ, ਕਮਲਜੀਤ ਸਿੰਘ ਭਵਾਨੀਗੜ੍ਹ ਤੇ ਮੇਲਾ ਸਿੰਘ ਪੁੰਨਾਂਵਾਲ ਨੇ ਵੀ ਸੰਘਰਸ਼ ਕਰ ਰਹੇ ਉਮੀਦਵਾਰਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਦੀਆਂ ਸਮੂਹ ਜਥੇਬੰਦੀਆਂ ਇਸ ਲੜਾਈ ਵਿੱਚ ਉਨ੍ਹਾਂ ਦੇ ਨਾਲ ਖੜ੍ਹੀਆਂ ਹਨ ਤੇ ਹੱਕ ਮਿਲਣ ਤੱਕ ਇਹ ਸੰਘਰਸ਼ ਜਾਰੀ ਰਹੇਗਾ।

## ਸਨੌਰ ਨਿਵਾਸੀ ਸਾਗਰ ਵਿਰਕ ਦੀ ਅੰਡਰ-19 ਭਾਰਤੀ ਕ੍ਰਿਕਟ ਟੀਮ 'ਚ ਹੋਈ ਚੋਣ



**ਸਨੌਰ/ਪਟਿਆਲਾ (ਰਜਿੰਦਰ ਸਿੰਘ ਥਿੰਦ)**-ਪਟਿਆਲਾ ਦੀ ਕ੍ਰਿਕਟ ਨਰਸਰੀ ਤੋਂ ਇੱਕ ਹੋਰ ਪ੍ਰਤਿਭਾ ਰਾਸ਼ਟਰੀ ਕ੍ਰਿਕਟ ਮੰਚ 'ਤੇ ਆਪਣੀ ਚਮਕ ਬਿਖੇਰਨ ਲਈ ਤਿਆਰ ਹੈ।ਨੇੜਲੇ ਸ਼ਹਿਰ ਸਨੌਰ ਦੇ ਨੌਜਵਾਨ ਓਪਨਰ ਬੱਲੇਬਾਜ਼ ਸਾਗਰ ਵਿਰਕ ਦੀ ਚੋਣ ਭਾਰਤੀ ਅੰਡਰ-19 ਕ੍ਰਿਕਟ ਟੀਮ 'ਚ ਹੋਈ ਹੈ। ਆਉਣ ਵਾਲੀ 4 ਜੁਲਾਈ ਤੋਂ ਸ੍ਰੀਲੰਕਾ 'ਚ ਸ਼ੁਰੂ ਹੋਣ ਵਾਲੀ 3 ਦਿਨਾਂ ਵਨ ਡੇ ਤੇ 2 ਟੈਸਟ ਮੈਚਾਂ ਦੀ ਸੀਰੀਜ਼ 'ਚ ਸਾਗਰ ਭਾਰਤੀ ਟੀਮ ਦਾ ਹਿੱਸਾ ਹੋਣਗੇ ਤੇ ਓਪਨਰ ਬੱਲੇਬਾਜ਼ ਵਜੋਂ ਮੈਦਾਨ 'ਚ ਉਤਰਨਗੇ। ਇਸ ਪ੍ਰਾਪਤੀ ਨਾਲ ਨਾ ਸਿਰਫ਼ ਉਨ੍ਹਾਂ ਦੇ ਪਰਵਾਰ ਸਗੋਂ ਪੂਰੇ ਪਟਿਆਲਾ ਤੇ ਪੰਜਾਬ ਦੇ ਕ੍ਰਿਕਟ ਜਗਤ 'ਚ ਖੁਸ਼ੀ ਦੀ ਲਹਿਰ ਹੈ।ਸਾਗਰ ਵਿਰਕ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਚੋਣ ਦੀ ਖ਼ਬਰ ਸਭ ਤੋਂ ਪਹਿਲਾਂ ਉਸ ਦੇ ਵੱਡੇ ਭਰਾ ਮਨਵੀਰ ਵਿਰਕ ਨੇ ਦਿੱਤੀ, ਜੋਕਿ ਉਸ ਦੇ ਕ੍ਰਿਕਟ ਕਰੀਅਰ ਦਾ ਸਭ ਤੋਂ ਯਾਦਗਾਰ ਪਲ ਸੀ।ਉਨ੍ਹਾਂ ਦੱਸਿਆ ਕਿ ਉਸ ਨੇ ਕ੍ਰਿਕਟ ਅਕੈਡਮੀ ਆਫ਼ ਪਟਿਆਲਾ 'ਚ ਕੋਚ ਹਿਮਾਂਸ਼ੂ ਚਾਵਲਾ ਤੇ ਭਵਿਸ਼ ਗੋਇਲ ਦੀ ਰਹਿਨੁਮਾਈ ਹੇਠ ਸਿਖਲਾਈ ਲਈ ਹੈ।ਪਿਛਲੇ 5 ਸਾਲਾਂ ਤੋਂ ਉਹ ਨਿਯਮਿਤ ਤੌਰ 'ਤੇ ਅਕੈਡਮੀ 'ਚ ਸਿਖਲਾਈ ਲੈ ਰਿਹਾ ਹੈ।ਸਾਗਰ ਵਿਰਕ ਨੇ ਦੱਸਿਆ ਕਿ ਉਸ ਨੇ ਹੁਣ ਤੱਕ ਪੰਜਾਬ ਵੱਲੋਂ ਕੂਚ ਬਿਹਾਰ ਟਰਾਫੀ 'ਚ ਚੌਥੇ ਸਭ ਤੋਂ ਵੱਧ ਦੌੜਾਂ ਬਣਾਉਣ ਵਾਲੇ ਬੱਲੇਬਾਜ਼, ਪੰਜਾਬ ਵੱਲੋਂ ਵੀਨੂ ਮਾਂਕੜ ਟਰਾਫੀ 'ਚ ਚੌਥੇ ਸਭ ਤੋਂ ਵੱਧ ਦੌੜਾਂ ਬਣਾਉਣ ਵਾਲੇ ਬੱਲੇਬਾਜ਼, ਭਾਰਤ-ਬੀ ਟੀਮ ਲਈ ਪ੍ਰਤਿਸ਼ਠਿਤ ਚੈਲੇਂਜਰ ਟਰਾਫੀ 'ਚ ਨੁਮਾਇੰਦਗੀ ਤੇ ਬੀਸੀਸੀਆਈ ਦੇ ਸੈਂਟਰ ਆਫ਼ ਐਕਸੀਲੈਂਸ ਹਾਈ ਪਰਫਾਰਮੈਂਸ ਕੈਂਪ ਲਈ ਚੋਣ ਉਪਲੱਬਧੀਆਂ ਹਾਸਲ ਕੀਤੀਆਂ ਹਨ।

## ਐੱਨ ਸੀ ਸੀ ਨੇਵੀ ਵਿੰਗ ਦੀ ਸਾਲਾਨਾ ਟ੍ਰੇਨਿੰਗ ਕੈਂਪ ਸਮਾਪਤ



**ਬਠਿੰਡਾ (ਰਾਜੀਵ ਗੋਇਲ)**-ਦਿ ਆਕਸਫੋਰਡ ਸਕੂਲ ਆਫ ਐਜੂਕੇਸ਼ਨ, ਭਗਤਾ ਭਾਈਕਾ, ਇਲਾਕੇ ਦੀ ਇੱਕ ਅਜਿਹੀ ਮਾਨਮੱਤੀ ਸੰਸਥਾ ਹੈ, ਜੋ ਵਿੱਦਿਅਕ ਪੱਖ ਦੇ ਨਾਲ-ਨਾਲ ਬੱਚਿਆਂ ਦੇ ਬੌਧਿਕ ਵਿਕਾਸ ਤੇ ਹੋਰ ਗਤੀਵਿਧੀਆਂ ਨੂੰ ਪ੍ਰਮੁੱਖ ਰੱਖਦੇ ਹੋਏ ਸਮੇਂ-ਸਮੇਂ ਉੱਤੇ ਅਜਿਹੇ ਉਪਰਾਲੇ ਕਰਦੀ ਹੈ, ਜੋ ਵਿਦਿਆਰਥੀਆਂ ਦੇ ਵਰਤਮਾਨ ਤੇ ਭਵਿੱਖ ਨੂੰ ਉਜਵਲ ਬਣਾਉਣ ਵਿੱਚ ਸਹਾਈ ਸਿੱਧ ਹੁੰਦੇ ਹਨ। ਇਹ ਅਜਿਹੀ ਸੰਸਥਾ ਹੈ, ਜਿਸ ਦੇ ਵਿਦਿਆਰਥੀ ਐੱਨ.ਸੀ.ਸੀ. ਕੈਡਿਟ ਬਣ ਚੁੱਕੇ ਹਨ, ਜਿਸ ਕਾਰਨ ਇਸ ਸੰਸਥਾ ਵਿੱਚ ਨੇਵੀ ਵਿੰਗ ਦੇ ਸਾਲਾਨਾ ਟ੍ਰੇਨਿੰਗ ਕੈਂਪ ਦੀ ਸ਼ੁਰੂਆਤ 2 ਜੂਨ ਨੂੰ ਕੀਤੀ ਗਈ ਸੀ।ਇਸ ਦਸ ਰੋਜ਼ਾ ਕੈਂਪ ਵਿੱਚ ਐੱਨ.ਸੀ.ਸੀ. ਕੈਡਿਟਾਂ ਨੂੰ ਅਨੁਸ਼ਾਸਨ, ਲੀਡਰਸ਼ਿਪ, ਦੇਸ਼ ਦੀ ਸੇਵਾ ਕਰਨ ਤੇ ਇੱਕ ਚੰਗੇ ਨਾਗਰਿਕ ਬਣਨ ਦੀ ਜਾਣਕਾਰੀ ਦਿੱਤੀ ਗਈ।ਇਸ ਕੈਂਪ ਵਿੱਚ 23 ਸਕੂਲਾਂ ਦੇ ਕੁੱਲ 564 ਕੈਡਿਟ ਸ਼ਾਮਲ ਹੋਏ, ਜਿਨ੍ਹਾਂ ਦੇ ਵਿੱਚ 221 ਜੂਨੀਅਰ ਵਿੰਗ (ਲੜਕੀਆਂ) ਤੇ 343 ਜੂਨੀਅਰ ਡਵੀਜ਼ਨ (ਲੜਕੇ) ਦੇ ਕੈਡਿਟ ਸ਼ਾਮਲ ਸਨ।ਇਸ ਕੈਂਪ ਵਿੱਚ 564 ਕੈਡਿਟ ਨੂੰ 11 ਕੰਪਨੀਆਂ ਵਿੱਚ ਵੰਡ ਕੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ ਜਿਵੇਂ ਕਿ ਰਾਈਫਲ ਸਿਖਲਾਈ, ਰੱਸਾ ਕੱਸੀ, ਵਾਲੀਬਾਲ, ਕਲਚਰ ਗਤੀਵਿਧੀਆਂ, ਪੀ ਟੀ ਪਰੇਡ ਆਦਿ ਕਰਵਾਈ ਗਈ।ਸਰੀਰਕ ਗਤੀਵਿਧੀਆਂ ਤੋਂ ਇਲਾਵਾ ਬੱਚਿਆਂ ਨੂੰ ਵੱਖ-ਵੱਖ ਵਿਸ਼ਿਆਂ ਤੇ ਜਾਗਰੂਕ ਲੈਕਚਰ ਲਗਾਏ ਗਏ।ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਸਮਾਪਤੀ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਦਿਨ ਵੱਖ-ਵੱਖ ਸਕੂਲਾਂ ਤੋਂ ਆਏ ਸਾਰੇ ਕੈਡੀਟਾਂ ਨੇ ਵੱਖ-ਵੱਖ ਮਨੋਰੰਜਨ ਦਾਇਕ ਗਤੀਵਿਧੀਆਂ ਵਿੱਚ ਹਿੱਸਾ ਲਿਆ।ਇਸ ਸਮੇਂ ਸਾਰੇ ਕੈਡਿਟਾਂ ਵੱਲੋਂ ਇੱਕ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਆਕਸਫੋਰਡ ਸਕੂਲ ਦੇ ਕੈਡਿਟ ਨੇ ਵੀ ਪੁਜ਼ੀਸ਼ਨ ਹਾਸਲ ਕੀਤੀ।ਕੈਪਟਨ ਇਸ਼ਰਾਜ ਸਿੰਘ (ਕਮਾਂਡਰ ਅਫਸਰ) ਨੇ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੂੰ ਸਨਮਾਨ ਚਿੰਨ ਦੇ ਕੇ ਸਕੂਲ ਦੀ ਪ੍ਰਬੰਧਕ ਕਮੇਟੀ ਤੇ ਪ੍ਰਿੰਸੀਪਲ ਸਾਹਿਬ ਦਾ ਧੰਨਵਾਦ ਕੀਤਾ।ਏ.ਐੱਨ.ਓ. ਤਜਿੰਦਰ ਸਿੰਘ, ਸੀ.ਟੀ.ਓ. ਜਗਜੀਤ ਸਿੰਘ, ਸਕੂਲ ਦੇ ਡੀਪੀ ਈ ਪ੍ਰਦਮਨਸਿੰਘ, ਸੁਖਵਿੰਦਰ ਸਿੰਘ, ਗੁਰਜਿੰਦਰ ਸਿੰਘ, ਮੈਡਮ ਮਨਪ੍ਰੀਤ ਕੌਰ, ਮੈਡਮ ਪੂਨਮ ਤੇ ਬਾਕੀ ਸਕੂਲਾਂ ਤੋਂ ਆਏ ਅਧਿਆਪਕਾਂ ਦੇ ਸਹਿਯੋਗ ਨਾਲ ਇਹ ਕੈਂਪ ਸਦੀਵੀ ਯਾਦਾਂ ਛੱਡਦਾ ਹੋਇਆ ਸਮਾਪਤ ਹੋਇਆ।

# ਦਿਨੇਸ਼ ਜੈਨ ਤੇ ਪ੍ਰਿੰ. ਮੋਹਨ ਲਾਲ ਨੇ ਕੇਂਦਰੀ ਕਾਨੂੰਨ ਮੰਤਰੀ ਨਾਲ ਕੀਤੀ ਮੁਲਾਕਾਤ

■ ਪੰਜਾਬ ਦੇ ਭਖਦੇ ਮੁੱਦਿਆਂ 'ਤੇ ਹੋਈ ਅਹਿਮ ਚਰਚਾ



**ਸਮਾਣਾ (ਇਕਬਾਲ ਸਿੰਘ ਬੱਲ)**

ਵਿਕਸਿਤ ਭਾਰਤ ਸੰਕਲਪ ਯਾਤਰਾ (ਵਿਕਸਿਤ ਭਾਰਤ ਜੀ ਰਾਮ ਜੀ ਸੈੱਲ) ਪੰਜਾਬ ਦੇ ਮੀਤ ਪ੍ਰਧਾਨ ਦਿਨੇਸ਼ ਕੁਮਾਰ ਜੈਨ (ਰੋਡਾ ਜੈਨ), ਵਿਕਸਿਤ ਭਾਰਤ ਸੰਕਲਪ ਯਾਤਰਾ ਜੀ ਰਾਮ ਜੀ ਸੈੱਲ ਦੇ ਸਲਾਹਕਾਰ ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਤੇ ਜੀ ਰਾਮ ਜੀ ਸੈੱਲ ਪੰਜਾਬ ਦੇ ਪ੍ਰਧਾਨ ਚਮਕੀਲਾ ਸਿੰਘ ਵੱਲੋਂ ਬੀਕਾਨੇਰ ਵਿਖੇ ਭਾਰਤ ਦੇ ਕੇਂਦਰੀ ਕਾਨੂੰਨ ਮੰਤਰੀ ਸ੍ਰੀ ਅਰਜੁਨ ਰਾਮ ਮੇਘਵਾਲ ਨਾਲ ਇੱਕ ਵਿਸ਼ੇਸ਼ ਤੇ ਉੱਚ ਪੱਧਰੀ ਮੁਲਾਕਾਤ ਕੀਤੀ ਗਈ।ਇਸ ਅਹਿਮ ਬੈਠਕ ਦੌਰਾਨ ਪੰਜਾਬ ਦੇ ਮੌਜੂਦਾ ਹਾਲਾਤ, ਸੂਬੇ ਦੇ ਭਖਦੇ ਮੁੱਦਿਆਂ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਰਣਨੀਤੀ ਨੂੰ ਲੈ ਕੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।ਮੁਲਾਕਾਤ ਦੌਰਾਨ ਦਿਨੇਸ਼ ਕੁਮਾਰ ਜੈਨ, ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਤੇ ਚਮਕੀਲਾ ਸਿੰਘ ਨੇ ਕੇਂਦਰੀ ਮੰਤਰੀ ਸ੍ਰੀ ਮੇਘਵਾਲ ਨੂੰ ਪੰਜਾਬ ਦੀਆਂ ਹੇਠਲੇ ਪੱਧਰ (ਜ਼ਮੀਨੀ ਪੱਧਰ) ਦੀਆਂ ਪ੍ਰਮੁੱਖ ਸਮੱਸਿਆਵਾਂ ਤੇ ਆਮ ਲੋਕਾਂ ਦੀਆਂ ਉਮੀਦਾਂ ਤੇ ਮੰਗਾਂ ਬਾਰੇ ਵਿਸਥਾਰ ਵਿੱਚ ਜਾਣੂ ਕਰਵਾਇਆ।ਉਨ੍ਹਾਂ ਪੰਜਾਬ ਦੇ ਸਰਵਪੱਖੀ ਵਿਕਾਸ ਲਈ ਕੇਂਦਰ ਸਰਕਾਰ ਦੇ ਵਿਸ਼ੇਸ਼ ਸਹਿਯੋਗ ਦੀ ਮੰਗ ਕੀਤੀ। ਕੇਂਦਰੀ ਕਾਨੂੰਨ ਮੰਤਰੀ ਮੇਘਵਾਲ ਨੇ ਦਿਨੇਸ਼ ਕੁਮਾਰ ਜੈਨ, ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਨਾਲ ਪੰਜਾਬ ਦੇ ਮੌਜੂਦਾ ਸਿਆਸੀ ਸਮੀਕਰਨਾਂ 'ਤੇ ਡੂੰਘਾਈ ਨਾਲ ਚਰਚਾ ਕੀਤੀ।ਉਨ੍ਹਾਂ ਆਗੂਆਂ ਨੂੰ ਪੰਜਾਬ ਦੀ ਬਿਹਤਰੀ ਤੇ ਖੁਸ਼ਹਾਲੀ ਲਈ ਕੇਂਦਰ ਸਰਕਾਰ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਪੂਰਨ ਭਰੋਸਾ ਦਿੱਤਾ। ਸ੍ਰੀ ਮੇਘਵਾਲ ਨੇ ਪਾਰਟੀ ਆਗੂਆਂ ਤੇ ਵਰਕਰਾਂ ਨੂੰ ਸੱਦਾ ਦਿੱਤਾ ਕਿ ਉਹ ਹੁਣੇ ਤੋਂ ਹੀ ਚੋਣਾਂ ਦੀਆਂ ਤਿਆਰੀਆਂ ਵਿੱਚ ਜੁੱਟ ਜਾਣ।ਉਨ੍ਹਾਂ ਨੇ ਕੇਂਦਰ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੇ ਭਲਾਈ ਸਕੀਮਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ ਤਾਂ ਜੋ ਸੂਬੇ ਦੇ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਮਿਲ ਸਕੇ।ਇਸ ਉੱਚ ਪੱਧਰੀ ਤੇ ਪ੍ਰਭਾਵਸ਼ਾਲੀ ਬੈਠਕ ਦੇ ਮੌਕੇ 'ਤੇ ਭਾਜਪਾ ਦੇ ਕਈ ਹੋਰ ਪ੍ਰਮੁੱਖ ਆਗੂ ਵੀ ਮੌਜੂਦ ਸਨ।

# ਆਕਸਫੋਰਡ ਦੇ ਵਿਦਿਆਰਥੀਆਂ ਵੱਲੋਂ ਸ਼ਿਮਲਾ ਤੇ ਕੁਫਰੀ ਦਾ ਟੂਰ



**ਬਠਿੰਡਾ (ਰਾਜੀਵ ਗੋਇਲ)**

ਦਾ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਵੱਲੋਂ ਵਿਦਿਆਰਥੀਆਂ ਲਈ ਜੂਨ ਦੀਆਂ ਛੁੱਟੀਆਂ ਨੂੰ ਮੱਦੇਨਜ਼ਰ ਰੱਖਦੇ ਹੋਏ ਇੱਕ ਟੂਰ ਉਲੀਕਿਆ ਗਿਆ। ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਦੀ ਅਗਵਾਈ ਵਿੱਚ 104 ਵਿਦਿਆਰਥੀ, ਸੱਤ ਅਧਿਆਪਕਾਂ ਤੇ ਇੱਕ ਗਾਈਡ ਸਮੇਤ ਸਕੂਲ ਕੈਂਪਸ ਵਿੱਚੋਂ ਰਵਾਨਾ ਹੋਏ।ਇਸ ਟੂਰ ਵਿੱਚ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਲਿਜਾਇਆ ਗਿਆ।ਇਸ ਸਮੇਂ ਸ਼ਿਮਲਾ ਤੇ ਕੁਫਰੀ ਵਰਗੇ ਰਮਣੀਕ ਤੇ ਠੰਡੇ ਸਥਾਨ 'ਤੇ ਜਾਣ ਕਾਰਨ ਵਿਦਿਆਰਥੀ ਬੜੇ ਉਤਸ਼ਾਹਤ ਨਜ਼ਰ ਆ ਰਹੇ ਸਨ।ਵਿਦਿਆਰਥੀਆਂ ਨੇ ਸ਼ਿਮਲਾ ਪਹੁੰਚ ਕੇ ਬਹੁਤ ਹੀ ਪੁਰਾਤਨ ਤੇ ਇਤਿਹਾਸਿਕ ਜਾਖੂ ਮੰਦਰ ਦੇ ਦਰਸ਼ਨ ਕੀਤੇ।ਵਿਦਿਆਰਥੀਆਂ ਨੇ ਸ਼ਿਮਲੇ ਵਿੱਚ ਲੱਕੜ ਬਾਜ਼ਾਰ ਤੇ ਮਾਲ ਰੋਡ ਦੀ ਰੌਣਕ ਦਾ ਆਨੰਦ ਵੀ ਮਾਣਿਆ।ਕੁਫਰੀ ਵਿੱਚ ਵਿਦਿਆਰਥੀਆਂ ਨੇ ਟਰੈਕਿੰਗ ਕਰਕੇ ਚਿੜੀਆ ਘਰ ਦੀ ਸੈਰ ਕੀਤੀ।ਇਥੇ ਵਿਦਿਆਰਥੀਆਂ ਨੇ ਭਿੰਨ ਭਿੰਨ ਬਨਸਪਤੀ ਤੇ ਜੰਗਲੀ ਜੀਵਾਂ ਦੀ ਜੀਵਨ ਬਾਰੇ ਜਾਣਕਾਰੀ ਵੀ ਇਕੱਤਰ ਕੀਤੀ।ਕੁਫਰੀ ਵਿੱਚ ਹਿੱਪ ਹਿੱਪ ਹੁਰੇ ਪਾਰਕ ਵਿੱਚ ਵੀ ਵਿਦਿਆਰਥੀਆਂ ਨੇ ਖੂਬ ਮਸਤੀ ਕੀਤੀ ਤੇ ਐਡਵੈਂਚਰ ਕਿਰਿਆਵਾਂ ਵੀ ਕੀਤੀਆਂ।ਪੰਚਕੂਲਾ ਦੀ ਢਾਣੀ ਵਿੱਚ ਪਹੁੰਚ ਕੇ ਤਾਂ ਵਿਦਿਆਰਥੀਆਂ ਦੇ ਪੈਰ ਥੱਲੇ ਨਹੀਂ ਸੀ ਲੱਗ ਰਹੇ।ਇੱਥੇ ਕੱਠਪੁਤਲੀਆਂ ਦਾ ਨਾਚ, ਰਾਜਸਥਾਨੀ ਨਾਚ, ਨਾਚ ਅਦਾਕਾਰਾਂ ਦੀਆਂ ਹੈਰਾਨੀਜਨਕ ਕਿਰਿਆਵਾਂ, ਹੱਥ ਦੀ ਸਫਾਈ-ਜਾਦੂ ਦਾ ਖੇਲ ਤੇ ਊਠ ਦੀ ਸਵਾਰੀ ਆਦਿ ਕਾਰਨ ਵਿਦਿਆਰਥੀ ਬੇਹੱਦ ਖੁਸ਼ ਨਜ਼ਰ ਆ ਰਹੇ ਸਨ।ਇੱਥੇ ਵਿਦਿਆਰਥੀਆਂ ਨੇ ਡਿਨਰ ਦੇ ਰੂਪ ਵਿੱਚ ਰਾਜਸਥਾਨੀ ਥਾਲੀ ਦਾ ਸਵਾਦ ਵੀ ਚੱਖਿਆ ਤੇ ਬੇਹੱਦ ਸਵਾਦਿਸ਼ਟ ਖਾਣੇ ਨੂੰ ਹਜਮ ਕਰਨ ਲਈ ਡੀ.ਜੇ. ਨਾਈਟ ਦਾ ਆਨੰਦ ਵੀ ਮਾਣਿਆ।ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਨਾਲ ਸਬੰਧਤ ਇਤਿਹਾਸਿਕ ਗੁਰਦੁਆਰਾ ਨਾਢਾ ਸਾਹਿਬ ਦੇ ਦਰਸ਼ਨ ਵੀ ਕਰਵਾਏ ਗਏ।ਇੱਥੇ ਵਿਦਿਆਰਥੀਆਂ ਨੂੰ ਲੰਗਰ ਹਾਲ ਵਿੱਚ ਸੇਵਾ ਕਰਨ ਦਾ ਸੁਭਾਗ ਵੀ ਪ੍ਰਾਪਤ ਹੋਇਆ।ਸਕੂਲ ਵਾਪਸ ਪਹੁੰਚਣ ਤੇ ਵਿਦਿਆਰਥੀਆਂ ਨੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਸਰਪ੍ਰਸਤ ਸ. ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਰਾਜਵਿੰਦਰ ਸਿੰਘ ਸੋਢੀ (ਜਨਰਲ ਸਕੱਤਰ), ਗੁਰਮੀਤ ਸਿੰਘ ਗਿੱਲ (ਸਰਪੰਚ) ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਜੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅਸੀਂ ਆਪ ਜੀ ਦੇ ਯਤਨਾ ਸਦਕਾ ਹੀ ਇਸ ਟੂਰ ਦਾ ਆਨੰਦ ਮਾਣ ਸਕੇ ਹਾਂ।ਵਿਦਿਆਰਥੀਆਂ ਨੇ ਕਿਹਾ ਕਿ ਇਹ ਟੂਰ ਇੱਕ ਆਨੰਦ ਦਾਇਕ ਟੂਰ ਹੀ ਨਹੀਂ ਸੀ ਸਗੋਂ ਸਿੱਖਿਆ ਦਾਇਕ ਤੇ ਪੜ੍ਹਾਈ ਨਾਲ ਸੰਬੰਧਤ ਜਾਣਕਾਰੀ ਪ੍ਰਾਪਤ ਕਰਨ ਦਾ ਉਪਰਾਲਾ ਵੀ ਸੀ ਕਿਉਂਕਿ ਵਿਦਿਆਰਥੀਆਂ ਨੇ ਪਹਾੜਾਂ ਦੀ ਮਿੱਟੀ ਤੇ ਉੱਥੋਂ ਦੀ ਬਨਸਪਤੀ ਬਾਰੇ ਵੀ ਆਪਣੇ ਅਧਿਆਪਕਾਂ ਤੋਂ ਜਾਣਕਾਰੀ ਪ੍ਰਾਪਤ ਕੀਤੀ।

# ਗੁਰਤੇਜ ਚਾਨੀ ਅਕਾਲੀ ਦਲ ਵਪਾਰ ਵਿੰਗ ਦੇ ਪ੍ਰਧਾਨ ਨਿਯੁਕਤ

■ ਚਾਨੀ ਸਾਡਾ ਵਫਾਦਾਰ ਸਿਪਾਹੀ ਐ : ਮਲੂਕਾ
■ ਵਪਾਰੀ ਵਰਗ ਦੀ ਭਲਾਈ ਲਈ ਕੰਮ ਕਰਾਂਗਾ : ਚਾਨੀ



**ਬਠਿੰਡਾ (ਰਾਜੀਵ ਗੋਇਲ)**

ਸ਼੍ਰੋਮਣੀ ਅਕਾਲੀਦਲ ਦੇ ਪ੍ਰਮੁੱਖ ਸੁਖਬੀਰ ਸਿੰਘ ਬਾਦਲ ਵੱਲੋਂ ਕੀਤੀਆਂ ਗਈਆਂ ਨਵੀਆਂ ਨਿਯੁਕਤੀਆਂ ਦੇ ਤਹਿਤ 2027 ਦਾ ਮੈਦਾਨ ਫਤਹਿ ਕਰਨ ਲਈ ਆਏ ਦਿਨ ਪਾਰਟੀ ਪ੍ਰਤੀ ਚੰਗੀ ਸੋਚ ਰੱਖਣ ਤੇ ਕੰਮ ਕਰਨ ਵਾਲੇ ਲੋਕਾਂ ਨੂੰ ਜ਼ੁੰਮੇਵਾਰੀਆਂ ਦਿੱਤੀਆਂ ਜਾ ਰਹੀਆਂ ਹਨ ਤੇ ਇਸੇ ਹੀ ਲੜੀ ਤਹਿਤ ਉਨ੍ਹਾਂ ਵੱਲੋਂ ਪਾਰਟੀ ਦੇ ਵਪਾਰ ਵਿੰਗ ਦੇ ਸੂਬਾਈ ਪ੍ਰਧਾਨ ਐੱਨ ਕੇ ਸ਼ਰਮਾ ਦੀ ਅਗਵਾਈ ਹੇਠ ਰਾਮਪੁਰਾ ਫੂਲ ਹਲਕੇ ਲਈ ਇੱਕ ਨਵੀਂ ਨਿਯੁਕਤੀ ਕਰਦੇ ਹੋਏ ਹਲਕਾ ਰਾਮਪੁਰਾ ਫੂਲ ਦੇ ਪਿੰਡ ਸਿਰੀਏਵਾਲਾ ਨਾਲ ਸੰਬੰਧਤ ਪ੍ਰਸਿੱਧ ਉਦਯੋਗਪਤੀ ਤੇ ਚਾਨੀ ਐਗਰੋ ਇੰਡਸਟਰੀ ਦੇ ਮਾਲਕ ਗੁਰਤੇਜ ਸਿੰਘ ਚਾਨੀ ਨੂੰ ਹਲਕੇ ਦੇ ਵਪਾਰ ਵਿੰਗ ਦੀ ਕਮਾਨ ਸੌਂਪੀ ਗਈ ਹੈ ਤੇ ਆਸ ਕੀਤੀ ਕਿ ਉਹ ਜਿੱਥੇ ਵਪਾਰੀਆਂ ਦੀ ਬਿਹਤਰੀ ਲਈ ਕੰਮ ਕਰਨਗੇ, ਉੱਥੇ ਹੀ ਉਨ੍ਹਾਂ ਨੂੰ ਪਾਰਟੀ ਦੀਆਂ ਨੀਤੀਆਂ ਤੋਂ ਜਾਣੂ ਕਰਵਾਉਂਦੇ ਹੋਏ ਅਕਾਲੀ ਦਲ ਨਾਲ ਜੋੜਨ ਦੀ ਸੇਵਾ ਨਿਭਾਉਣਗੇ।ਹਲਕਾ ਰਾਮਪੁਰਾ ਫੂਲ ਦੇ ਮੁੱਖ ਸੇਵਾਦਾਰ ਸਿਕੰਦਰ ਸਿੰਘ ਮਲੂਕਾ ਨੇ ਚਾਨੀ ਦੀ ਪਿੱਠ ਥਾਪੜਦੇ ਹੋਏ ਉਨ੍ਹਾਂ ਨੂੰ ਪਾਰਟੀ ਦਾ ਵਫਾਦਾਰ ਸਿਪਾਹੀ ਦੱਸਿਆ ਅਤੇ ਨਾਲ ਹੀ ਨਵੀਂ ਜ਼ੁੰਮੇਵਾਰੀ ਦਿੱਤੇ ਜਾਣ 'ਤੇ ਚਾਨੀ ਵੱਲੋਂ ਸਮੂਹ ਪਾਰਟੀ ਹਾਈਕਮਾਨ ਦਾ ਧੰਨਵਾਦ ਕਰਦੇ ਹੋਏ ਆਪਣਾ ਕੰਮ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਕਰਨ ਦਾ ਵਾਅਦਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਮੇਰੇ ਵੱਲੋਂ ਵਪਾਰੀ ਵਰਗ ਦੀ ਭਲਾਈ ਤੇ ਵਪਾਰ ਨੂੰ ਮੁੜ ਲੀਹ 'ਤੇ ਲਿਜਾਣ ਲਈ ਅਹਿਮ ਕਦਮ ਚੁੱਕੇ ਜਾਣਗੇ।


**SBI** RETAIL ASSETS CENTRAL PROCESSING CENTRE (05296), CIVIL LINES, FOUNTAIN CHOWK, LUDHIANA

**ਰੂਲ (8-1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਆਰ ਏ ਸੀ ਪੀ ਸੀ, ਸਿਵਲ ਲਾਈਨਜ਼, ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ ਰਕਮ ਅਦਾ ਕਰਨ 'ਚ ਅਸਫਲ ਰਹੇ ਹਨ, ਜਾਇਦਾਦ ਦੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਇਨ੍ਹਾਂ ਮਿਤੀਆਂ ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਚਿਤਾਵਨੀ ਦਿੱਤੀ ਜਾਂਦੀ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ ਸਟੇਟ ਬੈਂਕ ਆਫ ਇੰਡੀਆ, ਆਰ ਏ ਸੀ ਪੀ ਸੀ, ਸਿਵਲ ਲਾਈਨਜ਼, ਲੁਧਿਆਣਾ ਵੱਲੋਂ ਹੇਠਾਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਵਸੂਲ ਕੀਤੀ ਜਾਵੇਗੀ।

ਉਪਲਬਧ ਸਮੇਂ 'ਚ ਸਕਿਊਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| | | 02.04.2026 | 15.06.2026 | ਸੰਕੇਤਕ ਕਬਜ਼ਾ |
| ਕਰਜ਼ਦਾਰ : ਸ੍ਰੀ ਸੁਸ਼ੀਲ ਕੁਮਾਰ ਪੁੱਤਰ ਸ੍ਰੀ ਬ੍ਰਹਮੂ ਰਾਮ ਅਤੇ ਸ੍ਰੀਮਤੀ ਨੀਲਮ ਸ਼ਰਮਾ ਪਤਨੀ ਸੁਸ਼ੀਲ ਕੁਮਾਰ ਦੋਵੇਂ ਵਾਸੀ ਫਲੈਟ ਨੰ. 2, ਧਰਾਤਲ ਮੰਜ਼ਲ ਬਲਾਕ-ਡੀ ਐੱਨ, ਰਾਇਲ ਵਿਊ ਪ੍ਰੀਮੀਅਰ, ਓਮੈਕਸ ਰਾਇਲ, ਪੱਖੋਵਾਲ ਰੋਡ, ਪਿੰਡ ਠੱਕਰਵਾਲ, ਲੁਧਿਆਣਾ | ਬੈਨਾਮਾ ਵਸੀਕਾ ਨੰ. 2022-23/101/1/5446 ਮਿਤੀ 25.08.2022 ਅਨੁਸਾਰ ਸ੍ਰੀ ਸੁਸ਼ੀਲ ਕੁਮਾਰ ਪੁੱਤਰ ਬ੍ਰਹਮੂ ਰਾਮ ਦੇ ਨਾਂਅ ਫਲੈਟ ਨੰ. 2 ਦੇ ਸਾਰੇ ਹਿੱਸੇ, ਰਕਬਾ 149.89 ਵਰਗ ਗਜ਼, ਧਰਾਤਲ ਮੰਜ਼ਲ, ਬਲਾਕ ਡੀ ਐੱਨ, ਰਾਇਲ ਵਿਊ ਪ੍ਰੀਮੀਅਰ, ਓਮੈਕਸ ਰਾਇਲ ਰੈਜ਼ੀਡੈਂਸੀ, ਪੱਖੋਵਾਲ ਰੋਡ, ਪਿੰਡ ਠੱਕਰਵਾਲ, ਲੁਧਿਆਣਾ | | | ਰੁਪਏ 69,34,622/-(ਉਨੱਤਰ ਲੱਖ ਚੌਂਤੀ ਹਜ਼ਾਰ ਛੇ ਸੌ ਬਾਈ ਰੁਪਏ ਕੇਵਲ) ਸਹਿਤ 1.04.2026 ਤੱਕ ਲਾਗੂ ਵਿਆਜ ਅਤੇ ਹੋਰ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤਾਂ ਆਦਿ |

ਮਿਤੀ : 15.06.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ


## 3 ਨਜਾਇਜ਼ ਪਿਸਟਲ ਤੇ ਮੋਬਾਇਲ ਫੋਨਾਂ ਸਮੇਤ 2 ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੀਆਈਏ ਸਟਾਫ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 2 ਵਿਅਕਤੀਆਂ ਨੂੰ ਤਿੰਨ ਨਜਾਇਜ਼ ਪਿਸਟਲ, 3 ਮੈਗਜ਼ੀਨ ਤੇ 2 ਮੋਬਾਇਲ ਫੋਨ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਥਾਣਾ ਕੈਂਟ ਫਿਰੋਜ਼ਪੁਰ ਵਿਖੇ ਅਸਲਾ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸੀਆਈਏ ਸਟਾਫ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਸਾਹਿਬ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਲਾਈਟਾਂ ਵਾਲਾ ਚੌਕ, ਨੇੜੇ ਬੱਸ ਸਟੈਂਡ ਫਿਰੋਜ਼ਪੁਰ ਕੈਂਟ ਪਾਸ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਮਿੱਠੂ ਪੁੱਤਰ ਬਾਬੂ ਵਾਲਾ ਵਾਸੀ ਪਿੰਡ ਕੁੰਡੇ ਤੇ ਰਸ਼ਪਾਲ ਉਰਫ ਸੇਵਕ ਪੁੱਤਰ ਜੀਤਾ ਵਾਸੀ ਪਿੰਡ ਕੁੰਡੇ ਆਪਣੇ ਪਾਸ ਨਜਾਇਜ਼ ਪਿਸਟਲ ਰੱਖੇ ਹੋਏ ਹਨ, ਜੋ ਹਮੇਸ਼ਾ ਇਹ ਆਪਣੇ ਨਾਲ ਲੈ ਕੇ ਚੱਲਦੇ ਹਨ। ਇਸ ਵਕਤ ਮਿੱਠੂ ਤੇ ਰਸ਼ਪਾਲ ਉਰਫ ਸੇਵਕ ਇੱਥੋਂ ਥੋੜ੍ਹੀ ਦੂਰ ਸ਼ਮਸ਼ਾਨਘਾਟ ਰੋਡ ਫਿਰੋਜ਼ਪੁਰ ਕੈਂਟ 'ਤੇ ਕਿਸੇ ਦੀ ਉਡੀਕ ਵਿਚ ਖੜ੍ਹੇ ਹੋਏ ਹਨ। ਜੇਕਰ ਹੁਣੇ ਇਨ੍ਹਾਂ ਨੂੰ ਕਾਬੂ ਕਰਕੇ ਚੈਕਿੰਗ ਕੀਤੀ ਜਾਵੇ ਤਾਂ ਇਨ੍ਹਾਂ ਪਾਸੋਂ ਨਜਾਇਜ਼ ਪਿਸਟਲ ਬਰਾਮਦ ਹੋ ਸਕਦੇ ਹਨ। ਪੁਲਸ ਨੇ ਦੱਸਿਆ ਕਿ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਦੋਸ਼ੀਆਨ ਮਿੱਠੂ ਤੇ ਰਸ਼ਪਾਲ ਉਰਫ ਸੇਵਕ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1 ਨਜਾਇਜ਼ ਗਲੋਕ ਪਿਸਟਲ ਅਸਟਰੀਆ ਸਮੇਤ ਮੈਗਜ਼ੀਨ, 2 ਨਜਾਇਜ਼ ਪਿਸਟਲ 30 ਬੋਰ ਸਮੇਤ 3 ਮੈਗਜ਼ੀਨ, 2 ਜ਼ਿੰਦਾ ਰੋਂਦ ਤੇ 2 ਮੋਬਾਇਲ ਫੋਨ ਬਰਾਮਦ ਕੀਤੇ ਗਏ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।

## ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕਾਨਫ਼ਰੰਸ 18 ਤੋਂ

**ਪਟਿਆਲਾ (ਥਿੰਦ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਉੱਪ-ਕੁਲਪਤੀ ਡਾ. ਜਗਦੀਪ ਸਿੰਘ ਦੀ ਪ੍ਰਵਾਨਗੀ ਨਾਲ ਸੀ.ਆਈ.ਆਈ.ਐੱਲ. ਮੈਸੂਰ (ਕਰਨਾਟਕ) ਤੇ ਆਈ.ਸੀ.ਐੱਸ. ਐੱਸ.ਆਰ. ਨਵੀਂ ਦਿੱਲੀ ਦੇ ਵਿਸ਼ੇਸ਼ ਸਹਿਯੋਗ ਨਾਲ 18 ਤੋਂ 20 ਜੂਨ 2026 ਤੱਕ 53ਵੀਂ ਆਲ ਇੰਡੀਆ ਕਾਨਫ਼ਰੰਸ ਆਫ਼ ਦਰਾਵਿੜੀਅਨ ਲਿੰਗੁਇਸਟਸ ਕੀਤੀ ਜਾ ਰਹੀ ਹੈ।ਇਸ ਮਹੱਤਵਪੂਰਨ ਕਾਨਫ਼ਰੰਸ ਦੀ ਅਗਵਾਈ ਪੰਜਾਬੀ ਵਿਭਾਗ, ਭਾਸ਼ਾ ਵਿਗਿਆਨ ਤੇ ਪੰਜਾਬੀ ਕੋਸ਼ਕਾਰੀ ਵਿਭਾਗ, ਪੰਜਾਬੀ ਲਿੰਗੁਇਸਟਿਕਸ ਐਸੋਸੀਏਸ਼ਨ ਪਟਿਆਲਾ, ਦਰਾਵਿੜੀਅਨ ਲਿੰਗੁਇਸਟਿਕ ਐਸੋਸੀਏਸ਼ਨ, ਇੰਟਰਨੈਸ਼ਨਲ ਸਕੂਲ ਆਫ਼ ਦਰਾਵਿੜੀਅਨ ਲਿੰਗੁਇਸਟਿਕ ਤਿਰੂਵਨੰਥਪੁਰਮ (ਕੇਰਲ) ਵੱਲੋਂ ਸਾਂਝੇ ਤੌਰ 'ਤੇ ਕੀਤੀ ਜਾ ਰਹੀ ਹੈ।ਇਸ ਕਾਨਫ਼ਰੰਸ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ ਕਾਨਫ਼ਰੰਸ ਦੇ ਆਰਗੇਨਾਈਜ਼ਿੰਗ ਸਕੱਤਰ ਡਾ. ਰਾਜਵੰਤ ਕੌਰ ਪੰਜਾਬੀ, ਜੋ ਪੰਜਾਬੀ ਵਿਭਾਗ ਦੇ ਮੁਖੀ ਵੀ ਹਨ, ਨੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਕਾਨਫ਼ਰੰਸ ਸੰਬੰਧੀ ਗਠਿਤ ਕਮੇਟੀਆਂ ਦੀ ਮੀਟਿੰਗ ਪੰਜਾਬੀ ਵਿਭਾਗ ਵਿਖੇ ਮੁਖੀ ਪੰਜਾਬੀ ਵਿਭਾਗ ਵੱਲੋਂ ਸੱਦੀ ਗਈ, ਜਿਸ ਵਿੱਚ ਅਕਾਦਮਿਕ ਕਮੇਟੀ, ਪੀਅਰ ਰੀਵਿਊ ਕਮੇਟੀ, ਰਿਪੋਰਟਿੰਗ ਕਮੇਟੀ ਤੇ ਸੱਭਿਆਚਾਰਕ ਕਮੇਟੀ ਆਦਿ ਚਾਰ ਕਮੇਟੀਆਂ ਦੇ ਮੈਂਬਰ ਸ਼ਾਮਲ ਹੋਏ।ਇਸ ਮੀਟਿੰਗ ਵਿੱਚ ਕਾਨਫ਼ਰੰਸ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਕਮੇਟੀ ਦੇ ਨੁਮਾਇੰਦਿਆਂ ਵੱਲੋਂ ਅਹਿਮ ਨੁਕਤਿਆਂ 'ਤੇ ਚਰਚਾ ਕੀਤੀ ਗਈ।ਇਸ ਮੀਟਿੰਗ ਵਿੱਚ ਆਯੋਜਨ ਸਕੱਤਰ ਡਾ. ਰਾਜਵੰਤ ਕੌਰ ਪੰਜਾਬੀ ਤੋਂ ਇਲਾਵਾ ਡਾ. ਭੀਮ ਇੰਦਰ ਸਿੰਘ ਡਾਇਰੈਕਟਰ ਯੁਵਕ ਭਲਾਈ ਵਿਭਾਗ, ਡਾ. ਧਰਮਜੀਤ ਸਿੰਘ (ਮੁਖੀ ਅੰਗਰੇਜ਼ੀ ਵਿਭਾਗ), ਡਾ. ਹਰਵਿੰਦਰ ਪਾਲ ਕੌਰ (ਮੁਖੀ ਭਾਸ਼ਾ ਵਿਗਿਆਨ ਤੇ ਪੰਜਾਬੀ ਕੋਸ਼ਕਾਰੀ ਵਿਭਾਗ), ਡਾ. ਅਜੈ ਵਰਮਾ, ਡਾ. ਗੁਰਸੇਵਕ ਸਿੰਘ ਲੰਬੀ, ਡਾ. ਰਾਜਵਿੰਦਰ ਸਿੰਘ, ਡਾ. ਸੋਨੀਆ, ਡਾ. ਰਾਜਬੀਰ ਕੌਰ, ਡਾ. ਰਜਨੀ, ਡਾ. ਰਵਿੰਦਰ ਕੌਰ ਤੇ ਹੋਰ ਕਮੇਟੀ ਮੈਂਬਰ ਹਾਜ਼ਰ ਰਹੇ।

## ਮੱਸਿਆ ਤੇ ਸੰਗਰਾਂਦ ਦੇ ਸ਼ੁਭ ਮੌਕੇ ਗੁਰਦੁਆਰਾ ਜਾਮਨੀ ਸਾਹਿਬ ਵਿਖੇ ਮੁਫ਼ਤ ਡੈਂਟਲ ਚੈੱਕਅਪ ਕੈਂਪ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੋਮਵਾਰ ਦੀ ਮੱਸਿਆ ਤੇ ਸੰਗਰਾਂਦ ਦੇ ਪਾਵਨ ਸ਼ੁਭ ਮੌਕੇ 'ਤੇ ਸ੍ਰੀ ਗੁਰਦੁਆਰਾ ਜਾਮਨੀ ਸਾਹਿਬ ਬਾਜ਼ੀਦਪੁਰ ਵਿਖੇ ਜੈਨੇਸਿਸ ਡੈਂਟਲ ਕਾਲਜ ਵੱਲੋਂ ਮੁਫ਼ਤ ਡੈਂਟਲ ਚੈੱਕਅਪ ਕੈਂਪ ਲਾਇਆ ਗਿਆ। ਕੈਂਪ ਵਿੱਚ 200 ਤੋਂ ਵੱਧ ਸ਼ਰਧਾਲੂਆਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਆਪਣੇ ਦੰਦਾਂ ਦੀ ਜਾਂਚ ਕਰਵਾਈ। ਕੈਂਪ ਦੌਰਾਨ ਜੈਨੇਸਿਸ ਡੈਂਟਲ ਕਾਲਜ ਦੀ ਡਾਕਟਰੀ ਟੀਮ ਵਿੱਚ ਸ਼ਾਮਲ ਡਾ. ਸੁਕੀਰਤ ਕੌਰ, ਡਾ. ਰਮਨਪ੍ਰੀਤ ਕੌਰ ਤੇ ਡਾ. ਦੀਪਕ ਨੇ ਸ਼ਰਧਾਲੂਆਂ ਦੀ ਡੈਂਟਲ ਜਾਂਚ ਕੀਤੀ।


**YES BANK** Registered and Corporate Office: YES BANK House, Off Western Express Highway, Santacruz East, Mumbai – 400055 India. Website: www.yesbank.in
Email: comminications@yesbank.in, CIN: L65190MH2003PLC143249
Regional Office At: 5th Floor, Max Tower, Sector 16B, Noida, U.P.- 201301

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ)/ਗਰੰਟਰ/(ਗਰੰਟਰਾਂ)/ਗਿਰਵੀਕਾਰ (ਗਿਰਵੀਕਾਰਾਂ), ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਬੈਂਕ ਵੱਲੋਂ ਜਾਰੀ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਊਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ, ਜੋ ਕਿ ਬਿਨਾਂ ਤਾਮੀਲ ਵਾਪਸ ਆ ਗਏ ਅਤੇ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਲੜੀ ਨੰ. | ਖਾਤਾ ਨੰਬਰ | ਕਬਜ਼ੇ ਦੀ ਕਿਸਮ | ਕਰਜ਼ਦਾਰ, ਸਹਿ-ਕਰਜ਼ਦਾਰ, ਰਹਿਣਕਾਰ ਦਾ ਨਾਂਅ | ਨੋਟਿਸ 13 (2) ਅਨੁਸਾਰ ਬਕਾਇਆ ਰਕਮ | ਐੱਨ ਪੀ ਏ ਦੀ ਮਿਤੀ | ਨੋਟਿਸ ਦੀ ਮਿਤੀ |
|---|---|---|---|---|---|---|
| 1. | MEF09890 0777479 | Term Loan Facility | 1. ਮੈਸਰਜ਼ ਗੁਰਵੀਰ ਸਿੰਘ ਐਂਡ ਕੰਪਨੀ (ਕਰਜ਼ਦਾਰ) ਰਾਹੀਂ ਇਸ ਦੇ ਮਾਲਕ ਬਰਜਿੰਦਰ ਸਿੰਘ ਮਾਰਫਤ # ਨੇੜੇ ਗੌਰਮਿੰਟ ਬੁਆਇਜ਼ ਸਕੂਲ ਬੱਸ ਸਟੈਂਡ ਰੋਡ, ਬੁਢਲਾਡਾ, ਮਾਨਸਾ, ਪੰਜਾਬ-151502, ਨਾਲ ਹੀ : ਵਾਰਡ # 2 ਨੇੜੇ ਹਾਜ਼ੀਵਾਲਾ ਕਾਰਖਾਨਾ, ਬੁਢਲਾਡਾ, ਮਾਨਸਾ, ਪੰਜਾਬ-151502, 2. ਸ੍ਰੀ ਬਰਜਿੰਦਰ ਸਿੰਘ ਪੁੱਤਰ ਗੁਰਵੀਰ ਸਿੰਘ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਵਾਸੀ ਵਾਰਡ # 2 ਨੇੜੇ ਹਾਜ਼ੀਵਾਲਾ ਕਾਰਖਾਨਾ, ਬੁਢਲਾਡਾ, ਮਾਨਸਾ, ਪੰਜਾਬ-151502 3. ਸ੍ਰੀਮਤੀ ਅੰਜਲੀ ਕੌਰ ਪਤਨੀ ਬਰਜਿੰਦਰ ਸਿੰਘ (ਗਰੰਟਰ) ਵਾਸੀ ਮਕਾਨ # 1-2, ਖਾਲਸਾ ਕਾਲਜ, ਬੈਕਸਾਈਡ, ਕੇ ਸੀ ਡਬਲਯੂ, ਅੰਮ੍ਰਿਤਸਰ-143001 | 04-06-2026 ਨੂੰ ਰੁਪਏ 10,07,21.44/- (ਦਸ ਲੱਖ ਸੱਤ ਸੌ ਇੱਕੀ ਰੁਪਏ ਅਤੇ ਚੁਤਾਲੀ ਪੈਸੇ ਕੇਵਲ) | 2/06/2026 | 05/06/2026 |
| ਸਕਿਊਰਡ ਐੱਸਟ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ, ਰਕਬਾ 93-1/3 ਵਰਗ ਗਜ਼ ਅਬਾਦੀ ਵਾਰਡ#1 ਵਿਖੇ ਸਥਿਤ ਹੱਦਬਸਤ # 229, ਵਾਕਿਆ ਬੁਢਲਾਡਾ, ਤਹਿਸੀਲ ਤੇ ਜ਼ਿਲ੍ਹਾ ਮਾਨਸਾ, ਪੰਜਾਬ ਬਰਜਿੰਦਰ ਸਿੰਘ ਦੀ ਮਲਕੀਅਤ ਬੈਨਾਮਾ # 2020-21/62/1/88 ਮਿਤੀ 19/05/2020 ਅਨੁਸਾਰ। | | | | | | |
| 2. | MIC0023 01327941 | Micro LAP TermLoan Facility | 1. ਸ੍ਰੀ ਗੁਰਦੀਪ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਮਕਾਨ # 12191, ਗਲੀ # 5, ਅਟਲ ਨਗਰ, ਬਸਤੀ ਜੋਧੇਵਾਲ, ਲੁਧਿਆਣਾ (ਕਰਜ਼ਦਾਰ) 2. ਸ੍ਰੀ ਜਗੀਰ ਸਿੰਘ ਪੁੱਤਰ ਸੇਵਾ ਸਿੰਘ ਵਾਸੀ # 12191, ਗਲੀ # 5, ਅਟਲ ਨਗਰ, ਬਸਤੀ ਜੋਧੇਵਾਲ, ਲੁਧਿਆਣਾ (ਸਹਿ-ਕਰਜ਼ਦਾਰ-ਰਹਿਣਕਾਰ) 3. ਸ੍ਰੀਮਤੀ ਸੰਤੋਸ਼ ਕੌਰ ਪਤਨੀ ਜਗੀਰ ਸਿੰਘ ਪੁੱਤਰ ਸੇਵਾ ਸਿੰਘ ਵਾਸੀ # 12191, ਗਲੀ # 5, ਅਟਲ ਨਗਰ, ਬਸਤੀ ਜੋਧੇਵਾਲ, ਲੁਧਿਆਣਾ (ਸਹਿ-ਕਰਜ਼ਦਾਰ) | 20 ਮਈ 2026 ਨੂੰ ਰੁਪਏ 13,44,116.64/- (ਤੇਰਾਂ ਲੱਖ ਚੁਤਾਲੀ ਹਜ਼ਾਰ ਇੱਕ ਸੌ ਸੋਲਾਂ ਰੁਪਏ ਅਤੇ ਚੌਂਹਠ ਪੈਸੇ ਕੇਵਲ) | 05/08/2024 | 26/05/2026 |
| ਸਕਿਊਰਡ ਐੱਸਟ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਜੋ ਕਿ ਮਕਾਨ ਰਕਬਾ 63 ਵਰਗ ਗਜ਼, ਖੱਤਾ # 658/683, ਖਸਰਾ # 805/594/355, ਜਮ੍ਹਾਂਬੰਦੀ ਸਾਲ 1990-1991, ਅਟੱਲ ਨਗਰ ਵਿਖੇ ਸਥਿਤ ਪਿੰਡ ਬਸਤੀ ਜੋਧੇਵਾਲ, ਹੱਦਬਸਤ #77, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। | | | | | | |
| 3. | 96169700 000300 | O D D Limit | 1. ਮੈਸਰਜ਼ ਸ਼ਿਵ ਸ਼ਕਤੀ ਸਮਰਸੀਬਲ ਪੰਪ ਸਟੋਰ, ਰਾਹੀਂ ਇਸ ਦੇ ਪ੍ਰੋਪਰਾਈਟਰ ਸ੍ਰੀ ਹਨੀ ਸਿੰਗਲਾ (ਕਰਜ਼ਦਾਰ) ਵਾਸੀ # 882, ਜਵਾਹਰਕੇ ਰੋਡ, ਬੁੱਗੀ ਬਾਲਟੀ ਵਾਲੀ ਗਲੀ, ਵਾਰਡ # 15 ਮਾਨਸਾ, ਪੰਜਾਬ-151502 2. ਸ੍ਰੀ ਦਰਸ਼ਨ ਕੁਮਾਰ ਪੁੱਤਰ ਬ੍ਰਿਜ ਲਾਲ (ਸਹਿ-ਕਰਜ਼ਦਾਰ-ਰਹਿਣਕਾਰ) ਵਾਸੀ # 882, ਜਵਾਹਰਕੇ ਰੋਡ, ਬੁੱਗੀ ਬਾਲਟੀ ਵਾਲੀ ਗਲੀ, ਵਾਰਡ # 15 ਮਾਨਸਾ, ਪੰਜਾਬ-151502 | 21 ਮਈ 2026 ਨੂੰ ਰੁਪਏ 7,25,602.25/- (ਸੱਤ ਲੱਖ ਪੱਚੀ ਹਜ਼ਾਰ ਛੇ ਸੌ ਦੋ ਰੁਪਏ ਅਤੇ ਪੱਚੀ ਪੈਸੇ ਕੇਵਲ) | 25/12/2025 | 02/06/2026 |
| ਸਕਿਊਰਡ ਐੱਸਟ ਦਾ ਵੇਰਵਾ : ਜਾਇਦਾਦ ਨਾਲ ਸੰਬੰਧਤ ਸਭ ਕੁਝ ਰਕਬਾ 14×74 ਵਰਗ ਫੁੱਟ, ਨੇੜੇ ਪੈਟਰੋਲ ਪੰਪ, ਵਾਰਡ # 23, ਜਵਾਹਰਕੇ ਰੋਡ, ਮਾਨਸਾ, ਤਹਿਸੀਲ ਤੇ ਜ਼ਿਲ੍ਹਾ ਮਾਨਸਾ, ਪੰਜਾਬ ਸ੍ਰੀ ਦਰਸ਼ਨ ਕੁਮਾਰ ਦੀ ਮਲਕੀਅਤ, ਤਬਾਦਲਾ ਬੈਨਾਮਾ # 2023-24/65/1/2354 ਮਿਤੀ 02/08/ 2023 ਅਨੁਸਾਰ। | | | | | | |
| 4. | 30469700 000415 | O D Limit | 1. ਮੈਸਰਜ਼ ਐੱਸ ਐੱਸ ਇੰਟਰਪ੍ਰਾਈਜ਼ਿਜ਼ ਰਾਹੀਂ (ਕਰਜ਼ਦਾਰ) ਇਸ ਦੇ ਮਾਲਕ ਸੁਪਿੰਦਰ ਸਿੰਘ ਮਾਰਫਤ ਐੱਸ ਐੱਸ ਇੰਟਰਪ੍ਰਾਈਜ਼ਿਜ਼ ਨੇੜੇ ਟੈਲੀਫੋਨ ਐਕਸਚੇਂਜ, ਰੋਪੜ ਰੋਡ, ਕੁਰਾਲੀ, ਐੱਸ ਏ ਐੱਸ ਨਗਰ, ਪੰਜਾਬ-140103 2. ਸ੍ਰੀ ਸੁਪਿੰਦਰ ਸਿੰਘ ਪੁੱਤਰ ਗੁਰਚਰਨ ਸਿੰਘ (ਸਹਿ-ਕਰਜ਼ਦਾਰ) ਵਾਸੀ ਮਕਾਨ # 190 ਵਾਰਡ # 1 ਕੁਰਾਲੀ, ਐੱਸ ਏ ਐੱਸ ਨਗਰ ਪੰਜਾਬ-140103, ਨਾਲ ਹੀ : ਮਾਰਫਤ ਐੱਸ ਐੱਸ ਇੰਟਰਪ੍ਰਾਈਜ਼ਿਜ਼ ਨੇੜੇ ਟੈਲੀਫੋਨ ਐਕਸਚੇਂਜ, ਰੋਪੜ ਰੋਡ, ਕੁਰਾਲੀ, ਐੱਸ ਏ ਐੱਸ ਨਗਰ, ਪੰਜਾਬ-140103 3. ਸ੍ਰੀਮਤੀ ਰੀਮਾ ਰਾਣੀ ਪਤਨੀ ਗੁਰਚਰਨ ਸਿੰਘ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਵਾਸੀ # 190 ਵਾਰਡ # 1 ਕੁਰਾਲੀ, ਐੱਸ ਏ ਐੱਸ ਨਗਰ ਪੰਜਾਬ-140103, ਨਾਲ ਹੀ : ਮਾਰਫਤ ਐੱਸ ਐੱਸ ਇੰਟਰਪ੍ਰਾਈਜ਼ਿਜ਼ ਨੇੜੇ ਟੈਲੀਫੋਨ ਐਕਸਚੇਂਜ, ਰੋਪੜ ਰੋਡ, ਕੁਰਾਲੀ, ਐੱਸ ਏ ਐੱਸ ਨਗਰ, ਪੰਜਾਬ-140103 | 26 ਮਈ 2026 ਨੂੰ ਰੁਪਏ 2,84,375.36/- (ਦੋ ਲੱਖ ਚੁਰਾਸੀ ਹਜ਼ਾਰ ਤਿੰਨ ਸੌ ਪਝੱਤਰ ਰੁਪਏ ਅਤੇ ਛੱਤੀ ਪੈਸੇ ਕੇਵਲ) | 17/05/2026 | 06/06/2026 |
| ਸਕਿਊਰਡ ਐੱਸਟ ਦਾ ਵੇਰਵਾ : 06/06/2026, ਜਾਇਦਾਦ ਨਾਲ ਸੰਬੰਧਤ ਸਭ ਕੁਝ ਰਕਬਾ 2 ਕਨਾਲ 7 ਮਰਲੇ, ਖੱਤਾ # 2772/3099, ਖਸਰਾ#23//28/2(2-7) ਵਾਕਿਆ ਕੁਰਾਲੀ ਵਿਖੇ ਸਥਿਤ, ਹੱਦਬਸਤ # 121, ਤਹਿਸੀਲ ਖਰੜ, ਜ਼ਿਲ੍ਹਾ ਮੁਹਾਲੀ 140103, ਪੰਜਾਬ। | | | | | | |
| 5. | MOR005 10119537 | Mortgagae Loan | 1. ਮੈਸਰਜ਼ 17 ਇਲਾਈਟ ਰਾਹੀਂ (ਕਰਜ਼ਦਾਰ) ਇਸ ਦੇ ਮਾਲਕ ਤੇਜਬੀਰ ਸਿੰਘ ਮਾਰਫਤ # 1-2 ਖਾਲਸਾ ਕਾਲਜ ਬੈਕਸਾਈਡ ਕੇ ਸੀ ਡਬਲਯੂ ਅੰਮ੍ਰਿਤਸਰ-143001 2. ਸ੍ਰੀ ਤੇਜਬੀਰ ਸਿੰਘ ਪੁੱਤਰ ਜਗਜੀਤ ਸਿੰਘ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਵਾਸੀ ਮਕਾਨ # 1-2 ਖਾਲਸਾ ਕਾਲਜ ਬੈਕਸਾਈਡ ਕੇ ਸੀ ਡਬਲਯੂ ਅੰਮ੍ਰਿਤਸਰ-143001 3. ਸ੍ਰੀਮਤੀ ਹਸਨਬੀਰ ਕੌਰ ਪਤਨੀ ਤੇਜਬੀਰ ਸਿੰਘ (ਸਹਿ-ਕਰਜ਼ਦਾਰ) ਵਾਸੀ ਮਕਾਨ # 1-2 ਖਾਲਸਾ ਕਾਲਜ ਬੈਕਸਾਈਡ ਕੇ ਸੀ ਡਬਲਯੂ ਅੰਮ੍ਰਿਤਸਰ-143001 | 05.06.2026 ਨੂੰ ਰੁਪਏ 3,31,25,883.14/- (ਤਿੰਨ ਕਰੋੜ ਇਕੱਤੀ ਲੱਖ ਪੱਚੀ ਹਜ਼ਾਰ ਅੱਠ ਸੌ ਤਰਿਆਸੀ ਰੁਪਏ ਅਤੇ ਚੌਦਾਂ ਪੈਸੇ ਕੇਵਲ) | 28/05/2025 | 04/05/2026 |
| ਸਕਿਊਰਡ ਐੱਸਟ ਦਾ ਵੇਰਵਾ : ਜਾਇਦਾਦ ਨਾਲ ਸੰਬੰਧਤ ਸਭ ਕੁਝ, ਜੋ ਕਿ ਪ੍ਰਾਈਵੇਟ ਪਲਾਟ ਨੰ. 1-ਏ ਅਤੇ 1-0, ਕੁਲ ਖੇਤਰ ਰਕਬਾ 434.5 ਵਰਗ ਗਜ਼, ਖਸਰਾ ਨੰ. 223 (12-15) ਮਿੰਨ, ਖੇਵਟ ਖਤੌਨੀ ਨੰ. 494/731, ਹੱਦਬਸਤ ਨੰ. 387, ਜਮ੍ਹਾਂਬੰਦੀ ਸਾਲ 2015-16, ਵਾਕਿਆ ਰਕਬਾ ਅੰਮ੍ਰਿਤਸਰ ਅਰਬਨ ਸਰਕਲ 109 ਵਿਖੇ ਸਥਿਤ, ਗੁਰੂ ਨਾਨਕਪੁਰਾ, ਖਾਲਸਾ ਕਾਲਜ ਐਵੇਨਿਊ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ। | | | | | | |
| 6. | 02896970 0000215 | O D Limit | 1. ਮੈਸਰਜ਼ ਲੱਕੀ ਟਰੇਡਰਜ਼ ਰਾਹੀਂ ਇਸ ਦੇ ਪ੍ਰੋਪਰਾਈਟਰ ਸ੍ਰੀ ਲਖਬੀਰ ਸਿੰਘ ਪੁੱਤਰ ਸਰਦਾਰਾ ਸਿੰਘ ਮਾਰਫਤ ਪਿੰਡ ਬਹੇੜ ਬੱਸੀ ਪਠਾਣਾਂ ਗਰੇਨ ਮਾਰਕਿਟ ਫਤਿਹਗੜ੍ਹ ਸਾਹਿਬ, ਪੰਜਾਬ-140412 (ਕਰਜ਼ਦਾਰ) 2. ਸ੍ਰੀ ਲਖਬੀਰ ਸਿੰਘ ਪੁੱਤਰ ਸਰਦਾਰਾ ਸਿੰਘ ਵਾਸੀ ਪਿੰਡ ਬਹੇੜ ਬੱਸੀ ਪਠਾਣਾਂ ਗਰੇਨ ਮਾਰਕਿਟ ਫਤਿਹਗੜ੍ਹ ਸਾਹਿਬ, ਪੰਜਾਬ-140412 (ਸਹਿ-ਕਰਜ਼ਦਾਰ ਅਤੇ ਰਹਿਣਕਾਰ) 2. ਸ੍ਰੀ ਪਵਨਦੀਪ ਕੌਰ ਪਤਨੀ ਲਖਬੀਰ ਸਿੰਘ ਵਾਸੀ ਪਿੰਡ ਬਹੇੜ ਬੱਸੀ ਪਠਾਣਾਂ ਗਰੇਨ ਮਾਰਕਿਟ ਫਤਿਹਗੜ੍ਹ ਸਾਹਿਬ, ਪੰਜਾਬ-140412 (ਗਰੰਟਰ) | 21.05.2026 ਨੂੰ ਰੁਪਏ 25,76,538.46/- (ਪੱਚੀ ਲੱਖ ਛਿਅੱਤਰ ਹਜ਼ਾਰ ਪੰਜ ਸੌ ਅਠੱਤੀ ਰੁਪਏ ਅਤੇ ਛਿਆਲੀ ਪੈਸੇ ਕੇਵਲ) | 13/02/2026 | 29/05/2026 |
| ਸਕਿਊਰਡ ਐੱਸਟ ਦਾ ਵੇਰਵਾ : (1) ਜਾਇਦਾਦ ਰਕਬਾ 34.6 ਵਰਗ ਗਜ਼, ਦੁਕਾਨ ਨੰ. 2999, ਅਨਾਜ ਮੰਡੀ ਦੀਆਂ ਮਾਲੀਆ ਹੱਦਾਂ ਦੀ ਲਾਲ ਲਕੀਰ ਦੇ ਅੰਦਰ, ਬੱਸੀ ਪਠਾਣਾ, ਤਹਿਸੀਲ ਬੱਸੀ ਪਠਾਣਾ, ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਲਖਵੀਰ ਸਿੰਘ ਪੁੱਤਰ ਸਰਦਾਰਾ ਸਿੰਘ ਦੇ ਨਾਂਅ, ਵਸੀਕਾ ਨੰ. 2022-23/18/1/1143, ਮਿਤੀ 16-12-2022 (2) ਜਾਇਦਾਦ ਰਕਬਾ 17.25 ਵਰਗ ਗਜ਼, ਦੁਕਾਨ ਨੰ. 2999, ਅਨਾਜ ਮੰਡੀ ਦੀਆਂ ਮਾਲੀਆ ਹੱਦਾਂ ਦੀ ਲਾਲ ਲਕੀਰ ਦੇ ਅੰਦਰਵਾਰ ਬੱਸੀ ਪਠਾਣਾ, ਤਹਿਸੀਲ ਬੱਸੀ ਪਠਾਣਾ, ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਲਖਵੀਰ ਸਿੰਘ ਪੁੱਤਰ ਸਰਦਾਰਾ ਸਿੰਘ ਦੇ ਨਾਂਅ, ਵਸੀਕਾ ਨੰ. 2021-22/18/1/1248 ਮਿਤੀ 11-2-2022 (3) ਜਾਇਦਾਦ ਰਕਬਾ 17.25 ਵਰਗ ਗਜ਼ ਅਨਾਜ ਮੰਡੀ ਦੀਆਂ ਮਾਲੀਆ ਹੱਦਾਂ ਲਾਲ ਲਕੀਰ ਦੇ ਅੰਦਰਵਾਰ, ਬੱਸੀ ਪਠਾਣਾ, ਤਹਿਸੀਲ ਬੱਸੀ ਪਠਾਣਾ, ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਲਖਵੀਰ ਸਿੰਘ ਪੁੱਤਰ ਸਰਦਾਰਾ ਸਿੰਘ ਦੇ ਨਾਂਅ ਵਸੀਕਾ ਨੰ. 2021-22/18/1/759 ਮਿਤੀ 21-9-2021 | | | | | | |
| 7. | 023LA17 18089000 1 and Customer ID 9614676 | GECL Facility | 1. ਸੰਮੀ ਕਪੂਰ ਪੁੱਤਰ ਰੂਪ ਚੰਦ ਪਤਾ : ਬੀ-1-1416 ਰਾਮ ਨਗਰ, ਸਿਵਲ ਲਾਈਨ, ਲੁਧਿਆਣਾ-141001, ਨਾਲ ਹੀ : ਪਲਾਟ ਨੰ. 62 ਐੱਨ ਐੱਚ-1, ਵੈੱਸਟ ਜਲੰਧਰ ਬਾਈਪਾਸ, ਪਿੰਡ ਕਾਦੀਆਂ, ਲੁਧਿਆਣਾ-ਪੰਜਾਬ-141001 (ਕਰਜ਼ਦਾਰ) 2. ਮੈਸਰਜ਼ ਬਿਲਡ ਟੱਚ ਇੰਜੀਨੀਅਰਸ ਰਾਹੀਂ ਇਸ ਦੇ ਪ੍ਰੋਪ: ਸੰਮੀ ਕਪੂਰ ਪਤਾ : ਪਲਾਟ ਨੰ. 62 ਐੱਨ ਐੱਚ-1, ਵੈੱਸਟ ਜਲੰਧਰ ਬਾਈਪਾਸ, ਪਿੰਡ ਕਾਦੀਆਂ, ਲੁਧਿਆਣਾ-ਪੰਜਾਬ-141001 (ਸਹਿ-ਕਰਜ਼ਦਾਰ ਅਤੇ ਗਰੰਟਰ) 3. ਸਾਲਨੀ ਕਪੂਰ ਪਤਨੀ ਸੰਮੀ ਕਪੂਰ ਪਤਾ : ਬੀ-1-1416 ਰਾਮ ਨਗਰ, ਸਿਵਲ ਲਾਈਨ, ਲੁਧਿਆਣਾ-141001 (ਸਹਿ-ਕਰਜ਼ਦਾਰ ਅਤੇ ਗਰੰਟਰ) 4. ਨਿੱਕੂ ਸਿੰਘ ਪੁੱਤਰ ਰੂਪ ਸਿੰਘ ਪਤਾ : ਬੀ-1-1416 ਰਾਮ ਨਗਰ, ਸਿਵਲ ਲਾਈਨ, ਲੁਧਿਆਣਾ-141001 (ਸਹਿ-ਕਰਜ਼ਦਾਰ, ਗਰੰਟਰ ਅਤੇ ਰਹਿਣਕਾਰ) | 18 ਮਈ 2026 ਨੂੰ ਬਕਾਇਆ ਰੁਪਏ 17,52,778.04/- (ਸਤਾਰਾਂ ਲੱਖ ਬਵੰਜਾ ਹਜ਼ਾਰ ਸੱਤ ਸੌ ਅਠੱਤਰ ਰੁਪਏ ਅਤੇ ਚਾਰ ਪੈਸੇ ਕੇਵਲ) | 28/05/2025 | 20/05/2026 |
| ਸਕਿਊਰਡ ਐੱਸਟ ਦਾ ਵੇਰਵਾ : ਗੈਰ-ਖੇਤੀਬਾੜੀ ਵਾਲੀ ਜਾਇਦਾਦ ਨਾਲ ਸੰਬੰਧਤ ਸਭ ਕੁਝ, ਜੋ ਕਿ ਪਲਾਟ ਨੰ. 60 ਰਕਬਾ 146.66 ਵਰਗ, ਪਿੰਡ ਕਾਦੀਆਂ ਵਿਖੇ ਸਥਿਤ, ਲੁਧਿਆਣਾ, ਖੱਤਾ ਨੰ. 138/155, ਖਸਰਾ ਨੰ. 27//23, ਜਮ੍ਹਾਂਬੰਦੀ ਸਾਲ 2009-10, ਪਿੰਡ ਕਾਦੀਆਂ, ਹੱਦਬਸਤ ਨੰ. 91, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ (ਜਾਇਦਾਦ ਨੰ. 02) ਗੈਰ -ਖੇਤੀਬਾੜੀ ਵਾਲੀ ਜਾਇਦਾਦ ਪਲਾਟ ਨੰ. 62, ਰਕਬਾ 320 ਵਰਗ ਗਜ਼, ਪਿੰਡ ਕਾਦੀਆਂ ਵਿਖੇ ਸਥਿਤ, ਲੁਧਿਆਣਾ, ਖੱਤਾ ਨੰ. 134/154, ਖਸਰਾ ਨੰ. 27//19, ਜਮ੍ਹਾਂਬੰਦੀ ਸਾਲ 2004-05, ਪਿੰਡ ਕਾਦੀਆਂ ਹੱਦਬਸਤ ਨੰ. 91, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ। | | | | | | |
| 8. | Customer ID No 39330199 | Overdraft Facility and WCTL | 1. ਅੱਗਰਵਾਲ ਸਟੀਲਜ਼ ਰਾਹੀਂ ਇਸ ਦੇ ਪ੍ਰੋਪ: ਸ੍ਰੀ ਭੱਬੀਆ ਅੱਗਰਵਾਲ ਪੁੱਤਰ ਲੇਟ ਸ੍ਰੀ ਤਰਸੇਮ ਅੱਗਰਵਾਲ ਪਤਾ : ਪਲਾਟ ਨੰ. -3, 40 ਏ, ਸੰਤ ਐਵੇਨਿਊ, ਜੀ ਟੀ ਰੋਡ, ਫਰੀਡਮ ਨਗਰ, ਅੰਮ੍ਰਿਤਸਰ-143001 (ਕਰਜ਼ਦਾਰ) 2. ਸ੍ਰੀ ਭੱਬੀਆ ਅੱਗਰਵਾਲ ਪੁੱਤਰ ਲੇਟ ਸ੍ਰੀ ਤਰਸੇਮ ਅੱਗਰਵਾਲ ਪਤਾ : ਮਕਾਨ ਨੰ. 114 ਰਾਧਾ ਸੁਆਮੀ ਰੋਡ, ਅੰਮ੍ਰਿਤਸਰ-143001, ਨਾਲ ਹੀ : ਵਾਸੀ ਮਕਾਨ ਨੰ. 13-ਏ, ਰਾਧਾ ਸੁਆਮੀ ਰੋਡ, ਨੇੜੇ ਆਦਰਸ਼ ਸਿਨੇਮਾ ਅੰਮ੍ਰਿਤਸਰ-143001 (ਗਰੰਟਰ) 3. ਸ੍ਰੀਮਤੀ ਸੰਗੀਤਾ ਅੱਗਰਵਾਲ ਪਤਨੀ ਲੇਟ ਸ੍ਰੀ ਤਰਸੇਮ ਅੱਗਰਵਾਲ ਵਾਸੀ ਮਕਾਨ ਨੰ. 13-ਏ, ਰਾਧਾ ਸੁਆਮੀ ਰੋਡ, ਨੇੜੇ ਆਦਰਸ਼ ਸਿਨੇਮਾ ਅੰਮ੍ਰਿਤਸਰ-143001 (ਗਰੰਟਰ ਅਤੇ ਰਹਿਣਕਾਰ) | 25 ਮਈ 2026 ਨੂੰ ਬਕਾਇਆ ਰੁਪਏ 2,55,57,167.08/- (ਦੋ ਕਰੋੜ ਪਚਵੰਜਾ ਲੱਖ ਸਤਵੰਜਾ ਹਜ਼ਾਰ ਇੱਕ ਸੌ ਸਤਾਹਠ ਰੁਪਏ ਅਤੇ ਅੱਠ ਪੈਸੇ ਕੇਵਲ) | 13/04/2026 | 5/05/2026 |
| ਸਕਿਊਰਡ ਐੱਸਟ ਦਾ ਵੇਰਵਾ : ਜਾਇਦਾਦ ਮਕਾਨ ਨੰ. 114 ਮਿੰਨ, ਕੁਲ ਖੇਤਰ ਰਕਬਾ 148 ਵਰਗ ਗਜ਼ ਜਾਂ 1332 ਵਰਗ ਫੁੱਟ, ਖਸਰਾ ਨੰ. 1189/1296 ਮਿੰਨ ਸਾਬਕਾ ਅਤੇ 1146, 1147, 1148 ਮਿੰਨ ਹੁਣ ਵਾਲਾ, ਜੋ ਕਿ ਅੰਮ੍ਰਿਤਸਰ ਅਰਬਨ ਸਰਕਲ ਨੰ. 110 ਦੇ ਖੇਤਰ ਅਸਟੇਟ ਦੀਆਂ ਮਾਲੀਆਂ ਹੱਦਾਂ ਅੰਦਰ ਅਬਾਦੀ ਰਾਧਾ ਸਵਾਮੀ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਸੰਗੀਤਾ ਅਗਰਵਾਲ ਦੀ ਮਾਲਕੀ, ਤਬਾਦਲਾ ਪੱਤਰ ਮਿਤੀ 21.11.2025, ਦਸਤਾਵੇਜ਼ ਨੰ. 2025-26/89/1/9776 ਅਨੁਸਾਰ। ਪੂਰਬ : ਸੰਪਤ ਸਿੰਘ ਦੀ ਜਾਇਦਾਦ, ਪੱਛਮ : ਹੋਰ ਦੀ ਮਾਲਕੀ, ਉੱਤਰ : ਗਲੀ ਅਤੇ ਹੋਰਨਾਂ ਦੀ ਮਾਲਕੀ, ਦੱਖਣ: ਹੋਰਨਾਂ ਦੀ ਮਾਲਕੀ | | | | | | |

ਉਪਰੋਕਤ ਕਰਜ਼ਦਾਰ ਅਤੇ/ਜਾਂ ਉਨ੍ਹਾਂ ਦੇ ਗਰੰਟਰ(ਗਰੰਟਰਾਂ)/ਰਹਿਣਕਾਰ (ਰਹਿਣਕਾਰਾਂ) (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਸਰਫੇਸੀ ਐਕਟ ਦੇ ਸੈਕਸ਼ਨ 13 (8) ਤਹਿਤ, ਜੇਕਰ ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਊਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਊਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।
ਮਿਤੀ : 16.06.2026 ਸਹੀ/- (ਅਧਿਕਾਰਤ ਅਫਸਰ)
ਸਥਾਨ : ਪੰਜਾਬ ਯੈੱਸ ਬੈਂਕ ਲਿਮਟਿਡ



**CFM ASSET RECONSTRUCTION PRIVATE LIMITED**
thoughtful regeneration
CIN: U67100GJ2015PTC083994
Address: 1st Floor, Wakefield House, Sprott Road, Ballard Estate, Mumbai 400038

**ਕਬਜ਼ਾ ਨੋਟਿਸ [ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8(1) ਤਹਿਤ ]**

ਜਦੋਂ ਕਿ ਨਿਮਨਹਸਤਾਖਰੀ ਨੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ (ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੇ ਟਰੱਸਟੀ ਦੀ ਹੈਸੀਅਤ 'ਚ ਕਾਰਜਸ਼ੀਲ) ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਊਰਟਾਈਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ ਨੋਟਿਸ 'ਚ ਦਰਸਾਈ ਰਕਮ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਇਸ ਤੋਂ ਇਲਾਵਾ ਸਰਫੇਸੀ ਐਕਟ 2002 ਦੇ ਸੈਕਸ਼ਨ 5 ਦੀਆਂ ਵਿਵਸਥਾਵਾਂ ਅਧੀਨ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਅਤੇ ਸੀ ਐੱਫ ਐੱਮ ਐੱਸਟ ਰੀਕੰਸਟਰੱਕਸ਼ਨ ਪ੍ਰਾਈਵੇਟ ਲਿਮਟਿਡ ਦਰਮਿਆਨ ਮਿਤੀ 30.09.2025 ਨੂੰ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਪੱਖ 'ਚ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਨੇ ਉਕਤ ਕਰਜ਼ਾ ਖਾਤੇ 'ਚ ਆਪ ਦੇ ਸਾਰੇ ਅਧਿਕਾਰਾਂ, ਸਿਰਲੇਖ ਅਤੇ ਹਿੱਤ ਸਮੁੱਚੀ ਬਕਾਇਆ ਕਰਜ਼ ਰਕਮ ਸਕਿਊਰਟੀਜ਼ ਸਹਿਤ ਸੌਂਪ ਦਿੱਤੇ ਹਨ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਜਾਇਦਾਦ ਦਾ ਉਕਤ ਦਰਸਾਏ ਰੂਲਜ਼ ਦੇ ਰੂਲ 8 (1) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਪਰੋਕਤ ਦਰਸਾਈ ਜਾਇਦਾਦ ਦਾ "ਕਬਜ਼ੇ ਦੀ ਮਿਤੀ ਕਾਲਮ" ਤਹਿਤ ਕਬਜ਼ਾ ਪ੍ਰਾਪਤ ਕਰ ਲਿਆ ਹੈ। ਬੈਂਕ ਦੁਆਰਾ ਲਏ ਗਏ ਗਿਰਵੀ ਜਾਇਦਾਦ ਦੇ ਕਬਜ਼ੇ ਦੇ ਨਾਲ-ਨਾਲ ਧਿਰਾਂ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ:-

| ਕਰਜ਼ਦਾਰ/ਡਾਇਰੈਕਟਰ/ਰਹਿਣਕਾਰ/ਗਰੰਟਰ ਦਾ ਨਾਂਅ ਅਤੇ ਪਤਾ/ਕਰਜ਼ਾ ਖਾਤਾ ਨੰ. | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ ਮੁਤਾਬਕ ਬਕਾਇਆ ਰਕਮ | ਰਹਿਣ ਕੀਤੀ ਜਾਇਦਾਦ/ਸਕਿਊਰਡ ਐੱਸਟਸ ਦਾ ਵੇਰਵਾ |
|---|---|---|---|
| 1. ਦੀਪਕ ਰਾਣਾ (ਕਰਜ਼ਦਾਰ) (ਐੱਲ ਏ ਐੱਨ-ਐੱਲ ਏ ਪੀ-ਜੇ ਡੀ ਐੱਚ-461) 2. ਚੈਂਚਲ ਰਾਣਾ (ਸਹਿ-ਕਰਜ਼ਦਾਰ) 3. ਰੋਹਿਤ ਚਾਵਲਾ (ਗਰੰਟਰ) | 26-Feb-2026 / 10-June-2026 | 31.01.2026 ਨੂੰ ਰੁਪਏ 6,48,829/- (ਛੇ ਲੱਖ ਅਠਤਾਲੀ ਹਜ਼ਾਰ ਅੱਠ ਸੌ ਉਨੱਤੀ ਰੁਪਏ ਕੇਵਲ) | ਰਹਿਣ ਕੀਤੀ ਜਾਇਦਾਦ ਨਾਲ ਸੰਬੰਧਤ ਸਭ ਕੁਝ, ਖੇਵਟ/ਖਤੌਨੀ ਨੰ. 8552/10194, ਖਸਰਾ ਨੰ. 13141, ਹੱਦਬਸਤ ਨੰ. 307/5, ਨਿਊ ਗੋਬਿੰਦ ਨਗਰ, ਨੇੜੇ ਗੁੱਜਾ ਪੀਰ ਰੋਡ, ਜ਼ਿਲ੍ਹਾ ਜਲੰਧਰ-144004। ਉੱਤਰ: ਸੜਕ 14' ਚੌੜੀ 15'6'', ਪੂਰਬ : ਪ੍ਰਕਾਸ਼ ਦੀ ਜਾਇਦਾਦ, ਦੱਖਣ : ਖਾਲੀ ਪਲਾਟ 15'6'', ਪੱਛਮ : ਮੰਜੂ ਦੀ ਜਾਇਦਾਦ। |
| 1. ਮੁਕੇਸ਼ ਕਪੂਰ (ਕਰਜ਼ਦਾਰ) (ਐੱਲ ਏ ਐੱਨ-ਐੱਲ ਏ ਪੀ -ਜੇ ਡੀ ਐੱਚ-1060) 2. ਰਜਨੀ ਕੁਮਾਰੀ (ਸਹਿ-ਕਰਜ਼ਦਾਰ) | 18-Feb-2026 / 10-June-2026 | 31.12.2025 ਨੂੰ ਰੁਪਏ 5,42,215/- (ਪੰਜ ਲੱਖ ਬਤਾਲੀ ਹਜ਼ਾਰ ਦੋ ਸੌ ਪੰਦਰਾਂ ਰੁਪਏ ਕੇਵਲ) | ਰਹਿਣ ਕੀਤੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਮਕਾਨ ਨੰ. 536, ਖੱਤਾ/ਖਤੌਨੀ ਨੰ. 250/264, ਖਸਰਾ ਨੰ. 782, 783, 784, 819, 820, 821, 822, 823, 824, 825, 826, 827, 828, 831, 832, 835, ਹੱਦਬਸਤ ਨੰ. 281 ਵਾਕਿਆ ਰਕਬਾ ਪਿੰਡ ਵਡਾਲਾ ਅਬਾਦੀ, ਗੁਰੂ ਮੇਹਰ ਇਨਕਲੇਵ, ਜਲੰਧਰ-144003 ਉੱਤਰ : ਅਜੇ ਦੀ ਜਾਇਦਾਦ- 40'-6'', ਪੂਰਬ : ਖਾਲੀ ਪਲਾਟ 17'-8'', ਦੱਖਣ :ਰਾਮ ਦੀ ਜਾਇਦਾਦ 40'-60'', ਪੱਛਮ : ਸੜਕ 25 ' ਚੌੜੀ 17'-8'' |
| 1. ਰਵੀ ਕੁਮਾਰ (ਕਰਜ਼ਦਾਰ) (ਐੱਲ ਏ ਐੱਨ-ਐੱਲ ਏ ਪੀ-ਜੇ ਡੀ ਐੱਚ-550) 2. ਨਿਸ਼ੂ ਕੁਮਾਰ (ਸਹਿ-ਕਰਜ਼ਦਾਰ) 3. ਵੀਨਾ (ਸਹਿ-ਕਰਜ਼ਦਾਰ) | 26-Feb-2026 / 10-June-2026 | 31.01.2026 ਨੂੰ ਰੁਪਏ 2,43,163/- (ਦੋ ਲੱਖ ਤਿਰਤਾਲੀ ਹਜ਼ਾਰ ਇੱਕ ਸੌ ਤਰੇਹਠ ਰੁਪਏ ਕੇਵਲ) | ਰਹਿਣ ਕੀਤੀ ਜਾਇਦਾਦ ਨਾਲ ਸੰਬੰਧਤ ਸਭ ਕੁਝ, ਪਲਾਟ ਨੰ. 35, ਖੱਤਾ ਨੰ. 191/280/281, 190/277/278-279, ਖਸਰਾ ਨੰ. 18/21, 18/22/1, 23//1/1, 19//25/2, ਯੂ ਕੇ ਕਲੋਨੀ ਧਾਲੀਵਾਲ ਕਾਦੀਆਂ, ਜ਼ਿਲ੍ਹਾ ਜਲੰਧਰ, ਪੰਜਾਬ-144002, ਉੱਤਰ: ਖਾਲੀ ਪਲਾਟ, ਪੂਰਬ: ਖਾਲੀ ਪਲਾਟ, ਦੱਖਣ: ਖਾਲੀ ਪਲਾਟ ਹੋਰ/25, ਪੱਛਮ : ਸੜਕ। |

ਉਕਤ ਦਰਸਾਏ ਕਰਜ਼ਦਾਰਾਂ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਇਸ ਨੋਟਿਸ ਦੁਆਰਾ ਸਾਵਧਾਨ ਕੀਤਾ ਜਾਂਦਾ ਹੈ ਕਿ ਉਕਤ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਨਾ ਕਰਨ। ਇਸ ਨਾਲ ਕੀਤਾ ਕੋਈ ਵੀ ਲੈਣ-ਦੇਣ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਚਾਰਜ ਅਧੀਨ ਹੋਵੇਗਾ, ਜੋ ਕਿ ਇਸ ਨੋਟਿਸ 'ਚ ਦੱਸੀ ਰਕਮ, ਇਕਰਾਰਨਾਮਾ ਦਰ 'ਤੇ ਵਿਆਜ, ਅਚਨਚੇਤੀ ਖਰਚੇ, ਲਾਗਤਾਂ ਅਤੇ ਚਾਰਜਜ਼ ਆਦਿ ਉਪਰੋਕਤ ਵੇਰਵਿਆਂ ਵਿੱਚ ਦਰਸਾਈ ਗਈ ਬਕਾਇਆ ਰਕਮ ਦੀ ਕਿਸਮ ਦੀ ਅਗਲੀ ਮਿਤੀ ਤੋਂ ਪੂਰੀ ਅਦਾਇਗੀ ਅਤੇ/ਜਾਂ ਪ੍ਰਾਪਤੀ ਮਿਤੀ ਤੱਕ। ਇਸ ਤੋਂ ਇਲਾਵਾ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਤਹਿਤ ਸਕਿਊਰਡ ਐੱਸਟ ਦੇ ਪੁਨਰਗ੍ਰਹਿਣ ਲਈ ਉਪਲਬਧ ਸਮੇਂ ਵੱਲ ਦਿਵਾਇਆ ਜਾਂਦਾ ਹੈ।
ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਦਰਸਾਈਆਂ ਜਾਇਦਾਦਾਂ ਦਾ ਵੇਰਵਾ ਉਕਤ ਦੱਸਿਆ ਗਿਆ ਹੈ।
ਅਧਿਕਾਰਤ ਅਫਸਰ
ਮਿਤੀ : 16 ਜੂਨ 2026 ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ
ਸਥਾਨ : ਜਲੰਧਰ, ਪੰਜਾਬ [ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੀ ਹੈਸੀਅਤ ਵਜੋਂ ਕਾਰਜਸ਼ੀਲ]

# ਖੇਤਾਂ 'ਚੋਂ ਚੋਰੀ ਰੁੱਖ ਵੱਢਣ 'ਤੇ 4 ਖਿਲਾਫ ਮਾਮਲਾ ਦਰਜ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**

ਥਾਣਾ ਟਾਂਡਾ ਪੁਲਿਸ ਨੇ ਬਲਾਕ ਟਾਂਡਾ ਦੇ ਪਿੰਡ ਰੜਾ ਦੇ ਮੌਜੂਦਾ ਸਰਪੰਚ ਦੇ ਪਤੀ ਚਰਨਜੀਤ ਸਿੰਘ ਪੁੱਤਰ ਸ਼ੌਕੀਨ ਸਿੰਘ ਦੀ ਵਾਹੀ ਵਾਲੀ ਜ਼ਮੀਨ ਵਿੱਚੋਂ ਚੋਰੀ ਰੁੱਖ ਵੱਢਣ ਦੇ ਦੋਸ਼ ਵਿੱਚ ਇੱਕ ਅਣਪਛਾਤੇ ਵਿਅਕਤੀ ਸਮੇਤ 4 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ । ਮੁਲਜ਼ਮਾਂ ਦੀ ਪਛਾਣ ਅਮਰਜੀਤ ਸਿੰਘ ਪੁੱਤਰ ਜੋਗਿੰਦਰ ਸਿੰਘ, ਜਸਵਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ, ਜਸਵਿੰਦਰ ਸਿੰਘ ਪੁੱਤਰ ਸਾਧੂ ਸਿੰਘ ਵਾਸੀ ਪਿੰਡ ਰੜਾ ਥਾਣਾ ਟਾਂਡਾ ਵਜੋਂ ਹੋਈ ਹੈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਐੱਸ ਐੱਚ ਓ ਟਾਂਡਾ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਟਾਂਡਾ ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਜ਼ਿਮੀਂਦਾਰ ਚਰਨਜੀਤ ਸਿੰਘ ਪੁੱਤਰ ਸ਼ੌਕੀਨ ਸਿੰਘ ਵਾਸੀ ਪਿੰਡ ਰੜਾ ਥਾਣਾ ਟਾਂਡਾ ਨੇ ਦੱਸਿਆ ਕਿ ਉਹ ਖੇਤੀਬਾੜੀ ਦਾ ਕੰਮ ਕਰਦਾ ਹੈ ਤੇ ਉਸ ਦੀ ਪਤਨੀ ਸਤਿੰਦਰ ਕੌਰ ਪਿੰਡ ਦੀ ਮੌਜੂਦਾ ਸਰਪੰਚ ਹੈ। ਮਿਤੀ 5 ਸਤੰਬਰ 2022 ਨੂੰ ਉਸ ਨੇ ਜਸਵਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਰੜਾ ਪਾਸੋਂ ਜ਼ਮੀਨ ਵਾਹੀ ਕਰਨ ਲਈ 13 ਕਨਾਲ ਜ਼ਮੀਨ ਠੇਕੇ 'ਤੇ ਲਈ ਸੀ ਤੇ ਉਸ ਠੇਕੇ ਪਰ ਲਈ ਜ਼ਮੀਨ ਵਿਚ ਉਸਨੇ ਕਰੀਬ 450 ਪਾਪੂਲਰ ਦੇ ਬੂਟੇ ਲਗਾਏ ਹੋਏ ਸਨ । ਚਰਨਜੀਤ ਸਿੰਘ ਨੇ ਬਿਆਨਾਂ ਵਿਚ ਦੱਸਿਆ ਕਿ 10 ਜੂਨ ਨੂੰ ਵਕਤ ਕਰੀਬ 4 ਵਜੇ ਸਵੇਰੇ ਰੋਜ਼ਾਨਾ ਦੀ ਤਰ੍ਹਾਂ ਉਹ ਆਪਣੇ ਖੇਤਾਂ ਨੂੰ ਗੇੜੀ ਮਾਰਨ ਗਿਆ ਤਾਂ ਉਸ ਵਲੋਂ ਠੇਕੇ 'ਤੇ ਲਈ ਹੋਈ ਜ਼ਮੀਨ ਤੇ ਕੁਝ ਲੋਕ ਪਾਪੂਲਰਾਂ ਦੇ ਬੂਟੇ ਵੱਢ ਰਹੇ ਸਨ ਜੋ ਕੁੱਲ 35 ਬੂਟੇ ਵੱਢੇ ਲਏ ਸਨ , ਜਿਹਨਾਂ ਵਿੱਚ 25 ਬੂਟੇ ਜ਼ਮੀਨ ਪਰ ਵੱਢੇ ਹੋਏ ਪਏ ਸਨ ਤੇ 10 ਬੂਟੇ ਗਾਇਬ ਸਨ । ਚਰਨਜੀਤ ਸਿੰਘ ਵਲੋਂ ਬੂਟੇ ਵੱਢਣ ਵਾਲੀ ਲੇਬਰ ਤੋਂ ਕੀਤੀ ਪੁੱਛਗਿੱਛ ਮੁਤਾਬਕ ਇਹ ਬੂਟੇ ਵੱਢਣ ਲਈ ਲੇਬਰ ਨੂੰ ਅਮਰਜੀਤ ਸਿੰਘ ਤੇ ਜਸਵਿੰਦਰ ਸਿੰਘ ਦੋਨੋਂ ਪੁੱਤਰ ਜੋਗਿੰਦਰ ਸਿੰਘ ਅਤੇ ਜਸਵਿੰਦਰ ਸਿੰਘ ਪੁੱਤਰ ਸਾਧੂ ਸਿੰਘ ਵਾਸੀਆਨ ਰੜਾ ਨੇ ਵੱਢਣ ਨੂੰ ਕਿਹਾ ਸੀ ।ਉਹਨਾਂ ਦੱਸਿਆ ਕਿ ਇਸ ਸਾਰੇ ਬੂਟੇ ਉਸ ਦੀ ਮਾਲਕੀ ਸਨ ਜੋਂ ਉਕਤ ਲੋਕਾਂ ਨੇ ਚੋਰੀ ਵੱਡੇ ਹਨ । ਟਾਂਡਾ ਪੁਲਿਸ ਨੇ ਚਰਨਜੀਤ ਸਿੰਘ ਦੇ ਬਿਆਨਾਂ ਦੇ ਆਧਾਰ ਤੇ ਉਕਤ ਲੋਕਾਂ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



# ਡਰੱਗ ਸਰਵੇ ਦੀਆਂ ਸਵੈ-ਇੱਛੁਕ ਡਿਊਟੀਆਂ ਨੂੰ ਜਬਰੀ ਲਾਉਣ ਖਿਲਾਫ ਡੀ ਸੀ ਨੂੰ ਭੇਜਿਆ ਮੰਗ ਪੱਤਰ



**ਗੜ੍ਹਸ਼ੰਕਰ ( ਫੂਲਾ ਸਿੰਘ ਬੀਰਮਪੁਰ)**

ਜਨ ਗਣਨਾ ਡਿਊਟੀਆਂ ਤੋਂ ਤੁਰੰਤ ਬਾਅਦ ਅਧਿਆਪਕਾਂ ਨੂੰ ਡਰੱਗ ਸਰਵੇ ਦੀਆਂ ਡਿਊਟੀਆਂ ਤੇ ਤੈਨਾਤ ਕਰਨ ਖਿਲਾਫ ਵੱਖ ਵੱਖ ਜਥੇਬੰਦੀਆਂ ਦੀ ਅਗਵਾਈ ਹੇਠ ਅਧਿਆਪਕਾਂ ਵੱਲੋਂ ਇਕੱਤਰ ਹੋ ਕੇ ਐੱਸ ਡੀ ਐੱਮ ਗੜ੍ਹਸ਼ੰਕਰ ਦਫਤਰ ਦੇ ਸੁਪਰਡੈਂਟ ਰਜੇਸ਼ ਕੁਮਾਰ ਰਾਹੀਂ ਡੀ ਸੀ ਹੁਸ਼ਿਆਰਪੁਰ ਨੂੰ ਇਤਰਾਜ ਸਹਿਤ ਮੰਗ ਪੱਤਰ ਭੇਜਿਆ। ਇਸ ਸਮੇਂ ਅਧਿਆਪਕ ਆਗੂਆਂ ਮੁਕੇਸ਼ ਕੁਮਾਰ, ਸੁਖਦੇਵ ਡਾਨਸੀਵਾਲ, ਵਿਨੇ ਕੁਮਾਰ, ਪਵਨ ਕੁਮਾਰ, ਨਰੇਸ਼ ਕੁਮਾਰ,ਹਰਦੀਪ ਕੁਮਾਰ, ਇੰਦਰਜੀਤ ਕੌਰ ਅਤੇ ਅਨੀਤਾ ਵਸ਼ਿਸ਼ਟ ਨੇ ਕਿਹਾ ਕਿ ਜਨ ਗਣਨਾ ਵਿੱਚ ਡਿਊਟੀਆਂ ਕਰ ਰਹੇ ਅਧਿਆਪਕਾਂ ਨੂੰ ਪਹਿਲਾ ਪੱਤਰ ਜਾਰੀ ਕਰਕੇ ਕਿਹਾ ਗਿਆ ਕਿ ਜਨਗਣਨਾ ਦਾ ਕੰਮ ਜਲਦੀ ਨਿਬੇੜ ਦਿਓ ਉਸ ਤੋਂ ਬਾਅਦ ਤੁਹਾਡੇ ਤੋਂ ਕੋਈ ਹੋਰ ਨਵੀਂ ਡਰਗ ਸਰਵੇ ਬਗੈਰਾ ਦੀ ਡਿਊਟੀ ਨਹੀਂ ਲਈ ਜਾਵੇਗੀ ਪਰ ਜਨਗਣਨਾ ਦਾ ਕੰਮ ਖਤਮ ਹੁੰਦਿਆਂ ਸਾਰ ਸਾਰੇ ਅਧਿਆਪਕਾਂ ਨੂੰ ਡਰੱਗ ਸਰਵੇ ਡਿਊਟੀਆਂ ਤੇ ਤੈਨਾਤ ਕਰ ਦਿੱਤਾ ਗਿਆ।ਜਿਸ ਦਾ ਸਮੂਹ ਜਥੇਬੰਦੀਆਂ ਵੱਲੋਂ ਡੱਟ ਕੇ ਵਿਰੋਧ ਕੀਤਾ ਗਿਆ।ਇਸ ਸਮੇਂ ਵੱਖ ਵੱਖ ਆਗੂ ਮਨੀਸ਼ ਰਾਣਾ, ਸੰਜੀਵ ਕੁਮਾਰ, ਸੁਭਾਸ਼ ਕੁਮਾਰ, ਪ੍ਰਵੀਨ ਕੁਮਾਰ, ਹੁਸਨ ਲਾਲ, ਸੰਦੀਪ ਸਿੰਘ, ਪਰਦੀਪ ਸਿੰਘ, ਦਵਿੰਦਰ ਸਿੰਘ, ਸੁਭਾਸ਼ ਚੰਦਰ, ਕਮਲਜੀਤ ਸਿੰਘ, ਸੰਦੀਪ ਠਾਕੁਰ, ਮੁਰਾਦ ਹੁਸੈਨ, ਪੁਸ਼ਪਿੰਦਰ ਕੌਰ, ਪੂਨਮ ਰਾਣੀ, ਕਵਿਤਾ ਅਗਵਾਨੀ, ਕਿਰਨ ਕੰਵਰ, ਮਮਤਾ ਰਾਣੀ, ਨਿਰਮਲ ਕੌਰ, ਜੋਤੀ ਲੂਬਾ, ਇੰਦਰਜੀਤ ਕੌਰ, ਪੂਨਮ ਕੁਮਾਰੀ, ਜਯੋਤਕਾ, ਭਰਤ ਜੋਤੀ, ਬਲਜਿੰਦਰ ਕੌਰ, ਅੰਸ਼ੂ ਰਾਣਾ, ਪ੍ਰਿਅੰਕਾ, ਊਸ਼ਾ ਰਾਣੀ, ਰਜਨੀ ਕੁਮਾਰੀ, ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ।

# ਗਊਆਂ ਨੂੰ ਅਵਾਰਾ ਛੱਡਣ ਵਾਲੇ ਡੇਅਰੀ ਫਾਰਮਾਂ ਖਿਲਾ.ਫ ਜੁਰਮਾਨੇ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ : ਕੀਮਤੀ ਭਗਤ

**ਹੁਸ਼ਿਆਰਪੁਰ (ਓ ਪੀ ਰਾਣਾ)**

ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਨੇ ਇਥੇ ਕਿਹਾ ਕਿ ਸੂਬੇ ਭਰ ਵਿਚ ਸੜਕਾਂ ਅਤੇ ਆਮ ਥਾਵਾਂ 'ਤੇ ਘੁੰਮ ਰਹੇ ਬੇਸਹਾਰਾ, ਅਵਾਰਾ ਅਤੇ ਲਵਾਰਸ ਗਊਧਨ ਨੂੰ ਜਲਦ ਹੀ ਸਰਕਾਰੀ ਅਤੇ ਪ੍ਰਾਈਵੇਟ ਗਊਸ਼ਾਲਾਵਾਂ ਵਿਚ ਭੇਜਿਆ ਜਾਵੇਗਾ ਤਾਂ ਜੋ ਲੋਕਾਂ ਨੂੰ ਰਾਹਤ ਦਿਵਾਉਣ ਦੇ ਨਾਲ-ਨਾਲ ਸੜਕੀ ਹਾਦਸਿਆਂ ਨਾਲ ਜਾਣ ਵਾਲੀਆਂ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕੇ।ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਜ਼ਿਲ੍ਹੇ ਦੀਆਂ ਗਊਸ਼ਾਲਾਵਾਂ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦਿਆਂ ਨਾਲ ਵਿਸਥਾਰਤ ਗੱਲਬਾਤ ਕਰਦਿਆਂ ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਦਿੱਤੇ ਨਿਰਦੇਸ਼ਾਂ ਅਨੁਸਾਰ ਆਉਂਦੇ ਕੁਝ ਮਹੀਨਿਆਂ ਵਿਚ ਹੀ ਬੇਸਹਾਰਾ ਅਤੇ ਲਵਾਰਸ ਗਊਧਨ ਦੀ ਗਊਸ਼ਾਲਾਵਾਂ ਵਿਚ ਸੁਚੱਜੀ ਸਾਂਭ-ਸੰਭਾਲ ਨੂੰ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਵਲੋਂ ਲਗਾਤਾਰ ਵੱਖ-ਵੱਖ ਜ਼ਿਲ੍ਹਿਆਂ ਵਿਚ ਸਬੰਧਤ ਧਿਰਾਂ ਨਾਲ ਵਿਚਾਰਾਂ ਕਰਕੇ ਜਲਦ ਤੋਂ ਜਲਦ ਗਊਧਨ ਨੂੰ ਸਰਕਾਰੀ ਅਤੇ ਪ੍ਰਾਇਵੇਟ ਗਊਸ਼ਾਲਾਵਾਂ ਵਿਚ ਭੇਜਣ ਦੀ ਪ੍ਰਕਿਰਿਆ ਦੀ ਸਮੀਖਿਆ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਨਗਰ ਨਿਗਮ ਦੇ ਕਮਿਸ਼ਨਰ ਨੂੰ ਹਦਾਇਤ ਕੀਤੀ ਕਿ ਨਿਗਮ ਟੀਮਾਂ ਵਲੋਂ ਸ਼ਹਿਰ ਅਤੇ ਨਾਲ ਲੱਗਦੇ ਇਲਾਕਿਆਂ ਵਿਚ ਲਗਾਤਾਰ ਰਾਊਂਡ ਲਾ ਕੇ ਅਜਿਹੇ ਗਊਧਨ ਨੂੰ ਫਲਾਹੀ ਜਾਂ ਕਿਸੇ ਪ੍ਰਾਇਵੇਟ ਗਊਸ਼ਾਲਾ ਵਿਚ ਭੇਜਣਾ ਯਕੀਨੀ ਬਣਾਉਣ ਤਾਂ ਜੋ ਇਨ੍ਹਾਂ ਬੇਜ਼ੁਬਾਨਾਂ ਦੀ ਸਹੀ ਦੇਖਭਾਲ ਹੋ ਸਕੇ।ਉਪ ਚੇਅਰਮੈਨ ਕੀਮਤੀ ਭਗਤ ਨੇ ਪਸ਼ੂ ਪਾਲਣ ਵਿਭਾਗ ਦੇ ਸਥਾਨਕ ਡਿਪਟੀ ਡਾਇਰੈਕਟਰ ਨੂੰ ਨਿਰਦੇਸ਼ ਦਿੱਤੇ ਕਿ ਜਿਨ੍ਹਾਂ ਗਊਸ਼ਾਲਾਵਾਂ ਦਾ ਬਿਜਲੀ ਦਾ ਬਿੱਲ ਮੁਆਫ਼ ਹੋਣੋ ਰਹਿੰਦਾ ਹੈ ਉਨ੍ਹਾਂ ਦੇ ਕੇਸ ਜਲਦ ਬਣਾ ਕੇ ਕਮਿਸ਼ਨ ਨੂੰ ਭੇਜੇ ਜਾਣ ਤਾਂ ਜੋ ਇਹ ਕਾਰਜ ਛੇਤੀ ਮੁਕੰਮਲ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਵਿਭਾਗ ਦੀ ਟੀਮ ਵਲੋਂ ਲਗਾਤਾਰ ਗਊਸ਼ਾਲਾਵਾਂ ਵਿਖੇ ਜਾ ਕੇ ਗਊਧਨ ਦਾ ਲੋੜੀਂਦਾ ਟੀਕਾਕਰਨ ਕੀਤਾ ਜਾਵੇ ਅਤੇ ਜ਼ਖਮੀ ਗਊਧਨ ਦਾ ਢੁੱਕਵਾਂ ਇਲਾਜ ਯਕੀਨੀ ਬਣਾਇਆ ਜਾਵੇ। ਉਨ੍ਹਾਂ ਨੇ ਜ਼ਿਲ੍ਹੇ ਦੀਆਂ ਨਗਰ ਕੌਂਸਲਾਂ ਦੇ ਕਾਰਜਸਾਧਕ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਅਧਿਕਾਰ ਖੇਤਰ ਵਿਚ ਪੈਣ ਵਾਲੀਆਂ ਗਊਸ਼ਾਲਾਵਾਂ ਦੀ ਦੇਖਰੇਖ ਲਈ ਗਊਆਂ ਲਈ ਨਿਰਧਾਰਤ ਸੈੱਸ ਦੀ ਰਕਮ ਵਿਚ ਢੁੱਕਵੀਂ ਰਕਮ ਆਉਂਦੇ ਕੁਝ ਦਿਨਾਂ ਵਿਚ ਜਾਰੀ ਕਰਨੀ ਯਕੀਨੀ ਬਣਾਉਣ ਤਾਂ ਜੋ ਗਊਸ਼ਾਲਾਵਾਂ ਦਾ ਪ੍ਰਬੰਧ ਹੋ ਵਧੀਆ ਤਰੀਕੇ ਨਾਲ ਦੇਖਿਆ ਜਾ ਸਕੇ।




# ਨਕਾਬਪੋਸ਼ ਲੁਟੇਰਿਆਂ ਨੇ ਮਹਿਲਾ ਦੀਆਂ ਸੋਨੇ ਦੀਆਂ ਵਾਲੀਆਂ ਝਪਟੀਆਂ

**ਅਲਾਵਲਪੁਰ (ਮਦਨ ਬੰਗੜ)**

ਅਲਾਵਲਪੁਰ ਇਲਾਕੇ ਵਿੱਚ ਦਿਨ ਦਿਹਾੜੇ ਲੁੱਟ-ਖੋਹ ਦੀ ਇੱਕ ਵਾਰਦਾਤ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ ਪੀੜਤ ਮਹਿਲਾ ਸੁਰਿੰਦਰ ਕੌਰ ਆਪਣੇ ਬੇਟੇ ਮਨਪ੍ਰੀਤ ਨਾਲ ਆਦਮਪੁਰ ਤੋਂ ਅਲਾਵਲਪੁਰ ਨੂੰ ਆਪਣੇ ਘਰ ਵਾਪਸ ਆ ਰਹੀ ਸੀ। ਜਦੋਂ ਉਹ ਦੁਪਹਿਰ ਕਰੀਬ 3:15 ਵਜੇ ਪਿੰਡ ਮੁਹਿੰਮਦਪੁਰ ਨੇੜੇ ਪਹੁੰਚੇ ਤਾਂ ਪਲਸਰ ਮੋਟਰਸਾਈਕਲ 'ਤੇ ਸਵਾਰ ਦੋ ਨਕਾਬਪੋਸ਼ ਲੁਟੇਰਿਆਂ ਨੇ ਉਸ ਦੇ ਕੰਨਾਂ ਵਿੱਚ ਪਾਈਆਂ ਸੋਨੇ ਦੀਆਂ ਵਾਲੀਆਂ ਝਪਟ ਲਈਆਂ।ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਲੁਟੇਰੇ ਅਲਾਵਲਪੁਰ ਵੱਲ ਫਰਾਰ ਹੋ ਗਏ। ਇਸ ਦੌਰਾਨ ਪੀੜਤ ਮਹਿਲਾ ਦੇ ਬੇਟੇ ਮਨਪ੍ਰੀਤ ਨੇ ਤੁਰੰਤ ਆਪਣੇ ਜਾਣਕਾਰਾਂ ਨੂੰ ਫੋਨ ਕਰਕੇ ਸੂਚਿਤ ਕੀਤਾ। ਸੂਚਨਾ ਮਿਲਣ 'ਤੇ ਕੁਝ ਲੋਕ ਅਲਾਵਲਪੁਰ ਨੇੜੇ ਸੜਕ 'ਤੇ ਇਕੱਠੇ ਹੋ ਕੇ ਲੁਟੇਰਿਆਂ ਦੀ ਉਡੀਕ ਕਰਨ ਲੱਗੇ।ਪਰ ਲੁਟੇਰੇ ਤੇਜ਼ ਰਫ਼ਤਾਰ ਨਾਲ ਮੋਟਰਸਾਈਕਲ ਚਲਾਉਂਦੇ ਹੋਏ ਉਥੋਂ ਨਿਕਲਣ ਵਿੱਚ ਕਾਮਯਾਬ ਹੋ ਗਏ ਅਤੇ ਬਿਆਸ ਪਿੰਡ ਵੱਲ ਫਰਾਰ ਹੋ ਗਏ। ਲੋਕਾਂ ਵੱਲੋਂ ਲੁਟੇਰਿਆਂ ਦਾ ਪਿੱਛਾ ਵੀ ਕੀਤਾ ਗਿਆ, ਪਰ ਉਹ ਕਾਬੂ ਨਹੀਂ ਆ ਸਕੇ।ਪੀੜਤ ਪਰਵਾਰ ਵੱਲੋਂ ਇਸ ਸਬੰਧੀ ਅਲਾਵਲਪੁਰ ਪੁਲਸ ਨੂੰ ਸ਼ਿਕਾਇਤ ਦੇ ਦਿੱਤੀ ਗਈ ਹੈ। ਪੁਲਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਇਲਾਕੇ ਦੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਖੰਗਾਲ ਕੇ ਲੁਟੇਰਿਆਂ ਦੀ ਪਛਾਣ ਕਰਨ ਦੇ ਯਤਨ ਕੀਤੇ ਜਾ ਰਹੇ ਹਨ।



# ਸਾਂਝਾ ਅਧਿਆਪਕ ਮੋਰਚਾ ਤੇ ਅਧਿਆਪਕ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ

**ਜਲੰਧਰ (ਸ਼ੈਲੀ ਐਲਬਰਟ, ਲਖਵਿੰਦਰ ਸਿੰਘ ਆਧੀ)**-ਸਾਂਝਾ ਅਧਿਆਪਕ ਮੋਰਚਾ ਅਤੇ ਸਮੂਹ ਅਧਿਆਪਕ ਜਥੇਬੰਦੀਆਂ ਜ਼ਿਲ੍ਹਾ ਜਲੰਧਰ ਵੱਲੋਂ ਸਰਕਾਰ ਵੱਲੋਂ ਆਪਣੀ ਮਸ਼ਹੂਰੀ ਲਈ ਕੀਤੇ ਜਾ ਰਹੇ ਡਰੱਗ ਸਰਵੇ ਵਿੱਚ ਅਧਿਆਪਕਾਂ ਦੀਆਂ ਜ਼ਬਰੀ ਤੇ ਦੋਹਰੀਆਂ ਡਿਊਟੀਆਂ ਲਗਵਾਉਣ ਅਤੇ ਡਿਊਟੀ ਤੇ ਹਾਜ਼ਰ ਨਾ ਹੋਣ ਵਾਲੇ ਮੁਲਾਜ਼ਮਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਾਰਨ ਵਿਰੁੱਧ ਜ਼ਬਰਦਸਤ ਪ੍ਰਦਰਸ਼ਨ ਕੀਤਾ ਅਤੇ ਕੰਪਲੈਕਸ ਵਿੱਚ ਭਾਰੀ ਨਾਅਰੇਬਾਜ਼ੀ ਕੀਤੀ ਗਈ ਜਿਸ ਦੀ ਅਗਵਾਈ ਕਰਨੈਲ ਫਿਲੌਰ, ਨਵਪ੍ਰੀਤ ਸਿੰਘ ਬੱਲੀ, ਮੰਗਤ ਸਿੰਘ ਅਤੇ ਰਿਸ਼ੀ ਕੁਮਾਰ ਨੇ ਕੀਤੀ। ਇਸ ਮੌਕੇ ਅਧਿਆਪਕਾਂ ਵਲੋਂ ਡਿਪਟੀ ਕਮਿਸ਼ਨਰ ਜਲੰਧਰ ਦੀ ਗੈਰ ਹਾਜ਼ਰੀ ਵਿੱਚ ਮੰਗ ਪੱਤਰ ਜੀ ਏ ਟੂ ਡੀ ਸੀ ਜਲੰਧਰ ਨੂੰ ਦਿੱਤਾ ਗਿਆ।ਆਗੂਆਂ ਨੇ ਕਿਹਾ ਕਿ ਪਹਿਲਾਂ ਅਧਿਆਪਕਾਂ ਨੇ ਜਨਗਣਨਾ ਵਿੱਚ ਡਿਊਟੀਆਂ ਦਿਤੀਆਂ ਅਤੇ ਨਾਲ ਹੀ ਸਰਕਾਰ ਵਲੋਂ ਡਰੱਗ ਜਨਗਣਨਾ ਵਿੱਚ ਧੱਕੇ ਨਾਲ ਦੋਹਰੀਆਂ ਡਿਊਟੀਆਂ ਲਾਈਆਂ ਜਾ ਰਹੀਆਂ ਹਨ ਅਤੇ ਡਿਊਟੀ ਨਾ ਜੁਆਇੰਨ ਕਰਨ ਤੇ ਅਧਿਆਪਕਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਜਾ ਰਹੇ ਹਨ। ਇਸ ਮੌਕੇ ਤੀਰਥ ਸਿੰਘ ਬਾਸੀ, ਸੰਦੀਪ ਕੰਬੋਜ਼, ਸੁੱਖਵਿੰਦਰ ਸਿੰਘ ਮੱਕੜ, ਜਵਸੀਰ ਸਿੰਘ, ਵਿਨੋਦ ਭੱਟੀ, ਦੀਪਕ ਕੁਮਾਰ, ਅਮਰੀਕ ਸਿੰਘ, ਬਲਜੀਤ ਸਿੰਘ ਕੁਲਾਰ, ਗੁਰਿੰਦਰ ਸਿੰਘ, ਵਿਜੇ ਚੋਲਾਂਗ, ਵੇਦ ਰਾਜ ਸੁਖਚਰਨ ਆਦਿ ਆਗੂਆਂ ਨੇ ਮੰਗ ਕੀਤੀ ਕਿ , ਡਰੱਗ ਜਨਗਣਨਾ ਵਿੱਚ ਡਿਊਟੀਆਂ ਮੁਲਾਜ਼ਮਾਂ ਦੀ ਸਹਿਮਤੀ ਨਾਲ ਲਗਾਈਆਂ ਜਾਣ ਅਤੇ ਜ਼ਬਰੀ ਲਾਈਆਂ ਡਿਊਟੀਆਂ ਤੇ ਹਾਜ਼ਰ ਨਾ ਹੋਣ ਵਾਲੇ ਮੁਲਾਜਮਾਂ ਨੂੰ ਜਾਰੀ ਕਾਰਨ ਦੱਸੋ ਨੋਟਿਸ ਵਾਪਿਸ ਲਏ ਜਾਣ, ਜਨਗਣਨਾ ਵਿੱਚ ਪਹਿਲਾਂ ਡਿਊਟੀ ਕਰ ਚੁੱਕੇ ਅਧਿਆਪਕਾਂ ਅਤੇ ਬੀ ਐਲ ਓ ਦੀ ਸੇਵਾ ਨਿਭਾਅ ਰਹੇ ਮੁਲਾਜਮਾਂ ਦੀ ਦੁਬਾਰਾ ਡਿਊਟੀ ਨਾਂ ਲਗਾਈ ਜਾਵੇ, ਸਿੱਖਿਆ ਵਿਭਾਗ ਤੋਂ ਇਲਾਵਾ ਬਾਕੀ ਵਿਭਾਗਾਂ ਦੇ ਮੁਲਾਜ਼ਮਾਂ ਦੀਆਂ ਡਿਊਟੀਆਂ ਵੀ ਅਨੁਪਾਤ ਅਨੁਸਾਰ ਲਗਾਈਆਂ ਜਾਣ, ਅੰਮ੍ਰਿਤਸਰ ਵਾਂਗ ਬੇਰੁਜ਼ਗਾਰ ਤੋਂ ਮਿਹਨਤਾਨੇ ਤੇ ਕੰਮ ਕਰਵਾਇਆ ਜਾਵੇ।ਇਸ ਮੌਕੇ ਅਗੁਆਂ ਨੇ ਚੇਤਾਵਨੀ ਦਿੱਤੀ ਕਿ ਅਗਰ ਕਾਰਨ ਦੱਸੋ ਨੋਟਿਸ ਵਾਪਿਸ ਨਾ ਹੋਏ ਤਾਂ ਵੱਡਾ ਅੰਦੋਲਨ ਹੋਵੇਗਾ । ਇਸ ਮੌਕੇ ਰੁਪੇਸ਼ਨਾਰ, ਸੰਦੀਪ ਕੁਮਾਰ, ਆਸੀਸ ਅਗਰਵਾਲ, ਕਸ਼ਮੀਰ ਸਿੰਘ, ਪ੍ਰਮਿੰਦਰ ਸਿੰਘ, ਸੰਦੀਪ ਸਿੰਘ, ਹਰਕਿੰਦਰ ਸਿੰਘ, ਅਮਰਦੀਪ ਜਖ਼ੂ, ਅਨਿਲ ਕੁਮਾਰ ਭਗਤ, ਅਜੇ ਕੁਮਾਰ, ਨਵਨੀਤ ਕੌਰ, ਜਸਕੀਰਤ ਕੌਰ, ਮੀਨਾ ਕਪੂਰ, ਸ਼ਰਮੀਲਾ ਸ਼ਰਮਾ, ਰਜਨੀ, ਵੰਦਨਾ ਭਾਟੀਆ, ਰਾਜਪ੍ਰੀਤ ਕੌਰ, ਅਨਾਮਿਕਾ, ਵੀਰਪਾਲ ਕੌਰ, ਹਰਪ੍ਰੀਤ ਕੌਰ, ਵਿਜੇ ਰੋਨੀ, ਆਦਿ ਹਾਜ਼ਰ ਸਨ।



# ਸੰਤ ਬਾਬਾ ਨਿਰਮਲ ਦਾਸ ਦੇ ਜਨਮ ਦਿਹਾੜੇ ਮੌਕੇ ਗੁਰਮਤਿ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਬੱਡੋ ਵਿਖੇ 108 ਡੇਰਾ ਉਦਾਸੀਨ ਸੰਤ ਬਾਬਾ ਨਿਰਮਲ ਦਾਸ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਬ੍ਰਹਮ ਗਿਆਨੀ 108 ਸੰਤ ਬਾਬਾ ਨਿਰਮਲ ਦਾਸ ਦੇ ਜਨਮ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਕਮੇਟੀ ਪ੍ਰਧਾਨ ਮਾਸਟਰ ਜੋਗਿੰਦਰ ਸਿੰਘ ਬੱਡੋ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਕਿ ਜਨਮ ਦਿਹਾੜੇ ਸਮਾਗਮ ਮੌਕੇ ਦੋ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਸੰਤ ਬਾਬਾ ਗੁਰਚਰਨ ਸਿੰਘ ਬੱਡੋ, ਸੰਤ ਬਾਬਾ ਪਰਮਿੰਦਰ ਸਿੰਘ ਡਗਾਣਾ ਕਲਾਂ ਆਦਿ ਨੇ ਗੁਰਬਾਣੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਆਏ ਹੋਏ ਸੰਤ ਮਹਾਂਪੁਰਸ਼, ਪ੍ਰਮੁੱਖ ਸ਼ਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਮਾਸਟਰ ਜੋਗਿੰਦਰ ਸਿੰਘ, ਠੇਕੇਦਾਰ ਕਮਲਜੀਤ ਸਿੰਘ, ਸੂਬੇਦਾਰ ਹਰੀ ਸਿੰਘ, ਸਰਪੰਚ ਡਾਕਟਰ ਬਲਵਿੰਦਰ ਸਿੰਘ, ਬਾਬੂ ਚਰਨ ਸਿੰਘ, ਮਾਸਟਰ ਸਾਗਰ ਸਿੰਘ, ਜੋਗਿੰਦਰ ਸਿੰਘ, ਸੁਰਿੰਦਰ ਸਿੰਘ, ਸੂਬੇਦਾਰ ਸਤਨਾਮ ਸਿੰਘ ,ਅਭੈ, ਅਜੇਪਾਲ ਤੋ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ ।





# ਡਿਪਟੀ ਸਪੀਕਰ ਵੱਲੋਂ ਵਿਕਾਸ ਕਾਰਜਾਂ ਦਾ ਉਦਘਾਟਨ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਹਲਕਾ ਗੜ੍ਹਸ਼ੰਕਰ ਦੇ ਪਿੰਡ ਰੁੜਕੀ ਖਾਸ ਵਿੱਚ ਅੱਧੇ ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਕਰਵਾਏ ਗਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਕੇ ਪਿੰਡ ਵਾਸੀਆਂ ਨੂੰ ਵੱਡੀ ਸੌਗਾਤ ਦਿੱਤੀ। ਇਸ ਮੌਕੇ ਉਨ੍ਹਾਂ ਨੇ ਛੱਪੜ ਦੇ ਸੁੰਦਰੀਕਰਨ, ਸੀਵਰੇਜ ਪ੍ਰਣਾਲੀ, ਸੋਲਰ ਸਟਰੀਟ ਲਾਈਟਾਂ ਅਤੇ ਸਾਫ਼ ਪੀਣ ਵਾਲੇ ਪਾਣੀ ਲਈ ਲਗਾਏ ਗਏ ਵਾਟਰ ਕੂਲਰ ਲੋਕਾਂ ਨੂੰ ਸਮਰਪਿਤ ਕੀਤੇ। ਸਮਾਗਮ ਨੂੰ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਹਰ ਪਿੰਡ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਰੁੜਕੀ ਖਾਸ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਨਾਲ ਪਿੰਡ ਦੀ ਨੁਹਾਰ ਬਦਲੀ ਹੈ ਅਤੇ ਲੋਕਾਂ ਨੂੰ ਸਿੱਧਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਛੱਪੜ ਦੇ ਸੁੰਦਰੀਕਰਨ ਨਾਲ ਪਿੰਡ ਦਾ ਵਾਤਾਵਰਣ ਹੋਰ ਸੁੰਦਰ ਅਤੇ ਸਾਫ਼-ਸੁਥਰਾ ਬਣੇਗਾ, ਸੀਵਰੇਜ ਪ੍ਰਣਾਲੀ ਨਾਲ ਗੰਦੇ ਪਾਣੀ ਦੀ ਸਮੱਸਿਆ ਦਾ ਹੱਲ ਹੋਵੇਗਾ, ਸੋਲਰ ਲਾਈਟਾਂ ਨਾਲ ਗਲੀਆਂ ਰੌਸ਼ਨ ਹੋਣਗੀਆਂ ਅਤੇ ਵਾਟਰ ਕੂਲਰ ਰਾਹੀਂ ਲੋਕਾਂ ਨੂੰ ਠੰਢੇ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਇਹ ਸਾਰੇ ਪ੍ਰੋਜੈਕਟ ਪਿੰਡ ਵਾਸੀਆਂ ਦੀਆਂ ਲੰਮੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ ਨੂੰ ਪੂਰਾ ਕਰਨ ਵਾਲੇ ਹਨ। ਰੌੜੀ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਰੁੜਕੀ ਖਾਸ ਦੇ ਬਾਕੀ ਰਹਿੰਦੇ ਵਿਕਾਸ ਕਾਰਜਾਂ ਲਈ ਵੀ ਆਉਣ ਵਾਲੇ ਸਮੇਂ ਵਿੱਚ ਹੋਰ ਗ੍ਰਾਂਟਾਂ ਜਾਰੀ ਕੀਤੀਆਂ ਜਾਣਗੀਆਂ, ਤਾਂ ਜੋ ਪਿੰਡ ਨੂੰ ਵਿਕਾਸ ਪੱਖੋਂ ਇੱਕ ਮਾਡਲ ਪਿੰਡ ਵਜੋਂ ਵਿਕਸਤ ਕੀਤਾ ਜਾ ਸਕੇ। ਇਸ ਮੌਕੇ ਪਿੰਡ ਦੀ ਪੰਚਾਇਤ ਅਤੇ ਇਲਾਕਾ ਵਾਸੀਆਂ ਨੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਧੇ ਕਰੋੜ ਤੋਂ ਵੱਧ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਨੇ ਪਿੰਡ ਦੀ ਤਸਵੀਰ ਅਤੇ ਤਕਦੀਰ ਬਦਲ ਦਿੱਤੀ ਹੈ। ਇਸ ਮੌਕੇ ਸਰਪੰਚ ਸੰਤੋਸ਼ ਕੁਮਾਰੀ, ਪੰਚ ਦਲਜੀਤ ਸਿੰਘ ਬਿੱਲਾ, ਬਲਵੀਰ ਸਿੰਘ, ਜੋਤੀ, ਜਸਵਿੰਦਰ ਸਿੰਘ ਜੱਸਾ, ਨੰਬਰਦਾਰ ਕਰਨੈਲ ਸਿੰਘ, ਬੁੱਧ ਰਾਜ, ਮੋਹਣ ਸਿੰਘ, ਗੁਰਦੀਪ ਸਿੰਘ, ਰਜਿੰਦਰ ਸਿੰਘ, ਪੰਚ ਜਤਿੰਦਰ ਕੁਮਾਰ, ਪੰਚ ਸੁਰਜੀਤ ਸਿੰਘ, ਪੰਚ ਬਰਿੰਦਰ ਸਿੰਘ, ਪੰਚ ਹਰਜੋਤ ਕੌਰ, ਪੰਚ ਸੁਰਿੰਦਰ ਕੌਰ, ਸਾਬਕਾ ਸਰਪੰਚ ਮਨਜੀਤ ਕੌਰ, ਗੁਰਦੀਪ ਕੌਰ, ਹੈਪੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਮੁੱਖ ਮੰਤਰੀ ਨੇ ਕੀਤਾ ਵਿਭਾਗੀ ਪੱਤ੍ਰਿਕਾ 'ਜਲ ਸੰਜੀਵਨੀ' ਦਾ ਵਿਮੋਚਨ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਸੋਮਵਾਰ ਨੂੰ ਹਰਿਆਣਾ ਨਿਵਾਸ ਵਿਖੇ ਪਬਲਿਕ ਹੈਲਥ ਇੰਜੀਨੀਅਰਿੰਗ ਡਿਪਾਰਟਮੈਂਟ ਦੀਆਂ ਯੋਜਨਾਵਾਂ, ਪ੍ਰਾਪਤੀਆਂ ਅਤੇ ਲੋਕ ਭਲਾਈ ਗਤੀਵਿਧੀਆਂ ਦੀ ਜਾਣਕਾਰੀ ਪ੍ਰਦੇਸ਼ ਦੇ ਨਾਗਰਿਕਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਦੇ ਉਦੇਸ਼ ਨਾਲ ਵਿਭਾਗੀ ਪੱਤ੍ਰਿਕਾ 'ਜਲ ਸੰਜੀਵਨੀ' ਦੇ ਪਹਿਲੇ ਸੰਸਕਰਣ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਜਨ ਸਿਹਤ ਇੰਜੀਨੀਅਰਿੰਗ ਮੰਤਰੀ ਰਣਬੀਰ ਸਿੰਘ ਗੰਗਵਾ, ਉਦਯੋਗ ਅਤੇ ਵਣਜ ਦੇ ਨਾਲ-ਨਾਲ ਸੈਨਿਕ ਅਤੇ ਅਰਧ-ਸੈਨਿਕ ਭਲਾਈ ਮੰਤਰੀ ਰਾਓ ਨਰਬੀਰ ਸਿੰਘ, ਸਿੱਖਿਆ ਮੰਤਰੀ ਮਹੀਪਾਲ ਢਾਂਡਾ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਵੀ ਮੌਜੂਦ ਸਨ।ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ 'ਜਲ ਸੰਜੀਵਨੀ' ਪੱਤ੍ਰਿਕਾ ਵਿਭਾਗ ਦੀ ਕਾਰਜਪ੍ਰਣਾਲੀ, ਪ੍ਰਾਪਤੀਆਂ ਅਤੇ ਭਵਿੱਖ ਦੀਆਂ ਯੋਜਨਾਵਾਂ ਦਾ ਇੱਕ ਮਹੱਤਵਪੂਰਨ ਦਸਤਾਵੇਜ਼ ਹੈ। ਇਹ ਪ੍ਰਕਾਸ਼ਨ ਨਾ ਕੇਵਲ ਨਾਗਰਿਕਾਂ ਨੂੰ ਵਿਭਾਗ ਦੀਆਂ ਵੱਖ-ਵੱਖ ਜਨਹਿਤਕਾਰੀ ਪਹਿਲਕਦਮੀਆਂ ਤੋਂ ਜਾਣੂ ਕਰਵਾਏਗਾ, ਬਲਕਿ ਜਲ ਸੰਭਾਲ , ਜਲ ਸੁਰੱਖਿਆ ਅਤੇ ਸਵੱਛਤਾ ਪ੍ਰਤੀ ਜਨ-ਜਾਗਰੂਕਤਾ ਵਧਾਉਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਏਗਾ।

# ਨਗਰ ਕੌਂਸਲ ਵਿਖੇ ਸਫਾਈ ਪ੍ਰਬੰਧਾਂ ਦਾ ਨਿਰੀਖਣ

**ਫਿਲੌਰ, (ਨਿਰਮਲ)**

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਸਫਾਈ ਮੁਹਿੰਮ ਤਹਿਤ ਅਮਰਜੀਤ ਬੈਂਸ, ਏ ਡੀ ਸੀ (ਯੂ ਡੀ), ਜਲੰਧਰ ਵੱਲੋਂ ਨਗਰ ਕੌਂਸਲ ਫਿਲੌਰ ਦੇ ਵੱਖ-ਵੱਖ ਵਾਰਡਾਂ ਅਤੇ ਮੁੱਖ ਸਥਾਨਾਂ ਦਾ ਦੌਰਾ ਕਰਕੇ ਸਫਾਈ ਪ੍ਰਬੰਧਾਂ ਦਾ ਨਿਰੀਖਣ ਕੀਤਾ ਗਿਆ। ਨਿਰੀਖਣ ਦੌਰਾਨ ਏ ਡੀ ਸੀ (ਯੂ ਡੀ) ਅਮਰਜੀਤ ਸਿੰਘ ਬੈਂਸ ਨੇ ਸ਼ਹਿਰ ਵਿੱਚ ਚੱਲ ਰਹੇ ਸਫਾਈ ਕਾਰਜਾਂ, ਕੂੜਾ ਚੁੱਕਣ ਦੀ ਵਿਵਸਥਾ, ਜਨਤਕ ਸਥਾਨਾਂ ਦੀ ਸਫਾਈ ਅਤੇ ਸੈਨਿਟੇਸ਼ਨ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਵੱਲੋਂ ਨਗਰ ਕੌਂਸਲ ਦੇ ਅਧਿਕਾਰੀਆਂ ਅਤੇ ਸਫਾਈ ਸੇਵਕਾਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਸ਼ਹਿਰ ਨੂੰ ਹੋਰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਲਗਾਤਾਰ ਯਤਨ ਜਾਰੀ ਰੱਖਣ ਦੇ ਨਿਰਦੇਸ਼ ਦਿੱਤੇ ਗਏ।ਉਨ੍ਹਾਂ ਨੇ ਕਿਹਾ ਕਿ ਸਫਾਈ ਸਿਰਫ਼ ਸਰਕਾਰ ਜਾਂ ਨਗਰ ਕੌਂਸਲ ਦੀ ਹੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਸ਼ਹਿਰ ਵਾਸੀਆਂ ਨੂੰ ਵੀ ਆਪਣੇ ਆਸ-ਪਾਸ ਦੀ ਸਫਾਈ ਬਣਾਈ ਰੱਖਣ ਅਤੇ ਸਫਾਈ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ ਦੀ ਅਪੀਲ ਕੀਤੀ ਗਈ। ਇਸ ਮੌਕੇ ਕਾਰਜ ਸਾਧਕ ਅਫ਼ਸਰ ਸੁਨੀਲ ਕੁਮਾਰ, ਅਕਾਊਂਟੈਂਟ ਸੁਸ਼ੀਲ ਕੁਮਾਰ, ਸੈਨਟਰੀ ਇੰਸਪੈਕਟਰ, ਸਫਾਈ ਸੁਪਰਵਾਈਜ਼ਰ ਅਤੇ ਹੋਰ ਨਗਰ ਕੌਂਸਲ ਅਧਿਕਾਰੀ/ ਕਰਮਚਾਰੀ ਹਾਜ਼ਰ ਸਨ।



# ਡੇਅਰੀ ਸਿਖ਼ਲਾਈ ਕੋਰਸ 22 ਤੋਂ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਡਿਪਟੀ ਡਾਇਰੈਕਟਰ, ਡੇਅਰੀ ਵਿਕਾਸ ਜਲੰਧਰ ਕਸ਼ਮੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਵੱਲੋਂ ਦੋ ਹਫ਼ਤੇ ਦਾ ਡੇਅਰੀ ਸਿਖ਼ਲਾਈ ਕੋਰਸ 22 ਜੂਨ ਤੋਂ ਡੇਅਰੀ ਸਿਖ਼ਲਾਈ ਕੇਂਦਰ, ਫ਼ਗਵਾੜਾ ਵਿਖੇ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਟ੍ਰੇਨਿੰਗ ਦੌਰਾਨ ਦੁਧਾਰੂ ਪਸ਼ੂਆਂ ਦੀ ਖ਼ਰੀਦ ਤੋਂ ਲੈ ਕੇ ਪਸ਼ੂ ਖੁਰਾਕ, ਨਸਲ ਸੁਧਾਰ, ਸਾਂਭ-ਸੰਭਾਲ ਅਤੇ ਸੁਚੱਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਵਿਸਥਾਰਪੂਰਵਕ ਸਿਖਲਾਈ ਦਿੱਤੀ ਜਾਵੇਗੀ ਅਤੇ ਸਿਖਿਆਰਥੀਆਂ ਨੂੰ ਵਿਭਾਗੀ ਲਿਟਰੇਚਰ ਮੁਫ਼ਤ ਦਿੱਤਾ ਜਾਵੇਗਾ। ਟ੍ਰੇਨਿੰਗ ਉਪਰੰਤ ਉਮੀਦਵਾਰਾਂ ਨੂੰ 2,5 ਤੇ 10 ਦੁਧਾਰੂ ਪਸ਼ੂਆਂ ਦੀ ਖ਼ਰੀਦ 'ਤੇ 33 ਫੀਸਦੀ ਤੇ 25 ਫੀਸਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ।ਯੋਗਤਾ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਪੇਂਡੂ ਪਿਛੋਕੜ ਨਾਲ ਸਬੰਧਤ ਚਾਹਵਾਨ ਵਿਅਕਤੀ (ਮਰਦ/ਔਰਤ), ਜਿਨ੍ਹਾਂ ਦੀ ਉਮਰ 18 ਤੋਂ 55 ਸਾਲ ਦੇ ਦਰਮਿਆਨ ਹੋਵੇ ਤੇ ਘੱਟੋ-ਘੱਟ ਪੰਜਵੀਂ ਪਾਸ ਹੋਣ ਸਿਖ਼ਲਾਈ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਜਲੰਧਰ ਦੇ ਸਿਖ਼ਲਾਈ ਲੈਣ ਦੇ ਚਾਹਵਾਨ ਉਮੀਦਵਾਰ 21 ਜੂਨ ਤੱਕ ਦਫ਼ਤਰ ਡਿਪਟੀ ਡਾਇਰੈਕਟਰ, ਡੇਅਰੀ ਵਿਕਾਸ ਜਲੰਧਰ, ਆਰ.ਡੀ.ਡੀ.ਐਲ ਕੰਪਲੈਕਸ ਲਾਡੋਵਾਲੀ ਰੋਡ ਵਿਖੇ ਹਾਜ਼ਰ ਹੋ ਸਕਦੇ ਹਨ।ਉਨ੍ਹਾਂ ਦੱਸਿਆ ਕਿ ਸਿਖਿਆਰਥੀਆਂ ਦੀ ਜਨਰਲ ਕੈਟਾਗਰੀ ਲਈ ਫੀਸ 1000 ਰੁਪਏ ਅਤੇ ਅਨੁਸੂਚਿਤ ਜਾਤੀ ਲਈ 750 ਰੁਪਏ ਹੋਵੇਗੀ। ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 81949-08659 ਅਤੇ 73408-86952 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਨਰਿੰਦਰ ਭਾਟੀਆ ਸੋਸ਼ਲ ਮੀਡੀਆ ਸੈੱਲ ਦੇ ਜ਼ਿਲ੍ਹਾ ਕੋ-ਕਨਵੀਨਰ ਨਿਯੁਕਤ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**-ਰਾਜਵਿੰਦਰ ਸਿੰਘ ਲੱਕੀ ਨੇ ਕਿਹਾ ਕਿ ਨਰਿੰਦਰ ਭਾਟੀਆ ਬਲਾਚੌਰ ਹਲਕੇ ਦੇ ਪਿੰਡ ਰਾਜੂਮਾਜਰਾ ਦੇ ਰਹਿਣ ਵਾਲੇ ਹਨ ਅਤੇ ਲੰਬੇ ਸਮੇਂ ਤੋਂ ਪਾਰਟੀ ਦੀ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਸੰਗਠਨਾਤਮਕ ਗਤੀਵਿਧੀਆਂ ਵਿੱਚ ਸਰਗਰਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਦੀ ਨਿਯੁਕਤੀ ਨਾਲ ਜ਼ਿਲ੍ਹੇ ਵਿੱਚ ਸੋਸ਼ਲ ਮੀਡੀਆ ਰਾਹੀਂ ਪਾਰਟੀ ਦੀਆਂ ਨੀਤੀਆਂ, ਕੇਂਦਰ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਅਤੇ ਸੰਗਠਨ ਦੇ ਪ੍ਰੋਗਰਾਮਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਜਨ-ਜਨ ਤੱਕ ਪਹੁੰਚਾਉਣ ਵਿੱਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਭਾਜਪਾ ਦੀ ਕੇਂਦਰੀ ਅਤੇ ਸੂਬਾ ਲੀਡਰਸ਼ਿਪ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪਾਰਟੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਲਈ ਸੋਸ਼ਲ ਮੀਡੀਆ ਦੀ ਅਹਿਮ ਭੂਮਿਕਾ ਹੈ ਅਤੇ ਨਰਿੰਦਰ ਭਾਟੀਆ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਣਗੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਇੱਕ ਵਾਰ ਫਿਰ ਨਰਿੰਦਰ ਭਾਟੀਆ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ।



# ਪੈਨਸ਼ਨਰ ਜੁਆਇੰਟ ਫਰੰਟ ਪੰਜਾਬ ਦੀ ਭਲਕੇ ਸੂਬਾਈ ਕਨਵੈਨਸ਼ਨ 'ਚ ਵਧ-ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ

**ਗੁਰਾਇਆ (ਬਿੰਦਰ ਸੁਮਨ)**-ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫਿਲੌਰ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਬਲਵਿੰਦਰ ਕੁਮਾਰ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਐਸੋਸੀਏਸ਼ਨ ਦੇ ਮੁੱਖ ਸਲਾਹਕਾਰ ਕੁਲਦੀਪ ਸਿੰਘ ਕੌੜਾ, ਸੀਨੀਅਰ ਮੀਤ ਪ੍ਰਧਾਨ ਤਾਰਾ ਸਿੰਘ ਬੀਕਾ, ਮੀਤ ਪ੍ਰਧਾਨ ਸਤਪਾਲ ਮਹਿਮੀ, ਚਰਨਜੀਤ ਅੱਟਾ ਆਦਿ ਨੇ ਸੰਬੋਧਨ ਕਰਦੇ ਹੋਏ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿਰੋਧੀ ਨੀਤੀ ਦੀ ਜ਼ੋਰਦਾਰ ਢੰਗ ਨਾਲ ਨਿੰਦਿਆ ਕੀਤੀ। ਇੱਕ ਮਤਾ ਪਾਸ ਕਰਕੇ ਸਹਾਇਕ ਲਾਈਨਮੈਨਾਂ ਉੱਤੇ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਪਟਿਆਲਾ ਪੁਲਸ ਪ੍ਰਸ਼ਾਸਨ ਵਲੋਂ ਅੰਧਾਧੁੰਦ ਲਾਠੀਚਾਰਜ ਕਰਨ ਦੀ ਤਿੱਖੀ ਨਿਖੇਧੀ ਕਰਦੇ ਹੋਏ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਹਾਇਕ ਲਾਈਨਮੈਨਾਂ ਨੂੰ ਪੂਰੇ ਪੂਰੇ ਗ੍ਰੇਡਾਂ ਵਿੱਚ ਤੁਰੰਤ ਰੈਗੂਲਰ ਨਿਯੁਕਤੀਆਂ ਦੇ ਆਰਡਰ ਜਾਰੀ ਕੀਤੇ ਜਾਣ। ਦੂਜਾ ਮਤਾ ਪਾਸ ਕਰਦੇ ਹੋਏ ਰੈਗੂਲਰ ਹੋਣ ਅਤੇ ਤਨਖਾਹਾਂ ਵਿੱਚ ਵਾਧੇ ਲਈ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਦੇ ਸੰਘਰਸ਼ ਦਾ ਵੀ ਪੁਰਜ਼ੋਰ ਸਮਰਥਨ ਕੀਤਾ ਜਾਂਦਾ ਹੈ। ਮੀਟਿੰਗ ਵਿੱਚ ਹਾਜ਼ਰ ਆਗੂਆਂ ਵਲੋਂ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੂੰ ਅਪੀਲ ਵੀ ਕੀਤੀ ਜਾਂਦੀ ਹੈ ਕਿ ਪੰਜਾਬ ਸਰਕਾਰ ਦੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿਰੋਧੀ ਨੀਤੀ ਦਾ ਠੋਕਵਾਂ ਜਵਾਬ ਦੇਣ ਲਈ 17 ਜੂਨ ਦੀ ਜਲੰਧਰ ਸੂਬਾਈ ਕਨਵੈਨਸ਼ਨ ਵਿੱਚ ਸ਼ਾਮਲ ਹੋਣ ਲਈ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਲਈ ਹੁੰਗਾਰਾ ਜਲਦੀ ਤੋਂ ਜਲਦੀ ਦਿੱਤਾ ਜਾਵੇ। ਪਿਛਲੇ ਸਮੇਂ ਵਿੱਚ ਕੀਤੇ ਗਏ ਸੰਘਰਸ਼ਾਂ ਵਿੱਚ ਐਸੋਸੀਏਸ਼ਨ ਵੱਲੋਂ ਕੀਤੀ ਗਈ ਸ਼ਮੂਲੀਅਤ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਦੇ ਆਖ਼ਰ ਵਿੱਚ ਪ੍ਰਧਾਨ ਬਲਵਿੰਦਰ ਕੁਮਾਰ ਨੇ ਹਾਜ਼ਰ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਪੰਜਾਬ ਸਰਕਾਰ ਤੋਂ ਆਪਣੀਆਂ ਮੰਗਾਂ ਨੂੰ ਮਨਵਾਉਣ ਅਤੇ ਲਾਗੂ ਕਰਵਾਉਣ ਲਈ ਚੱਲ ਰਹੇ ਸੰਘਰਸ਼ਾਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਬਲਵਿੰਦਰ ਕੁਮਾਰ ਪ੍ਰਧਾਨ, ਤਾਰਾ ਸਿੰਘ ਬੀਕਾ ਸੀਨੀਅਰ ਮੀਤ ਪ੍ਰਧਾਨ, ਰਤਨ ਸਿੰਘ ਵਿੱਤ ਸਕੱਤਰ, ਕੁਲਦੀਪ ਸਿੰਘ ਕੌੜਾ ਮੁੱਖ ਸਲਾਹਕਾਰ, ਕਰਨੈਲ ਸਿੰਘ ਮਾਹਲਾਂ, ਸੰਤੋਖ ਸਿੰਘ ਸੰਗ ਢੇਸੀਆਂ, ਵਿਨੋਦ ਕੁਮਾਰ, ਸ਼ਿਵ ਦਾਸ, ਪ੍ਰੇਮ ਨਾਥ, ਬਿਮਲਾ ਪੁੰਜ, ਕੁਸ਼ੱਲਿਆ, ਸੰਤੋਖ ਸਿੰਘ, ਸੁਨੀਤਾ, ਇੰਦਰਜੀਤ, ਜਮਨਾ, ਹਰਵਿੰਦਰ ਸਿੰਘ ਸਹੋਤਾ, ਹਰਜੀਤ ਸਿੰਘ ਆਦਿ ਪੈਨਸ਼ਨਰ ਸਾਥੀ ਸ਼ਾਮਲ ਹੋਏ।

# ਸ਼੍ਰੋਮਣੀ ਅਕਾਲੀ ਦਲ ਨੇ ਸੁੱਚਾ ਸਿੰਘ ਸੜੋਆ ਨੂੰ ਐੱਸ ਸੀ ਵਿੰਗ ਦਾ ਪ੍ਰਧਾਨ ਲਗਾਇਆ

**ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾਬਕਾ ਕੈਬਨਿਟ ਮੰਤਰੀ ਗੁਲਜਾਰ ਸਿੰਘ ਰਾਣੀਕੇ, ਸੀਨੀਅਰ ਮੀਤ ਪ੍ਰਧਾਨ, ਸਕੱਤਰ ਡਾ. ਦਲਜੀਤ ਸਿੰਘ ਚੀਮਾ ਅਤੇ ਵਿਧਾਨ ਸਭਾ ਦੇ ਹਲਕਾ ਬਲਾਚੌਰ ਦੇ ਪ੍ਰਧਾਨ ਹਨੀ ਟੌਸਾ ਦੀ ਦੂਰਅੰਦੇਸ਼ੀ ਸੋਚ ਸਦਕਾ ਪਿਛਲੇ ਲੰਮੇ ਸਮੇਂ ਤੋਂ ਲੋਕ ਸੇਵਾ ਅਤੇ ਪਾਰਟੀ ਹਿੱਤ ਸੇਵਾਵਾਂ ਨੂੰ ਸਮਰਪਤ ਰਹੇ ਸੁੱਚਾ ਸਿੰਘ ਸੜੋਆ ਨੂੰ ਵਿਧਾਨ ਸਭਾ ਹਲਕਾ ਬਲਾਚੌਰ ਤੋਂ ਐਸ ਸੀ ਵਿੰਗ ਦਾ ਪ੍ਰਧਾਨ ਲਗਾਏ ਜਾਣ 'ਚ ਪਾਰਟੀ, ਭਾਈਚਾਰੇ ਅਤੇ ਇਲਾਕੇ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਪਾਰਟੀ ਹਾਈ ਹਾਈ ਕਮਾਂਡ ਅਤੇ ਪਾਰਟੀ ਦੇ ਦਰਜਾ ਬ ਦਰਜਾ ਆਗੂਆਂ ਦਾ ਧੰਨਵਾਦ ਕਰਦਿਆਂ ਵਿਧਾਨ ਸਭਾ ਹਲਕਾ ਬਲਾਚੌਰ ਤੋਂ ਐਸ ਸੀ ਵਿੰਗ ਦੇ ਨਵ- ਨਿਯੁਕਤ ਪ੍ਰਧਾਨ ਸੁੱਚਾ ਸਿੰਘ ਸੜੋਆ ਨੇ ਆਖਿਆ ਕਿ ਉਹ ਆਪ ਅਤੇ ਉਨਾਂ ਦਾ ਸਮੁੱਚਾ ਪਰਵਾਰ ਪਾਰਟੀ ਪ੍ਰਤੀ ਪਹਿਲਾਂ ਤੋਂ ਹੀ ਇੱਕ ਵਫਾਦਾਰ ਸਿਪਾਹੀ ਵਜੋਂ ਸੇਵਾਵਾਂ ਨਿਭਾ ਰਿਹਾ ਹੈ। ਪਾਰਟੀ ਵੱਲੋਂ ਜੋ ਸੇਵਾਵਾਂ ਉਨਾਂ ਨੂੰ ਲਵਾਈਆਂ ਹਨ ਉਹ ਦਿਨ ਰਾਤ ਕਰੜੀ ਮਿਹਨਤ ਕਰਕੇ ਪਾਰਟੀ ਦੀਆਂ ਸੇਵਾਵਾਂ ਨੂੰ ਨਿਭਾਉਣਗੇ ਅਤੇ ਪਾਰਟੀ ਦਾਇਰੇ ਨੂੰ ਵਿਧਾਨ ਸਭਾ ਹਲਕਾ ਬਲਾਚੌਰ ਵਿੱਚ ਹੋਰ ਵੀ ਵਿਸ਼ਾਲ ਬਣਾਉਣ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡਣਗੇ। ਉਹਨਾਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ, ਪੰਜਾਬੀਅਤ ਦੀ ਪਹਿਰੇਦਾਰ ਅਤੇ ਉਨਾਂ ਦੇ ਹੱਕਾਂ ਦੀ ਰੱਖਿਆ ਕਰਨ ਵਾਲੀ ਇੱਕੋ ਇੱਕ ਲੋਕ ਹਿਤੇਸ਼ੀ ਪਾਰਟੀ ਹੈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਲੋਕ ਭਰਵਾਂ ਹੁੰਗਾਰਾ ਦੇ ਕੇ ਸੱਤਾ ਵਿੱਚ ਲਿਆਉਣ ਲਈ ਉਤਾਵਲੇ ਹਨ।



# ਸਾਲਾਨਾ ਜੋੜ ਮੇਲਾ 16 ਤੋਂ 19 ਤੱਕ

**ਬੰਗਾ (ਅਵਤਾਰ ਕਲੇਰ)**

ਪਵਿੱਤਰ ਅਸਥਾਨ ਦਰਬਾਰ ਬਾਬਾ ਹਾਥੀ ਰਾਮ ਜੀ ਗੁਣਾਚੌਰ ਵਿਖੇ ਸਾਲਾਨਾ ਜੋੜ ਮੇਲਾ 16-17-18 ਅਤੇ 19 ਜੂਨ ਦਿਨ ਨੂੰ ਮਨਾਇਆ ਜਾ ਰਿਹਾ ਹੈ। ਮੰਦਿਰ ਬਾਬਾ ਹਾਥੀ ਰਾਮ ਮੈਨੇਜਮੈਂਟ ਸੁਸਾਇਟੀ ਪਿੰਡ ਗੁਣਾਚੌਰ ਦੇ ਪ੍ਰਧਾਨ ਡਾ ਕੁਲਵੰਤ ਸਿੰਘ ਰਾਮਾ ਨਗਰ ਅਤੇ ਚੇਅਰਮੈਨ ਪਰਮਜੀਤ ਕੁਲਥਮ ਨੇ ਦੱਸਿਆ ਕਿ ਮੇਲੇ ਵਿੱਚ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ, ਪੰਜਾਬ ਦੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ, ਮਾਲਵਿੰਦਰ ਸਿੰਘ ਕੰਗ ਮੈਂਬਰ ਪਾਰਲੀਮੈਂਟ ਸ੍ਰੀ ਅਨੰਦਪੁਰ ਸਾਹਿਬ, ਹਲਕਾ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ, ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ, ਹਰਜੋਤ ਕੌਰ ਲੋਹਟੀਆ ਹਲਕਾ ਇੰਚਾਰਜ ਫਿਲੌਰ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਉਨ੍ਹਾਂ ਦੱਸਿਆ ਕਿ 19 ਜੂਨ ਦੇ ਮੇਲੇ ਦੇ ਮੁੱਖ ਮਹਿਮਾਨ ਪਰਮਜੀਤ ਸਿੰਘ ਪੰਮਾ ਸਰਪੰਚ ਪਿੰਡ ਬੀਬੀ ਦੀ ਪੰਡੋਰੀ (ਹੁਸ਼ਿਆਰਪੁਰ) 18 ਜੂਨ ਨੂੰ ਹੋਣ ਵਾਲੇ ਕਬੱਡੀ ਕੱਪ ਦੇ ਮੁੱਖ ਮਹਿਮਾਨ ਚਰਨ ਦਾਸ (ਤੇਲੂ ਰਾਮ) 18 ਜੂਨ ਦੇ ਬਾਜ਼ੀ ਮੁਕਾਬਲਿਆਂ ਦੇ ਸਮਾਗਮ ਦੇ ਮੁੱਖ ਮਹਿਮਾਨ ਮਹਿੰਦਰ ਸਿੰਘ ਸੋਇਤਾ ਸੁਖਵਿੰਦਰ ਸਿੰਘ (ਯੂਐਸਏ) ਹੋਣਗੇ। ਚਾਰ ਦਿਨ ਚੱਲਣ ਵਾਲੇ ਇਸ ਜੋੜ ਮੇਲੇ ਦੇ ਪ੍ਰੋਗਰਾਮਾਂ ਦੇ ਜਾਣਕਾਰੀ ਦਿੰਦਿਆਂ ਡਾ. ਕੁਲਵੰਤ ਸਿੰਘ ਰਾਮਾ ਨਗਰ ਅਤੇ ਪਰਮਜੀਤ ਕੁਲਥਮ ਨੇ ਦੱਸਿਆ ਕਿ 16 ਜੂਨ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ। 17 ਜੂਨ ਸਵੇਰੇ ਨਿਸ਼ਾਨ ਸਾਹਿਬ ਚੜ੍ਹਾਏ ਜਾਣਗੇ। 18 ਜੂਨ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਢਾਡੀ ਜੱਥਾ ਗਿਆਨੀ ਗੁਲਜ਼ਾਰ ਸਿੰਘ ਗੁਲਸ਼ਨ ਢਾਡੀ ਵਾਰਾਂਨਾਲ ਸੰਗਤਾਂ ਨੂੰ ਨਿਹਾਲ ਕਰਨਗੇ। 18 ਜੂਨ ਸਵੇਰੇ ਸੱਭਿਆਚਾਰਕ ਪ੍ਰੋਗਰਾਮ ਹੋਵੇਗਾ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰ ਆਪਣੇ ਪ੍ਰੋਗਰਾਮ ਪੇਸ਼ ਕਰਨਗੇ। ਇਸ ਤੋਂ ਬਾਅਦ ਸ਼ਾਮ ਨੂੰ ਬਾਜੀ (ਜਿਮਨਾਸਟਿਕ) ਦੇ ਮੁਕਾਬਲੇ ਅਤੇ ਕਬੱਡੀ ਦੇ ਮੁਕਾਬਲੇ ਹੋਣਗੇ। ਉਨ੍ਹਾਂ ਦੱਸਿਆ ਕਿ 19 ਜੂਨ ਸਵੇਰੇ 9 ਵਜੇ ਤੋਂ ਸੱਭਿਆਚਾਰਕ ਪ੍ਰੋਗਰਾਮ ਆਰੰਭ ਹੋਵੇਗਾ ਜੋ ਦੇਰ ਸ਼ਾਮ ਤੱਕ ਚੱਲੇਗਾ। ਇਸ ਦੌਰਾਨ 18 ਅਤੇ 19 ਜੂਨ ਦੇ ਸੱਭਿਆਚਾਰਕ ਪ੍ਰੋਗਰਾਮ ਵਿਚ ਪੰਜਾਬ ਦੇ ਮਸ਼ਹੂਰ ਕਲਾਕਾਰ ਅਮਰਿੰਦਰ ਬੱਬੀ, ਪ੍ਰੀਤ ਬੋਪਾਰਾਏ, ਚਰਨ ਖੈੜੀਆ, ਜੋਬਨ ਹੁੰਦਲ, ਦੀਪ ਸਫ਼ੀਪੁਰੀਆ, ਹਰਦੀਪ ਦੀਪਾ, ਸੁਰਿੰਦਰ ਸਿੰਘ ਥਾਂਦੀ, ਗੁਲਾਮ ਅਲੀ, ਪੰਮਾ ਕੁਲਥਮ, ਕਮਲ ਪ੍ਰਿੰਸ ਆਦਿ ਸੰਗਤਾਂ ਨੂੰ ਨਿਹਾਲ ਕਰਨਗੇ।

# ਸ੍ਰੀ ਗੁਰੂ ਅਰਜਨ ਦੇਵ ਦੇ ਸ਼ਹੀਦੀ ਪੁਰਬ ਨੂੰ ਸਮਰਪਤ ਕੀਰਤਨ ਸਮਾਗਮ ਕਰਵਾਏ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਸ਼ਹੀਦਾਂ ਦੇ ਸਰਤਾਜ ਪੰਚਮ ਪਾਤਸ਼ਾਹ ਧੰਨ ਧੰਨ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪਰਬ ਨੂੰ ਸਮਰਪਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਵੱਲੋਂ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਸੀਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਲਾਇਲ, ਮੀਤ ਪ੍ਰਧਾਨ ਭਾਈ ਚਰਨਜੀਤ ਸਿੰਘ ਦੀ ਦੇਖ ਰੇਖ ਹੇਠ ਸ਼ਾਮ ਦੇ ਅਖੰਡ ਕੀਰਤਨ ਸਮਾਗਮਾਂ ਦੀ ਆਰੰਭੀ ਲੜੀ ਤਹਿਤ ਗੁਰਦੁਆਰਾ ਸਾਹਿਬਜ਼ਾਦਾ ਅਜੀਤ ਸਿੰਘ ਜੀ ਮਹੱਲਾ ਅਜੀਤ ਸਿੰਘ ਨਗਰ, ਗੁਰਦੁਆਰਾ ਨਾਨਕਸਰ ਮੁਹੱਲਾ ਠਠਿਆਰਾ ਬਹਾਦਰਪੁਰ, ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਰੂਪਨਗਰ, ਗੁਰਦੁਆਰਾ ਰਾਮਗੜ੍ਹੀਆ ਵਿਸ਼ਵਕਰਮਾ ਸਭਾ, ਗੁਰਦੁਆਰਾ ਹਰੀ ਭਗਤਪੁਰਾ ਮਿੱਠਾ ਟਿਵਾਣਾ ਹੁਸ਼ਿਆਰਪੁਰ ਅਤੇ ਵਿਸਾਖਾ ਸਿੰਘ ਦੇ ਪਰਵਾਰ ਵੱਲੋਂ ਮੁਹੱਲਾ ਟਿੱਬਾ ਸਾਹਿਬ ਹੁਸ਼ਿਆਰਪੁਰ ਵਿਖੇ ਅਖੰਡ ਕੀਰਤਨ ਸਮਾਗਮ ਕਰਵਾਏ ਗਏ । ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਸੰਧਿਆ ਵੇਲੇ ਦੇ ਨਿਤਨੇਮ ਦੀ ਬਾਣੀ ਸ੍ਰੀ ਰਹਿਰਾਸ ਸਾਹਿਬ ਦੇ ਜਾਪ ਉਪਰੰਤ ਆਰੰਭ ਹੋਏ ਇਸ ਕੀਰਤਨ ਸਮਾਗਮ ਵਿੱਚ ਦਵਿੰਦਰ ਸਿੰਘ ਪੀ ਡਬਲਿਓ ਡੀ, ਭਾਈ ਹਰਚੰਦ ਸਿੰਘ ਜੇ ਟੀ ਓ, ਭਾਈ ਕੁਲਦੀਪ ਸਿੰਘ ਜਲੰਧਰ, ਭਾਈ ਦਵਿੰਦਰ ਸਿੰਘ ਬਹਾਦਰਪੁਰ, ਭਾਈ ਹਰਦੀਪ ਸਿੰਘ, ਭਾਈ ਰਮਨਦੀਪ ਸਿੰਘ ਪ੍ਰਿੰਸ, ਭਾਈ ਅਵਤਾਰ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਯੁੱਧਵੀਰ ਸਿੰਘ, ਭਾਈ ਅੰਮ੍ਰਿਤਪ੍ਰੀਤ ਸਿੰਘ, ਭਾਈ ਦਿਲਪ੍ਰੀਤ ਸਿੰਘ, ਬੀਬੀ ਕੁਲਵਿੰਦਰ ਕੌਰ, ਭਾਈ ਗੁਰਪ੍ਰੀਤ ਸਿੰਘ, ਭਾਈ ਜਗਦੀਸ਼ ਸਿੰਘ ਕੈਸ਼ੀਅਰ ਗੁਰਦੁਆਰਾ ਸਿੰਘ ਸਭਾ ਅਤੇ ਹੋਰ ਜਥਿਆਂ ਵੱਲੋਂ ਧੁਰ ਕੀ ਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ । ਇਸ ਮੌਕੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਵੱਲੋਂ ਸੇਵਾ ਕਰਵਾਉਣ ਵਾਲੇ ਪਰਵਾਰਾਂ ਦੇ ਮੁਖੀਆਂ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸੇ ਤਰ੍ਹਾਂ ਖਾਲਸਾ ਪਰਵਾਰ ਵੱਲੋਂ ਅਵਤਾਰ ਸਿੰਘ ਲਾਇਲ ਅਤੇ ਭਾਈ ਚਰਨਜੀਤ ਸਿੰਘ ਖਾਲਸਾ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ। ਸਮਾਗਮ ਦੌਰਾਨ ਮੰਚ ਸੰਚਾਲਨ ਭਾਈ ਹਰਚੰਦ ਸਿੰਘ ਜੇ ਜੇ ਟੀ ਓ ਵੱਲੋਂ ਕੀਤਾ ਗਿਆ । ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ, ਸੰਤ ਅਜੀਤ ਸਿੰਘ ਮਿੱਠਾ ਟਿਵਾਣਾ, ਸੰਤ ਮਹਾਵੀਰ ਸਿੰਘ ਤਾਜੇਵਾਲ, ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ, ਸੰਤ ਬਲਵੀਰ ਸਿੰਘ ਟਿੱਬਾ ਸਾਹਿਬ, ਹੈੱਡ ਗ੍ਰੰਥੀ ਭਾਈ ਸਰਬਜੀਤ ਸਿੰਘ, ਗੁਰਬਿੰਦਰ ਸਿੰਘ ਪਲਾਹਾ ਪ੍ਰਧਾਨ ਤੇ ਪ੍ਰਿੰ ਬਲਵੀਰ ਸਿੰਘ ਸੈਣੀ ਜਨਰਲ ਸਕੱਤਰ ਮੀਰੀ ਪੀਰੀ ਸੇਵਾ ਸਿਮਰਨ ਕਲੱਬ ਹੁਸ਼ਿਆਰਪੁਰ, ਬਲਜਿੰਦਰ ਸਿੰਘ ਸੈਣੀ ਪ੍ਰਧਾਨ ਗਾਰਡਨ ਇਸਟੇਟ ਵੈਲਫੇਅਰ ਸੁਸਾਇਟੀ, ਹਰਦੀਪ ਸਿੰਘ ਝਾਂਸ, ਹਰਪ੍ਰੀਤ ਸਿੰਘ ਝਾਂਸ ਅਤੇ ਹੋਰ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਹੋਈਆਂ।



# ਨਿਊਜ਼ਕਲਿੱਕ ਦੇ ਸੰਪਾਦਕ ਵਿਰੁੱਧ ਦਰਜ ਐੱਫ ਆਈ ਆਰ ਰੱਦ ਕਰਨ ਦਾ ਇੰਡੀਅਨ ਜਰਨਲਿਸਟ ਯੂਨੀਅਨ ਵੱਲੋਂ ਸਵਾਗਤ

**ਬੰਗਾ (ਅਵਤਾਰ ਕਲੇਰ)**-ਇੰਡੀਅਨ ਜਰਨਲਿਸਟ ਯੂਨੀਅਨ ਨੇ ਦਿੱਲੀ ਹਾਈ ਕੋਰਟ ਵਲੋਂ ਦਿੱਲੀ ਪੁਲਿਸ ਦੀ ਆਰਥਿਕ ਅਪਰਾਧ ਸ਼ਾਖਾ ਅਤੇ ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਨਿਊਜ਼ਕਲਿਕ ਪੋਰਟਲ ਅਤੇ ਇਸ ਦੇ ਸੰਪਾਦਕ ਪ੍ਰਬੀਰ ਪੁਰਕਾਇਸਥ ਵਿਰੁੱਧ ਦਰਜ ਕੀਤੀ ਗਈ ਐੱਫ ਆਈ ਆਰ ਨੂੰ ਰੱਦ ਕਰਨ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਇੰਡਅਨ ਜਰਨਲਿਸਟ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਸਿੰਘ ਜੰਮੂ, ਸਕੱਤਰ ਜਨਰਲ ਡੀ. ਸੋਮਾ ਸੁੰਦਰ, ਅਤੇ ਸਕੱਤਰ ਵਾਈ. ਨਰਿੰਦਰ ਰੈਡੀ ਨੇ ਕਿਹਾ ਕਿ ਇਹ ਫੈਸਲਾ ਦੇਸ਼ ਵਿੱਚ ਮੀਡੀਆ ਦੀ ਆਜ਼ਾਦੀ ਦੀ ਵਕਾਲਤ ਕਰਨ ਵਾਲੇ ਹਰ ਵਿਅਕਤੀ ਲਈ ਨੈਤਿਕ ਜਿੱਤ ਹੈ। ਉਨ੍ਹਾਂ ਕਿਹਾ ਕਿ ਇਹ ਸੁਤੰਤਰ ਆਵਾਜ਼ਾਂ ਅਤੇ ਆਲੋਚਨਾਤਮਕ ਪੱਤਰਕਾਰੀ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀਆਂ ਸਰਕਾਰਾਂ ਦੇ ਮੂੰਹ 'ਤੇ ਕਰਾਰੀ ਚਪੇੜ ਹੈ। ਇੰਡੀਅਨ ਜਰਨਲਿਸਟ ਯੂਨੀਅਨ ਨੇ ਯਾਦ ਕੀਤਾ ਕਿ ਇਕ ਸਮੇਂ ਜਦੋਂ ਅਖੌਤੀ ਮੁੱਖ ਧਾਰਾ ਮੀਡੀਆ ਸੰਗਠਨ ਕਾਰਪੋਰੇਟ ਹਿੱਤਾਂ ਅਤੇ ਰਾਜਨੀਤਕ ਪ੍ਰਚਾਰ ਦੀ ਸੇਵਾ ਕਰ ਰਹੇ ਹਨ। ਨਿਊਜ਼ਕਲਿੱਕ ਨੇ ਜਨਤਾ ਦੀ ਆਵਾਜ ਨੂੰ ਜ਼ੋਰਦਾਰ ਢੰਗ ਨਾਲ ਵਧਾਉਣ ਦੀ ਕੋਸ਼ਿਸ਼ ਕੀਤੀ।



# ਸ੍ਰੀ ਅਮਰਨਾਥ ਯਾਤਰਾ ਲਈ ਲੰਗਰ ਸੇਵਾ ਸਮਿਤੀ ਨੂੰ ਭੇਜਿਆ ਰਾਸ਼ਨ

**ਲੋਹੀਆਂ ਖਾਸ (ਰੀਨਾ ਸ਼ਰਮਾ, ਯੋਗੇਸ਼ਵਰ)**

ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਮਹਾਰਾਜ ਤੇ ਬ੍ਰਹਮਲੀਨ ਮਹੰਤ ਰਵਿੰਦਰਾ ਗਿਰੀ ਮਹਾਰਾਜ ਦੀ ਅਪਾਰ ਕਿਰਪਾ ਨਾਲ ਤੇ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਦੇ ਆਸ਼ੀਰਵਾਦ, ਪ੍ਰੇਰਨਾ ਨਾਲ ਤੇ ਮਹੰਤ ਸ੍ਰੀ ਜੈ ਰਾਮ ਗਿਰੀ ਜੀ ਮਹਾਰਾਜ ਦੀ ਅਗਵਾਈ ਨਾਲ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਤੋਂ ਸ਼ਿਵ ਭਗਤਾ ਵੱਲੋਂ ਸ੍ਰੀ ਅਮਰਨਾਥ ਯਾਤਰਾ ਤੇ ਲੰਗਰ ਵਾਸਤੇ ਰਾਸ਼ਨ ਸ੍ਰੀ ਅਮਰਨਾਥ ਯਾਤਰਾ ਲੰਗਰ ਸੇਵਾ ਸਮਿਤੀ ਸ਼ਾਹਕੋਟ ਨੂੰ ਭੇਜਿਆ ਗਿਆ। ਇਸ ਮੌਕੇ ਤੇ ਹਾਜ਼ਰ ਸ਼ਿਵ ਭਗਤ ਪੰਡਿਤ ਵਿਸ਼ਨੂੰ ਜੀ, ਪੰਡਿਤ ਪਾਰਸ, ਸ਼ਾਲੂ ਸੱਦੀ, ਮੁਨਿਤ ਗਾਂਧੀ, ਰੁਪੇਸ਼ ਸੱਦੀ, ਸੰਜੀਵ ਰਿੰਕੂ ਕੰਡਾ, ਇੰਦਰਜੀਤ ਬਾਬਲਾ, ਅਜੇ ਗੁਪਤਾ, ਬੌਬੀ ਕੰਡਾ, ਪਾਵਨ ਗਾਂਧੀ, ਰਵੀ ਸ਼ੰਕਰ, ਮੋਨੂੰ ਸ਼ਾਹ, ਆਰਜੂ ਅਰੋੜਾ, ਖਜਾਨਚੀ ਦਾਸ, ਯੋਗੇਸ਼ਵਰ, ਲਖਨ ਵਰਮਾ, ਸਮੀਰ ਖੈੜਾ, ਰਕੇਸ਼ ਕੰਡਾ, ਨਰਿੰਦਰ ਕਾਲੀਆ, ਮਨੀਸ਼ ਕੁਮਾਰ ਮੰਗਾ, ਗੌਰਵ ਸੱਦੀ, ਵਿੱਕੀ, ਕਮਲ ਸ਼ਰਮਾ, ਸਾਹਿਲ ਸਚਦੇਵਾ, ਸ਼ਨੀ, ਸਾਹਿਲ ਸ਼ਰਮਾ, ਵਗੇਸ਼ ਸ਼ਰਮਾ ਤੇ ਵਿਕਾਸ ਵਰਮਾ ਸਮੇਤ ਆਦਿ ਸਮੇਤ ਸ਼ਿਵ ਭਗਤ ਹਾਜ਼ਰ ਹੋਏ ਤੇ ਲੋਹੀਆਂ ਖਾਸ ਦੇ ਸ਼ਿਵ ਭਗਤਾ ਵੱਲੋਂ ਲੰਗਰ ਤੇ ਯਾਤਰਾ ਵਾਸਤੇ ਦਿੱਤੇ ਸਹਿਯੋਗ ਦਾ ਰੁਪੇਸ਼ ਕੁਮਾਰ ਸੱਦੀ ਵੱਲੋਂ ਧੰਨਵਾਦ ਕੀਤਾ ਗਿਆ ਤੇ ਦੱਸਿਆ ਗਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਹਾਂਦੇਵ ਸੇਵਾ ਦਲ ਲੋਹੀਆਂ ਖਾਸ ਵੱਲੋਂ 30ਵੀਂ ਸ੍ਰੀ ਅਮਰਨਾਥ ਯਾਤਰਾ 5 ਜੁਲਾਈ ਨੂੰ ਪ੍ਰਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਤੋਂ ਰਵਾਨਾ ਕੀਤੀ ਜਾਵੇਗੀ ਤੇ ਯਾਤਰਾ ਮੰਗਲ ਮਈ ਹੋਏ ਇਸ ਲਈ ਸ੍ਰੀ ਸ਼ਿਵ ਪੂਜਾ 5 ਜੁਲਾਈ ਸ਼ਾਮ 3 ਵਜੇ ਪ੍ਰਾਚੀਨ ਸ਼ਿਵ ਮੰਦਿਰ ਵਿੱਚ ਕੀਤੀ ਜਾਵੇਗੀ।



### ਅਵਾਰਾ ਕੁੱਤਿਆਂ ਵੱਲੋਂ ਬੱਚੀ ਦੀ ਮੌਤ ਦਾ ਮਾਮਲਾ

# ਕੌਂਸਲਰਾਂ ਨੇ ਪਰਵਾਰ ਨੂੰ ਦਿੱਤੀ ਵਿੱਤੀ ਸਹਾਇਤਾ



**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਮੋਰਿੰਡਾ ਵਿਖੇ ਅਵਾਰਾ ਕੁੱਤਿਆਂ ਦੇ ਹਮਲੇ ਕਾਰਨ ਅੱਠ ਸਾਲਾ ਮਾਸੂਮ ਬੱਚੀ ਦੀ ਮੌਤ ਤੋਂ ਬਾਅਦ ਸ਼ਹਿਰ ਦੀਆਂ ਸਮਾਜ ਸੇਵੀ ਸੰਸਥਾਵਾਂ, ਜਥੇਬੰਦੀਆਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਲਗਾਤਾਰ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਜਾ ਰਿਹਾ ਹੈ। ਇਸ ਘਟਨਾ ਨੇ ਸਾਰੇ ਸ਼ਹਿਰ ਨੂੰ ਝੰਝੋੜ ਕੇ ਰੱਖ ਦਿੱਤਾ ਹੈ। ਇਸੇ ਤਹਿਤ ਬੱਚੀ ਦੇ ਪਰਿਵਾਰ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਅਮਰਜੀਤ ਸਿੰਘ ਲੱਲਾ ਰੌਣੀ ਨੇ ਦੱਸਿਆ ਕਿ ਪ੍ਰਸਿੱਧ ਸਮਾਜ ਸੇਵੀ ਅਤੇ ਵਾਰਡ ਨੰਬਰ 6 ਤੋਂ ਕੌਂਸਲਰ ਮਨਦੀਪ ਸਿੰਘ ਬਾਜਵਾ ਦੀ ਅਗਵਾਈ ਹੇਠ ਉਹਨਾਂ ਦੀ ਸਾਥੀ ਟੀਮ ਵਾਰਡ ਨੰਬਰ 1 ਤੋਂ ਕੌਂਸਲਰ ਗੁਜਨ ਸੂਦ, ਵਾਰਡ ਨੰਬਰ 5 ਤੋਂ ਕੌਂਸਲਰ ਸੁਰਿੰਦਰ ਕੌਰ ਵੱਲੋਂ ਬੱਚੀ ਦੀ ਮਾਤਾ ਨੂੰ 30 ਹਜ਼ਾਰ ਦੀ ਵਿੱਤੀ ਸਹਾਇਤਾ ਦੇ ਕੇ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ ਗਈ ਅਤੇ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵੀ ਜਦੋਂ ਵੀ ਪਰਵਾਰ ਨੂੰ ਕਿਸੇ ਪ੍ਰਕਾਰ ਦੀ ਲੋੜ ਹੋਵੇਗੀ ਤਾਂ ਪਹਿਲ ਦੇ ਅਧਾਰ ਤੇ ਪੂਰੀ ਕਰਨ ਦੀ ਪਹਿਲ ਕਦਮੀ ਕੀਤੀ ਜਾਵੇਗੀ। ਇਸ ਮੌਕੇ ਸਮਾਜ ਸੇਵੀ ਆਗੂ ਚੁਚੂ ਸੂਦ ਅਤੇ ਅਮਰਜੀਤ ਸਿੰਘ ਲੱਲਾ ਰੌਣੀ ਨੇ ਕਿਹਾ ਕਿ ਘਟਨਾ ਤੋਂ ਬਾਅਦ ਵੀ ਪ੍ਰਸ਼ਾਸਨ ਵੱਲੋਂ ਅਵਾਰਾ ਕੁੱਤਿਆਂ ਦੀ ਸਮੱਸਿਆ ਦੇ ਹੱਲ ਲਈ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ। ਉਨ੍ਹਾਂ ਦੱਸਿਆ ਕਿ ਘਟਨਾ ਤੋਂ ਬਾਅਦ ਜਿਸ ਡੌਗ ਰੈਸਕਿਊ ਟੀਮ ਨੂੰ ਬੁਲਾਇਆ ਗਿਆ ਸੀ, ਉਹ ਵੀ ਇਲਾਕਾ ਨਿਵਾਸੀਆਂ ਵੱਲੋਂ ਆਪਣੇ ਯਤਨਾਂ ਨਾਲ ਬੁਲਾਈ ਗਈ ਸੀ। ਉਨ੍ਹਾਂ ਕਿਹਾ ਕਿ ਅੱਜ ਵੀ ਵਾਰਡ ਅਤੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਵੱਡੀ ਗਿਣਤੀ ਵਿੱਚ ਅਵਾਰਾ ਕੁੱਤੇ ਘੁੰਮ ਰਹੇ ਹਨ, ਜਿਸ ਕਾਰਨ ਲੋਕਾਂ ਵਿੱਚ ਡਰ ਅਤੇ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਅਵਾਰਾ ਕੁੱਤਿਆਂ ਦੀ ਸਮੱਸਿਆ ਦੇ ਸਥਾਈ ਹੱਲ ਲਈ ਤੁਰੰਤ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾਵੇ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਦੁਖਦਾਈ ਘਟਨਾਵਾਂ ਤੋਂ ਬਚਿਆ ਜਾ ਸਕੇ। ਇਸ ਮੌਕੇ ਸਮਾਜ ਸੇਵੀ ਨੌਜਵਾਨ ਆਗੂ ਸੰਨੀ ਭੂਮਕ, ਜਿੰਦਾ ਕੰਗ, ਸਤਨਾਮ ਸਿੰਘ ਬਾਲਸਾਂਡਾ, ਬਲਰਾਜ ਮਾਨਖੇੜੀ ਸਮੇਤ ਵੱਡੀ ਗਿਣਤੀ ਵਿੱਚ ਮੁਹੱਲਾ ਨਿਵਾਸੀ ਹਾਜ਼ਰ ਸਨ।

## ਹਵਾਈ ਜ਼ਹਾਜ਼ ਹਾਦਸੇ 'ਚ ਸ਼ਹੀਦ ਹੋਏ ਹਵਾਈ ਸੈਨਿਕਾਂ ਨੂੰ ਸ਼ਰਧਾਂਜਲੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਵੈਟਰਨ ਜਤਿੰਦਰ ਸਿੰਘ ਰਾਣਾ, ਕਾਰਜਕਾਰੀ ਪ੍ਰਧਾਨ ਪੰਜਾਬ ਡਿਫੈਂਸ ਵੈਟਰਨਜ਼ ਆਰਗੇਨਾਈਜੇਸ਼ਨ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਨੇ ਕਿਹਾ ਕਿ ਜ਼ੋਹਰਾਤ ਵਿਖੇ ਭਾਰਤੀ ਵਾਯੂ ਸੈਨਾ ਦੇ ਜਹਾਜ਼ ਨਾਲ ਵਾਪਰੇ ਦੁਖਦਾਈ ਹਾਦਸੇ ਵਿੱਚ ਸਾਡੇ ਬਹਾਦਰ ਹਵਾਈ ਸੈਨਿਕਾਂ ਦੀ ਸ਼ਹਾਦਤ ਦੀ ਖ਼ਬਰ ਨੇ ਸਮੂਹ ਦੇਸ਼ ਨੂੰ ਗਹਿਰੇ ਦੁੱਖ ਤੇ ਸਦਮੇ ਵਿੱਚ ਪਾ ਦਿੱਤਾ ਹੈ। ਦੇਸ਼ ਦੀ ਸੁਰੱਖਿਆ, ਅਖੰਡਤਾ ਅਤੇ ਸੇਵਾ ਲਈ ਆਪਣਾ ਜੀਵਨ ਸਮਰਪਿਤ ਕਰਨ ਵਾਲੇ ਇਹ ਬਹਾਦਰ ਯੋਧੇ ਫ਼ਰਜ਼ ਨਿਭਾਉਂਦੇ ਹੋਏ ਸਾਡੇ ਤੋਂ ਸਦਾ ਲਈ ਵਿਛੜ ਗਏ। ਉਨ੍ਹਾਂ ਦੀ ਦੇਸ਼ਭਗਤੀ, ਨਿਸ਼ਠਾ, ਅਨੁਸ਼ਾਸਨ ਅਤੇ ਕੁਰਬਾਨੀ ਹਰ ਭਾਰਤੀ ਲਈ ਪ੍ਰੇਰਣਾ ਦਾ ਸਰੋਤ ਰਹੇਗੀ। ਅਜਿਹੇ ਸੂਰਬੀਰਾਂ ਦੀ ਸ਼ਹਾਦਤ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਅਸੀਂ ਸ਼ਹੀਦ ਹਵਾਈ ਸੈਨਿਕਾਂ ਨੂੰ ਨਿਮਰਤਾ ਸਹਿਤ ਸ਼ਰਧਾਂਜਲੀ ਭੇਟ ਕਰਦੇ ਹਾਂ ਅਤੇ ਉਨ੍ਹਾਂ ਦੇ ਪਰਵਾਰਾਂ ਨਾਲ ਡੂੰਘੀਆਂ ਸੰਵੇਦਨਾਵਾਂ ਪ੍ਰਗਟ ਕਰਦੇ ਹਾਂ। ਆਪਣੇ ਪਿਆਰੇ ਪੁੱਤਰ, ਪਤੀ, ਪਿਤਾ ਜਾਂ ਭਰਾ ਨੂੰ ਗੁਆਉਣ ਦਾ ਦੁੱਖ ਸ਼ਬਦਾਂ ਵਿੱਚ ਬਿਆਨ ਨਹੀਂ ਕੀਤਾ ਜਾ ਸਕਦਾ। ਇਸ ਅਸਹਿਣਯੋਗ ਅਤੇ ਅਪੂਰਨੀਯ ਘਾਟ ਨੂੰ ਸਹਿਣਾ ਪਰਵਾਰਾਂ ਲਈ ਬਹੁਤ ਹੀ ਔਖਾ ਸਮਾਂ ਹੈ।ਇਸ ਮੌਕੇ ਤੇ ਸਾਰੇ ਮੈਂਬਰ ਸਾਹਿਬਾਨ ਵੈਟਰਨ ਪਰਮਜੀਤ ਸਿੰਘ ਖਜ਼ਾਨਚੀ ਖਨੌਰਾ, ਵੈਟਰਨ ਰਾਮ ਲੁਭਾਇਆ ਅਜਰਾਮ, ਵੈਟਰਨ ਸੁਰਜੀਤ ਸਿੰਘ ਬੋਹਣ, ਵੈਟਰਨ ਨੰਦ ਸਿੰਘ, ਵੈਟਰਨ ਕਮਲਜੀਤ ਸਿੰਘ ਮੁਕੇਰੀਆਂ, ਵੈਟਰਨ ਅਵਤਾਰ ਸਿੰਘ ਡੱਢਵਾਲ ਹਾਜੀਪੁਰ, ਵੈਟਰਨ ਅਸ਼ੋਕ ਕੁਮਾਰ ਗੜ੍ਹਸ਼ੰਕਰ, ਵੈਟਰਨ ਪਰਦੀਪ ਸਿੰਘ ਤਲਵਾੜਾ, ਵੈਟਰਨ ਜੋਗਿੰਦਰ ਸਿੰਘ ਬਹਿਰਾਮਪੁਰ ਤੇ ਵੈਟਰਨ ਉਂਕਾਰ ਸਿੰਘ ਕਮਾਹੀ ਦੇਵੀ ਆਦਿ ਸਾਰੇ ਮੈਂਬਰ ਹਾਜ਼ਰ ਸਨ।




## ਮੁੱਖ ਮੰਤਰੀ 18 ਨੂੰ ਅਠੌਲੀ 'ਚ ਕਰਨਗੇ ਲੋਕ ਮਿਲਣੀ

**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੇ ਲੋਕ ਮਿਲਣੀ ਪ੍ਰੋਗਰਾਮਾਂ ਦੀ ਲੜੀ ਤਹਿਤ ਮੁੱਖ ਮੰਤਰੀ 18 ਜੂਨ ਵੀਰਵਾਰ ਨੂੰ ਨੇੜਲੇ ਪਿੰਡ ਅਠੌਲੀ ਵਿਖੇ ਰੂਬਰੂ ਹੋਣਗੇ। ਲੋਕ ਮਿਲਣੀ ਦੇ ਮੱਦੇਨਜ਼ਰ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ ਤੇ ਐੱਸ ਐੱਸ ਪੀ ਗੌਰਵ ਤੂਰਾ ਦੇ ਨਾਲ ਮੌਕੇ 'ਤੇ ਪਹੁੰਚ ਕੇ ਸਮਾਗਮ ਦੀਆਂ ਤਿਆਰੀਆਂ ਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ । ਉਨ੍ਹਾਂ ਕਿਹਾ ਕਿ ਪ੍ਰੋਗਰਾਮ ਨੂੰ ਸੁਚਾਰੂ ਅਤੇ ਸਫਲ ਬਣਾਉਣ ਲਈ ਢੁੱਕਵੇਂ ਪ੍ਰਬੰਧ ਕੀਤੇ ਜਾਣ। ਡਾ. ਚੱਬੇਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ੁਰੂ ਕੀਤਾ ਗਿਆ ਇਹ ਉਪਰਾਲਾ ਲੋਕਾਂ ਨਾਲ ਸਿੱਧਾ ਸੰਪਰਕ ਸਥਾਪਤ ਕਰਨ ਦਾ ਬਹੁਤ ਅਸਰਦਾਰ ਅਤੇ ਵਧੀਆ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਲੋਕ ਮਿਲਣੀ ਦੌਰਾਨ ਫਗਵਾੜਾ ਅਤੇ ਨੇੜਲੇ ਪਿੰਡਾਂ ਦੇ ਵਸਨੀਕਾਂ ਦੇ ਰੂਬਰੂ ਹੋ ਕੇ ਗੱਲਬਾਤ ਕਰਨਗੇ ਅਤੇ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਕੀਤੇ ਜਾ ਰਹੇ ਇਤਿਹਾਸਕ ਕਾਰਜਾਂ ਅਤੇ ਫੈਸਲਿਆਂ ਬਾਰੇ ਜਾਣਕਾਰੀ ਦੇਣਗੇ ਜਿਨ੍ਹਾਂ ਵਿਚ ਸਿੱਖਿਆ, ਬਿਜਲੀ, ਸਿਹਤ, ਸਮਾਜਿਕ ਭਲਾਈ, ਉਦਯੋਗ, ਖੇਤੀਬਾੜੀ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਖੇਤਰ ਵਿੱਚ ਚੁੱਕੇ ਗਏ ਕਦਮ ਸ਼ਾਮਲ ਹਨ।ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ ਨੇ ਅਧਿਕਾਰੀਆਂ ਨੂੰ ਟਰੈਫਿਕ ਡਾਇਵਰਜ਼ਨ, ਪਾਰਕਿੰਗ, ਸੁਰੱਖਿਆ ਪ੍ਰਬੰਧਾਂ, ਲੋਕਾਂ ਲਈ ਬੈਠਣ ਦੀ ਵਿਵਸਥਾ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਸੰਬੰਧੀ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਸਮਾਗਮ ਦੇ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਅਤੇ ਕਿਹਾ ਕਿ ਹਰ ਵਿਭਾਗ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਏ ਤਾਂ ਜੋ ਲੋਕ ਮਿਲਣੀ ਪ੍ਰੋਗਰਾਮ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਪੁਲਿਸ ਵਿਭਾਗ ਨੂੰ ਸੁਰੱਖਿਆ ਪ੍ਰਬੰਧ ਅਤੇ ਟਰੈਫਿਕ ਤੇ ਪਾਰਕਿੰਗ ਦੇ ਸੁਚਾਰੂ ਪ੍ਰਬੰਧਨ ਦੇ ਨਿਰਦੇਸ਼ ਦਿੱਤੇ ਗਏ। ਇਸ ਮੌਕੇ ਮੇਅਰ ਰਾਮਪਾਲ ਉੱਪਲ, ਏ ਡੀ ਸੀ ਰਣਦੀਪ ਸਿੰਘ ਹੀਰ, ਆਮ ਆਦਮੀ ਪਾਰਟੀ ਦੇ ਆਗੂ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।



## ਮੋਟਰਸਾਈਕਲ ਯੂਨੀਅਨ ਵੱਲੋਂ 3 ਦਿਨ ਦੁਕਾਨਾਂ ਬੰਦ ਰੱਖੀਆਂ ਜਾਣਗੀਆਂ



**ਟਾਂਡਾ ਉੜਮੁੜ, (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**

ਬਾਬਾ ਵਿਸ਼ਵਕਰਮਾ ਮੋਟਰਸਾਈਕਲ ਯੂਨੀਅਨ ਟਾਂਡਾ ਦੀ ਇਕ ਵਿਸ਼ੇਸ਼ ਮੀਟਿੰਗ ਪ੍ਰਧਾਨ ਉਂਕਾਰ ਸਿੰਘ ਰਾਜਾ ਹਰਸੀ ਪਿੰਡ ਦੀ ਅਗਵਾਈ ਵਿਚ ਹੋਈ। ਮੀਟਿੰਗ ਵਿਚ ਸ਼ਾਮਲ ਹੋਏ ਯੂਨੀਅਨ ਦੇ ਅਹੁਦੇਦਾਰ ਤੇ ਮੈਂਬਰ ਪ੍ਰਧਾਨ ਓਂਕਾਰ ਸਿੰਘ ਰਾਜਾ ਹਰਸੀ ਪਿੰਡ, ਖਜ਼ਾਨਚੀ ਰਣਜੀਤ ਗਣਪਤੀ, ਕੁਲਵਿੰਦਰ ਸਿੰਘ ਲਾਡੀ, ਰਾਜੀਵ ਸ਼ਰਮਾ, ਓਂਕਾਰ ਸਿੰਘ ਰਾਣਾ, ਪਰਮਿੰਦਰ ਸਿੰਘ, ਕਮਲਜੀਤ ਸਿੰਘ ਧੂਰ, ਰਾਜੀਵ ਜੋਲੀ, ਬਘੇਲ ਸਿੰਘ ਖਾਲਸਾ ਪ੍ਰਦੀਪ ਸਿੰਘ ਅਹਿਦੀ ਨੇ ਦੱਸਿਆ ਕਿ ਗਰਮੀ ਗਰਮੀਆਂ ਦੇ ਮੌਸਮ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਟਾਂਡਾ ਦੀਆਂ ਮੋਟਰਸਾਈਕਲ ਰਿਪੇਅਰ ਤੇ ਸਪੇਅਰ ਪਾਰਟਸ ਦੀਆਂ ਦੁਕਾਨਾਂ ਨੂੰ ਦੇਖਦਿਆਂ 26, 27 ਤੇ 28 ਜੂਨ ਨੂੰ ਬੰਦ ਰੱਖੀਆਂ ਜਾਣਗੀਆਂ। ਇਸ ਮੌਕੇ ਯੂਨੀਅਨ ਦੇ ਪ੍ਰਧਾਨ ਸਿੰਘ ਰਾਜਾ ਨੇ ਮੀਟਿੰਗ ਵਿੱਚ ਸ਼ਾਮਿਲ ਹੋਏ ਸਮੂਹ ਅਹੁਦੇਦਾਰ ਤੇ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਕੀਤੇ ਕਿਹਾ ਕਿ ਦੁਕਾਨਾਂ ਬੰਦ ਰੱਖਣ ਦਾ ਫੈਸਲਾ ਸਮੂਹ ਮੈਂਬਰਾਂ ਦੀ ਸਹਿਮਤੀ ਨਾਲ ਲਿਆ ਗਿਆ ਹੈ। ਇਸ ਮੌਕੇ ਉਨਾਂ ਨੇ ਹੋਰ ਦੱਸਿਆ ਕਿ ਯੂਨੀਅਨ ਵੱਲੋਂ ਜਿੱਥੇ ਨਿਰੰਤਰ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ ਉੱਥੇ ਹੀ ਵਾਤਾਵਰਣ ਦੀ ਸੇਵਾ ਸੰਭਾਲ ਵਾਸਤੇ ਵੀ ਯੋਗ ਉਪਰਾਲੇ ਕੀਤੇ ਜਾਂਦੇ ਹਨ ਜਿਸ ਦੇ ਤਹਿਤ ਪਿਛਲੇ ਦਿਨੀ ਬੂਟਿਆਂ ਦਾ ਲੰਗਰ ਲਗਾਇਆ ਗਿਆ ਤੇ ਆਉਣ ਵਾਲੇ ਸਮੇਂ ਵਿੱਚ ਵੀ ਬੂਟਿਆਂ ਦਾ ਲੰਗਰ ਲਗਾ ਕੇ ਫਲਦਾਰ ਤੇ ਛਾਂਦਾਰ ਬੂਟੇ ਭੇਟ ਕੀਤੇ ਜਾਣਗੇ। ਇਸ ਮੌਕੇ ਉਨਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਆਉਣ ਵਾਲੇ ਬਰਸਾਤ ਦੇ ਮੌਸਮ ਵਿੱਚ ਵੱਧ ਤੋਂ ਵੱਧ ਰੁੱਖ ਲਗਾ ਕੇ ਉਹਨਾਂ ਦੀ ਸੇਵਾ ਸੰਭਾਲ ਕੀਤੀ ਜਾਵੇ ਤਾਂ ਜੋ ਅਸੀਂ ਆਪਣਾ ਵਾਤਾਵਰਣ ਸੁੰਦਰ ਤੇ ਸਾਫ ਸੁਥਰਾ ਬਣਾ ਸਕੀਏ।

## ਸ਼ਾਰਟ ਸਰਕਿੱਟ ਨਾਲ ਮਕਾਨ ਨੂੰ ਲੱਗੀ ਅੱਗ, ਲੱਖਾਂ ਰੁਪਏ ਦਾ ਸਮਾਨ ਸੜ ਕੇ ਸੁਆਹ

**ਫਿਲੌਰ (ਨਿਰਮਲ)**-ਹਲਕਾ ਫਿਲੌਰ ਦੇ ਪਿੰਡ ਦਾਰਾਪੁਰ ਵਿੱਚ ਇੱਕ ਮਕਾਨ ਨੂੰ ਭਿਆਨਕ ਅੱਗ ਲੱਗਣ ਕਾਰਨ ਲੱਖਾਂ ਰੁਪਏ ਦਾ ਸਮਾਨ ਸੜ ਕੇ ਸੁਆਹ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਪੀੜਤ ਪਰਵਾਰ ਦੀ ਮੈਂਬਰ ਸੀਮਾ ਨੇ ਦੱਸਿਆ ਕਿ ਉਹ ਆਪਣੇ ਕਮਰੇ ਵਿੱਚ ਬੈਠੇ ਹੋਏ ਸਨ, ਜਦੋਂ ਹੇਠਾਂ ਖੇਡ ਰਹੇ ਬੱਚਿਆਂ ਨੇ ਆ ਕੇ ਦੱਸਿਆ ਕਿ ਕਮਰੇ ਵਿੱਚ ਅੱਗ ਲੱਗ ਗਈ ਹੈ।ਉਨ੍ਹਾਂ ਤੁਰੰਤ ਜਾ ਕੇ ਵੇਖਿਆ ਤਾਂ ਫਰਿੱਜ ਵਿੱਚ ਹੋਏ ਸ਼ਾਰਟ ਸਰਕਿਟ ਕਾਰਨ ਅੱਗ ਲੱਗੀ ਹੋਈ ਸੀ, ਜੋ ਕੁਝ ਹੀ ਸਮੇਂ ਵਿੱਚ ਪੂਰੇ ਕਮਰੇ ਵਿੱਚ ਫੈਲ ਗਈ। ਅੱਗ ਕਾਰਨ ਘਰ ਦਾ ਕੀਮਤੀ ਸਮਾਨ, ਬੈੱਡ, ਪੇਟੀਆਂ, ਬਾਲੇ ਅਤੇ ਛੱਤਾਂ ਸਮੇਤ ਹੋਰ ਘਰੇਲੂ ਸਾਮਾਨ ਪੂਰੀ ਤਰ੍ਹਾਂ ਸੜ ਗਿਆ। ਪਰਵਾਰ ਅਨੁਸਾਰ ਇਸ ਹਾਦਸੇ ਵਿੱਚ ਕਰੀਬ 10 ਤੋਂ 12 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ ਤੇ ਮਕਾਨ ਵੀ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਹੈ।ਸੂਚਨਾ ਮਿਲਣ 'ਤੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਅਤੇ ਟੀਮਾਂ ਮੌਕੇ 'ਤੇ ਪਹੁੰਚੀਆਂ। ਕਰੀਬ ਦੋ ਘੰਟਿਆਂ ਦੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ।ਮੌਕੇ 'ਤੇ ਪਹੁੰਚੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਪੀੜਤ ਪਰਿਵਾਰ ਨਾਲ ਹਮਦਰਦੀ ਜਤਾਉਂਦਿਆਂ ਭਰੋਸਾ ਦਿੱਤਾ ਕਿ ਉਨ੍ਹਾਂ ਦੇ ਹੋਏ ਨੁਕਸਾਨ ਸਬੰਧੀ ਸਰਕਾਰ ਕੋਲੋਂ ਯੋਗ ਮੁਆਵਜ਼ਾ ਦਿਵਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।

## ਡਿਪਟੀ ਸਪੀਕਰ ਨੇ ਪਿੰਡ ਰੌੜੀ ਦੇ ਵਿਕਾਸ ਲਈ 10 ਲੱਖ ਦੀ ਗ੍ਰਾਂਟ ਦਾ ਕੀਤਾ ਐਲਾਨ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਅੱਜ ਆਪਣੇ ਜੱਦੀ ਪਿੰਡ ਰੌੜੀ ਵਿਖੇ ਕਰਵਾਏ ਗਏ ਸ਼ਾਨਦਾਰ ਵਾਲੀਵਾਲ ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਦਾ ਸੱਦਾ ਦਿੱਤਾ। ਇਸ ਮੌਕੇ ਡਿਪਟੀ ਸਪੀਕਰ ਰੌੜੀ ਨੇ ਪਿੰਡ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਲਈ 10 ਲੱਖ ਰੁਪਏ ਦੀ ਵਿਸ਼ੇਸ਼ ਗ੍ਰਾਂਟ ਦੇਣ ਦਾ ਐਲਾਨ ਕੀਤਾ, ਜਿਸ ਦਾ ਹਾਜ਼ਰ ਲੋਕਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਨਾਲ-ਨਾਲ ਅਨੁਸ਼ਾਸਨ, ਟੀਮ ਭਾਵਨਾ ਅਤੇ ਲੀਡਰਸ਼ਿਪ ਦੇ ਗੁਣ ਵੀ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਆਪਣੇ ਜੱਦੀ ਪਿੰਡ ਰੌੜੀ ਦੇ ਵਿਕਾਸ ਲਈ ਉਹ ਹਮੇਸ਼ਾ ਯਤਨਸ਼ੀਲ ਰਹਿਣਗੇ ਅਤੇ ਪਿੰਡ ਵਾਸੀਆਂ ਦੀ ਹਰ ਜਾਇਜ਼ ਮੰਗ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਐਲਾਨੀ ਗਈ 10 ਲੱਖ ਰੁਪਏ ਦੀ ਗ੍ਰਾਂਟ ਨਾਲ ਪਿੰਡ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਬਲ ਮਿਲੇਗਾ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਉਪਲਬਧ ਹੋਣਗੀਆਂ। ਇਸ ਮੌਕੇ ਡਿਪਟੀ ਸਪੀਕਰ ਰੌੜੀ ਨੇ ਟੂਰਨਾਮੈਂਟ ਦੇ ਜੇਤੂ ਅਤੇ ਉਪ ਜੇਤੂ ਖਿਡਾਰੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ।

## 22 ਤਹਿਸੀਲਦਾਰਾਂ ਦੇ ਤਬਾਦਲੇ/ਤਾਇਨਾਤੀਆਂ

**ਚੰਡੀਗੜ੍ਹ (ਸੁਰਜੀਤ ਸੁਮਨ)**-ਪੰਜਾਬ ਸਰਕਾਰ ਦੇ ਮਾਲ, ਪੁਨਰਵਾਸ ਅਤੇ ਆਫਤ ਪ੍ਰਬੰਧਨ ਵਿਭਾਗ ਵੱਲੋਂ ਪ੍ਰਬੰਧਕੀ ਜ਼ਰੂਰਤਾਂ ਅਤੇ ਲੋਕ ਹਿੱਤ ਨੂੰ ਧਿਆਨ ਵਿੱਚ ਰੱਖਦੇ ਹੋਏ22 ਤਹਿਸੀਲਦਾਰਾਂ ਅਤੇ ਨਾਇਬ ਤਹਿਸੀਲਦਾਰਾਂ ਦੀਆਂ ਬਦਲੀਆਂ/ ਤਾਇਨਾਤੀਆਂ ਕੀਤੀਆਂ ਗਈਆਂ ਹਨ। ਵਧੀਕ ਮੁੱਖ ਸਕੱਤਰ ਮਾਲ ਅਨਰਾਗ ਵਰਮਾ ਵੱਲੋਂ ਜਾਰੀ ਹੁਕਮਾਂ ਅਨੁਸਾਰ ਤਹਿਸੀਲਦਾਰ ਸਰਵੇਸ਼ ਰਾਜਨ ਨੂੰ ਬੰਗਾ, ਮਨਿੰਦਰ ਸਿੰਘ ਨੂੰ ਮੋਗਾ, ਵਿਕਾਸਦੀਪ ਨੂੰ ਬਸੀ ਪਠਾਣਾ, ਪੁਨੀਤ ਬਾਂਸਲ ਨੂੰ ਮੋਰਿੰਡਾ, ਸੀਮਾ ਸ਼ਰਮਾ ਨੂੰ ਪਾਇਲ, ਅਮਿਤ ਕੁਮਾਰ ਨੂੰ ਧੂਰੀ, ਸੰਜੀਵ ਪਠਾਨੀਆ ਨੂੰ ਧਾਰ ਕਲਾਂ, ਸੁਖਚਰਨ ਨੂੰ ਸ੍ਰੀ ਮੁਕਤਸਰ ਸਾਹਿਬ, ਸੁਰਿੰਦਰਪਾਲ ਸਿੰਘ ਪੰਨੂ ਨੂੰ ਫਤਿਹਗੜ੍ਹ ਸਾਹਿਬ, ਚਰਨਜੀਤ ਕੌਰ ਨੂੰ ਗਿੱਦੜਬਾਹਾ, ਗੁਰਪ੍ਰੀਤ ਪੁੱਤਰ ਸ੍ਰੀ ਹਰਮੇਸ਼ ਸਿੰਘ ਨੂੰ ਸਬ ਰਜਿਸਟਰਾਰ ਅੰਮ੍ਰਿਤਸਰ-3, ਅੰਮ੍ਰਿਤਬੀਰ ਸਿੰਘ ਨੂੰ ਸੁਨਾਮ, ਜਤਿੰਦਰਪਾਲ ਸਿੰਘ ਨੂੰ ਅਬੋਹਰ, ਮਨੀਸ਼ ਕੁਮਾਰ ਨੂੰ ਤਰਨਤਾਰਨ, ਸੁਮੀਤ ਸਿੰਘ ਢਿੱਲੋਂ ਨੂੰ ਰੂਪਨਗਰ, ਜਗਤਾਰ ਸਿੰਘ ਪੁੱਤਰ ਬਿੱਕਰ ਸਿੰਘ ਨੂੰ ਫਗਵਾੜਾ, ਹਰਮਿੰਦਰ ਸਿੰਘ ਘੋਲੀਆ ਨੂੰ ਤਹਿਸੀਲਦਾਰ ਬਾਉਂਡਰੀ ਸੈੱਲ ਵਾਧੂ ਚਾਰਜ ਤਹਿਸੀਲਦਾਰ ਖਰੜ, ਵਿਸ਼ਾਲ ਵਰਮਾ ਨੂੰ ਧਰਮਕੋਟ ਵਿਖੇ ਤਾਇਨਾਤ ਕੀਤਾ ਗਿਆ ਹੈ।ਇਨ੍ਹਾਂ ਹੁਕਮਾਂ ਵਿੱਚ ਹੀ ਪਦ-ਉਨਤੀ ਉਪਰੰਤ ਬਤੌਰ ਤਹਿਸੀਲਦਾਰ ਲਵਦੀਪ ਸਿੰਘ ਧੂਤ ਨੂੰ ਗੜ੍ਹਸ਼ੰਕਰ, ਜਸਵਿੰਦਰ ਸਿੰਘ ਨੂੰ ਫਤਿਹਗੜ੍ਹ ਚੂੜੀਆਂ, ਅਨੁਦੀਪ ਸ਼ਰਮਾ ਨੂੰ ਫਿਲੌਰ ਅਤੇ ਨਵਜੋਤ ਤਿਵਾੜੀ ਨੂੰ ਕਪੂਰਥਲਾ, ਕੁਲਵਿੰਦਰ ਸਿੰਘ ਨੂੰ ਜਲਾਲਾਬਾਦ, ਗੁਰਦੀਪ ਸਿੰਘ ਨੂੰ ਅਹਿਮਦਗੜ੍ਹ, ਭੀਮ ਸੈਨ ਨੂੰ ਜਲੰਧਰ-2, ਹਰਿੰਦਰਪਾਲ ਸਿੰਘ ਬੇਦੀ ਨੂੰ ਫਿਰੋਜ਼ਪੁਰ ਅਤੇ ਲਖਵਿੰਦਰ ਸਿੰਘ ਨੂੰ ਬਾਬਾ ਬਕਾਲਾ ਵਿਖੇ ਤਾਇਨਾਤ ਕੀਤਾ ਗਿਆ ਹੈ। ਇਸੇ ਤਰ੍ਹਾਂ ਇੱਕ ਵੱਖਰੇ ਹੁਕਮ ਅਨੁਸਾਰ 71 ਨਾਇਬ ਤਹਿਸੀਲਦਾਰਾਂ ਨੂੰ ਵੀ ਬਦਲਿਆ ਗਿਆ ਹੈ।

## ਲੋਹਟੀਆ ਨੂੰ ਫਿਲੌਰ ਹਲਕਾ ਇੰਚਾਰਜ ਨਿਯੁਕਤ ਕੀਤੇ ਜਾਣ 'ਤੇ ਵਰਕਰਾਂ 'ਚ ਖੁਸ਼ੀ ਦੀ ਲਹਿਰ

**ਫਿਲੌਰ, (ਨਿਰਮਲ)**-ਆਮ ਆਦਮੀ ਪਾਰਟੀ ਵੱਲੋਂ ਹਰਜੋਤ ਕੌਰ ਲੋਹਟੀਆ ਨੂੰ ਹਲਕਾ ਫਿਲੌਰ ਦਾ ਇੰਚਾਰਜ ਨਿਯੁਕਤ ਕੀਤੇ ਜਾਣ ਤੋਂ ਬਾਅਦ ਵਰਕਰਾਂ ਤੇ ਲੋਕਾਂ



ਵਿੱਚ ਨਵਾਂ ਜੋਸ਼ ਦੇਖਣ ਨੂੰ ਮਿਲ ਰਿਹਾ ਹੈ। ਪਾਰਟੀ ਦੇ ਸੀਨੀਅਰ ਆਗੂ ਤੇ ਚੇਅਰਮੈਨ ਸ. ਸੁਖਦੀਪ ਸਿੰਘ ਅੱਪਰਾ ਨੇ ਕਿਹਾ ਕਿ ਹਰਜੋਤ ਕੌਰ ਲੋਹਟੀਆ ਆਪਣੀ ਨਿਸ਼ਠਾ ਤੇ ਲੋਕ ਸੇਵਾ ਕਾਰਨ ਵੱਖਰੀ ਪਛਾਣ ਰੱਖਦੇ ਹਨ। ਉਨ੍ਹਾਂ ਦੱਸਿਆ ਕਿ ਹਲਕੇ ਭਰ ਤੋਂ ਲੋਕ, ਪੰਚ-ਸਰਪੰਚ ਤੇ ਨੰਬਰਦਾਰ ਉਨ੍ਹਾਂ ਨਾਲ ਸੰਪਰਕ ਕਰ ਕੇ ਵਿਕਾਸ ਮੰਗਾਂ ਸਾਂਝੀਆਂ ਕਰ ਰਹੇ ਹਨ। ਚੇਅਰਮੈਨ ਨੇ ਦੱਸਿਆ ਕਿ ਜਲਦ ਹੀ ਲੋਕ ਮਿਲਣੀਆਂ ਤੇ ਵਿਕਾਸ ਮੀਟਿੰਗਾਂ ਸ਼ੁਰੂ ਹੋਣਗੀਆਂ, ਰੁਕੇ ਪੰਚਾਇਤੀ ਕੰਮ ਮੁੜ ਚਾਲੂ ਕਰਵਾਏ ਜਾਣਗੇ ਅਤੇ ਸੜਕਾਂ, ਪਾਣੀ, ਸਟਰੀਟ ਲਾਈਟਾਂ ਤੇ ਖੇਡ ਮੈਦਾਨਾਂ ਨੂੰ ਪਹਿਲ ਦਿੱਤੀ ਜਾਵੇਗੀ। ਉਨ੍ਹਾਂ ਵਰਕਰਾਂ ਨੂੰ ਘਰ-ਘਰ ਜਾ ਕੇ ਸਰਕਾਰੀ ਯੋਜਨਾਵਾਂ ਪਹੁੰਚਾਉਣ ਅਤੇ ਹਲਕੇ ਨੂੰ ਵਿਕਾਸ ਦੇ ਰਾਹ 'ਤੇ ਅੱਗੇ ਲਿਜਾਣ ਦੀ ਅਪੀਲ ਕੀਤੀ।

## ਸ੍ਰੀ ਗੁਰੂ ਰਵਿਦਾਸ ਟੈਂਪਲ (ਇਟਲੀ) ਵਿਖੇ ਸੰਤ ਰਾਮਾਨੰਦ ਦਾ ਸ਼ਹੀਦੀ ਸਮਾਗਮ ਮਨਾਇਆ



**ਅਲਾਵਲਪੁਰ (ਮਦਨ ਬੰਗੜ)**

ਸ੍ਰੀ ਗੁਰੂ ਰਵਿਦਾਸ ਟੈਂਪਲ (ਲਾਤੀਨਾ) ਰੋਮ-ਇਟਲੀ ਵਿਖੇ 108 ਸੰਤ ਸਰਵਣ ਦਾਸ ਮਹਾਰਾਜ ਜੀ ਦਾ ਬਰਸੀ ਸਮਾਗਮ ਅਤੇ ਅਮਰ ਸ਼ਹੀਦ 108 ਸੰਤ ਰਾਮਾਨੰਦ ਜੀ ਦੀ ਪਵਿੱਤਰ ਯਾਦ ਨੂੰ ਸਮਰਪਤ 17ਵਾਂ ਸ਼ਹੀਦੀ ਸਮਾਗਮ ਬੜੀ ਸ਼ਰਧਾ, ਸਤਿਕਾਰ ਅਤੇ ਧਾਰਮਿਕ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸਵੇਰ ਸਮੇਂ ਅੰਮ੍ਰਿਤ ਬਾਣੀ ਦੇ ਜਾਪ ਨਾਲ ਹੋਈ। ਉਪਰੰਤ ਧਾਰਮਿਕ ਦੀਵਾਨਾਂ ਵਿੱਚ ਸੰਤਾਂ ਮਹਾਪੁਰਸ਼ਾਂ ਅਤੇ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ । ਇਸ ਮੌਕੇ ਸੰਤ ਮਹਾਪੁਰਸ਼ਾਂ ਨੇ ਗੁਰੂ ਰਵਿਦਾਸ ਮਹਾਰਾਜ ਦੇ ਉਪਦੇਸ਼ਾਂ ਅਤੇ ਸੰਤ ਪਰੰਪਰਾ ਦੀਆਂ ਮਹਾਨ ਸਿੱਖਿਆਵਾਂ ਬਾਰੇ ਵਿਚਾਰ ਸਾਂਝੇ ਕੀਤੇ। ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ 108 ਸੰਤ ਸੁਰਿੰਦਰ ਦਾਸ ਬਾਵਾ (ਕਾਹਨਪੁਰ) ਵੱਲੋਂ ਪ੍ਰੇਰਨਾਦਾਇਕ ਵਿਚਾਰ ਪੇਸ਼ ਕੀਤੇ ਗਏ। ਇਸ ਮੌਕੇ ਇਟਲੀ ਦੇ ਵੱਖ-ਵੱਖ ਸ਼ਹਿਰਾਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ । ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।ਪ੍ਰਬੰਧਕਾਂ ਵੱਲੋਂ ਸਮੂਹ ਸੰਗਤ, ਦਾਨੀ ਸੱਜਣਾਂ ਅਤੇ ਸੇਵਾਦਾਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

## ਬਾਬਾ ਬੂਟਾ ਸ਼ਾਹ ਦੇ ਦਰਬਾਰ 'ਤੇ ਸਾਲਾਨਾ ਭੰਡਾਰਾ ਤੇ ਜੋੜ ਮੇਲਾ

**ਅੱਡਾ ਸਰਾਂ (ਜਸਵੀਰ ਕਾਜਲ)**-ਪਿੰਡ ਗੁਰਾਇਆ ਹੁਸ਼ਿਆਰਪੁਰ ਵਿੱਚ ਸਥਿਤ ਅਸਥਾਨ ਬਾਬਾ ਬੂਟਾ ਸ਼ਾਹ ਦੇ ਦਰਬਾਰ ਤੇ ਹਰ ਸਾਲ ਦੀ ਤਰ੍ਹਾਂ ਸਲਾਨਾ ਭੰਡਾਰਾ ਅਤੇ ਜੋੜ ਮੇਲਾ ਪ੍ਰਧਾਨ ਬਲਜੀਤ ਸਿੰਘ ਤੇ ਨਗਰ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਝੰਡਾ ਝੜਾਉਣ ਦੀ ਰਸਮ ਕਰਨ ਉਪਰੰਤ ਬਾਬਾ ਜੀ ਦੇ ਦਰਬਾਰ ਤੇ ਚਾਦਰ ਝੜਾਉਣ ਦੀ ਸੇਵਾ ਕੀਤੀ ਗਈ ਉਪਰੰਤ ਕਪੂਰਥਲੇ ਵਾਲੀ ਕਵਾਲ ਅਤੇ ਨਕਾਲ ਪਾਰਟੀ ਵੱਲੋਂ ਬਾਬਾ ਜੀ ਦੇ ਭਜਨ ਗਾ ਕੇ ਆਈਆਂ ਹੋਈਆਂ ਸੰਗਤਾਂ ਦਾ ਮਨੋਰੰਜਨ ਕੀਤਾ। ਇਸ ਮੌਕੇ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਪ੍ਰਧਾਨ ਬਲਜੀਤ ਸਿੰਘ, ਸਾਬਕਾ ਸਰਪੰਚ ਜਗਜੀਤ ਸਿੰਘ, ਮਾਸਟਰ ਕੁਲਵਿੰਦਰ ਸਿੰਘ, ਸਤਨਾਮ ਸਿੰਘ, ਪੰਚ ਸੁਦੇਸ਼ ਕੁਮਾਰ, ਮਲਕੀਤ ਸਿੰਘ ਪੰਚ,ਹਰਪ੍ਰੀਤ ਸਿੰਘ ਹੈਪੀ, ਮਾਸਟਰ ਹਰਦੀਪ ਸਿੰਘ, ਪ੍ਰਭਜੋਤ ਸਿੰਘ, ਹਰਮਨ ਸਿੰਘ, ਸੁਖਵਿੰਦਰ ਸਿੰਘ ਸੁੱਖਾ, ਭੁਪਿੰਦਰ ਸਿੰਘ,ਜਸਕਰਨ ਜੱਸਾ, ਰਜੀਵ ਸਿੰਘ,ਗੁਰਨਾਮ ਸਿੰਘ , ਅਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।



## ਮਲਸੀਆਂ ਵਿਖੇ ਲਗਾਇਆ ਐਥਲੈਟਿਕਸ ਸਮਰ ਕੈਂਪ ਸਮਾਪਤ



**ਸ਼ਾਹਕੋਟ (ਗਿਆਨ ਸੈਦਪੁਰੀ)**

ਐਥਲੈਟਿਕਸ ਸੈਂਟਰ ਮਲਸੀਆਂ ਵਲੋਂ ਖੇਡ ਸਟੇਡੀਅਮ ਮਲਸੀਆਂ ਵਿਖੇ 10 ਦਿਨਾਂ ਐਥਲੈਟਿਕਸ ਸਮਰ ਕੈਂਪ ਲਗਾਇਆ ਗਿਆ। ਅਥਲੈਟਿਕਸ ਕੋਚ ਰਕੇਸ਼ ਕੁਮਾਰ ਦੀ ਅਗਵਾਈ ਹੇਠ ਲਗਾਏ ਗਏ ਇਸ ਕੈਂਪ ਵਿਚ ਅੰਡਰ-12 ਅਤੇ ਅੰਡਰ-14 ਉਮਰ ਵਰਗ ਵਿਚ ਵੱਖ ਵੱਖ ਸਕੂਲਾਂ ਦੇ ਕਰੀਬ 40 ਐਥਲੀਟਾਂ ਨੇ ਭਾਗ ਲਿਆ। ਇਸ ਦੌਰਾਨ ਬੱਚਿਆਂ ਨੂੰ ਵੱਖ ਵੱਖ ਐਥਲੈਟਿਕਸ ਗਤੀਵਿਧੀਆਂ ਦੀ ਸਿਖਲਾਈ ਦਿੱਤੀ ਗਈ। ਇਸ ਸਮਰ ਕੈਂਪ ਦੀ ਸਮਾਪਤੀ ਮੌਕੇ ਕਰਵਾਏ ਗਏ ਸਮਾਗਮ ਦੌਰਾਨ ਭਾਗ ਲੈਣ ਵਾਲੇ ਬੱਚਿਆਂ ਨੂੰ ਸਮਾਜ ਸੇਵੀ ਅਮਰਜੀਤ ਸਿੰਘ ਸੈਂਹਬੀ ਕੈਨੇਡਾ ਵਲੋਂ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਿੰਸੀਪਲ ਮਨਜੀਤ ਸਿੰਘ ਨੇ ਅਜਿਹੇ ਸਿਖਲਾਈ ਕੈਂਪਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਨਾਲ ਬੱਚਿਆਂ ਅੰਦਰ ਖੇਡਾਂ ਪ੍ਰਤੀ ਉਤਸ਼ਾਹ ਪੈਦਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਛੁੱਟੀਆਂ ਦੌਰਾਨ ਬੱਚਿਆਂ ਨੂੰ ਅਜਿਹੀਆਂ ਗਤੀਵਿਧੀਆਂ ਨਾਲ ਜੋੜਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਇਸ ਮੌਕੇ ਵਾਲੀਬਾਲ ਕੋਚ ਬਲਕਾਰ ਸਿੰਘ ਅਤੇ ਰਵਿੰਦਰ ਸਿੰਘ ਡੀ ਪੀ ਈ ਨੇ ਸਮਰ ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਪੂਰੀ ਸਮਰਪਣ ਭਾਵਨਾ ਨਾਲ ਖੇਡਾਂ ਵਿਚ ਮਿਹਨਤ ਕਰਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਜੀਤ ਸਿੰਘ ਮਲਸੀਆਂ ਪ੍ਰਿੰਸੀਪਲ (ਸੇਵਾ ਮੁਕਤ), ਬਲਕਾਰ ਸਿੰਘ ਵਾਲੀਬਾਲ ਕੋਚ, ਮਨਜਿੰਦਰ ਸਿੰਘ ਡੀ ਪੀ ਈ, ਹਰਪਿੰਦਰ ਸਿੰਘ ਜੋਸਨ ਸਰਪੰਚ, ਦਵਿੰਦਰ ਸਿੰਘ ਹੁੰਦਲ, ਰਵਿੰਦਰ ਸਿੰਘ ਡੀ ਪੀ ਈ, ਪਰਮਜੀਤ ਸਿੰਘ ਪੰਮਾ ਕਬੱਡੀ ਕੋਚ, ਮੇਜਰ ਸਿੰਘ ਈਸੇਵਾਲ, ਕੇਵਲ ਸਿੰਘ, ਹਰਸ਼ ਕੁਮਾਰ, ਕਮਲ ਨਾਹਰ, ਵਿੱਕੀ, ਨਵਲ ਸ਼ਰਮਾ, ਜੱਸੀ, ਵਿਜੇ ਤੇਜੀ, ਤਰਸੇਮ ਸਿੰਘ, ਨੀਰਜ ਸ਼ਰਮਾ, ਅਤੁਲ ਕੁਮਾਰ, ਸੁਖਜਿੰਦਰਪਾਲ ਸਿੰਘ, ਸੁਖਦੇਵ ਸਿੰਘ, ਜਤਿੰਦਰ ਕੁਮਾਰ ਡੀ ਪੀ ਈ ਆਦਿ ਹਾਜ਼ਰ ਸਨ।

## ਸਾਲਾਨਾ ਮੇਲਾ 18, 19 ਨੂੰ



**ਕਪੂਰਥਲਾ (ਪ੍ਰੀਤ ਸੰਗੋਜਲਾ)**

ਪਿੰਡ ਲੱਖਣ ਕਲਾਂ ਜ਼ਿਲ੍ਹਾ ਕਪੂਰਥਲਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਮਦਨ ਮੋਹਨ ਮੁੱਖ ਸੇਵਾਦਾਰ ਦੀ ਦੇਖ ਰੇਖ ਹੇਠ ਪੀਰ ਬਾਬਾ ਮਸਤ ਦੋ ਰੁੱਖਾਂ ਵਾਲੀ ਸਰਕਾਰ ਦਾ ਮੇਲਾ ਬੜੀ ਸ਼ਰਧਾ ਅਤੇ ਧੂਮ ਧਾਮ ਨਾਲ ਸਮੂਹ ਸੰਗਤ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਮਨਾਇਆ ਜਾਂਦਾ ਹੈ ।ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮੇਲੇ ਦੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ ਅਤੇ ਮੁੱਖ ਸ਼ਖ਼ਸ਼ੀਅਤਾਂ ਨੂੰ ਸੱਦੇ ਪੱਤਰ ਦਿੱਤੇ ਜਾ ਰਹੇ ਹਨ। ਇਸੇ ਲੜੀ ਤਹਿਤ ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਜਰਨਲਿਸਟ ਪ੍ਰੈੱਸ ਕਲੱਬ ਪੰਜਾਬ, ਐਡਵੋਕੇਟ ਹਰਜੀਤ ਸਿੰਘ, ਸੁਖਵਿੰਦਰ ਸੋਹੀ ਜ਼ਿਲ੍ਹਾ ਜਨਰਲ ਸਕੱਤਰ ਕਪੂਰਥਲਾ ਬਰਿੰਦਰ ਚਾਨਾ ਮੁੱਖ ਸੰਪਾਦਕ ਕਪੂਰਥਲਾ ਨਿਊਜ਼, ਜੋਗਿੰਦਰ ਸਿੰਘ ਜਾਤੀਕੇ ਜ਼ਿਲ੍ਹਾ ਚੇਅਰਮੈਨ ਕਪੂਰਥਲਾ ਨੂੰ ਸੱਦਾ ਪੱਤਰ ਦਿੱਤਾ ਗਿਆ । ਇਸ ਸਮੇਂ ਬਾਬਾ ਮਦਨ ਮੋਹਨ ਮੁੱਖ ਸੇਵਾਦਾਰ, ਪ੍ਰਮਜੀਤ ਸਨੀ ਯੂ ਕੇ, ਬਾਬਾ ਵਿਜੇ ਕੁਮਾਰ ਮੁੱਖ ਸੇਵਾਦਾਰ ਪੀਰ ਬਾਬਾ ਕਾਹਨੇ ਸ਼ਾਹ ਆਦਿ ਸ਼ਾਮਲ ਸਨ।

## ਸ੍ਰੀ ਗੁਰੂ ਅਰਜਨ ਦੇਵ ਸ਼ਹੀਦੀ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਵੇਗਾ

**ਅੱਡਾ ਸਰਾਂ (ਜਸਵੀਰ ਕਾਜਲ)**

ਗੁਰਦੁਆਰਾ ਧੰਨ ਧੰਨ ਬਾਬਾ ਬਿਸ਼ਨ ਸਿੰਘ ਜੀ, ਚੜ੍ਹਦੀ ਪੱਤੀ ਪਿੰਡ ਕੰਧਾਲਾ ਜੱਟਾਂ ਵਿਖੇ ਪੰਜਵੇਂ ਪਾਤਸ਼ਾਹ ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪਾਵਨ ਸ਼ਹੀਦੀ ਦਿਹਾੜਾ ਸਮੂਹ ਨਗਰ ਨਿਵਾਸੀ, ਇਲਾਕੇ ਅਤੇ ਐੱਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ 16 ਜੂਨ ਤੋਂ 18 ਜੂਨ ਤੱਕ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਜਾਵੇਗਾ।ਇਸ ਸੰਬੰਧੀ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਅਵਤਾਰ ਸਿੰਘ ਤੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇਕਬਾਲ ਸਿੰਘ ਬਾਲੀ ਨੇ ਸਾਂਝੇ ਤੌਰ ਤੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 16 ਜੂਨ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਪਾਠ ਆਰੰਭ ਹੋਣਗੇ ਜਿਨ੍ਹਾਂ ਦੇ ਭੋਗ 18 ਜੂਨ ਨੂੰ ਠੀਕ ਸਵੇਰੇ 11 ਵਜੇ ਪੈਣਗੇ । ਇਸ ਉਪਰੰਤ ਧੰਨ ਧੰਨ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਕੀਰਤਨ ਦਰਬਾਰ ਸਜਾਏ ਜਾਣਗੇ।ਜਿਸ ਵਿੱਚ ਕਾਕਾ ਮਨਰਾਜ ਸਿੰਘ ਧਾਲੀਵਾਲ ਅਤੇ ਕਾਕਾ ਸਾਹਿਜਪਾਲ ਸਿੰਘ ਧਾਲੀਵਾਲ ਦਾ ਕੀਰਤਨੀ ਜੱਥਾ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਦੌਰਾਨ ਗੁਰੂ ਕਾ ਅਤੁੱਟ ਲੰਗਰ ਵਰਤੇਗਾ ਤੇ ਠੰਡੇ-ਮਿੱਠੇ ਜਲ ਦੀ ਛਬੀਲ ਵੀ ਸੰਗਤਾਂ ਲਈ ਨਿਰੰਤਰ ਚੱਲੇਗੀ।ਪ੍ਰਬੰਧਕ ਕਮੇਟੀ ਵੱਲੋਂ ਸਮੂਹ ਨਗਰ ਨਿਵਾਸੀਆਂ ਅਤੇ ਇਲਾਕੇ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਸ ਪਾਵਨ ਮੌਕੇ ਤੇ ਗੁਰਦੁਆਰਾ ਸਾਹਿਬ ਵਿਖੇ ਵੱਧ ਤੋਂ ਵੱਧ ਹਾਜ਼ਰੀ ਭਰ ਕੇ ਗੁਰੂ ਸਾਹਿਬ ਦੀਆਂ ਅਸੀਸਾਂ ਪ੍ਰਾਪਤ ਕਰਨ।



## ਠੰਢੇ-ਮਿੱਠੇ ਜਲ ਦੀ ਛਬੀਲ ਲਗਾ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ



**ਪੋਜੇਵਾਲ (ਰਾਮ ਲਾਲ)**-ਪਿੰਡ ਮਹਿੰਦਪੁਰ ਵਿਖੇ ਪਿੰਡ ਵਾਸੀਆਂ ਅਤੇ ਸਮਾਜ ਸੇਵਕਾਂ ਦੇ ਸਹਿਯੋਗ ਨਾਲ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਗਰਮੀ ਤੋਂ ਰਾਹਤ ਪ੍ਰਦਾਨ ਕਰਨ ਅਤੇ ਮਨੁੱਖਤਾ ਦੀ ਸੇਵਾ ਦੇ ਉਦੇਸ਼ ਨਾਲ ਰਾਹਗੀਰਾਂ, ਵਾਹਨ ਚਾਲਕਾਂ ਅਤੇ ਆਮ ਲੋਕਾਂ ਨੂੰ ਠੰਡਾ ਮਿੱਠਾ ਜਲ ਵੰਡਿਆ ਗਿਆ।ਛਬੀਲ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਸੇਵਾ ਭਾਵਨਾ ਨਾਲ ਹਿੱਸਾ ਲਿਆ ਅਤੇ ਆਉਣ-ਜਾਣ ਵਾਲਿਆਂ ਨੂੰ ਪਿਆਰ ਅਤੇ ਸਤਿਕਾਰ ਨਾਲ ਜਲ ਛਕਾਇਆ। ਇਸ ਮੌਕੇ ਸੰਗਤ ਵੱਲੋਂ ਸਰਬੱਤ ਦੇ ਭਲੇ, ਚੰਗੀ ਸਿਹਤ ਅਤੇ ਸਮਾਜ ਵਿੱਚ ਸ਼ਾਂਤੀ ਤੇ ਖੁਸ਼ਹਾਲੀ ਲਈ ਅਰਦਾਸ ਵੀ ਕੀਤੀ ਗਈ। ਪਿੰਡ ਵਾਸੀਆਂ ਨੇ ਦੱਸਿਆ ਕਿ ਅੱਗੇ ਵੀ ਇਸ ਤਰ੍ਹਾਂ ਦੇ ਸਮਾਜਿਕ ਅਤੇ ਧਾਰਮਿਕ ਸੇਵਾ ਕਾਰਜ ਜਾਰੀ ਰੱਖੇ ਜਾਣਗੇ।ਛਬੀਲ ਦੌਰਾਨ ਇਲਾਕੇ ਦੇ ਮੋਹਤਬਰ ਵਿਅਕਤੀ, ਨੌਜਵਾਨ ਅਤੇ ਪਿੰਡ ਵਾਸੀ ਹਾਜ਼ਰ ਰਹੇ। ਪੂਰੇ ਪ੍ਰੋਗਰਾਮ ਦੌਰਾਨ ਸੇਵਾ ਅਤੇ ਸਿਮਰਨ ਦਾ ਸੁੰਦਰ ਮਾਹੌਲ ਬਣਿਆ ਰਿਹਾ।

## ਪਸ਼ੂ ਖ਼ੁਰਾਕ ਉਤਪਾਦਕ ਕਿਸਾਨਾਂ ਤੋਂ ਮੱਕੀ ਦੀ ਸਿੱਧੀ ਖ਼ਰੀਦ ਕਰਨਗੇ : ਹੀਰਾ ਲਾਲ ਬਾਂਸਲ

**ਰਾਏਕੋਟ (ਸੰਤੋਖ ਗਿੱਲ)**-ਉੱਘੇ ਸਮਾਜਸੇਵੀ ਅਤੇ ਕੈਟਲ ਫੀਡ ਐਸੋਸੀਏਸ਼ਨ ਰਾਏਕੋਟ ਦੇ ਪ੍ਰਧਾਨ ਹੀਰਾ ਲਾਲ ਬਾਂਸਲ (ਮੁਸਕਾਨ ਫੀਡ) ਨੇ ਪਸ਼ੂ ਖ਼ੁਰਾਕ ਉਤਪਾਦਕਾਂ ਦੀ ਅਹਿਮ ਮੀਟਿੰਗ ਬਾਅਦ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਰਾਏਕੋਟ ਦੀ ਅਨਾਜ ਮੰਡੀ ਸਮੇਤ ਮਾਰਕੀਟ ਕਮੇਟੀ ਰਾਏਕੋਟ ਅਧੀਨ ਪੈਂਦੇ ਸਾਰੇ ਖ਼ਰੀਦ ਕੇਂਦਰਾਂ ਵਿੱਚੋਂ ਪਸ਼ੂ ਖ਼ੁਰਾਕ ਉਤਪਾਦਕ ਕਿਸਾਨਾਂ ਤੋਂ ਮੱਕੀ ਦੀ ਸਿੱਧੀ ਖ਼ਰੀਦ ਕਰਨਗੇ।ਐਸੋਸੀਏਸ਼ਨ ਨੇ ਸਰਬਸੰਮਤੀ ਨਾਲ ਫ਼ੈਸਲਾ ਲਿਆ ਕਿ ਮੌਜੂਦ ਸੀਜ਼ਨ ਦੌਰਾਨ ਵੱਡੀ ਪੱਧਰ 'ਤੇ ਮੱਕੀ ਦੀ ਫ਼ਸਲ ਦੀ ਖ਼ਰੀਦ ਕੀਤੀ ਜਾਵੇਗੀ।ਐਸੋਸੀਏਸ਼ਨ ਦੇ ਪ੍ਰਧਾਨ ਹੀਰਾ ਲਾਲ ਬਾਂਸਲ ਨੇ ਕਿਸਾਨ ਭਰਾਵਾਂ ਨੂੰ ਮੱਕੀ ਦੀ ਫ਼ਸਲ ਦਾ ਲਾਹੇਵੰਦ ਭਾਅ ਪ੍ਰਾਪਤ ਕਰਨ ਲਈ ਘੱਟ ਨਮੀ ਅਤੇ ਚੰਗੀ ਕੁਆਲਿਟੀ ਦੀ ਫ਼ਸਲ ਹੀ ਮੰਡੀਆਂ ਵਿੱਚ ਲਿਆਂਦੀ ਜਾਵੇ।ਉਨ੍ਹਾਂ ਇਲਾਕੇ ਦੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਮੱਕੀ ਦੀ ਖ਼ਰੀਦ ਸਮੇਂ ਉਨ੍ਹਾਂ ਦਾ ਕੋਈ ਆਰਥਿਕ ਨੁਕਸਾਨ ਨਹੀਂ ਹੋਣ ਦਿੱਤਾ ਜਾਵੇਗਾ।ਇਸ ਮੌਕੇ ਵਿਨੋਦ ਕੁਮਾਰ ਐੱਲ. ਬੀ. ਇੰਡਸਟਰੀਜ਼, ਰਾਜੀਵ ਕੁਮਾਰ ਗੰਗਾ ਸਾਗਰ ਇੰਡਸਟਰੀਜ਼, ਦਲਜੀਤ ਸਿੰਘ ਸੋਖਲ ਫੀਡ ਇੰਡਸਟਰੀਜ਼, ਨਰੇਸ਼ ਕੁਮਾਰ ਮੁਮਤਾਜ ਫੀਡ ਇੰਡਸਟਰੀ, ਰਾਜ ਕੁਮਾਰ ਰਾਜੂ ਆਸ਼ੀਸ਼ ਫੀਡ ਇੰਡਸਟਰੀਜ਼, ਮੁਨੀਸ਼ ਕੁਮਾਰ, ਕੇ. ਐੱਲ. ਫੀਡ ਇੰਡਸਟਰੀ ਅਤੇ ਵਿਸ਼ਾਲ ਕੁਮਾਰ ਰਾਮ ਤੀਰਥ ਫੀਡ ਇੰਡਸਟਰੀ ਨੇ ਵੀ ਮੀਟਿੰਗ ਵਿੱਚ ਭਾਗ ਲਿਆ।

## ਕਰਨੈਲ ਸਿੰਘ ਗੋਰਾ ਸੈਣੀ ਨਮਿਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਤੇ ਅੰਤਿਮ ਅਰਦਾਸ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**

ਸੰਤੋਖ ਸਿੰਘ ਸੈਣੀ ਦੇ ਪਰਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਪਰਿਵਾਰ ਦੇ ਸਤਿਕਾਰਯੋਗ ਮੈਂਬਰ ਕਾਕਾ ਕਰਨੈਲ ਸਿੰਘ (ਗੋਰਾ ਸੈਣੀ) ਦੀ ਬੀਤੀ 2 ਜੂਨ 2026 ਨੂੰ ਅਚਾਨਕ ਬੇਵਕਤੀ ਮੌਤ ਹੋ ਗਈ। ਇਸ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਪਰਵਾਰ ਵੱਲੋਂ 14 ਜੂਨ ਨੂੰ ਸ਼ਿਵਾਲਿਕ ਹੋਟਲ ਬਾਈਪਾਸ ਬਲਾਚੌਰ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਵਾਏ ਗਏ ਅਤੇ ਅੰਤਿਮ ਅਰਦਾਸ ਕੀਤੀ। ਦੁਪਹਿਰ 12 ਤੋਂ 1 ਵਜੇ ਤੱਕ ਚੱਲੇ ਇਸ ਸ਼ੋਕ ਸਮਾਗਮ ਦੌਰਾਨ ਇਲਾਕੇ ਭਰ ਤੋਂ ਰਿਸ਼ਤੇਦਾਰ, ਸੱਜਣ-ਮਿੱਤਰ, ਸਨੇਹੀ ਅਤੇ ਵੱਖ-ਵੱਖ ਖੇਤਰਾਂ ਨਾਲ ਜੁੜੀਆਂ ਨਾਮਵਰ ਸ਼ਖ਼ਸੀਅਤਾਂ ਬੇਹੱਦ ਨਮ ਅੱਖਾਂ ਨਾਲ ਹਾਜ਼ਰ ਹੋਈਆਂ, ਜਿਨ੍ਹਾਂ ਨੇ ਪਰਵਾਰਕ ਮੈਂਬਰਾਂ ਸਰਦਾਰ ਸੰਤੋਖ ਸਿੰਘ ਸੈਣੀ ਸ਼ਿਵਾਲਿਕ ਅਤੇ ਗੁਰਦੀਪ ਸਿੰਘ ਸ਼ਿਵਾਲਿਕ (ਸੋਨੂੰ) ਨਾਲ ਇਸ ਦੁੱਖ ਦੀ ਘੜੀ ਵਿੱਚ ਗਹਿਰੀ ਹਮਦਰਦੀ ਪ੍ਰਗਟ ਕੀਤੀ। ਇਸ ਦੁਖਦਾਈ ਸਮੇਂ ਦੌਰਾਨ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਇਲਾਕੇ ਦੇ ਪ੍ਰਮੁੱਖ ਰਾਜਨੀਤਿਕ ਅਤੇ ਸਮਾਜਿਕ ਆਗੂ ਵੱਡੀ ਗਿਣਤੀ ਵਿੱਚ ਪਹੁੰਚੇ, ਜਿਨ੍ਹਾਂ ਵਿੱਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਸ਼ੋਕ ਕਟਾਰੀਆ, ਨਵਾਂ ਸ਼ਹਿਰ ਤੋਂ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਸਤਨਾਮ ਸਿੰਘ ਜਲਵਾਹਾ, ਸ਼੍ਰੋਮਣੀ ਅਕਾਲੀ ਦਲ ਦੇ ਬਲਾਚੌਰ ਤੋਂ ਹਲਕਾ ਇੰਚਾਰਜ ਹਨੀ ਟੌਸਾ, ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਤਰਲੋਚਨ ਸਿੰਘ ਰੱਕੜ, ਦਲਜੀਤ ਸਿੰਘ ਮਾਣੇਵਾਲ, ਸੁਰਜੀਤ ਸਿੰਘ ਕੋਹਲੀ, ਪ੍ਰਵੀਨ ਪੁਰੀ, ਡਾ. ਭੁਪਿੰਦਰਜੀਤ ਸਿੰਘ ਸੂਰੀ, ਬਲਾਕ ਸੰਮਤੀ ਮੈਂਬਰ ਸਰਦਾਰ ਰਣਬੀਰ ਸਿੰਘ, ਨਿਰਮਲ ਸਿੰਘ ਔਜਲਾ, ਗੁਰਵਿੰਦਰ ਸਿੰਘ ਮੱਲੀ ਅਤੇ ਗੁਰਦੀਪ ਸਿੰਘ ਸੋਨੂੰ ਸ਼ਿਵਾਲਿਕ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਮਾਗਮ ਦੌਰਾਨ ਹਾਜ਼ਰ ਸ਼ਖ਼ਸੀਅਤਾਂ ਨੇ ਕਿਹਾ ਕਿ ਕਰਨੈਲ ਸਿੰਘ ਗੋਰਾ ਦੀ ਬੇਵਕਤੀ ਮੌਤ ਪਰਵਾਰ ਦੇ ਨਾਲ-ਨਾਲ ਸਮੁੱਚੇ ਇਲਾਕੇ ਲਈ ਇੱਕ ਅਸਹਿ ਘਾਟਾ ਹੈ, ਜਿਸ ਦੀ ਪੂਰਤੀ ਕਦੇ ਨਹੀਂ ਕੀਤੀ ਜਾ ਸਕਦੀ।ਧਾਰਮਿਕ ਅਤੇ ਸੈਣੀ ਭਾਈਚਾਰੇ ਦੀਆਂ ਪ੍ਰਮੁੱਖ ਹਸਤੀਆਂ ਵਿੱਚੋਂ ਸੈਣੀ ਮਹਾਂ ਸਭਾ ਪੰਜਾਬ ਦੇ ਪ੍ਰਧਾਨ ਹਰਜੀਤ ਸਿੰਘ ਲੌਂਗੀਆ, ਸੰਤ ਬਾਬਾ ਹਰਦੀਪ ਸਿੰਘ ਰੋਪੜ੍ਹ , ਡਿਪਟੀ ਮੇਅਰ ਹਰਦੀਪ ਸਿੰਘ, ਮਦਨ ਗੋਪਾਲ ਸੈਣੀ ਅਟਾਰੀ, ਸਾਬਕਾ ਐਡੀਸ਼ਨਲ ਐਡਵੋਕੇਟ ਜਨਰਲ ਹਰਸਿਮਰ ਸਿੰਘ, ਸੁਰਜੀਤ ਸਿੰਘ ਸਹੋਤਾ ਨਵਾਂ ਸ਼ਹਿਰ, ਡਾ. ਅਜਮੇਰ ਸੈਣੀ ਭਵਨ ਰੋਪੜ੍ਹ, ਰਜਿੰਦਰ ਸਿੰਘ ਨੰਨੂਆ ਭਵਨ ਰੋਪੜ ਅਤੇ ਸੰਨੀ ਇਨਕਲੇਵ ਦੇ ਪ੍ਰਧਾਨ ਰਜਿੰਦਰ ਸਿੰਘ ਪਾਬਲਾ ਨੇ ਵੀ ਅੰਤਿਮ ਅਰਦਾਸ ਵਿੱਚ ਸ਼ਮੂਲੀਅਤ ਕਰਕੇ ਵਿਛੜੀ ਰੂਹ ਨੂੰ ਸ਼ਰਧਾਂਜਲੀਆਂ ਅਰਪਿਤ ਕੀਤੀਆਂ। ਇਸ ਸ਼ੋਕ ਸਮਾਗਮ ਦੇ ਅੰਤ ਵਿੱਚ ਗੁਰੂ ਕੇ ਅਟੁੱਟ ਲੰਗਰ ਵਰਤਾਏ ਗਏ ਤੇ ਪਰਵਾਰ ਵੱਲੋਂ ਸਮੂਹ ਰਿਸ਼ਤੇਦਾਰਾਂ ਅਤੇ ਇਲਾਕਾ ਨਿਵਾਸੀਆਂ ਦਾ ਦੁੱਖ ਵਿੱਚ ਸਾਂਝੀਦਾਰ ਬਣਨ ਲਈ ਧੰਨਵਾਦ ਕੀਤਾ ਗਿਆ।



## ਜੇਕਰ ਮਹਿੰਗਾਈ ਇੰਝ ਹੀ ਅਸਮਾਨ ਛੂੰਹਦੀ ਰਹੀ ਤਾਂ ਦੇਸ਼ ਮੁੜ ਗੁਲਾਮੀ ਵੱਲ ਵਧੇਗਾ : ਬੀਰਪਾਲ, ਨੇਕੂ, ਹੈਪੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਬੇਗਮਪੁਰਾ ਟਾਈਗਰ ਫੋਰਸ ਦੇ ਆਗੂਆਂ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲਗਾਤਾਰ ਵਧਾਈਆਂ ਜਾ ਰਹੀਆਂ ਵਸਤਾਂ ਦੀਆਂ ਕੀਮਤਾਂ ਨੇ ਗਰੀਬਾਂ ਦਾ ਜਿਊਣਾ ਦੁੱਭਰ ਕਰ ਦਿੱਤਾ ਹੈ ।ਫੋਰਸ ਦੇ ਆਗੂਆਂ ਨੇ ਆਖਿਆ ਕਿ ਪਹਿਲਾਂ ਹੀ ਡੀਜ਼ਲ ਅਤੇ ਪੈਟਰੋਲ ਦੀਆਂ ਅਸਮਾਨੀ ਚੜ੍ਹੀਆਂ ਕੀਮਤਾਂ ਨੇ ਆਮ ਜਨਤਾ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ ਅਤੇ ਹੁਣ ਬੀਤੇ ਦਿਨੀਂ ਰਸੋਈ ਗੈਸ ਸਿਲੰਡਰ ਦੀ ਕੀਮਤ ਵਿੱਚ 29 ਰੁਪਏ ਦਾ ਹੋਰ ਵਾਧਾ ਕਰਕੇ ਸਰਕਾਰ ਨੇ ਗਰੀਬ ਲੋਕਾਂ ਦੇ ਬਲਦੇ ਚੁੱਲ੍ਹਿਆਂ ਵਿੱਚ ਪਾਣੀ ਪਾਉਣ ਦਾ ਕੰਮ ਕੀਤਾ ਹੈ।ਆਗੂਆਂ ਨੇ ਕਿਹਾ ਕਿ ਅੱਜ ਦੇਸ਼ ਦਾ ਗਰੀਬ ਅਤੇ ਮੱਧਮ ਵਰਗ ਦੋ ਵੇਲੇ ਦੀ ਰੋਟੀ ਤੋਂ ਮੁਹਤਾਜ ਹੁੰਦਾ ਜਾ ਰਿਹਾ ਹੈ।ਇੱਕ ਪਾਸੇ ਸਰਕਾਰਾਂ ਵੱਡੇ-ਵੱਡੇ ਦਾਅਵੇ ਕਰਦੀਆਂ ਹਨ, ਪਰ ਦੂਜੇ ਪਾਸੇ ਰਸੋਈ ਗੈਸ ਵਰਗੀਆਂ ਬੁਨਿਆਦੀ ਲੋੜਾਂ ਦੀਆਂ ਕੀਮਤਾਂ ਵਧਾ ਕੇ ਗਰੀਬਾਂ ਦੇ ਸਾਹ ਸੁਕਾ ਰਹੀਆਂ ਨੇ । ਉਨ੍ਹਾਂ ਕਿਹਾ ਕਿ 29 ਰੁਪਏ ਦਾ ਇਹ ਵਾਧਾ ਆਮ ਲੋਕਾਂ ਦੀ ਜੇਬ 'ਤੇ ਸਿੱਧਾ ਡਾਕਾ ਹੈ।ਬੇਗਮਪੁਰਾ ਟਾਈਗਰ ਫੋਰਸ ਨੇ ਚੇਤਾਵਨੀ ਦਿੰਦਿਆਂ ਆਖਿਆ ਕਿ ਜੇਕਰ ਭਾਰਤ ਦੇਸ਼ ਵਿੱਚ ਇਸੇ ਤਰ੍ਹਾਂ ਹੀ ਮਹਿੰਗਾਈ ਅਸਮਾਨ ਨੂੰ ਛੂੰਹਦੀ ਰਹੀ ਤਾਂ ਉਹ ਦਿਨ ਦੂਰ ਨਹੀਂ ਜਦੋਂ ਭਾਰਤ ਫਿਰ ਤੋਂ ਆਰਥਿਕ ਅਤੇ ਮਾਨਸਿਕ ਤੌਰ 'ਤੇ ਗੁਲਾਮ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਲਗਾਤਾਰ ਵਧ ਰਹੀ ਮਹਿੰਗਾਈ ਦੇਸ਼ ਨੂੰ ਅੰਦਰੋਂ ਅੰਦਰੀ ਖੋਖਲਾ ਕਰ ਰਹੀ ਹੈ ਅਤੇ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ ਆਮ ਜਨਤਾ ਨੂੰ ਬਲੀ ਦਾ ਬੱਕਰਾ ਬਣਾ ਰਹੀ ਹੈ।ਉਨ੍ਹਾਂ ਕਿਹਾ ਕਿ ਰਸੋਈ ਗੈਸ ਸਿਲੰਡਰ ਦੀਆਂ ਵਧਾਈਆਂ ਗਈਆਂ ਕੀਮਤਾਂ ਤੁਰੰਤ ਵਾਪਸ ਲਈਆਂ ਜਾਣ।ਨਾਲ ਹੀ ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਨੂੰ ਵੀ ਕੰਟਰੋਲ ਕਰਕੇ ਆਮ ਲੋਕਾਂ ਨੂੰ ਰਾਹਤ ਦਿੱਤੀ ਜਾਵੇ।

## ਸੱਭਿਆਚਾਰਕ ਜੋੜ ਮੇਲੇ ਆਪਸੀ ਭਾਈਚਾਰੇ 'ਚ ਵਾਧਾ ਕਰਦੇ : ਬਾਬਾ ਅਸ਼ਵਨੀ ਗੋਗਾ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**

ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਈਂ ਬਾਬਾ ਬੁੱਲੇ ਸ਼ਾਹ ਦੀ ਯਾਦ ਨੂੰ ਸਮਰਪਿਤ ਦਰਗਾਹ ਦਾਰਾਪੁਰ ਟਾਂਡਾ ਵਿਖੇ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਅਸ਼ਵਨੀ ਗੋਗਾ ਦੀ ਅਗਵਾਈ ਵਿੱਚ 2 ਰੋਜ਼ਾ 19ਵਾਂ ਸੱਭਿਆਚਾਰਕ ਜੋੜ ਮੇਲਾ ਬੜੀ ਧੂਮਧਾਮ ਤੇ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ।ਜੋੜ ਮੇਲੇ ਵਿੱਚ ਅੱਜ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਅਸ਼ਵਨੀ ਗੋਗਾ, ਸਨਾਤਨ ਧਰਮ ਸਭਾ ਅਹੀਆਪੁਰ ਦੇ ਪ੍ਰਧਾਨ ਨਿਖਲੇਸ਼ ਜਸਰਾ, ਗਿੰਨੀ ਅਰੋੜਾ, ਗਣੇਸ਼ ਵੈਦ, ਮਨੀ, ਤਜਿੰਦਰ ਸਿੰਘ, ਵਨੀ ਸ਼ਰਮਾ, ਸ਼ਿਵਾ ਪੁਰੀ ਅਤੇ ਅਦਿਤਿਯ ਕੁਮਾਰ ਨੇ ਦਰਬਾਰ 'ਚ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ। ਬਾਬਾ ਦੀ ਦਰਗਾਹ ਤੇ ਚਾਦਰ ਚੜ੍ਹਾਉਣ ਦੀ ਰਸਮ ਬਾਬਾ ਸਲੀਮ ਅਤੇ ਅੰਜਲੀ ਸ਼ਰਮਾ ਨੇ ਅਦਾ ਕੀਤੀ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਬਾਬਾ ਅਸ਼ਵਨੀ ਗੋਗਾ ਨੇ ਕਿਹਾ ਕਿ ਸੱਭਿਆਚਾਰਕ ਜੋੜ ਮੇਲੇ ਜਿੱਥੇ ਆਪਸੀ ਭਾਈਚਾਰੇ ਵਿੱਚ ਵਾਧਾ ਕਰਦੇ ਹਨ ਉੱਥੇ ਪ੍ਰਭੂ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਵੀ ਦਿੰਦੇ ਹਨ। ਉਨ੍ਹਾਂ ਕਿਹਾ ਕਿ ਹਰ ਇਨਸਾਨ ਨੂੰ ਜਾਤ-ਪਾਤ ਤੋਂ ਉਪਰ ਉੱਠ ਕੇ ਹਰ ਧਰਮ ਦੇ ਸੱਭਿਆਚਾਰਕ ਜੋੜ ਮੇਲੇ ਤੇ ਧਾਰਮਿਕ ਸਮਾਗਮਾਂ ਵਿੱਚ ਜ਼ਰੂਰ ਹਿੱਸਾ ਲੈਣਾ ਚਾਹੀਦਾ ਹੈ ਅਜਿਹਾ ਕਰਨ ਨਾਲ ਜਿੱਥੇ ਸਮਾਜ ਵਿੱਚ ਉਚ ਨੀਚ ਦਾ ਭੇਦਭਾਵ ਖਤਮ ਹੋ ਜਾਂਦਾ ਹੈ ਉੱਥੇ ਮਨ ਨੂੰ ਸ਼ਾਂਤੀ ਵੀ ਮਿਲਦੀ ਹੈ।ਬਾਬਾ ਅਸ਼ਵਨੀ ਗੋਗਾ ਨੇ ਕਿਹਾ ਕਿ ਇਸ ਜੋੜ ਮੇਲੇ ਵਿੱਚ ਸ਼ਾਮਿਲ ਸ਼ਰਧਾਲੂਆਂ ਦੀ ਸਹੂਲਤ ਲਈ ਦਰਬਾਰ ਦੇ ਵਲੰਟੀਅਰਜ਼ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਤਾਂ ਜੋ ਜਨਤਾ ਨੂੰ ਕਿਸੇ ਵੀ ਪ੍ਰਕਾਰ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸਭਿਆਚਾਰਕ ਜੋੜ ਮੇਲੇ ਦੀ ਆਖ਼ਰੀ ਰਾਤ ਨੂੰ ਮਸ਼ਹੂਰ ਕਵਾਲ ਸਨੀ ਮਿੱਤਲ, ਗਾਇਕਾਂ ਲਵਿਸ਼ ਚੌਹਾਨ ਜਲੰਧਰ ਅਤੇ ਟਿੰਕੂ ਸ਼ਹਿਜ਼ਾਦਾ ਐਂਡ ਪਾਰਟੀ ਆਪਣੀਆਂ ਕਵਾਲੀਆਂ ਰਾਹੀਂ ਬਾਬਾ ਜੀ ਦਾ ਗੁਣਗਾਨ ਕਰਕੇ ਸ਼ਰਧਾਲੂਆਂ ਨੂੰ ਬਾਬਾ ਜੀ ਦੇ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦੇਣਗੇ।



# ਸੰਯੁਕਤ ਕਿਸਾਨ ਮੋਰਚਾ ਵੱਲੋਂ ਅਮਰੀਕਾ ਨਾਲ ਕੀਤੇ ਜਾ ਰਹੇ ਮੁਕਤ ਵਪਾਰ ਸਮਝੌਤੇ ਵਿਰੁੱਧ ਜਨਤਕ ਮੁਹਿੰਮ ਭਖਾਉਣ ਦਾ ਫੈਸਲਾ

**• ਪਾਣੀ ਸਮੇਤ ਹੋਰ ਮੰਗਾਂ ਲਈ ਗਵਰਨਰ ਪੰਜਾਬ ਨਾਲ ਮੁਲਾਕਾਤ ਕਰਨ ਦਾ ਫੈਸਲਾ • ਕਿਸਾਨੀ ਲਈ ਡੀਜ਼ਲ 'ਤੇ ਲਾਈ ਲਿਮਟ ਨੂੰ ਹਟਾਉਣ ਤੇ ਖਾਦਾਂ ਦੀ ਕਾਲਾਬਾਜ਼ਾਰੀ ਨੂੰ ਨੱਥ ਪਾਉਣ ਦੀ ਕੀਤੀ ਮੰਗ**

**ਲੁਧਿਆਣਾ (ਐੱਮ ਐੱਸ ਭਾਟੀਆ, ਗਿਆਨ ਸੈਦਪੁਰੀ)**

ਸੰਯੁਕਤ ਕਿਸਾਨ ਮੋਰਚਾ ਪੰਜਾਬ ਚੈਪਟਰ ਦੀ ਮੀਟਿੰਗ ਡਾ. ਸਤਨਾਮ ਸਿੰਘ ਅਜਨਾਲਾ, ਬਲਕਰਨ ਸਿੰਘ ਬਰਾੜ ਤੇ ਹਰਜਿੰਦਰ ਸਿੰਘ ਟਾਂਡਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਪੰਜਾਬ ਤੇ ਕੇਂਦਰ ਸਰਕਾਰ ਨਾਲ ਸਬੰਧਤ ਮੰਗਾਂ ਉੱਪਰ ਸੰਘਰਸ਼ ਦੀ ਭਵਿੱਖੀ ਰਣਨੀਤੀ ਉੱਪਰ ਭਰਵਾਂ ਵਿਚਾਰ ਵਟਾਂਦਰਾ ਕੀਤਾ ਗਿਆ।ਪੰਜਾਬ 'ਚ ਪਾਣੀਆਂ ਦੇ ਗੰਭੀਰ ਸੰਕਟ ਨਾਲ ਜੁੜੀਆਂ ਮੰਗਾਂ, ਅਮਰੀਕਾ ਨਾਲ ਮੁਕਤ ਵਪਾਰ ਸਮਝੌਤੇ ਲਈ ਚੱਲ ਰਹੀ ਗੱਲਬਾਤ ਵਿਰੁੱਧ ਤੇ ਹੋਰ ਕਿਸਾਨੀ ਮੰਗਾਂ ਲਈ ਸੰਘਰਸ਼ ਨੂੰ ਅੱਗੇ ਵਧਾਉਣ ਦਾ ਫੈਸਲਾ ਕਰਦੇ ਹੋਏ ਇਸ ਸਬੰਧੀ ਗਵਰਨਰ ਪੰਜਾਬ ਨਾਲ ਮੀਟਿੰਗ ਕਰਨ ਦਾ ਐਲਾਨ ਕੀਤਾ ਹੈ।ਵਰਣਨਯੋਗ ਹੈ ਕਿ ਬੀਤੇ ਮਹੀਨੇ ਚੰਡੀਗੜ੍ਹ ਦੀਆਂ ਬਰੂਹਾਂ 'ਤੇ ਗਵਰਨਰ ਭਵਨ ਵੱਲ ਮਾਰਚ ਕਰਦੇ ਕਿਸਾਨਾਂ ਉੱਤੇ ਪਾਣੀ ਦੀਆਂ ਬੁਛਾੜਾਂ ਤੇ ਹੰਝੂ ਗੈਸ ਛੱਡੇ ਜਾਣ ਮਗਰੋਂ ਗਵਰਨਰ ਪੰਜਾਬ ਨੇ ਸੰਯੁਕਤ ਕਿਸਾਨ ਮੋਰਚਾ ਨੂੰ ਗੱਲਬਾਤ ਦਾ ਸੱਦਾ ਦਿੱਤਾ ਸੀ, ਜੋ ਕਿ ਕਿਸਾਨ ਆਗੂਆਂ ਦੇ ਜ਼ੇਰੇ ਇਲਾਜ ਹੋਣ ਕਾਰਨ ਅੱਗੇ ਪੈ ਗਿਆ ਸੀ।ਹੁਣ ਮੋਰਚੇ ਨੇ ਗਵਰਨਰ ਪੰਜਾਬ



ਨਾਲ ਮੀਟਿੰਗ ਕਰਨ ਦਾ ਫੈਸਲਾ ਕਰ ਕੀਤਾ ਹੈ, ਇਸ ਸਬੰਧੀ ਗਵਰਨਰ ਪੰਜਾਬ ਨੂੰ ਸਮਾਂ ਦੇਣ ਲਈ ਕਹਿ ਦਿੱਤਾ ਗਿਆ ਹੈ।ਮੀਟਿੰਗ ਵਿੱਚ ਭਵਿੱਖ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕਰਨ ਲਈ ਜੁਲਾਈ ਵਿੱਚ ਜਨਤਕ ਮੁਹਿੰਮ ਨੂੰ ਭਖਾਉਣ ਦਾ ਫੈਸਲਾ ਕਰਦੇ ਹੋਏ ਤੇ ਮੰਗਾਂ ਨਾ ਮੰਨਣ ਦੀ ਸੂਰਤ ਵਿੱਚ ਮੋਰਚਾ ਲਾਉਣ ਬਾਰੇ ਵੀ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ।ਫੈਸਲਾ ਕੀਤਾ ਗਿਆ ਕਿ ਜੇਕਰ ਸਰਕਾਰਾਂ ਟੱਸ ਤੋਂ ਮੱਸ ਨਾ ਹੋਈਆਂ ਤਾਂ ਅਗਸਤ ਦੇ ਆਖੀਰ ਵਿੱਚ ਸਖਤ ਕਦਮ ਪੁੱਟੇ ਜਾਣਗੇ।ਮੀਟਿੰਗ ਨੇ ਸੂਬੇ ਭਰ ਵਿੱਚ ਬੇਰੁਜ਼ਗਾਰਾਂ ਸਮੇਤ ਵੱਖ ਵੱਖ ਤਬਕਿਆਂ ਦੇ ਸੰਘਰਸ਼ਾਂ ਉੱਤੇ ਕੀਤੇ ਜਾ ਰਹੇ ਜਬਰ ਦੀ ਨਿੰਦਾ ਕਰਦਿਆਂ ਪੰਜਾਬ ਸਰਕਾਰ ਦੇ ਰਵੱਈਏ ਪ੍ਰਤੀ ਸਖਤ ਨਰਾਜ਼ਗੀ ਜ਼ਾਹਰ ਕੀਤੀ ਹੈ।ਮੰਗ ਕੀਤੀ ਗਈ ਕਿ ਪੰਜਾਬ ਸਰਕਾਰ ਸੰਘਰਸ਼ਸ਼ੀਲ ਤਬਕਿਆਂ ਦੀਆਂ ਜਥੇਬੰਦੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੇ ਵਾਜਬ ਮੁੱਦਿਆਂ ਤੇ ਮੰਗਾਂ ਨੂੰ ਹੱਲ ਕਰੇ।ਸੰਯੁਕਤ ਕਿਸਾਨ ਮੋਰਚਾ ਨੇ ਕਿਸਾਨੀ ਦੀਆਂ ਲੋੜਾਂ ਅਨੁਸਾਰ ਡੀਜ਼ਲ ਤੇ ਖਾਦਾਂ ਦੀ ਥੁੜ ਦੇ ਮਾਮਲੇ 'ਤੇ ਵੀ ਪੰਜਾਬ ਸਰਕਾਰ ਨੂੰ ਕਟਹਿਰੇ ਵਿੱਚ ਖੜ੍ਹਾ ਕਰਦਿਆਂ ਕਿਹਾ ਕਿ ਕਿਸਾਨਾਂ ਲਈ ਡੀਜ਼ਲ ਉੱਤੇ ਲਾਈ ਗਈ ਲਿਮਟ ਨੂੰ ਤੁਰੰਤ ਰੱਦ ਕਰਨਾ ਚਾਹੀਦਾ ਹੈ।ਸਰਕਾਰ ਨੂੰ ਖਾਦ ਦੀ ਕਾਲਾਬਾਜ਼ਾਰੀ ਨੂੰ ਸਖਤੀ ਨਾਲ ਨੱਥ ਪਾਉਣੀ ਚਾਹੀਦੀ ਹੈ।ਪੰਜਾਬ ਵਿੱਚ ਹਰ ਖੇਤ ਨੂੰ ਨਹਿਰੀ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਦੀ ਜ਼ੋਰਦਾਰ ਵਕਾਲਤ ਕਰਦਿਆਂ ਸੰਯੁਕਤ ਕਿਸਾਨ ਮੋਰਚਾ ਨੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਵੱਡੇ ਪੱਧਰ 'ਤੇ ਨਹਿਰੀ ਪਾਣੀ ਮੁਹੱਈਆਂ ਕਰਵਾਉਣ ਦੇ ਦਾਅਵਿਆਂ ਨੂੰ ਰੱਦ ਕਰ ਦਿੱਤਾ ਹੈ।ਐੱਸ ਕੇ ਐੱਮ ਨੇ ਦਾਅਵਾ ਕੀਤਾ ਕਿ ਨਹਿਰੀ ਪਾਣੀ ਨੂੰ ਲੈ ਕੇ ਪੰਜਾਬ ਸਰਕਾਰ ਵੱਲੋਂ ਪ੍ਰਚਾਰੇ ਜਾ ਰਹੇ ਤੱਥ ਹਕੀਕਤ ਤੋਂ ਕੋਹਾਂ ਦੂਰ ਹਨ।ਸੰਯੁਕਤ ਕਿਸਾਨ ਮੋਰਚਾ ਨੇ ਸ਼ੇਰੋਂ ਖੰਡ ਮਿੱਲ ਤੇ ਉਸ ਦੀ ਜ਼ਮੀਨ ਨੂੰ ਬਚਾਉਣ ਲਈ ਤਰਨਤਾਰਨ ਵਿਖੇ ਕਿਸਾਨ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਸੰਘਰਸ਼ ਨੂੰ ਹਮਾਇਤ ਜਾਰੀ ਰੱਖਦਿਆਂ ਮੰਗ ਕੀਤੀ ਕਿ ਸਰਕਾਰ ਖੇਤੀ ਵਿਭਿੰਨਤਾ ਨੂੰ ਮੱਦੇਨਜ਼ਰ ਰੱਖਦਿਆਂ ਖੰਡ ਮਿੱਲ ਦਾ ਆਧੁਨਿਕੀਕਰਨ ਕਰਕੇ ਮਿੱਲ ਚਲਾਏ।

ਸੰਯੁਕਤ ਕਿਸਾਨ ਮੋਰਚਾ ਨੇ ਪਾਕਿਸਤਾਨ ਨਾਲ ਲੱਗਦੀ ਸਰਹੱਦ ਉੱਤੇ ਡਿਫੈਂਸ ਬੰਨ੍ਹ ਬਣਾਉਣ ਦੀਆਂ ਅਖ਼ਬਾਰੀ ਰਿਪੋਰਟਾਂ ਨੂੰ ਗੰਭੀਰਤਾ ਨਾਲ ਵਿਚਾਰਦਿਆਂ ਕਿਹਾ ਕਿ ਬੀਤੇ ਸਮੇਂ ਵਿੱਚ ਵੀ ਆਏ ਹੜ੍ਹਾਂ ਦੌਰਾਨ ਕੌਮੀ ਸ਼ਾਹਰਾਹ ਪਾਣੀ ਵਿੱਚ ਵੱਡੀ ਰੁਕਾਵਟ ਬਣੇ ਸਨ।ਹੁਣ ਡਿਫੈਂਸ ਬੰਨ੍ਹ ਵੀ ਪਾਣੀ ਦੇ ਕੁਦਰਤੀ ਵਹਾਅ ਵਿੱਚ ਰੁਕਾਵਟ ਦਾ ਕਾਰਨ ਬਣ ਸਕਦਾ ਹੈ।ਮੋਰਚੇ ਨੇ ਕੇਂਦਰ ਸਰਕਾਰ ਨੂੰ ਇਸ ਸਬੰਧੀ ਪੁਜ਼ੀਸ਼ਨ ਸਪੱਸ਼ਟ ਕਰਨ ਦੀ ਮੰਗ ਕੀਤੀ ਹੈ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਬਲਵੀਰ ਸਿੰਘ ਰਾਜੇਵਾਲ, ਹਰਿੰਦਰ ਸਿੰਘ ਲੱਖੋਵਾਲ, ਜੋਗਿੰਦਰ ਸਿੰਘ ਉਗਰਾਹਾਂ, ਬੂਟਾ ਸਿੰਘ ਬੁਰਜ ਗਿੱਲ, ਅੰਗਰੇਜ਼ ਸਿੰਘ ਭਦੌੜ, ਰਜਿੰਦਰ ਸਿੰਘ ਦੀਪ ਸਿੰਘ ਵਾਲਾ, ਰੁਲਦੂ ਸਿੰਘ ਮਾਨਸਾ, ਕੈਪਟਨ ਮੇਜਰ ਸਿੰਘ, ਕੰਵਲਪ੍ਰੀਤ ਸਿੰਘ ਪੰਨੂ, ਨਿਰਵੈਲ ਸਿੰਘ ਡਾਲੇਕੇ, ਬਲਦੇਵ ਸਿੰਘ ਲਤਾਲਾ, ਗੁਰਮੀਤ ਸਿੰਘ ਮਹਿਮਾ, ਪਵਨ ਕੁਮਾਰ ਸੋਗਲਪੁਰ, ਨਛੱਤਰ ਸਿੰਘ ਜੈਤੋ, ਸੁਖਦੇਵ ਸਿੰਘ ਅਰਾਈਆਂਵਾਲਾ, ਪਵਿੱਤਰ ਸਿੰਘ ਲਾਲੀ, ਜਗਮੋਹਨ ਸਿੰਘ ਪਟਿਆਲਾ, ਗੁਰਦੇਵ ਸਿੰਘ ਮਾਂਗੇਵਾਲ, ਮੁਕੇਸ਼ ਚੰਦਰ ਸ਼ਰਮਾ, ਲਖਬੀਰ ਸਿੰਘ ਨਿਜ਼ਾਮਪੁਰ, ਰਘਬੀਰ ਸਿੰਘ ਬੈਨੀਪਾਲ, ਝੰਡਾ ਸਿੰਘ ਜੇਠੂਕੇ, ਜਰਨੈਲ ਸਿੰਘ, ਸੁਖਦੇਵ ਸਿੰਘ ਤੁੜ ਤੇ ਰਾਮਿੰਦਰ ਸਿੰਘ ਪਟਿਆਲਾ ਹਾਜ਼ਰ ਸਨ।

## ਵਾਰਡ ਨੰਬਰ-22 ਤੋਂ ਵੱਡੀ ਗਿਣਤੀ ਕਾਂਗਰਸ ਪਰਵਾਰ 'ਆਪ' 'ਚ ਸ਼ਾਮਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਦੇ ਵਾਰਡ ਨੰਬਰ-22 ਤੋਂ ਕਾਂਗਰਸੀ ਪਰਵਾਰਾਂ ਨਾਲ ਸਬੰਧਤ ਪਰਮਜੀਤ ਕੌਰ, ਗੁਰਮੀਤ ਸਿੰਘ, ਹਰਜੀਤ ਕੌਰ, ਗੁਰਮੀਤ ਕੌਰ, ਕਿਰਨ ਬਾਲਾ, ਪ੍ਰਿਯੰਕਾ, ਮਨਦੀਪ ਤੇ ਨਿਸ਼ਾ ਆਪਣੇ ਪਰਵਾਰਾਂ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਆਪਣੇ ਨਿਵਾਸ ਸਥਾਨ 'ਤੇ ਉਨ੍ਹਾਂ ਨੂੰ ਪਾਰਟੀ ਦਾ ਸਿਰੋਪਾ ਪਾ ਕੇ ਸਨਮਾਨਤ ਕੀਤਾ ਅਤੇ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਨਿੱਘਾ ਸਵਾਗਤ ਕੀਤਾ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਦੀਆਂ ਵਿਕਾਸਮੁਖੀ ਤੇ ਲੋਕ-ਹਿਤੈਸ਼ੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਹਰ ਵਰਗ ਦੇ ਲੋਕ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਵਰਕਰ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ।ਉਨ੍ਹਾਂ ਨਵੇਂ ਸ਼ਾਮਲ ਹੋਏ ਪਰਵਾਰਾਂ ਦਾ ਸਵਾਗਤ ਕਰਦਿਆਂ ਭਰੋਸਾ ਪ੍ਰਗਟਾਇਆ ਕਿ ਉਹ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਤੇ ਲੋਕ ਸੇਵਾ ਦੇ ਕਾਰਜਾਂ ਵਿੱਚ ਅਹਿਮ ਯੋਗਦਾਨ ਪਾਉਣਗੇ।ਇਸ ਮੌਕੇ ਪਾਰਸ਼ਦ ਪ੍ਰਵੀਨ ਮੱਕੜ, ਪ੍ਰਿੰਸੀਪਲ ਸਿੰਘ ਅਪਰੋੜਾ, ਆਮ ਆਦਮੀ ਪਾਰਟੀ ਪੰਜਾਬ ਦੇ ਟਰੇਡ ਵਿੰਗ ਦੇ ਚੇਅਰਮੈਨ ਸੰਜੀਵ ਨਰੂਲਾ, ਬਲਾਕ ਪ੍ਰਧਾਨ ਰਾਜਦੀਪ ਕੌਰ, ਗੀਤੂ ਸੂਦ, ਪੂਨਮ, ਕ੍ਰਿਤੀ ਖੁਰਾਨਾ ਸਮੇਤ ਵਾਰਡ ਨੰਬਰ-22 ਦੇ ਵੱਡੀ ਗਿਣਤੀ ਵਿੱਚ ਵਸਨੀਕ ਹਾਜ਼ਰ ਸਨ।

## ਪੰਜਾਬੀ ਸਾਹਿਤ ਅਕਾਦਮੀ ਵੱਲੋਂ ਗੀਤਕਾਰ ਸੁਰਜੀਤ ਰਾਮਪੁਰੀ ਸ਼ਤਾਬਦੀ ਵਰ੍ਹੇ ਦੀ ਸ਼ੁਰੂਆਤ



**ਲੁਧਿਆਣਾ (ਐੱਮ ਐੱਸ ਭਾਟੀਆ)**-ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਲੋਕ ਪੱਖੀ/ਪ੍ਰਗਤੀਸ਼ੀਲ ਗੀਤਕਾਰ ਸੁਰਜੀਤ ਰਾਮਪੁਰੀ ਸ਼ਤਾਬਦੀ ਵਰ੍ਹੇ ਦੀ ਸ਼ੁਰੂਆਤ ਉਨ੍ਹਾਂ ਦੇ ਜਨਮ ਦਿਨ 'ਤੇ ਕੀਤੀ ਗਈ।ਇਸ ਮੌਕੇ ਅਕਾਦਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਤੇ ਰਾਮਪੁਰ ਸਾਹਿਤ ਸਭਾ ਰਾਮਪੁਰ ਦੇ ਪ੍ਰਧਾਨ ਅਮਰਿੰਦਰ ਸਿੰਘ ਸੋਹਲ ਤੇ ਸਾਬਕਾ ਪ੍ਰਧਾਨ ਜਸਵੀਰ ਝੱਜ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਅਕਾਦਮੀ ਦੇ ਫ਼ੈਸਲੇ ਅਨੁਸਾਰ ਸੁਰਜੀਤ ਰਾਮਪੁਰੀ ਦੇ ਸ਼ਤਾਬਦੀ ਵਰ੍ਹੇ 'ਤੇ ਸਾਹਿਤ ਸਭਾ ਰਾਮਪੁਰ ਦੇ ਸਹਿਯੋਗ ਨਾਲ ਰਾਮਪੁਰ ਪਿੰਡ ਵਿਖੇ ਇਕ ਵੱਡਾ ਸਮਾਗਮ ਕਰਵਾਇਆ ਜਾ ਰਿਹਾ ਹੈ।ਇਸ ਦੀ ਤਿਆਰੀ ਸੰਬੰਧੀ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਇਕ ਸੈਮੀਨਾਰ, ਜਿਸ 'ਚ ਖੋਜ ਪੱਤਰਾਂ ਤੋਂ ਇਲਾਵਾ ਰਾਮਪੁਰੀ ਦੀਆਂ ਯਾਦਾਂ ਸਾਂਝੀਆਂ ਕੀਤੀਆਂ ਜਾਣਗੀਆਂ।ਹਾਜ਼ਰ ਕਵੀਆਂ ਵੱਲੋਂ ਕਵੀ ਦਰਬਾਰ ਸਮੇਤ ਉਨ੍ਹਾਂ ਦੀਆਂ ਗ਼ਜ਼ਲਾਂ ਦਾ ਗਾਇਣ ਜਨਾਬ ਸ਼ਮਸ਼ਾਦ ਅਲੀ ਵੱਲੋਂ ਕੀਤਾ ਜਾਵੇਗਾ।ਇਸ ਸਮੇਂ ਉਪਰੋਕਤ ਤੋਂ ਇਲਾਵਾ ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ, ਸਕੱਤਰ ਕੇ. ਸਾਧੂ ਸਿੰਘ, ਲਾਇਬ੍ਰੇਰੀ ਡਾਇਰੈਕਟਰ ਡਾ. ਗੁਰਇਕਬਾਲ ਸਿੰਘ, ਜਨਮੇਜਾ ਸਿੰਘ ਜੌਹਲ, ਮੀਤ ਅਨਮੋਲ, ਸੁਰਿੰਦਰ ਦੀਪ ਸ਼ਾਮਲ ਹੋਏ।

## ਐੱਸ ਡੀ ਐੱਮ ਵੀਰਪਾਲ ਕੌਰ ਨੇ ਅਹੁਦਾ ਸੰਭਾਲਿਆ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਤਲਵੰਡੀ ਸਾਬੋ ਵਿਖੇ ਨਵੇਂ ਆਏ ਐੱਸ.ਡੀ.ਐੱਮ. ਵੀਰਪਾਲ ਕੌਰ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ।ਅਹੁਦਾ ਸੰਭਾਲਣ ਉਪਰੰਤ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਐੱਸ.ਡੀ.ਐੱਮ. ਵੀਰਪਾਲ ਕੌਰ ਨੇ ਕਿਹਾ ਕਿ ਮੈਨੂੰ ਪਵਿੱਤਰ ਨਗਰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸੇਵਾ ਕਰਨ ਦਾ ਮੌਕਾ ਮਿਲਿਆ ਹੈ।ਉਨ੍ਹਾਂ ਕਿਹਾ ਕਿ ਦਫ਼ਤਰ ਵਿਖੇ ਆਪਣੇ ਕੰਮਾਂ ਕਾਜਾਂ ਲਈ ਆਉਣ ਜਾਣ ਵਾਲਿਆਂ ਨੂੰ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ।ਇਸ ਮੌਕੇ ਤਹਿਸੀਲਦਾਰ, ਨਾਇਬ ਤਹਿਸੀਲਦਾਰ ਤੇ ਸਟਾਫ ਮੈਂਬਰ ਹਾਜ਼ਰ ਸਨ।

## ਪਾਵਰਕਾਮ ਤੇ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪਟਿਆਲਾ ਦੀ ਮਹੀਨਾਵਾਰ ਬੈਠਕ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਾਵਰਕਾਮ ਤੇ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ, ਹੈੱਡ ਆਫਿਸ ਯੂਨਿਟ ਪਟਿਆਲਾ ਦੀ ਮਹੀਨਾਵਾਰ ਬੈਠਕ ਭਿੰਦਰ ਸਿੰਘ ਚਹਿਲ ਦੀ ਪ੍ਰਧਾਨਗੀ ਹੇਠ ਹੋਈ।ਇੰਜ. ਹਰਜੀਤ ਸਿੰਘ ਸਕੱਤਰ ਵੱਲੋਂ ਸਾਡੇ ਸਨਮਾਨ ਯੋਗ ਮੈਂਬਰ ਸ੍ਰ: ਗੁਰਮੀਤ ਸਿੰਘ ਸਾਬਕਾ ਉੱਪ ਸਕੱਤਰ ਦੇ ਮਾਤਾ ਜੀ ਦਾ ਦੇਹਾਂਤ ਹੋਣ ਕਾਰਨ ਸ਼ੋਕ ਮਤਾ ਪੇਸ਼ ਕੀਤਾ ਤੇ ਵਿੱਛੜੀ ਰੂਹ ਨੂੰ ਦੋ ਮਿੰਟ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਭਿੰਦਰ ਸਿੰਘ ਚਹਿਲ ਯੂਨਿਟ ਪ੍ਰਧਾਨ ਨੇ ਸਾਂਝੇ ਥੜ੍ਹੇ ਨਾਲ ਹੋਈ ਗੱਲਬਾਤ ਦੀ ਜਾਣਕਾਰੀ ਦਿੱਤੀ।ਉਚੇਚੇ ਤੌਰ 'ਤੇ ਪਹੁੰਚੇ ਪ੍ਰੋਫੈਸਰ ਬਲਬੀਰ ਸਿੰਘ ਬੱਲੀ ਵੱਲੋਂ ਵਿਚਾਰ ਗੋਸ਼ਟੀ ਕਰਦਿਆਂ ਸਿੱਖਿਆ, ਸਿਹਤ, ਡੈਮੋਕਰੇਸੀ, ਲਾਅ ਐਂਡ ਆਰਡਰ, ਵਿਵਸਥਾ ਤੇ ਹੋਰ ਸਮਾਜਿਕ ਮੁੱਦਿਆਂ 'ਤੇ ਆ ਰਹੇ ਨਿਘਾਰ ਤੇ ਚੁਣੌਤੀਆਂ ਸਬੰਧੀ ਚਾਨਣਾ ਪਾਇਆ।ਉਨ੍ਹਾਂ ਪੜ੍ਹੀ ਲਿਖੀ ਜਮਾਤ ਪੈਨਸ਼ਨਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਵੇਂ ਓਹ ਇਨਕਲਾਬ ਨਹੀਂ ਲਿਆ ਸਕਦੇ, ਪ੍ਰੰਤੂ ਜਥੇਬੰਦਕ ਢਾਂਚੇ ਨਾਲ ਦੇਸ਼ ਹਿਤੈਸ਼ੀ ਚਾਨਣ ਮੁਨਾਰਾ ਜ਼ਰੂਰ ਬਣਨ ਸਕਦੇ ਹਨ, ਇਸ ਮੌਕੇ ਪ੍ਰੋਫੈਸਰ ਬਲਬੀਰ ਸਿੰਘ ਨੂੰ ਸਰੋਪਾ ਦੇ ਕੇ ਸਨਮਾਨਤ ਕੀਤਾ ਗਿਆ।ਬੈਠਕ ਨੂੰ ਮਲਕੀਅਤ ਸਿੰਘ ਸਰਪ੍ਰਸਤ ਤੇ ਇੰਜ ਆਰ ਐੱਸ ਸਿਆਨ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਇੰਜੀਨੀਅਰ ਸੰਤੋਖ ਸਿੰਘ ਸੂਬਾ ਸਲਾਹਕਾਰ, ਗੱਜਣ ਸਿੰਘ ਸੂਬਾ ਪ੍ਰੈੱਸ ਸਕੱਤਰ, ਹਰਸ਼ਰਨ ਕੌਰ ਸੂਬਾ ਕਮੇਟੀ ਮੈਂਬਰ ਤੋਂ ਇਲਾਵਾ ਮਨਮੋਹਨ ਸਿੰਘ ਸਿੱਧੂ ਹੈੱਡ ਆਫਿਸ ਯੂਨਿਟ ਐਡੀਟਰ, ਮਲਕੀਤ ਸਿੰਘ ਮੀਤ ਪ੍ਰਧਾਨ, ਹਰਜੀਤ ਸਿੰਘ ਜਨਰਲ ਸਕੱਤਰ ਹੈੱਡ ਆਫਿਸ, ਆਰ ਐੱਸ ਸਿਆਨ ਸਾਬਕਾ ਸੀਨੀਅਰ ਐਕਸੀਅਨ ਐੱਚ ਪੀ ਐੱਸ ਕਾਹਲੋਂ ਸਾਬਕਾ ਸੀਨੀਅਰ ਐਕਸ਼ਨ, ਕਰਨੈਲ ਸਿੰਘ, ਪਵਿੱਤਰ ਕੌਰ, ਰੇਸ਼ਮ ਸਿੰਘ ਮਾਨ, ਮਲਕੀਤ ਸਿੰਘ ਕੌਰਜੀਵਾਲ, ਜੈਦੇਵ ਸਿੰਘ ਤੇ ਸਤਪਾਲ ਸ਼ਰਮਾ ਆਦਿ ਨੇ ਸ਼ਮੂਲੀਅਤ ਕੀਤੀ।

## ਖੋਟੇ ਵਿਖੇ ਸਨਮਾਨ ਸਮਾਗਮ



**ਬੱਧਨੀ ਕਲਾਂ (ਨਛੱਤਰ ਸੰਧੂ)**-ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡ ਖੋਟੇ ਵਿਖੇ ਸਾਡੇ ਵਡੇਰੇ ਵੀਰ ਜਸਵਿੰਦਰ ਸਿੰਘ ਨੂੰ ਐੱਸ. ਸੀ. ਵਿੰਗ ਦੇ ਪ੍ਰਧਾਨ ਨਿਯੁਕਤ ਹੋਣ ਉਪਰੰਤ ਸਨਮਾਨਤ ਕਰਕੇ ਤਖ਼ਤਪੋਸ਼ੀ ਕੀਤੀ ਗਈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ, ਹਲਕਾ ਇੰਚਾਰਜ ਰਾਜਵਿੰਦਰ ਸਿੰਘ, ਯੂਥ ਪ੍ਰਧਾਨ ਜਸਦੀਪ ਸਿੰਘ ਗਿੱਲ ਡਾਲਾ, ਐੱਸ. ਸੀ. ਵਿੰਗ ਦੇ ਪ੍ਰਧਾਨ ਜਸਵਿੰਦਰ ਸਿੰਘ ਖੋਟੇ, ਐੱਮ. ਸੀ. ਨਿਰਮਲ ਸਿੰਘ ਮੋਗਾ, ਕੋਰ ਕਮੇਟੀ ਮੈਂਬਰ ਸੁਰਜੀਤ ਸਿੰਘ ਰਣਸੀਂਹ, ਸਰਪੰਚ ਹਰਜਿੰਦਰ ਸਿੰਘ ਖੋਟੇ, ਸਾਬਕਾ ਸਰਪੰਚ ਬਲਦੇਵ ਸਿੰਘ ਖੋਟੇ, ਪ੍ਰਧਾਨ ਪੂਰਨ ਸਿੰਘ ਪੱਤੋ, ਸੰਮਤੀ ਮੈਂਬਰ ਦਰਸ਼ਨ ਸਿੰਘ ਖੋਟੇ, ਸੁਖਪਾਲ ਸਿੰਘ ਘੋਲੀਆ, ਮੋਹਨ ਲਾਲ ਰੌਂਤਾ, ਪਰਮਿੰਦਰ ਸਿੰਘ ਖੋਟੇ, ਗੁਰਮੇਲ ਸਿੰਘ ਖੋਟੇ, ਸਾਬਕਾ ਪੰਚ ਗੁਰਵਿੰਦਰ ਸਿੰਘ ਪੱਤੋ, ਬਲਜਿੰਦਰ ਸਿੰਘ ਪੱਤੋ, ਕੇਵਲ ਸਿੰਘ ਖੋਟੇ, ਭਗਵਾਨ ਸਿੰਘ, ਸੁਖਚੈਨ ਸਿੰਘ ਮਾੜੀ ਮੁਸਤਫਾ, ਸੁਖਰਾਜ ਸਿੰਘ, ਕੁਲਦੀਪ ਸਿੰਘ ਪੱਪੀ, ਕਮਿੱਤਰ ਸਿੰਘ, ਗੁਰਦਿਆਲ ਸਿੰਘ, ਪ੍ਰਭਜੋਤ ਸਿੰਘ ਰਣਸੀਂਹ ਆਦਿ ਸ਼ਾਮਲ ਸਨ। ਉਨ੍ਹਾਂ ਇਸ ਮੌਕੇ ਜਸਵਿੰਦਰ ਸਿੰਘ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਆਸ ਪ੍ਰਗਟ ਕੀਤੀ ਕਿ ਉਹ ਪਾਰਟੀ ਦੀ ਮਜ਼ਬੂਤੀ ਤੇ ਸਮਾਜ ਦੀ ਭਲਾਈ ਲਈ ਪੂਰੀ ਤਨਦੇਹੀ ਨਾਲ ਸੇਵਾਵਾਂ ਨਿਭਾਉਣਗੇ।

## ਲਾਇਨਜ਼ ਕਲੱਬ ਮੋਗਾ ਰਾਇਲ ਵੱਲੋਂ ਵਿਸ਼ਾਲ ਖ਼ੂਨਦਾਨ ਕੈਂਪ

**■ 81 ਖ਼ੂਨਦਾਨੀਆਂ ਨੇ ਕੈਂਪ 'ਚ ਸਵੈ-ਇੱਛਾ ਨਾਲ ਸੇਵਾ ਕੀਤੀ**



**ਮੋਗਾ (ਇਕਬਾਲ ਸਿੰਘ ਖਹਿਰਾ)**

ਵਿਸ਼ਵ ਖ਼ੂਨਦਾਨ ਦਿਵਸ ਦੇ ਸ਼ੁਭ ਮੌਕੇ 'ਤੇ ਲਾਇਨਜ਼ ਕਲੱਬ ਮੋਗਾ ਰਾਇਲ ਵੱਲੋਂ 'ਖ਼ੂਨ ਦਾਨ ਇੱਕ ਮਹਾਨ ਦਾਨ ਹੈ' ਦੇ ਸੰਦੇਸ਼ ਨੂੰ ਫੈਲਾਉਣ ਲਈ ਮਿੱਤਲ ਹਸਪਤਾਲ ਦੁਸਹਿਰਾ ਗਰਾਊਂਡ ਮੋਗਾ ਵਿਖੇ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਲਾਇਆ ਗਿਆ।ਇਹ ਕੈਂਪ ਡਾ. ਸੰਜੀਵ ਮਿੱਤਲ ਦੇ ਵਿਸ਼ੇਸ਼ ਸਹਿਯੋਗ ਨਾਲ ਸਫਲਤਾਪੂਰਵਕ ਕੀਤਾ ਗਿਆ ਅਤੇ ਸ਼ਹਿਰ ਦੇ ਨੌਜਵਾਨਾਂ, ਸਮਾਜ ਸੇਵਕਾਂ ਤੇ ਵੱਖ-ਵੱਖ ਸਮਾਜਿਕ ਤੇ ਧਾਰਮਿਕ ਸੰਗਠਨਾਂ ਨੇ ਉਤਸ਼ਾਹ ਨਾਲ ਸ਼ਿਰਕਤ ਕੀਤੀ।

ਕਲੱਬ ਦੇ ਪ੍ਰਧਾਨ ਨਵੀਨ ਸਿੰਗਲਾ ਤੇ ਸਕੱਤਰ ਰਾਜੇਸ਼ ਵਰਮਾ ਨੇ ਦੱਸਿਆ ਕਿ ਕੁੱਲ 81 ਖ਼ੂਨਦਾਨੀਆਂ ਨੇ ਕੈਂਪ ਵਿੱਚ ਸਵੈ-ਇੱਛਾ ਨਾਲ ਸੇਵਾ ਕੀਤੀ, ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਫੈਲਾਇਆ। ਉਨ੍ਹਾਂ ਕਿਹਾ ਕਿ ਖ਼ੂਨ ਦਾਨ ਸਭ ਤੋਂ ਵੱਡਾ ਦਾਨ ਹੈ, ਕਿਉਂਕਿ ਇਹ ਕਿਸੇ ਲੋੜਵੰਦ ਵਿਅਕਤੀ ਦੀ ਜਾਨ ਬਚਾ ਸਕਦਾ ਹੈ।ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਮੁੱਖ ਮਹਿਮਾਨ ਸਨ ਤੇ ਮੇਅਰ ਵਿਨੈਪਾਲ ਕੌਰ ਇਸ ਮੌਕੇ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਖ਼ੂਨਦਾਨੀਆਂ ਦਾ ਸਨਮਾਨ ਕਰਦੇ ਹੋਏ ਉਨ੍ਹਾਂ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਸਮਾਜ ਸੇਵਾ ਹੈ ਤੇ ਨੌਜਵਾਨਾਂ ਨੂੰ ਨਿਯਮਿਤ ਤੌਰ 'ਤੇ ਖ਼ੂਨ ਦਾਨ ਕਰਨ ਲਈ ਉਤਸ਼ਾਹਤ ਕਰਨਾ ਚਾਹੀਦਾ ਹੈ।ਰਾਜੀਵ ਗੁਲਾਟੀ, ਰਾਕੇਸ਼ ਗਰਗ, ਵਿਕਾਸ ਬਾਂਸਲ, ਵਿਨੀਤ ਬਾਂਸਲ, ਸੰਜੀਵ ਸਿੰਗਲਾ, ਬੌਬੀ ਕੰਬੋਜ ਤੇ ਲਾਇਨਜ਼ ਕਲੱਬ ਮੋਗਾ ਰਾਇਲ ਦੀ ਪੂਰੀ ਟੀਮ ਨੇ ਕੈਂਪ ਨੂੰ ਸਫਲ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ।

ਇਸ ਮੌਕੇ ਸ਼ਹਿਰ ਦੀਆਂ ਕਈ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਨੇ ਵੀ ਆਪਣੀ ਭਾਗੀਦਾਰੀ ਦਰਜ ਕਰਵਾਈ, ਜਿਨ੍ਹਾਂ ਵਿੱਚ ਓਲਡ ਇਜ਼ ਗੋਲਡ ਕਲੱਬ, ਸਾਲਾਸਰ ਧਾਮ ਟੀਮ, ਸੁਸ਼ੀਲ ਮਿੱਡਾ ਤੇ ਉਨ੍ਹਾਂ ਦੀ ਟੀਮ, ਸੁਮਿਤ ਪੁਜਾਨਾ ਤੇ ਰਾਈਸ ਬ੍ਰਾਨ ਡੀਲਰਜ਼ ਐਸੋਸੀਏਸ਼ਨ, ਅਰੋੜਾ ਮਹਾਸਭਾ, ਵਾਲਮੀਕਿ ਸਭਾ, ਅਸ਼ੋਕ ਸਫਾਰੀ ਤੇ ਉਨ੍ਹਾਂ ਦੀ ਟੀਮ, ਸੱਤੀ ਚਾਵਲਾ, ਹੁਕਮ ਚੰਦ ਅਗਰਵਾਲ, ਰਾਕੇਸ਼ ਸਿਤਾਰਾ, ਸੁਜਰਾਜ ਧੰਮੂ, ਮਨਜੀਤ ਧੰਮੂ ਤੇ ਪ੍ਰੀਤ ਧੰਮੂ ਸ਼ਾਮਲ ਹਨ।ਅੰਤ ਵਿੱਚ ਕਲੱਬ ਦੇ ਪ੍ਰਧਾਨ ਨਵੀਨ ਸਿੰਗਲਾ ਨੇ ਸਾਰੇ ਖ਼ੂਨਦਾਨੀਆਂ, ਮਹਿਮਾਨਾਂ, ਸਾਥੀ ਸੰਗਠਨਾਂ ਤੇ ਟੀਮ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਲਾਇਨਜ਼ ਕਲੱਬ ਮੋਗਾ ਰਾਇਲ ਭਵਿੱਖ ਵਿੱਚ ਵੀ ਅਜਿਹੀ ਸਮਾਜ ਸੇਵਾ ਕਰਦਾ ਰਹੇਗਾ।

## ਆਰ ਨੇਤ ਨੇ ਬਰੇਟਾ 'ਚ ਕੀਤੀ ਨਵੇਂ ਗੀਤ ਦੀ ਸ਼ੂਟਿੰਗ



**ਬਰੇਟਾ (ਰੀਤਵਾਲ)**-ਉੱਘੇ ਪੰਜਾਬੀ ਗਾਇਕ ਆਰ ਨੇਤ ਨੇ ਸੋਮਵਾਰ ਬਰੇਟਾ ਮੰਡੀ ਵਿੱਚ ਆਪਣੇ ਨਵੇਂ ਗਾਣੇ ਦੀ ਸ਼ੂਟਿੰਗ ਕੀਤੀ।ਆਰ ਨੇਤ ਦੇ ਨਵੇਂ ਗਾਣੇ ਦੀ ਸ਼ੂਟਿੰਗ ਦੀ ਗੱਲ ਪਤਾ ਲੱਗਦਿਆਂ ਹੀ ਉਸ ਦੇ ਪ੍ਰਸੰਸਕਾਂ ਦਾ ਇਕੱਠ ਹੋਣਾ ਸ਼ੁਰੂ ਹੋ ਗਿਆ।ਇਹ ਸ਼ੂਟਿੰਗ ਬਰੇਟਾ ਮੰਡੀ ਵਿੱਚ ਅਤੇ ਆਲੇ ਦੁਆਲੇ ਦੀਆਂ ਥਾਵਾਂ ਉੱਤੇ ਕੀਤੀ ਗਈ।ਗਾਇਕ ਆਰ ਨੇਤ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਆਪਣੇ ਇਸ ਏਰੀਏ ਦਾ ਨਾਮ ਬੁਲੰਦੀਆਂ ਉੱਪਰ ਪਹੁੰਚਾਉਣਗੇ। ਗਾਇਕ ਆਰ ਨੇਤ ਨੇ ਸਥਾਨਕ ਲੋਕਾਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਸ਼ੂਟਿੰਗ ਵਿੱਚ ਸਹਿਯੋਗ ਦਿੱਤਾ।

## ਮਲੂਕਾ ਵਾਸੀਆਂ ਲਈ ਮੁੱਖ ਸੜਕ ਬਣੀ ਜਾਨ ਦਾ ਖੌਅ



**ਬਠਿੰਡਾ (ਰਾਜੀਵ ਗੋਇਲ)**-ਸਾਬਕਾ ਵਜ਼ੀਰ ਸਿਕੰਦਰ ਸਿੰਘ ਮਲੂਕਾ ਦੇ ਪਿੰਡ ਅੰਦਰ ਬਹੁਤ ਹੀ ਧੀਮੀ ਚਾਲ ਨਾਲ ਬਣ ਰਹੀ ਮੁੱਖ ਸੜਕ ਪਿੰਡ ਵਾਸੀਆਂ ਤੇ ਰਾਹਗੀਰਾਂ ਲਈ ਜਾਨ ਦਾ ਖੌਅ ਬਣੀ ਹੋਈ ਹੈ। ਪਿੰਡ ਵਿੱਚੋਂ ਬਠਿੰਡਾ ਜਾਣ ਲਈ ਲੰਘਦੀ ਮੁੱਖ ਸੜਕ 'ਤੇ ਮਿੱਟੀ ਖਿਲਾਰੀ ਹੋਣ ਕਾਰਨ ਹਰ ਵੇਲੇ ਚਿੱਕੜ ਬਣਿਆ ਰਹਿੰਦਾ ਹੈ, ਜਿਸ ਕਾਰਨ ਭਾਵੇਂ ਹੀ ਚਾਰ ਪਹੀਆ ਵਹੀਕਲ ਵਾਲੇ ਤਾਂ ਲੰਘ ਜਾਂਦੇ ਹਨ ਪਰ ਦੋ ਪਹੀਆ ਵਹੀਕਲਾਂ ਅਤੇ ਪੈਦਲ ਜਾਣ ਵਾਲਿਆਂ ਲਈ ਇਹ ਰਸਤਾ ਜਾਨ ਦਾ ਖੌਅ ਹੀ ਬਣ ਕੇ ਰਹਿ ਗਿਆ ਹੈ, ਇੱਥੋਂ ਤੱਕ ਕਿ ਇਸ ਸੜਕ 'ਤੇ ਦੋ ਮੁੱਖ ਸਕੂਲ ਪੈਂਦੇ ਹਨ, ਜਿਸ ਕਾਰਨ ਬੱਚਿਆਂ ਲਈ ਸਕੂਲ ਜਾਣਾ ਵੀ ਬੜਾ ਔਖਾ ਹੋ ਚੁੱਕਾ ਹੈ। ਕਈ ਵਾਰ ਤਾਂ ਘਰੋਂ ਤਿਆਰ ਹੋ ਕੇ ਸਕੂਲ ਜਾਣ ਵਾਲੇ ਬੱਚਿਆਂ ਦੇ ਕੋਲੋਂ ਲੰਘਣ ਵਾਲੇ ਵਹੀਕਲਾਂ ਕਾਰਨ ਕੱਪੜੇ ਵੀ ਖਰਾਬ ਹੋ ਜਾਂਦੇ ਹਨ। ਗੱਲਬਾਤ ਕਰਦਿਆਂ ਨੌਜਵਾਨ ਆਗੂ ਭੀਮਾ ਸਿੰਘ ਤੇ ਕਾਮਰੇਡ ਜੋਗਿੰਦਰ ਸਿੰਘ ਨੇ ਕਿਹਾ ਕਿ ਪਹਿਲਾਂ ਤਾਂ ਸੱਤਾਧਾਰੀ ਧਿਰ ਵੱਲੋਂ ਸਰਕਾਰ ਦਾ ਸਮਾਂ ਲਗਪਗ ਬੀਤ ਜਾਣ 'ਤੇ ਹੀ ਇਸ ਸੜਕ ਦੀ ਸਾਰ ਲਈ ਗਈ ਹੈ, ਪਰ ਜੇਕਰ ਹੁਣ ਇਸ ਸੜਕ ਦੀ ਸਾਰ ਲਈ ਵੀ ਹੈ ਤਾਂ ਕੰਮ ਦੀ ਚਾਲ ਇੰਨੀ ਮੱਠੀ ਹੈ ਕਿ ਇਉਂ ਜਾਪਦਾ ਹੈ ਜਿਵੇਂ ਇਸ ਸੜਕ ਨੂੰ ਮੁਕੰਮਲ ਤਾਂ ਹੁਣ ਵਿਧਾਨ ਸਭਾ ਚੋਣਾਂ ਤੋਂ ਬਾਅਦ ਹੀ ਕੀਤਾ ਜਾਵੇਗਾ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਸੜਕ ਨੂੰ ਜਲਦ ਤੋਂ ਜਲਦ ਮੁਕੰਮਲ ਕਰਵਾਇਆ ਜਾਵੇ।

## ਰੁੜਕੀ ਤੋਂ ਤੀਰਥ ਯਾਤਰਾ ਸਕੀਮ ਤਹਿਤ ਬੱਸ ਰਵਾਨਾ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਹਲਕਾ ਫਤਿਹਗੜ੍ਹ ਸਾਹਿਬ ਦੇ ਪਿੰਡ ਰੁੜਕੀ ਤੋਂ ਬੱਸ ਰਵਾਨਾ ਹੋਈ।ਇਸ ਬੱਸ ਨੂੰ ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸੂਬੇ ਦੇ ਬਜ਼ੁਰਗਾਂ ਲਈ ਸਰਵਣ ਪੁੱਤ ਬਣ ਕੇ ਆਏ ਹਨ।ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਰੋਜ਼ਾਨਾ ਹੀ ਸੂਬੇ ਭਰ ਤੋਂ ਬਜ਼ੁਰਗ ਤੀਰਥ ਯਾਤਰਾ ਲਈ ਜਾ ਰਹੇ ਹਨ।ਇਸੇ ਲੜੀ ਤਹਿਤ ਪਿੰਡ ਰੁੜਕੀ ਤੋਂ ਤੀਰਥ ਯਾਤਰਾ ਲਈ ਬੱਸ ਰਵਾਨਾ ਕੀਤੀ ਗਈ ਹੈ, ਜੋ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ, ਵਾਲਮੀਕੀ ਤੀਰਥ ਤੇ ਵਾਹਗਾ ਬਾਰਡਰ ਹੁੰਦੀ ਹੋਈ ਤੀਸਰੇ ਦਿਨ ਵਾਪਸੀ ਕਰੇਗੀ।ਇਸ ਯਾਤਰਾ ਦੌਰਾਨ ਬਜ਼ੁਰਗਾਂ ਦੇ ਰਹਿਣ ਤੇ ਖਾਣ-ਪੀਣ ਦਾ ਪੂਰਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ। ਇਸ ਮੌਕੇ ਸਰਪੰਚ ਹਰਸ਼ਦੀਪ ਸ਼ਰਮਾ ਨੇ ਵਿਧਾਇਕ ਲਖਬੀਰ ਸਿੰਘ ਰਾਏ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਬਦੌਲਤ ਹਲਕੇ ਦੇ ਵੱਖ-ਵੱਖ ਪਿੰਡਾਂ 'ਚੋਂ ਸੰਗਤਾਂ ਨੂੰ ਤੀਰਥ ਯਾਤਰਾ 'ਤੇ ਜਾਣ ਦਾ ਮੌਕਾ ਮਿਲ ਰਿਹਾ ਹੈ।ਸਰਕਾਰ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾ ਯੋਗ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਿੰਡ ਦੇ ਸਰਪੰਚ ਹਰਸ਼ਦੀਪ ਸ਼ਰਮਾ, ਹਰਵਿੰਦਰ ਪਾਲ, ਸਵਰਨ ਕੌਰ, ਧਰਮਪਾਲ ਕੌਰ, ਮਨਪ੍ਰੀਤ ਸਿੰਘ, ਪਰਮਜੀਤ ਕੌਰ (ਸਾਰੇ ਪੰਚ), ਜਗਦੀਪ ਸਿੰਘ, ਧਰਮਪਾਲ ਬਾਵਾ, ਰੂਪ ਬਾਵਾ, ਸਰਬਜੀਤ ਸਿੰਘ, ਦਵਿੰਦਰ ਗੋਗੀ ਆਦਿ ਹਾਜ਼ਰ ਸਨ।

## ਡਿੰਪੀ ਢਿੱਲੋਂ ਵੱਲੋਂ ਸੀ ਐੱਚ ਸੀ ਸੈਂਟਰ ਦੋਦਾ ਵਿਖੇ ਅਪ੍ਰੇਸ਼ਨ ਥੀਏਟਰ ਦੀ ਸ਼ੁਰੂਆਤ



**ਗਿੱਦੜਬਾਹਾ (ਜਸਵੰਤ ਸਿੰਘ ਗਿੱਲ)**

ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਸੀਐੱਚਸੀ ਦੋਦਾ ਵਿਖੇ ਲੰਬੇ ਸਮੇਂ ਤੋਂ ਬੰਦ ਪਏ ਆਪ੍ਰੇਸ਼ਨ ਥੀਏਟਰ ਦੀ ਰੀਬਨ ਕੱਟ ਕੇ ਰਸਮੀ ਸ਼ੁਰੂਆਤ ਕੀਤੀ।ਇਸ ਮੌਕੇ ਉਨ੍ਹਾਂ ਨਾਲ ਸੰਤ ਸਿੰਘ ਬਰਾੜ, ਦੋਦਾ ਜੇਲ ਦੇ ਇੰਚਾਰਜ ਸੰਦੀਪ ਸਿੰਘ ਸਨੀ ਢਿੱਲੋਂ, ਡਾ. ਸੁਨੀਲ ਬਾਂਸਲ ਸਿਵਲ ਸਰਜਨ, ਡਾ. ਮਿਰਨਾਲ ਬਾਂਸਲ ਸੀਨੀਅਰ ਮੈਡੀਕਲ ਅਫ਼ਸਰ, ਡਾ. ਸਿਮਰਨਪ੍ਰੀਤ ਸਿੰਘ ਸਰਜਨ, ਡਾ. ਪੰਕਜ ਕੁਮਾਰ, ਡਾ. ਹਰਪ੍ਰੀਤ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸ਼ਮਿੰਦਰ ਸਿੰਘ ਕੋਟਲੀ, ਬਲਾਕ ਸੰਮਤੀ ਦੇ ਚੇਅਰਮੈਨ ਅਮਰੀਕ ਸਿੰਘ, ਸਵਰਨ ਕੌਰ ਸਰਪੰਚ ਦੋਦਾ, ਚਰਨਜੀਤ ਸਿੰਘ ਲੁਹਾਰਾ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਵਿਧਾਇਕ ਡਿੰਪੀ ਢਿੱਲੋਂ ਨੇ ਦੱਸਿਆ ਕਿ ਸੀ ਐੱਚ ਸੀ ਸੈਂਟਰ ਦੋਦਾ ਵਿਖੇ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਅਤੇ ਲੋਕਾਂ ਦੀ ਮੰਗ ਨੂੰ ਪੂਰਾ ਕਰਦੇ ਹੋਏ ਲੰਮੇ ਸਮੇਂ ਤੋਂ ਬੰਦ ਪਏ ਆਪ੍ਰੇਸ਼ਨ ਥੀਏਟਰ ਦੀ ਦੁਬਾਰਾ ਸ਼ੁਰੂਆਤ ਕੀਤੀ ਹੈ, ਕਿਉਂਕਿ ਏਮਜ ਤੋਂ ਆਏ ਆਪ੍ਰੇਸ਼ਨਾਂ ਦੇ ਮਾਹਰ ਡਾ. ਸਿਮਰਨਪ੍ਰੀਤ ਸਿੰਘ ਸਰਜਨ ਦੋਦਾ ਵਿਖੇ ਹੀ ਮਰੀਜ਼ਾਂ ਦੇ ਆਪ੍ਰੇਸ਼ਨ ਕਰਿਆ ਕਰਨਗੇ।ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਸਾਰੇ ਵਾਅਦੇ ਪੂਰੇ ਕੀਤੇ ਹਨ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਿਹਤ ਸਹੂਲਤਾਂ ਤੇ ਐਜੂਕੇਸ਼ਨ ਸਬੰਧੀ ਅਹਿਮ ਫੈਸਲੇ ਕੀਤੇ ਹਨ।ਇਸ ਮੌਕੇ ਸਿਵਲ ਸਰਜਨ ਡਾਕਟਰ ਸੁਨੀਲ ਬਾਂਸਲ ਨੇ ਦੱਸਿਆ ਕਿ ਸੀ ਐੱਚ ਸੀ ਦੋਦਾ ਪਹਿਲਾਂ ਸੀ ਗ੍ਰੇਡ ਵਿੱਚ ਸੀ, ਜੋ ਹੁਣ ਏ ਗ੍ਰੇਡ ਵਿੱਚ ਸ਼ਾਮਲ ਹੋ ਗਿਆ ਹੈ। ਉਨ੍ਹਾਂ ਲੋਕਾਂ ਨੂੰ ਸਿਹਤ ਸਹੂਲਤਾਂ ਲਈ ਆਉਣ ਵਾਲੀਆਂ ਮੁਸ਼ਕਲਾਂ ਤੋਂ ਵੀ ਐੱਮ ਐੱਲ ਏ ਡਿੰਪੀ ਢਿੱਲੋਂ ਨੂੰ ਜਾਣੂ ਕਰਵਾਇਆ ਤੇ ਉਨ੍ਹਾਂ ਭਰੋਸਾ ਦਿੱਤਾ ਕਿ ਲੋਕਾਂ ਨੂੰ ਸਿਹਤ ਸੇਵਾਵਾਂ ਦੇਣ ਲਈ ਜੋ ਵੀ ਕਮੀਆਂ ਹਨ, ਉਨ੍ਹਾਂ ਨੂੰ ਜਲਦੀ ਦੂਰ ਕੀਤਾ ਜਾਵੇਗਾ।

ਇਸ ਮੌਕੇ ਡਾ. ਮਿਰਨਾਲ ਬਾਂਸਲ ਐੱਸ ਐੱਮ ਓ ਦੋਦਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਸੁਖਵਿੰਦਰ ਸਿੰਘ ਦੋਦਾ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ, ਕੁਲਵਿੰਦਰ ਸਿੰਘ ਸੀਨੀਅਰ ਸਹਾਇਕ, ਗਗਨਦੀਪ ਸਿੰਘ, ਜਗਮੀਤ ਸਿੰਘ, ਕਿਰਨ ਬਾਲਾ ਨਰਸ, ਪ੍ਰਧਾਨ ਗੁਰਪ੍ਰੀਤ ਸਿੰਘ, ਜਗਮੀਤ, ਟਫੀ ਬਰਾੜ, ਬਲਵਿੰਦਰ ਸਿੰਘ ਸਚਦੇਵਾ, ਗੁਰਮੇਲ ਸਿੰਘ ਸਰਪੰਚ ਸੂਰੇਵਾਲਾ, ਮਨਜਿੰਦਰ ਸਿੰਘ, ਗੁਰਤੇਜ ਸਿੰਘ, ਭਿੰਦਰ ਸਿੰਘ, ਸਰਦੂਲ ਸਿੰਘ ਮੈਂਬਰ, ਰੇਸ਼ਮ ਸਿੰਘ ਮੈਂਬਰ, ਸੁਖਦੇਵ ਸਿੰਘ ਮੈਂਬਰ, ਕਾਕਾ ਬਰਾੜ, ਹਰਜਿੰਦਰ ਸਿੰਘ, ਗੌਰਵ ਕੁਮਾਰ ਮਨੀਲਾ, ਦੀਪਕ ਕੁਮਾਰ ਤੇ ਸਿਹਤ ਵਿਭਾਗ ਦੇ ਸਟਾਫ ਮੈਂਬਰ ਹਾਜ਼ਰ ਸਨ।

## ਧੂਰੀ ਵਿਕਾਸ ਮੰਚ ਵੱਲੋਂ ਨਵ-ਨਿਯੁਕਤ ਕੌਂਸਲਰ ਸੰਦੀਪ ਬਾਂਸਲ ਦਾ ਸਨਮਾਨ

### ਸ਼ਹਿਰ ਦੇ ਵਿਕਾਸ ਲਈ ਮਿਲ ਕੇ ਹੰਭਲਾ ਮਾਰਨ ਦਾ ਪ੍ਰਣ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸਥਾਨਕ ਸ਼ਹਿਰ ਦੇ ਵਿਕਾਸ ਤੇ ਮੰਗਾਂ ਦੇ ਹੱਲ ਲਈ ਤੱਤਪਰ ਧੂਰੀ ਵਿਕਾਸ ਮੰਚ (ਰਜਿ:) ਧੂਰੀ ਵੱਲੋਂ ਸਮਾਗਮ ਦੌਰਾਨ ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਸੰਦੀਪ ਬਾਂਸਲ ਦਾ ਨਿੱਘਾ ਸਨਮਾਨ ਕੀਤਾ ਗਿਆ।ਜ਼ਿਕਰਯੋਗ ਹੈ ਕਿ ਸੰਦੀਪ ਬਾਂਸਲ ਹਾਲ ਹੀ ਵਿੱਚ ਹੋਈਆਂ ਸਥਾਨਕ ਚੋਣਾਂ ਦੌਰਾਨ ਸ਼ਹਿਰ ਦੇ ਵਾਰਡ ਨੰਬਰ 14 ਤੋਂ ਸ਼ਾਨਦਾਰ ਜਿੱਤ ਹਾਸਲ ਕਰਕੇ ਕੌਂਸਲਰ ਚੁਣੇ ਗਏ ਹਨ।ਉਨ੍ਹਾਂ ਦੀ ਇਸ ਜਿੱਤ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਮੰਚ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਉਨ੍ਹਾਂ ਨੂੰ ਗੁਲਦਸਤੇ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਮੁਬਾਰਕਬਾਦ ਦਿੱਤੀ ਗਈ।ਇਸ ਮੌਕੇ ਹਾਜ਼ਰ ਅਹੁਦੇਦਾਰਾਂ ਨੂੰ ਸੰਬੋਧਨ ਕਰਦਿਆਂ ਮੰਚ ਦੇ ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਪ੍ਰਧਾਨ ਅਮਨ ਗਰਗ ਤੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਕਿਹਾ ਕਿ ਸੰਦੀਪ ਬਾਂਸਲ ਦਾ ਕੌਂਸਲਰ ਬਣਨਾ ਪੂਰੇ ਧੂਰੀ ਸ਼ਹਿਰ ਤੇ ਖਾਸ ਕਰਕੇ ਮੰਚ ਲਈ ਬੇਹੱਦ ਮਾਣ ਵਾਲੀ ਗੱਲ ਹੈ।ਉਨ੍ਹਾਂ ਉਮੀਦ ਜਤਾਈ ਕਿ ਜਿਸ ਤਰ੍ਹਾਂ ਬਾਂਸਲ ਨੇ ਹਮੇਸ਼ਾ ਇੱਕ ਸਮਾਜ ਸੇਵਕ ਵਜੋਂ ਲੋਕਾਂ ਦੇ ਦੁੱਖ-ਸੁੱਖ ਵਿੱਚ ਸਾਥ ਦਿੱਤਾ ਹੈ, ਹੁਣ ਉਹ ਇੱਕ ਲੋਕ ਪ੍ਰਤੀਨਿਧ ਵਜੋਂ ਵਾਰਡ ਨੰਬਰ 14 ਤੇ ਪੂਰੇ ਧੂਰੀ ਸ਼ਹਿਰ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਹੱਲ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।ਮੰਚ ਦੇ ਆਗੂਆਂ ਨੇ ਵਿਸ਼ਵਾਸ ਦਿਵਾਇਆ ਕਿ ਸ਼ਹਿਰ ਦੇ ਸੁੰਦਰੀਕਰਨ, ਸਫ਼ਾਈ ਵਿਵਸਥਾ ਤੇ ਹੋਰ ਵਿਕਾਸ ਕਾਰਜਾਂ ਲਈ ਸੰਸਥਾ ਹਮੇਸ਼ਾ ਨਗਰ ਕੌਂਸਲ ਨੂੰ ਪੂਰਨ ਸਹਿਯੋਗ ਦਿੰਦੀ ਰਹੇਗੀ।ਸਨਮਾਨ ਤੋਂ ਬਾਅਦ ਨਵ-ਨਿਯੁਕਤ ਕੌਂਸਲਰ ਸੰਦੀਪ ਬਾਂਸਲ ਨੇ ਧੂਰੀ ਵਿਕਾਸ ਮੰਚ ਦੇ ਸਮੂਹ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਵਾਰਡ ਦੇ ਵੋਟਰਾਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਦੀ ਝੋਲੀ ਵਿੱਚ ਪਾਈ ਹੈ, ਉਹ ਉਸ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।ਇਸ ਸਨਮਾਨ ਸਮਾਗਮ ਦੌਰਾਨ ਮੰਚ ਦੇ ਵਿੱਤ ਸਕੱਤਰ ਸੁਰਿੰਦਰਪਾਲ ਸਿੰਘ ਨੀਟਾ, ਜੁਆਇੰਟ ਖਜ਼ਾਨਚੀ ਮੋਹਿਤ ਜਿੰਦਲ, ਅਮਨ ਗਰਗ (ਮੈਂਬਰ) ਤੇ ਰਾਕੇਸ਼ ਕੁਮਾਰ ਚੀਨੂੰ ਸਮੇਤ ਇਲਾਕੇ ਦੀਆਂ ਕਈ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ, ਜਿਨ੍ਹਾਂ ਸਨਮਾਨਤ ਸ਼ਖ਼ਸੀਅਤ ਨੂੰ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਲੱਖ ਦਾਤਾ ਪੀਰ ਦਾ ਸਾਲਾਨਾ ਸ਼ੁੱਭ ਦੀਵਾਨ ਤੇ ਭੰਡਾਰਾ 18 ਨੂੰ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਜੈ ਲੱਖ ਦਾਤਾ ਪੀਰ ਦਾ 46ਵਾਂ ਸਾਲਾਨਾ ਸ਼ੁੱਭ ਦੀਵਾਨ ਤੇ ਭੰਡਾਰਾ ਅੱਗਰਵਾਲ ਪੀਰਖਾਨਾ ਸੋਸਾਇਟੀ ਰਾਮਪੁਰਾ ਫੂਲ ਵੱਲੋਂ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ 18 ਜੂਨ ਵੀਰਵਾਰ ਨੂੰ ਗਾਂਧੀ ਨਗਰ ਨੇੜੇ ਪੁਰਾਣੀ ਸਬਜ਼ੀ ਵੱਡਾ ਪੀਰਖਾਨਾ (ਕ੍ਰਿਸ਼ਨ ਬਾਬਾ ਭੁੰਦੜ ਵਾਲਾ) ਰਾਮਪੁਰਾ ਫੂਲ ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ।ਇਸ ਦੀ ਜਾਣਕਾਰੀ ਦਿੰਦਿਆ ਮੁੱਖ ਸੇਵਾਦਾਰ ਜਗਦੀਸ਼ ਸਿੰਗਲਾ (ਬਬਲੀ ਬਾਬਾ) ਤੇ ਰਕੇਸ਼ ਮਿੱਤਲ (ਕੇਸ਼ੀ ਬਾਬਾ) ਨੇ ਦੱਸਿਆ ਕਿ ਬਾਬਾ ਜੀ ਦਾ ਸ਼ੁੱਭ ਦੀਵਾਨ ਸ਼ਾਮ 2:30 ਨੂੰ ਸ਼ੁਰੂ ਹੋਵੇਗਾ ਤੇ ਭੰਡਾਰਾ ਸ਼ਾਮ 6 ਵਜੇ ਤੋਂ ਦੇਰ ਰਾਤ ਤੱਕ ਚਲੇਗਾ।ਉਨ੍ਹਾਂ ਦੱਸਿਆ ਕਿ ਸਾਜੀ ਮਨਜੀਤ ਐਂਡ ਪਾਰਟੀ ਤੇ ਸ਼ੇਖ ਬਾਬਾ ਸੁਰਾਜਦੀਨ ਪੀਰਾਂ ਦੇ ਗੁਣ- ਗਾਣ ਕਰਨਗੇ।ਇਸ ਮੌਕੇ ਬਬਲੀ ਬਾਬਾ, ਬਾਬਾ ਮੱਖਣ ਲਾਲ ਅਬੋਹਰ, ਮਾਤਾ ਪ੍ਰੇਮਲਤਾ, ਬਾਬਾ ਸੁਭਾਸ਼, ਬਾਬਾ ਅਮਰ ਨਾਥ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।

## ਪੰਜਾਬੀ ਗਜ਼ਲ ਦੇ ਬਾਬਾ ਬੋਹੜ ਰਣਜੀਤ ਧੂਰੀ ਨਾਲ ਰੂਬਰੂ ਸਮਾਗਮ



**ਭਵਾਨੀਗੜ੍ਹ (ਰਾਜ ਖੁਰਮੀ)**-ਸਥਾਨਕ ਸਾਹਿਤ ਸਿਰਜਣਾ ਮੰਚ ਭਵਾਨੀਗੜ੍ਹ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੁੜੀਆਂ) ਭਵਾਨੀਗੜ੍ਹ ਵਿਖੇ ਪੰਜਾਬੀ ਗਜ਼ਲ ਦੇ ਬਾਬਾ ਬੋਹੜ ਮੰਨੇ ਜਾਂਦੇ ਉੱਘੇ ਗਜ਼ਲਗੋ ਰਣਜੀਤ ਸਿੰਘ ਧੂਰੀ ਨਾਲ ਇੱਕ ਪ੍ਰਭਾਵਸ਼ਾਲੀ ਰੂਬਰੂ ਸਮਾਗਮ ਕਰਵਾਇਆ ਗਿਆ।ਸਮਾਗਮ ਦੀ ਪ੍ਰਧਾਨਗੀ ਪ੍ਰਸਿੱਧ ਭਾਸ਼ਾ ਵਿਗਿਆਨੀ ਜੰਗ ਸਿੰਘ ਫੱਟੜ ਨੇ ਕੀਤੀ, ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਜੰਗੀਰ ਸਿੰਘ ਰਤਨ, ਮੂਲ ਚੰਦ ਸ਼ਰਮਾ, ਦਲਬਾਰ ਸਿੰਘ ਚੱਠੇ, ਗੁਰਮੀਤ ਸਿੰਘ ਕਾਲਾ ਝਾੜ ਤੇ ਉੱਘੇ ਗਲਪਕਾਰ ਅਨੋਖ ਸਿੰਘ ਵਿਰਕ ਹਾਜ਼ਰ ਰਹੇ।ਆਪਣੇ ਸੰਬੋਧਨ ਦੌਰਾਨ ਰਣਜੀਤ ਸਿੰਘ ਧੂਰੀ ਨੇ ਪੰਜਾਬੀ ਗਜ਼ਲ ਦੇ ਇਤਿਹਾਸ ਤੇ ਵਿਕਾਸ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਕਿਹਾ ਕਿ ਗਜ਼ਲ ਦੀ ਵਿਧਾ ਉਰਦੂ-ਫ਼ਾਰਸੀ ਸਾਹਿਤ ਵਿੱਚੋਂ ਪੰਜਾਬੀ ਵਿੱਚ ਆਈ ਹੈ ਤੇ ਇਸ ਨੂੰ ਲਿਖਣ ਤੋਂ ਪਹਿਲਾਂ ਇਸ ਦੇ ਨਿਯਮਾਂ, ਬਣਤਰ ਤੇ ਤਕਨੀਕੀ ਪੱਖਾਂ ਨੂੰ ਸਮਝਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਨੇ ਪਿੰਗਲ ਅਰੂਜ਼ ਦੇ ਮਹੱਤਵ ਬਾਰੇ ਚਾਨਣਾ ਪਾਇਆ ਤੇ ਨਵੇਂ ਲੇਖਕਾਂ ਨੂੰ ਕਵਿਤਾ ਸਕੂਲ ਧੂਰੀ ਨਾਲ ਜੁੜ ਕੇ ਸਾਹਿਤਕ ਸਿਖਲਾਈ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਸਮਾਗਮ ਪੰਜਵੇਂ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਤ ਕੀਤਾ ਗਿਆ।ਇਸ ਮੌਕੇ ਡਾ. ਪਵਨ ਸ਼ਰਮਾ, ਰਾਜੀਵ ਜਿੰਦਲ, ਮਨਜੀਤ ਸੰਧੂ, ਮੰਨਤ ਢੀਂਡਸਾ, ਲਕਸ਼ਤਾ ਸ਼ਰਮਾ, ਖੁਸ਼ਲੀਨ ਸ਼ਰਮਾ, ਦਿਵਾਂਸ਼ੀ ਸ਼ਰਮਾ, ਵੰਸ਼ਿਕਾ ਸ਼ਰਮਾ, ਗੋਪਾਲ ਕ੍ਰਿਸ਼ਨ ਸ਼ਰਮਾ, ਬਲਜੀਤ ਸਿੰਘ ਬਾਂਸਲ, ਚਰਨਜੀਤ ਪਟਵਾਰੀ, ਭੋਲਾ ਸਿੰਘ ਸੰਗਰਾਮੀ, ਹਰਵੀਰ ਬਾਗੀ, ਗੁਰਜੰਟ ਬੀਂਬੜ, ਕਰਨੈਲ ਬੀਂਬੜ, ਜਗਸੀਰ ਸਿੰਘ ਰਾਈਂ, ਰਾਜੂ ਨਾਹਰ ਸਿੰਘ, ਰਾਮ ਸ਼ਰਮਾ ਲੁਬਾਣੇਵਾਲਾ, ਸ਼ਸ਼ੀ ਬਾਲਾ, ਕਿਰਨਦੀਪ ਕੌਰ, ਸਰਬਜੀਤ ਸੰਗਰੂਰਵੀ, ਮੀਤ ਸਕਰੌਦੀ, ਸੁਰਜੀਤ ਸਿੰਘ, ਕਰਮ ਚੰਦ, ਰਾਮ ਸਿੰਘ, ਹਰਪਾਲ ਸਿੰਘ ਤੇ ਹਨੀ ਸੰਗਰਾਮੀ ਸਮੇਤ ਕਈ ਪ੍ਰਸਿੱਧ ਸ਼ਾਇਰਾਂ ਨੇ ਆਪਣੀਆਂ ਰਚਨਾਵਾਂ ਪੇਸ਼ ਕਰਕੇ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ।ਸਮਾਗਮ ਦੌਰਾਨ ਸਾਹਿਤ, ਭਾਸ਼ਾ ਤੇ ਸੱਭਿਆਚਾਰ ਨਾਲ ਜੁੜੇ ਵਿਸ਼ਿਆਂ 'ਤੇ ਖੁੱਲ੍ਹੀ ਚਰਚਾ ਵੀ ਹੋਈ, ਜਿਸ ਵਿੱਚ ਨੌਜਵਾਨ ਲੇਖਕਾਂ ਤੇ ਵਿਦਿਆਰਥੀਆਂ ਨੇ ਵੱਡੀ ਦਿਲਚਸਪੀ ਦਿਖਾਈ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਗੁਰਜੰਟ ਬੀਂਬੜ ਨੇ ਬਾਖੂਬੀ ਨਿਭਾਈ।ਅੰਤ ਵਿੱਚ ਸਾਹਿਤ ਸਿਰਜਣਾ ਮੰਚ ਦੇ ਪ੍ਰਧਾਨ ਕੁਲਵੰਤ ਖਨੌਰੀ ਨੇ ਸਮੂਹ ਮਹਿਮਾਨਾਂ, ਸਾਹਿਤਕਾਰਾਂ ਤੇ ਸਰੋਤਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਪੰਜਾਬੀ ਭਾਸ਼ਾ ਤੇ ਸਾਹਿਤ ਦੀਆਂ ਜੜ੍ਹਾਂ ਨੂੰ ਹੋਰ ਮਜ਼ਬੂਤ ਕਰਦੇ ਹਨ।

## ਪੰਜਾਬੀ ਸਾਹਿਤ ਸਭਾ ਵੱਲੋਂ ਅਮਰ ਗਰਗ ਦੀ ਪੁਸਤਕ 'ਸਲੋਚਨਾ' 'ਤੇ ਗੋਸ਼ਟੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬੀ ਸਾਹਿਤ ਸਭਾ (ਰਜਿ.) ਪਟਿਆਲਾ ਵੱਲੋਂ ਭਾਸ਼ਾ ਵਿਭਾਗ ਪੰਜਾਬ ਪਟਿਆਲਾ ਦੇ ਲੈਕਚਰ ਹਾਲ ਵਿਖੇ ਸਾਹਿਤਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪੰਜਾਬ, ਹਰਿਆਣਾ, ਰਾਜਸਥਾਨ ਤੇ ਚੰਡੀਗੜ੍ਹ ਦੇ ਲੇਖਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਸਮਾਗਮ ਦੇ ਆਰੰਭ ਵਿੱਚ ਸਭਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ 'ਆਸ਼ਟ' ਨੇ ਲੇਖਕਾਂ ਦਾ ਸੁਆਗਤ ਕਰਦਿਆਂ ਕਿਹਾ ਕਿ ਸਾਹਿਤ ਸਭਾ ਨੇੜ ਭਵਿੱਖ ਵਿੱਚ ਤਿੰਨੇ ਪੀੜ੍ਹੀਆਂ ਨੂੰ ਇਕ ਪਲੇਟਫਾਰਮ 'ਤੇ ਇਕੱਠਾ ਕਰਨ ਦੇ ਉਪਰਾਲੇ ਕਰ ਰਹੀ ਹੈ ਤਾਂ ਜੋ ਅਜੋਕੇ ਸੰਦਰਭ ਵਿੱਚ ਪੰਜਾਬੀ ਸਾਹਿਤ ਦੀਆਂ ਸੰਭਾਵਨਾਵਾਂ ਹੋਰ ਖੁੱਲ੍ਹ ਕੇ ਉਜਾਗਰ ਹੋ ਸਕਣ।ਸਮਾਗਮ ਦੀ ਪ੍ਰਧਾਨਗੀ ਕਰਦਿਆਂ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਖੇਡ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਕਿਹਾ ਕਿ ਮਾਂ ਬੋਲੀ, ਸਾਹਿਤ ਤੇ ਖੇਡ ਸੱਭਿਆਚਾਰ ਇਕ ਦੂਜੇ ਦੇ ਪੂਰਕ ਹਨ ਅਤੇ ਅਜਿਹੇ ਸਮਾਗਮਾਂ ਰਾਹੀਂ ਸਮਾਜ ਨੂੰ ਨਿੱਗਰ ਸੇਧ ਦਿੱਤੀ ਜਾ ਸਕਦੀ ਹੈ।ਅੰਮ੍ਰਿਤਾ ਪ੍ਰੀਤਮ ਦੀ ਸ਼ਾਇਰੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਆਪਣੀ ਵਿਸ਼ੇਸ਼ ਨਜ਼ਮ ਵੀ ਸਾਂਝੀ ਕੀਤੀ।ਮੁੱਖ ਮਹਿਮਾਨ ਵਜੋਂ ਪਧਾਰੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਬਕਾ ਡੀਨ ਭਾਸ਼ਾਵਾਂ ਤੇ ਪੱਤਰ ਵਿਹਾਰ ਸਿੱਖਿਆ ਵਿਭਾਗ ਦੇ ਸਾਬਕਾ ਮੁਖੀ



ਤੇ ਉੱਘੇ ਭਾਸ਼ਾ ਵਿਗਿਆਨੀ ਡਾ. ਭੁਪਿੰਦਰ ਸਿੰਘ ਖਹਿਰਾ ਨੇ ਪੱਛਮੀ ਚਿੰਤਕਾਂ ਦੇ ਹਵਾਲੇ ਦਿੰਦਿਆਂ ਕਿਹਾ ਕਿ ਲੇਖਕਾਂ ਨੂੰ ਆਪਣੇ ਅਨੁਭਵਾਂ ਨਾਲ ਅਜਿਹੀ ਸਾਹਿਤ ਰਚਨਾ ਕਰਨੀ ਚਾਹੀਦੀ ਹੈ, ਜੋ ਸਦੀਵੀ ਤੌਰ ਤੇ ਸਾਡਾ ਮਾਰਗ ਦਰਸ਼ਨ ਕਰੇ।

ਪ੍ਰਸਿੱਧ ਸਮਾਜ ਸੇਵਕ ਤੇ ਲੇਖਕ ਭਗਵਾਨ ਦਾਸ ਗੁਪਤਾ ਦਾ ਮਤ ਸੀ ਕਿ ਕਹਾਣੀ ਵਾਂਗ ਸਫ਼ਰਨਾਮਾ ਸਾਹਿਤ ਦਾ ਅੱਜਕੱਲ੍ਹ ਵਿਸ਼ੇਸ਼ ਮਹੱਤਵ ਹੈ।ਭਾਸ਼ਾ ਵਿਭਾਗ ਪੰਜਾਬ ਦੇ ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਭਗਵੰਤ ਸਿੰਘ ਨੇ ਇਸ ਸਮਾਗਮ ਨੂੰ ਪੰਜਾਬੀ ਕਹਾਣੀ ਖੇਤਰ ਦੀ ਪ੍ਰਾਪਤੀ ਕਿਹਾ।ਪ੍ਰਿੰਸੀਪਲ ਪ੍ਰੇਮ ਲਤਾ ਨੇ ਕਿਹਾ ਕਿ ਸਭਾ ਸਾਹਿਤਕ ਚੇਤਨਾ ਪੈਦਾ ਕਰ ਰਹੀ ਹੈ।ਪੁਸਤਕ 'ਸਲੋਚਨਾ' ਉਪਰ ਸਰਕਾਰੀ ਬਿਕਰਮ ਕਾਲਜ ਪਟਿਆਲਾ ਦੀ ਸਾਬਕਾ ਪ੍ਰੋਫ਼ੈਸਰ ਤੇ ਮੁਖੀ ਡਾ. ਤਰਲੋਚਨ ਕੌਰ ਨੇ ਮੁੱਖ ਪੇਪਰ ਪੇਸ਼ ਕਰਦਿਆਂ ਕਿਹਾ ਕਿ ਕਲਮਦਾਨ ਦੀਆਂ ਕਹਾਣੀਆਂ ਫਲਸਫ਼ੇ ਦੇ ਰੰਗ ਵਿੱਚ ਰੰਗੀਆਂ ਹੋਈਆਂ ਹਨ।ਖ਼ਾਲਸਾ ਕਾਲਜ ਪਟਿਆਲਾ ਦੇ ਵਾਈਸ ਪ੍ਰਿੰਸੀਪਲ ਡਾ. ਹਰਵਿੰਦਰ ਕੌਰ ਨੇ ਹਿੰਦੀ ਸੰਸਕਰਨ ਬਾਰੇ ਮੁੱਖ ਪੇਪਰ ਪੜ੍ਹਦਿਆਂ ਧਾਰਨਾ ਸਾਂਝੀ ਕੀਤੀ ਕਿ ਕਲਮਦਾਨ ਇਤਿਹਾਸਕ-ਮਿਥਿਹਾਸਕ ਢੰਗ ਨਾਲ ਕਹਾਣੀ ਕਹਿਣ ਦਾ ਹੁਨਰ ਰੱਖਦਾ ਹੈ।ਇਸ ਪੁਸਤਕ ਬਾਰੇ ਡਾ. ਕਮਲਜੀਤ ਸਿੰਘ ਟਿੱਬਾ, ਮਾਸਟਰ ਜਗਮਿੰਦਰਪਾਲ ਬਰਾਸ (ਸਮਾਣਾ), ਡਾ. ਸੁਰੇਸ਼ ਨਾਇਕ ਤੇ ਡਾ. ਰਵਿੰਦਰ ਕੁਮਾਰ ਆਦਿ ਵਿਸ਼ੇਸ਼ ਵਕਤਿਆਂ ਤੋਂ ਇਲਾਵਾ ਰਜਨੀ ਵਾਲੀਆ (ਕਪੂਰਥਲਾ), ਡਾ. ਜੀ. ਐੱਸ. ਆਨੰਦ, ਪ੍ਰਿੰ. ਹਰਸੰਤ ਸਿੰਘ ਢੀਂਡਸਾ, ਬਾਬੂ ਸਿੰਘ ਰੈਹਲ, ਦਵਿੰਦਰ ਪਟਿਆਲਵੀ, ਬਲਬੀਰ ਸਿੰਘ ਦਿਲਦਾਰ ਤੇ ਇਕਬਾਲ ਸਿੰਘ ਹਠੂਰ, ਬਲਰਾਜ ਕੁਹਾੜਾ, ਗੁਰਦਰਸ਼ਨ ਸਿੰਘ ਗੁਸੀਲ ਤੇ ਜਸਵੰਤ ਸਿੰਘ ਪੂਨੀਆ ਆਦਿ ਨੇ ਵੀ ਪੁਸਤਕ ਦੇ ਵਸਤੂ-ਜਗਤ ਤੇ ਕਲਾ ਪੱਖਾਂ ਉਪਰ ਖੁੱਲ੍ਹ ਕੇ ਚਰਚਾ ਕੀਤੀ।ਅਮਰ ਗਰਗ ਕਲਮਦਾਨ ਨੇ ਪੁਸਤਕ ਸਲੋਚਨਾ ਦੇ ਹਵਾਲੇ ਨਾਲ ਕਹਾਣੀ ਪ੍ਰਕਿਰਿਆ ਬਾਰੇ ਆਪਣੇ ਵਿਸ਼ਾਲ ਅਨੁਭਵ ਸਾਂਝੇ ਕੀਤੇ।

ਸਮਾਗਮ ਦੇ ਦੂਜੇ ਦੌਰ ਵਿੱਚ ਪ੍ਰਸਿੱਧ ਕਵੀਆਂ ਵਿੱਚੋਂ ਕਰਮ ਸਿੰਘ ਜ਼ਖ਼ਮੀ ਸੰਗਰੂਰ, ਡਾ. ਰਾਕੇਸ਼ ਸ਼ਰਮਾ ਮਾਲੇਰਕੋਟਲਾ, ਜਸਵਿੰਦਰ ਕੌਰ, ਸੁਖਦੇਵ ਸਿੰਘ ਚਹਿਲ, ਸੁਰਿੰਦਰ ਕੌਰ ਬਾੜਾ, ਗੋਪਾਲ ਸ਼ਰਮਾ, ਸਤੀਸ਼ ਵਿਦਰੋਹੀ, ਰਮੇਸ਼ ਕੁਮਾਰ, ਬਚਨ ਸਿੰਘ ਗੁਰਮ, ਜਗਤਾਰ ਨਿਮਾਣਾ ਰਾਜਲਾ, ਬਲੀ ਬਲਜਿੰਦਰ ਈਲਵਾਲ, ਖੁਸ਼ਪ੍ਰੀਤ ਸਿੰਘ ਹਰੀਗੜ੍ਹ, ਸ਼ਾਮ ਸਿੰਘ ਪ੍ਰੇਮ ਆਦਿ ਨੇ ਵੀ ਬਹੁਭਾਂਤੀ ਲਿਖਤਾਂ ਸਾਂਝੀਆਂ ਕੀਤੀਆਂ, ਜਿਨ੍ਹਾਂ ਉੱਪਰ ਚਰਚਾ ਵੀ ਹੁੰਦੀ ਰਹੀ।ਇਸ ਸਮਾਗਮ ਵਿਚ ਵੱਡੀ ਗਿਣਤੀ 'ਚ ਪ੍ਰਸਿੱਧ ਕਵੀ ਤੇ ਵਿਦਵਾਨ ਸ਼ਾਮਲ ਹੋਏ।ਬਾਬੂ ਸਿੰਘ ਰੈਹਲ ਤੇ ਅਮਰ ਗਰਗ ਕਲਮਦਾਨ ਨੇ ਸਾਂਝੇ ਤੌਰ 'ਤੇ ਪੁੱਜੇ ਲੇਖਕਾਂ ਦਾ ਧੰਨਵਾਦ ਕੀਤਾ।ਮੰਚ ਸੰਚਾਲਨ ਦੀ ਭੂਮਿਕਾ ਜਨਰਲ ਸਕੱਤਰ ਪਟਿਆਲਵੀ ਨੇ ਬਾਖੂਬੀ ਨਿਭਾਈ।ਇਸ ਦੌਰਾਨ ਮਹਿਮਾਨਾਂ ਨੂੰ ਖ਼ੂਬਸੂਰਤ ਤੋਹਫ਼ਿਆਂ ਨਾਲ ਸਨਮਾਨਤ ਕੀਤਾ ਗਿਆ।

## ਮੋਦੀ ਫ਼ਰਾਂਸ 'ਚ ਦਸਤਾਰ 'ਤੇ ਲੱਗੀ ਪਾਬੰਦੀ ਨੂੰ ਕੀ ਖਤਮ ਕਰਵਾਉਣ ਦੀ ਗੱਲ ਕਰਨਗੇ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜਦੋਂ ਡਾ. ਮਨਮੋਹਨ ਸਿੰਘ ਇੰਡੀਆ ਦੇ ਵਜ਼ੀਰ ਏ ਆਜ਼ਮ ਸਨ ਤਾਂ ਉਹ ਫਰਾਂਸ ਦੇ ਉਸ ਮੁਲਕ ਦੇ ਦੌਰੇ 'ਤੇ ਗਏ ਸਨ, ਜਿਸ ਨੇ ਇੰਡੀਆ ਵਿੱਚ ਵੱਸਣ ਵਾਲੀ ਘੱਟ ਗਿਣਤੀ ਸਿੱਖ ਕੌਮ ਦੇ ਧਾਰਮਿਕ ਮਾਣ-ਸਤਿਕਾਰ ਵਾਲੇ ਚਿੰਨ੍ਹ ਦਸਤਾਰ ਪਹਿਨਣ ਉਤੇ ਪਾਬੰਦੀ ਲਗਾਈ ਹੋਈ ਹੈ, ਜਿਸ ਸਮੇਂ ਫ਼ਰਾਂਸ ਨੇ ਇਹ ਸਿੱਖ ਕੌਮ ਵਿਰੋਧੀ ਫੈਸਲਾ ਕੀਤਾ ਸੀ, ਉਸ ਸਮੇਂ ਅਸੀਂ ਤੇ ਸਿੱਖੀ ਸੰਸਥਾਵਾਂ ਨੇ ਫ਼ਰਾਂਸ ਸਰਕਾਰ ਨੂੰ ਸੁਬੋਧਿਤ ਹੁੰਦੇ ਹੋਏ ਘੱਟ ਗਿਣਤੀ ਸਿੱਖ ਕੌਮ ਦੇ ਉਪਰੋਕਤ ਧਾਰਮਿਕ ਚਿੰਨ੍ਹ ਦਸਤਾਰ ਉਤੇ ਲਗਾਈ ਪਾਬੰਦੀ ਦਾ ਜ਼ੋਰਦਾਰ ਵਿਰੋਧ ਕੀਤਾ ਸੀ, ਪਰ ਫ਼ਰਾਂਸ ਸਰਕਾਰ ਨੇ ਸਿੱਖ ਕੌਮ ਦੀ ਇਸ ਸੰਜੀਦਾ ਮੰਗ ਉੱਤੇ ਗੌਰ ਨਾ ਕਰਕੇ ਸਿੱਖ ਮਨਾਂ ਤੇ ਆਤਮਾਵਾਂ ਵਿੱਚ ਉੱਠੇ ਰੋਹ ਨੂੰ ਸ਼ਾਂਤ ਕਰਨ ਦੀ ਕਾਰਵਾਈ ਨਾ ਕਰਕੇ ਸਿੱਖ ਕੌਮ 'ਤੇ ਜਬਰ ਕੀਤਾ ਹੈ।ਦੂਸਰਾ ਜਦੋਂ ਡਾ. ਮਨਮੋਹਨ ਸਿੰਘ ਇੰਡੀਆ ਦੇ ਵਜ਼ੀਰ ਏ ਆਜ਼ਮ ਸਨ, ਉਹ ਵੀ ਫ਼ਰਾਂਸ ਦੇ ਦੌਰੇ 'ਤੇ ਗਏ ਸਨ, ਪਰ ਉਹ ਘੱਟ ਗਿਣਤੀ ਸਿੱਖ ਕੌਮ ਦੇ ਵਜ਼ੀਰ ਏ ਆਜ਼ਮ ਹੋਣ ਦੀ ਬਦੌਲਤ ਇਥੋਂ ਦੀ ਬਹੁ-ਗਿਣਤੀ 'ਤੇ ਪ੍ਰਭਾਵ ਕਾਰਨ ਸਾਡੀ ਸਿੱਖ ਕੌਮ ਦੀ ਦਸਤਾਰ ਉੱਤੇ ਫ਼ਰਾਂਸ ਵਿੱਚ ਲੱਗੀ ਪਾਬੰਦੀ ਦੇ ਵਿਸ਼ੇ ਨੂੰ ਹੱਲ ਨਹੀਂ ਕਰਵਾ ਸਕੇ ਸਨ।ਜਦੋਂ ਹੁਣ ਸ੍ਰੀ ਮੋਦੀ ਫ਼ਰਾਂਸ ਦੌਰੇ 'ਤੇ ਜਾ ਰਹੇ ਹਨ ਕੀ ਉਹ ਘੱਟ ਗਿਣਤੀ ਸਿੱਖ ਕੌਮ ਦੀ ਦਸਤਾਰ ਨਾਲ ਸੰਬੰਧਤ ਉਪਰੋਕਤ ਮਸਲੇ ਨੂੰ ਫ਼ਰਾਂਸ ਸਰਕਾਰ ਕੋਲ ਬਾਦਲੀਲ ਢੰਗ ਨਾਲ ਉਠਾ ਕੇ ਸਟੈਂਡ ਲੈਂਦੇ ਹੋਏ ਕੀ ਇਸ ਮਸਲੇ ਨੂੰ ਹੱਲ ਕਰਨਗੇ? ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਇੰਡੀਆ ਦੇ ਹੁਕਮਰਾਨਾਂ ਵੱਲੋਂ ਘੱਟ ਗਿਣਤੀ ਕੌਮ ਦੇ ਕਾਨੂੰਨੀ, ਸਮਾਜਿਕ, ਇਖਲਾਕੀ, ਧਾਰਮਿਕ ਹੱਕ ਹਕੂਕਾਂ ਦੀ ਰੱਖਿਆ ਕਰਨ ਦੇ ਵਿਸ਼ੇ ਉੱਤੇ ਇੰਡੀਆ ਤੇ ਬਾਹਰਲੇ ਮੁਲਕਾਂ ਵਿੱਚ ਹੋ ਰਹੇ ਜਬਰ ਦਾ ਪ੍ਰਤੀਕਰਮ ਜ਼ਾਹਰ ਕਰਦੇ ਹੋਏ ਤੇ ਸ੍ਰੀ ਮੋਦੀ ਦੇ ਫ਼ਰਾਂਸ ਦੌਰੇ ਸਮੇਂ ਦਸਤਾਰ ਉਤੇ ਲੱਗੀ ਪਾਬੰਦੀ ਨੂੰ ਹਟਾਉਣ ਸੰਬੰਧੀ ਫਰਾਂਸ ਸਰਕਾਰ ਨਾਲ ਵਾਰਤਾਲਾਪ ਕਰਦੇ ਹੋਏ ਇਸ ਮਸਲੇ ਨੂੰ ਹੱਲ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਇੰਡੀਆ ਦੇ ਹੁਕਮਰਾਨ ਤੇ ਬਾਹਰਲੇ ਮੁਲਕਾਂ ਦੇ ਹੁਕਮਰਾਨ ਜਦੋਂ ਇਸ ਗੱਲ ਦੀ ਭਰਪੂਰ ਜਾਣਕਾਰੀ ਰੱਖਦੇ ਹਨ ਕਿ ਸਰਬੱਤ ਦਾ ਭਲਾ ਲੋੜਨ ਵਾਲੀ ਸਿੱਖ ਕੌਮ ਦੀ ਆਨ-ਸ਼ਾਨ ਦੀ ਪ੍ਰਤੀਕ ਦਸਤਾਰ ਪਹਿਨਣ ਦਾ ਮੁੱਦਾ ਉਨ੍ਹਾਂ ਦੇ ਧਰਮ ਨਾਲ ਸੰਬੰਧਤ ਹੈ ਅਤੇ ਉਨ੍ਹਾਂ ਨੂੰ ਇਹ ਵਾਕਫੀਅਤ ਹੈ ਕਿ ਅਜਿਹੇ ਚਿੰਨ੍ਹ ਸਿੱਖ ਕੌਮ ਦੇ ਸਵੈਮਾਨ, ਵੱਖਰੀ ਪਹਿਚਾਣ ਤੇ ਕੌਮਾਂਤਰੀ ਮਾਨ ਸਨਮਾਨ ਦੇ ਪ੍ਰਤੀਕ ਹਨ। ਫਿਰ ਅਜਿਹੇ ਚਿੰਨ੍ਹਾਂ ਉਤੇ ਕਿਸੇ ਤਰ੍ਹਾਂ ਦੀ ਪਾਬੰਦੀ ਲਗਾਉਣਾ ਤਾਂ ਸਿੱਖ ਕੌਮ ਦੇ ਮਨ ਆਤਮਾਵਾ ਨੂੰ ਠੇਸ ਪਹੁੰਚਾਉਣ ਵਾਲੀ ਕਾਰਵਾਈ ਹੈ।ਜੇਕਰ ਇੰਡੀਆਂ ਦੀ ਮੋਦੀ ਹਕੂਮਤ ਆਪਣੇ ਫ਼ਰਾਂਸ ਦੌਰੇ ਸਮੇ ਸਿੱਖ ਕੌਮ ਦੀ ਦਸਤਾਰ ਸੰਬੰਧੀ ਗੱਲ ਨੂੰ ਉਠਾ ਕੇ ਹੱਲ ਨਹੀਂ ਕਰਵਾਉਂਦੀ ਤਾਂ ਇਹ ਇੰਡੀਆ ਦੀ ਘੱਟ ਗਿਣਤੀ ਕੌਮਾਂ ਪ੍ਰਤੀ ਗੈਰ-ਜ਼ਿੰਮੇਵਰਾਨਾ ਅਮਲ ਹੋਣ ਦੇ ਨਾਲ-ਨਾਲ ਘੱਟ ਗਿਣਤੀ ਕੌਮਾਂ ਦੀ ਸੁਰੱਖਿਆ ਤੇ ਉਨ੍ਹਾਂ ਦੇ ਮਾਣ-ਸਨਮਾਨ ਦੇ ਮੁੱਦਿਆ ਉਤੇ ਮੋਦੀ ਹਕੂਮਤ ਦੀ ਕਾਰਗੁਜ਼ਾਰੀ ਉਤੇ ਵੱਡੇ ਪ੍ਰਸ਼ਨ ਚਿੰਨ ਖੜ੍ਹੇ ਕਰਨਗੇ।ਇੰਡੀਆ ਦੇ ਵਜ਼ੀਰ ਏ ਆਜ਼ਮ ਸ੍ਰੀ ਮੋਦੀ, ਜੋ ਫ਼ਰਾਂਸ ਦੌਰੇ 'ਤੇ ਗਏ ਹਨ, ਤੋਂ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਤੇ ਸਿੱਖ ਕੌਮ ਇਹ ਉਮੀਦ ਕਰਨਾ ਚਾਹੇਗੀ ਕਿ ਉਹ ਕੇਵਲ ਫ਼ਰਾਂਸ ਦੇ ਦਸਤਾਰ ਦੇ ਮੁੱਦੇ ਨੂੰ ਹੀ ਹੱਲ ਕਰਵਾਉਣ ਦੀ ਜ਼ਿੰਮੇਵਾਰੀ ਹੀ ਨਹੀਂ ਨਿਭਾਉਣਗੇ, ਬਲਕਿ ਜੋ ਇੰਡੀਆ ਵਿੱਚ ਸੈਂਟਰ ਹਕੂਮਤ ਵੱਲੋਂ ਸਿੱਖ ਕੌਮ ਨਾਲ ਬੇਇਨਸਾਫ਼ੀ, ਜਬਰ ਤੇ ਹੋਰ ਮਸਲਿਆਂ ਨੂੰ ਵੀ ਗੰਭੀਰਤਾ ਨਾਲ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੀ ਜ਼ਿੰਮੇਵਾਰੀ ਨਿਭਾਉਣਗੇ।

# ਪੰਜਾਬ ਦੇ ਅੱਤਵਾਦ ਪ੍ਰਭਾਵਿਤ ਰੈੱਡ ਕਾਰਡ ਤੇ ਵ੍ਹਾਈਟ ਕਾਰਡ ਹੋਲਡਰ ਪਰਿਵਾਰਾਂ ਨੂੰ 2006 ਵਾਲਾ ਪੈਕੇਜ ਜਾਰੀ ਕਰਨ ਦੀ ਮੰਗ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਆਲ ਇੰਡੀਆ ਅੱਤਵਾਦ ਪੀੜਤ ਐਸੋਸੀਏਸ਼ਨ ਦੇ ਮੁੱਖੀ ਡਾ. ਬੋਧ ਰਾਜ ਹਸਤੀਰ ਨੇ ਪ੍ਰੈਸ ਨੂੰ ਸੰਬੋਧਨ ਕਰਦਿਆਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਦੇ ਅੱਤਵਾਦ ਪ੍ਰਭਾਵਿਤ ਰੈੱਡ ਕਾਰਡ ਅਤੇ ਵਾਈਟ ਕਾਰਡ ਹੋਲਡਰ ਪਰਿਵਾਰਾਂ ਲਈ ਸਾਲ 2006 ਤੋਂ ਵੱਟੇ ਖਾਤੇ ਪਿਆ ਆਰਥਿਕ ਪੈਕੇਜ ਤੁਰੰਤ ਜਾਰੀ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਸਾਲ 2005 ਵਿੱਚ ਨਾਨਾਵਤੀ ਕਮਿਸ਼ਨ ਦੀ ਰਿਪੋਰਟ ਸੰਸਦ ਵਿੱਚ ਪੇਸ਼ ਹੋਣ ਤੋਂ ਬਾਅਦ ਤਤਕਾਲੀ ਪ੍ਰਧਾਨ ਮੰਤਰੀ ਸਵਰਗੀ ਡਾ. ਮਨਮੋਹਨ ਸਿੰਘ ਵੱਲੋਂ 1984 ਦੰਗਾ ਪੀੜਤਾਂ ਲਈ ਆਰਥਿਕ ਪੈਕੇਜ ਦਾ ਐਲਾਨ ਕੀਤਾ ਗਿਆ ਸੀ, ਜਿਸ ਤਹਿਤ ਸਾਲ 2006 ਵਿੱਚ ਪੰਜਾਬ ਸਰਕਾਰ ਨੂੰ 715 ਕਰੋੜ ਰੁਪਏ ਜਾਰੀ ਕੀਤੇ ਗਏ ਸਨ।ਪਰ 1982 ਤੋਂ 1995 ਤੱਕ ਪੰਜਾਬ ਵਿੱਚ ਅੱਤਵਾਦ ਕਾਰਨ ਸੰਤਾਪ ਭੋਗਣ ਵਾਲੇ ਹਜ਼ਾਰਾਂ ਪਰਿਵਾਰ ਇਸ ਪੈਕੇਜ ਤੋਂ ਵਾਂਝੇ ਰਹਿ ਗਏ।ਡਾ. ਹਸਤੀਰ ਨੇ ਦੱਸਿਆ ਕਿ ਲੰਬੇ ਸੰਘਰਸ਼ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ 781 ਕਰੋੜ ਰੁਪਏ ਦਾ ਵਿਸ਼ੇਸ਼ ਪੈਕੇਜ ਤਿਆਰ ਕਰਕੇ ਕੇਂਦਰ ਸਰਕਾਰ ਨੂੰ ਭੇਜਿਆ ਗਿਆ ਸੀ, ਜੋ ਅੱਜ ਤੱਕ ਲੰਬਿਤ ਪਿਆ ਹੈ।ਉਨ੍ਹਾਂ ਕਿਹਾ ਕਿ ਸਮੇਂ ਦੇ ਨਾਲ ਇਹ ਰਕਮ ਵੱਧ ਕੇ ਕਰੀਬ 1300 ਕਰੋੜ ਰੁਪਏ ਬਣ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਸਾਲ 2016 ਵਿੱਚ ਦਿੱਲੀ ਦੰਗਿਆਂ ਦੀਆਂ ਵਿਧਵਾਵਾਂ ਨੂੰ ਕੇਂਦਰ ਸਰਕਾਰ ਵੱਲੋਂ ਵਾਧੂ ਪੰਜ-ਪੰਜ ਲੱਖ ਰੁਪਏ ਦੀ ਸਹਾਇਤਾ ਦਿੱਤੀ ਗਈ ਸੀ।ਪੰਜਾਬ ਵਿੱਚ ਵੀ 10,636 ਵਿਧਵਾਵਾਂ ਦੇ ਕੇਸ ਹਨ, ਜਿਨ੍ਹਾਂ ਨੂੰ ਇਸੇ ਤਰ੍ਹਾਂ ਦੀ ਸਹਾਇਤਾ ਦਿੱਤੀ ਜਾਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਸਾਲ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਲੁਧਿਆਣਾ ਅਤੇ ਪਠਾਨਕੋਟ ਵਿੱਚ ਕੀਤੀਆਂ ਰੈਲੀਆਂ ਦੌਰਾਨ ਪੰਜਾਬ ਦੇ ਅੱਤਵਾਦ ਪੀੜਤਾਂ ਲਈ ਟਰੂਥ ਕਮਿਸ਼ਨ ਬਣਾਉਣ ਅਤੇ ਹਰ ਪ੍ਰਭਾਵਿਤ ਪਰਿਵਾਰ ਨੂੰ ਪੰਜ ਲੱਖ



ਰੁਪਏ ਮੁਆਵਜ਼ਾ ਦੇਣ ਦਾ ਵਾਅਦਾ ਕੀਤਾ ਗਿਆ ਸੀ, ਜਿਸ ਨੂੰ ਹੁਣ ਤੱਕ ਅਮਲੀ ਜਾਮਾ ਨਹੀਂ ਪਹਿਨਾਇਆ ਗਿਆ।ਡਾ. ਹਸਤੀਰ ਨੇ ਕਿਹਾ ਕਿ ਪੰਜਾਬ ਵਿੱਚ ਅੱਜ ਵੀ ਬਹੁਤ ਸਾਰੇ ਅੱਤਵਾਦ ਪੀੜਤ ਪਰਿਵਾਰ ਆਪਣੇ ਪੱਕੇ ਘਰਾਂ ਤੋਂ ਵਾਂਝੇ ਹਨ। ਉਨ੍ਹਾਂ ਦੱਸਿਆ ਕਿ 23 ਫਰਵਰੀ 1990 ਨੂੰ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਪਠਾਨਕੋਟ ਹਾਊਸਿੰਗ ਬੋਰਡ ਕਾਲੋਨੀ ਨੂੰ ਕੈਂਪ ਦਾ ਦਰਜਾ ਦਿੱਤਾ ਗਿਆ ਸੀ, ਜਿੱਥੇ ਅੱਤਵਾਦ ਕਾਰਨ ਉੱਜੜੇ ਹੋਏ ਪਰਿਵਾਰਾਂ ਨੂੰ ਵਸਾਇਆ ਗਿਆ ਸੀ। ਪਰ 36 ਸਾਲ ਬੀਤ ਜਾਣ ਦੇ ਬਾਵਜੂਦ ਸੈਂਕੜੇ ਪਰਿਵਾਰ ਖਸਤਾ ਹਾਲਤ ਵਾਲੇ ਫਲੈਟਾਂ ਵਿੱਚ ਰਹਿਣ ਲਈ ਮਜਬੂਰ ਹਨ ਅਤੇ ਉਨ੍ਹਾਂ ਦੇ ਪੁਨਰਵਾਸ ਲਈ ਕੋਈ ਢੁੱਕਵੀਂ ਨੀਤੀ ਨਹੀਂ ਬਣਾਈ ਗਈ।ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਪ੍ਰਧਾਨ ਮੰਤਰੀ ਸਾਲ 2022 ਵਿੱਚ ਕੀਤੇ ਵਾਅਦੇ ਅਨੁਸਾਰ ਪੰਜਾਬ ਦੇ ਅੱਤਵਾਦ ਪੀੜਤ ਪਰਿਵਾਰਾਂ ਲਈ ਲੰਬਿਤ ਆਰਥਿਕ ਪੈਕੇਜ ਜਾਰੀ ਕਰਨ ਅਤੇ ਉਨ੍ਹਾਂ ਦੇ ਪੁਨਰਵਾਸ ਲਈ ਠੋਸ ਕਦਮ ਚੁੱਕਣ।ਇਸ ਮੌਕੇ ਐਸੋਸੀਏਸ਼ਨ ਦੇ ਆਹੁਦੇਦਾਰ ਗੁਰਮੀਤ ਕੌਰ, ਜਸਵੀਰ ਕੌਰ, ਅਮਰਜੀਤ ਕੌਰ, ਬਲਵਿੰਦਰ ਕੌਰ, ਜੀਤੋ, ਬਰਵੀਰ ਕੌਰ, ਰਣਜੀਤ ਕੌਰ, ਬਠਅਜੀਤ ਕੌਰ, ਕੁਲਵੰਤ ਕੌਰ ਅਤੇ ਜਰਜੀਤ ਕੌਰ ਹਾਜ਼ਰ ਸਨ।

# ਖੰਡ ਮਿੱਲ ਸੇਰੋਂ ਵਿਖੇ ਲੱਗਾ ਪੱਕਾ ਮੋਰਚਾ 26ਵੇਂ ਦਿਨ 'ਚ ਦਾਖਲ

**ਆਬਾਦੀ ਨੇੜੇ ਗੁਦਾਮ ਦੀ ਉਸਾਰੀ ਬੰਦ ਕਰਨ ਦੀ ਕੀਤੀ ਮੰਗ**



ਤਰਨਤਾਰਨ (ਨਜ਼ਸ)-ਸੰਯੁਕਤ ਕਿਸਾਨ ਮੋਰਚੇ ਦੀ ਸਥਾਨਕ ਜ਼ਿਲ੍ਹਾ ਕਮੇਟੀ ਵੱਲੋਂ ਖੰਡ ਮਿੱਲ ਸੇਰੋਂ ਨੂੰ ਮੁੜ ਚਾਲੂ ਕਰਵਾਉਣ ਅਤੇ ਮਿੱਲ ਦੀ ਜ਼ਮੀਨ ਦੀ ਮਾਲਕੀ ਤਬਦੀਲ ਕਰਨ ਦੇ ਖਿਲਾਫ਼ ਲਗਾਏ ਪੱਕੇ ਮੋਰਚੇ ਦੇ 26ਵੇਂ ਦਿਨ ਕਿਸਾਨਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਤਰਸੇਮ ਸਿੰਘ ਲੁਹਾਰ, ਮਨਜੀਤ ਸਿੰਘ ਬੱਗੂ, ਗੁਰਪ੍ਰੀਤ ਸਿੰਘ ਗੰਡੀਵਿੰਡ, ਜੱਸਾ ਸਿੰਘ ਕੱਦਗਿੱਲ, ਮੁਖਤਾਰ ਸਿੰਘ ਮੱਲਾ, ਇੰਦਰਜੀਤ ਸਿੰਘ ਮਰਹਾਨਾ, ਅੰਮ੍ਰਿਤਪਾਲ ਸਿੰਘ ਜੋੜਾ ਨੇ ਕਿਹਾ ਕਿ ਲੋਕਾਂ ਦੇ ਰੁਜ਼ਗਾਰ ਦੀ ਸਰੋਤ ਖੰਡ ਮਿੱਲ ਸੇਰੋਂ ਨੂੰ ਸਮੇਂ ਦੀਆਂ ਸਰਕਾਰਾਂ ਨੇ ਬੰਦ ਕਰਕੇ ਖੇਤੀਬਾੜੀ ਕਿੱਤੇ ਨਾਲ ਸਬੰਧਤ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੀ ਆਰਥਿਕਤਾ ਤੇ ਵੱਡੀ ਸੱਟ ਮਾਰੀ ਸੀ ਪਰ ਹੁਣ ਪੰਜਾਬ ਸਰਕਾਰ ਉਸ ਤੋਂ ਵੀ ਦੋ ਕਦਮ ਅੱਗੇ ਜਾ ਕੇ ਖੰਡ ਮਿੱਲ ਦੀ 100 ਏਕੜ ਤੋਂ ਵੱਧ ਜ਼ਮੀਨ ਦੀ ਮਾਲਕੀ ਪੁੱਡਾ ਸਮੇਤ ਕੁੱਝ ਹੋਰ ਏਜੰਸੀਆਂ ਨੂੰ ਤਬਦੀਲ ਕਰਨ ਤੋਂ ਬਾਅਦ 18 ਏਕੜ ਜ਼ਮੀਨ ਵਿੱਚ ਨਿਯਮਾਂ ਦੀ ਉਲੰਘਣਾ ਕਰਕੇ ਅਬਾਦੀ ਦੇ ਬਿਲਕੁਲ ਨਜ਼ਦੀਕ ਗੁਦਾਮ ਬਣਾਉਣ ਲਈ ਉਸਾਰੀ ਕਰ ਰਹੀ ਹੈ ਜਿਸ ਨੂੰ ਤੁਰੰਤ ਬੰਦ ਕਰਨ ਦੀ ਮੰਗ ਕੀਤੀ ਹੈ।ਇਸ ਮੌਕੇ ਜਸਬੀਰ ਸਿੰਘ ਸਰਹਾਲੀ ਖੁਰਦ, ਚਰਨ ਸਿੰਘ ਬੇਗਮਪੁਰਾ, ਕਸ਼ਮੀਰ ਸਿੰਘ ਸੇਰੋਂ, ਬਲਦੇਵ ਸਿੰਘ ਸੇਰੋਂ, ਅਮਰੀਕ ਸਿੰਘ ਸੇਰੋਂ, ਮੇਹਰ ਸਿੰਘ, ਕਰਨਬੀਰ ਸਿੰਘ ਗੰਡੀਵਿੰਡ ਸਮੇਤ ਹੋਰ ਹਾਜ਼ਰ ਆਗੂਆਂ ਨੇ ਖੰਡ ਮਿੱਲ ਦੀ ਮਲਕੀਅਤ ਤਬਦੀਲ ਕਰਨ ਲਈ ਪੰਜਾਬ ਸਰਕਾਰ ਦੀ ਜ਼ੋਰਦਾਰ ਨਿੰਦਾ ਕੀਤੀ ਅਤੇ ਖੰਡ ਮਿੱਲ ਦੀ ਜ਼ਮੀਨ ਬਚਾਉਣ ਲਈ ਲੱਗੇ ਪੱਕੇ ਮੋਰਚੇ ਨੂੰ ਹੋਰ ਮਜ਼ਬੂਤੀ ਨਾਲ ਚਾਲੂ ਰੱਖਣ ਦਾ ਅਹਿਦ ਲਿਆ।ਆਗੂਆਂ ਨੇ ਲੋਕ ਮਾਰੂ ਨੀਤੀਆਂ ਖਿਲਾਫ਼ ਪੰਜਾਬ ਦੀਆਂ ਸਮੁੱਚੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਨੂੰ ਇਕਜੁੱਟਤਾ ਨਾਲ ਸੰਘਰਸ਼ਾਂ ਦੇ ਪਿੜ ਮੱਲਣ ਦਾ ਸੱਦਾ ਦਿੱਤਾ।

# ਭੱਠਾ ਮਜ਼ਦੂਰ ਨਵੇਂ ਰੇਟ ਲਾਗੂ ਕਰਾਉਣ ਲਈ ਭਲਕੇ ਕਰਨਗੇ ਰੋਸ ਰੈਲੀ: ਕਾਮਰੇਡ ਸ਼ਿਵ ਕੁਮਾਰ




ਪਠਾਨਕੋਟ (ਦਵਿੰਦਰ ਸਿੰਘ)- ਪਠਾਨਕੋਟ ਜ਼ਿਲੇ ਅੰਦਰ ਪਿੰਡ ਤੰਗੋਸ਼ਾਹ, ਪਰਮਾਨੰਦ, ਜੰਗਲਾਂ ਭਵਾਨੀ ਅਤੇ ਘਰੋਟਾ ਏਰੀਏ ਵਿੱਚ ਪੈਂਦੇ ਇੱਟ ਭੱਠਿਆਂ ਦੇ ਮਾਲਕ ਪਿਛਲੇ ਤਿੰਨ ਸਾਲ ਤੋਂ ਭੱਠਿਆਂ ਉਪਰ ਕੱਚੀਆਂ ਇੱਟਾਂ ਬਣਾਉਣ ਵਾਲੇ ਪਥੇਰ ਕਿਰਤੀਆਂ ਨੂੰ ਗਰਮੀ ਸੀਜ਼ਨ ਵਿਚ ਕੀਤੇ ਕੰਮ ਦੀ ਮਜ਼ਦੂਰੀ ਸਰਦੀਆਂ ਵਿਚ ਅਤੇ ਸਰਦੀ ਸੀਜ਼ਨ ਵਿਚ ਕੀਤੇ ਗਏ ਕੰਮ ਦੀ ਮਜ਼ਦੂਰੀ ਗਰਮੀ ਦੇ ਸੀਜ਼ਨ ਦੌਰਾਨ ਦੇਣ ਦੀ ਗਲਤ ਰੁਟੀਨ ਹੋਣ ਕਰਕੇ ਬਹੁਤ ਸਾਰੇ ਭੱਠਾ ਮਜ਼ਦੂਰ ਵਧੇ ਹੋਏ ਨਵੇਂ ਰੇਟ ਤੋਂ ਵਾਂਝੇ ਰਹਿ ਜਾਂਦੇ ਹਨ।ਰੋਸ ਵਜੋਂ ਇਸ ਦੇ ਖਿਲਾਫ 17 ਜੂਨ ਨੂੰ ਉਪਰੋਕਤ ਏਰੀਏ ਵਿੱਚ ਪੈਂਦੇ ਭੱਠਿਆਂ ਦੇ ਭੱਠਾ ਮਜ਼ਦੂਰ ਪਿੰਡ ਮਾੜੀ ਨੇੜੇ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਸਬੰਧਤ ਸੀ ਟੀ ਯੂ ਪੰਜਾਬ ਦੀ ਅਗਵਾਈ ਹੇਠ ਵਿਸ਼ਾਲ ਰੈਲੀ ਕਰਕੇ ਇਸ ਗਰਮੀ ਸੀਜ਼ਨ ਵਿੱਚ ਹੀ ਕੀਤੇ ਕੰਮ ਦੀ ਵਧੇ ਹੋਏ ਨਵੇਂ ਮਜ਼ਦੂਰੀ ਰੇਟ ਅਨੁਸਾਰ ਹਿਸਾਬ ਕਰਾਉਣ ਲਈ ਸੰਘਰਸ਼ ਦੀ ਰੂਪ ਰੇਖਾ ਦਾ ਐਲਾਨ ਕਰਨਗੇ।ਇਸ ਸੀਜ਼ਨ ਉਪਰੋਕਤ ਏਰੀਏ ਵਿੱਚ ਸਾਰੇ ਭੱਠਿਆਂ ਉਪਰ ਪਥੇਰ ਕਾਮਿਆਂ ਨੂੰ ਮਿਲਣ ਉਪਰੰਤ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦੇ ਆਗੂ ਜਨਰਲ ਸਕੱਤਰ ਕਾਮਰੇਡ ਸ਼ਿਵ ਕੁਮਾਰ ਅਤੇ ਜਾਇੰਟ ਸਕੱਤਰ ਮਨਹਰਨ ਨੇ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਇੱਕ ਤਾਂ ਪੰਜਾਬ ਸਰਕਾਰ ਨੇ ਮਿਨੀਮਮ ਵੇਜ ਨੋਟੀਫਿਕੇਸ਼ਨ ਪਹਿਲੀ ਮਾਰਚ ਨੂੰ ਜਾਰੀ ਕਰਨ ਦੀ ਬਜਾਏ ਪਹਿਲੀ ਮਈ ਤੋਂ ਜਾਰੀ ਕਰਕੇ ਸਮੁੱਚੇ ਮਜ਼ਦੂਰਾਂ ਦਾ ਆਰਥਿਕ ਨੁਕਸਾਨ ਕੀਤਾ ਹੈ ਤੇ ਦੂਜਾ ਭੱਠਾ ਮਾਲਕ ਵੀ ਛੇ ਸੀਜ਼ਨਾਂ ਤੋਂ ਇੱਕ ਸੀਜ਼ਨ ਦਾ ਰੇਟ ਦਬਾਉਂਦੇ ਆ ਰਹੇ ਹਨ ਜਿਸ ਨੂੰ ਹੁਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮਜ਼ਦੂਰ ਆਗੂਆਂ ਨੇ ਦੱਸਿਆ ਕਿ ਅਸਿਸਟੈਂਟ ਲੇਬਰ ਕਮਿਸ਼ਨਰ ਜ਼ਿਲਾ ਪਠਾਨਕੋਟ ਦੀ ਮੌਜੂਦਗੀ ਵਿਚ ਭੱਠਾ ਮਾਲਕ ਐਸੋਸੀਏਸ਼ਨ ਜ਼ਿਲਾ ਪਠਾਨਕੋਟ ਅਤੇ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਵਿਚਕਾਰ ਪਥੇਰ ਮਜ਼ਦੂਰੀ ਪਹਿਲੀ ਮਈ ਤੋਂ ਨਵਾਂ ਰੇਟ 1138 ਰੁਪਏ ਅਤੇ ਮਾਰਚ ਅਪ੍ਰੈਲ ਦਾ ਰੇਟ 987 ਰੁਪਏ ਪ੍ਰਤੀ ਹਜ਼ਾਰ ਦੇਣ ਦਾ ਸਮਝੌਤਾ ਹੋਇਆ ਹੈ।15 ਜੂਨ ਤੱਕ ਗਰਮੀ ਦਾ ਸੀਜ਼ਨ ਹੁੰਦਾ ਹੈ।ਭੱਠਾ ਮਾਲਕਾਂ ਨੂੰ ਅਪੀਲ ਕੀਤੀ ਕਿ ਸਮਝੌਤੇ ਨੂੰ ਤੁਰੰਤ ਲਾਗੂ ਕੀਤਾ ਜਾਏ ਅਤੇ ਲੇਬਰ ਵਿਭਾਗ ਦੇ ਅਧਿਕਾਰੀਆਂ ਤੇ ਜ਼ਿਲਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸਮਝੌਤੇ ਨੂੰ ਤਰੁੰਤ ਲਾਗੂ ਕਰਾਉਣਾ ਯਕੀਨੀ ਬਣਾਇਆ ਜਾਵੇ।ਭੱਠਾ ਮਜ਼ਦੂਰਾਂ ਨੂੰ ਸੱਦਾ ਦਿੱਤਾ ਕਿ 17 ਜੂਨ ਸਵੇਰੇ 10 ਵਜੇ ਪਿੰਡ ਮਾੜੀ ਹੁੰਮ-ਹੁੰਮਾ ਕੇ ਪੁੱਜੋ।

## ਜਸਪ੍ਰੀਤ ਕੌਰ 12ਵੀਂ ਮੈਡੀਕਲ ਦੀ ਪ੍ਰੀਖਿਆ 'ਚ ਅੱਵਲ ਰਹੀ

ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਬਾਰਵੀ ਕਲਾਸ ਦੇ ਨਤੀਤਿਆ 'ਚ ਕਾਮਰੇਡ ਚੈਂਚਲ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਿਰਤੋਵਾਲ ਦੀ ਬਾਰਵੀਂ ਕਲਾਸ ਮੈਡੀਕਲ ਦੀ ਪੜ੍ਹਾਈ ਕਰ ਰਹੀ ਪਿੰਡ ਨਬੀਪੁਰ ਦੀ ਜਸਪ੍ਰੀਤ ਕੌਰ ਪੁੱਤਰੀ ਬਲਦੇਵ ਸਿੰਘ ਨੇ 93.4 ਅੰਕ ਹਾਸਲ ਕਰਕੇ ਦੂਸਰਾ ਸਥਾਨ ਹਾਸਲ ਕਰਕੇ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਇਸ ਕਾਮਯਾਬੀ ਦਾ ਸਿਹਰਾ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸਰਹਾਲੀ ਕਲਾਂ ਦੇ ਪ੍ਰਿੰਸੀਪਲ ਸੰਤੋਖ ਸਿੰਘ ਨੂੰ ਜਾਂਦਾ ਜਿਨ੍ਹਾਂ ਨੇ ਆਪਣੇ ਪਿੰਡ ਦੀ ਹੋਣਹਾਰ ਧੀ ਨੂੰ ਮਿਹਨਤ ਕਰਵਾਈ ਜਿਸਦੇ ਸਿੱਟੇ ਵਜੋਂ ਜਸਪ੍ਰੀਤ ਕੌਰ ਨੇ ਆਪਣੇ ਮਾਤਾ ਪਿਤਾ ਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਸੰਤੋਖ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਹਮੇਸ਼ਾ ਕੋਸ਼ਿਸ਼ ਹੁੰਦੀ ਹੈ ਕਿ ਉਹ ਗਰੀਬ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈ ਕਰਵਾਉਣ ਜਿਸ ਨਾਲ ਉਹ ਆਪਣੇ ਮਾਤਾ-ਪਿਤਾ ਤੇ ਪਿੰਡ ਦਾ ਨਾਂਅ ਰੌਸ਼ਨ ਕਰਨ ਤੇ ਕਿਸੇ ਉਚੇ ਮੁਕਾਮ ਨੂੰ ਹਾਸਲ ਕਰਕੇ ਆਪਣੀ ਗਰੀਬੀ ਕੱਟਣ।



## ਐੱਸ ਸੀ ਵਿੰਗ ਦੇ ਪ੍ਰਧਾਨ ਤਰਸੇਮ ਸਿੰਘ ਕਾਲੇਕੇ ਸਨਮਾਨਤ

ਬਿਆਸ (ਪਰਮਜੀਤ ਸਿੰਘ ਰੱਖੜਾ) ਸ਼੍ਰੋਮਣੀ ਅਕਾਲੀ ਦਲ ਵੱਲੋਂ ਐੱਸ ਸੀ ਵਿੰਗ ਹਲਕਾ ਬਾਬਾ ਬਕਾਲਾ ਸਾਹਿਬ ਦੇ ਨਵ-ਨਿਯੁਕਤ ਕੀਤੇ ਗਏ ਪ੍ਰਧਾਨ ਜਥੇਦਾਰ ਤਰਸੇਮ ਸਿੰਘ ਨੂੰ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ ਵਿਖੇ ਸਨਮਾਨਤ ਕੀਤਾ ਗਿਆ। ਜਥੇਦਾਰ ਤਰਸੇਮ ਸਿੰਘ ਕਾਲੇਕੇ ਵੱਲੋਂ ਸਾਬਕਾ ਹਲਕਾ ਵਿਧਾਇਕ ਬਲਜੀਤ ਸਿੰਘ ਜਲਾਲਉਸਮਾਂ ਅਤੇ ਪਤਵੰਤਿਆਂ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਉਨ੍ਹਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰ ਪਿੰਡ ਵਿੱਚ ਐੱਸ ਸੀ ਵਿੰਗ ਦੀ 11 ਮੈਂਬਰੀ, 21 ਮੈਂਬਰੀ, 31 ਮੈਂਬਰੀ ਕਮੇਟੀਆਂ ਦਾ ਗਠਨ ਕਰਕੇ ਸ਼੍ਰੋਮਣੀ ਅਕਾਲੀ ਦਲ ਦੇ ਹਿੱਤ ਵਿੱਚ ਕੰਮ ਕੀਤਾ ਜਾਵੇਗਾ। ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਹਰਿੰਦਰ ਸਿੰਘ ਬੱਬੂ ਕਾਲੇਕੇ, ਪ੍ਰਧਾਨ ਨਿਰਮਲ ਸਿੰਘ ਬਿੱਲੂ ਧੂਲਕਾ, ਜਥੇਦਾਰ ਪੂਰਨ ਸਿੰਘ ਖਿਲਚੀਆਂ, ਸੁਰਜੀਤ ਸਿੰਘ ਖੂਹ ਵਾਲੇ, ਸਾਬਕਾ ਸੂਬੇਦਾਰ ਮੰਗਲ ਸਿੰਘ, ਮੰਗਲ ਸਿੰਘ ਫੌਜੀ, ਬਾਬਾ ਕਰਮ ਸਿੰਘ, ਸਾਬਕਾ ਸੂਬੇਦਾਰ ਦੇਸਾ ਸਿੰਘ, ਅਜਮਿੰਦਰ ਸਿੰਘ ਸਾਹਬਾ, ਡਾਕਟਰ ਕੁਲਵਿੰਦਰ ਸਿੰਘ ਬਾਣੀਆਂ, ਸਰਪੰਚ ਗੁਰਮੁੱਖ ਸਿੰਘ ਢਿੱਲੋਂ, ਦਲਵਿੰਦਰ ਸਿੰਘ ਸਠਿਆਲਾ, ਸਤਨਾਮ ਸਿੰਘ ਨੱਥੋਕੇ, ਬੂਟਾ ਸਿੰਘ ਸਠਿਆਲਾ, ਨਰੰਗ ਸਿੰਘ ਨਾਗੋਕੇ, ਪਲਵਿੰਦਰ ਸਿੰਘ ਮੀਆਂਵਿੰਡ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ।



## ਠਾਕੁਰ ਕੁਸ਼ਲ ਸਿੰਘ ਅੰਮ੍ਰਿਤਸਰ ਮਹਾਨਗਰ ਹਿਮਾਚਲ ਸਭਾ ਦੇ ਪ੍ਰਧਾਨ ਨਿਯੁਕਤ

ਛੇਹਰਟਾ, (ਮਨੋਜ ਕੁਮਾਰ) : ਭਾਰਤ ਭਾਰਤੀ ਵੱਲੋਂ ਅੰਮ੍ਰਿਤਸਰ ਮਹਾਨਗਰ ਹਿਮਾਚਲ ਸਭਾ ਦਾ ਪ੍ਰਧਾਨ ਠਾਕੁਰ ਕੁਸ਼ਲ ਸਿੰਘ ਨੂੰ ਬਣਾਇਆ ਗਿਆ। ਇਸ ਮੌਕੇ ਭਾਰਤ ਭਾਰਤੀ ਦੇ ਸੂਬਾ ਪ੍ਰਧਾਨ ਰਾਜ ਕੁਮਾਰ ਰਾਜੂ ਜੂਡੋ ਨੇ ਕਿਹਾ ਕਿ ਭਾਰਤ ਭਾਰਤੀ ਦਾ ਪੰਜਾਬ ਵਿਚ ਲਗਾਤਾਰ ਵਿਸਥਾਰ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਰਤ ਭਾਰਤੀ ਦਾ ਉਦੇਸ਼ ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਰਹਿੰਦੇ ਪ੍ਰਵਾਸੀਆਂ ਨੂੰ ਆਪਣੇਪਨ ਦਾ ਅਹਿਸਾਸ ਕਰਵਾਉਣਾ ਹੈ, ਤਾਂ ਜੋ ਪ੍ਰਦੇਸ਼ ਵਿਚ ਕੰਮ ਕਰਦਿਆਂ ਉਹ ਆਪਣੇ-ਆਪ ਨੂੰ ਬੇਗਾਨਾ ਮਹਿਸੂਸ ਨਾ ਕਰਨ। ਜਥੇਬੰਦੀ ਦਾ ਮੰਤਵ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਭਾਰਤ ਭਾਰਤੀ ਦੇ ਜ਼ਿਲ੍ਹਾ ਪ੍ਰਧਾਨ ਪੰਕਜ ਮਹਾਜਨ ਤੇ ਜਨਰਲ ਸਕੱਤਰ ਇੰਦਰਪਾਲ ਸਿੰਘ ਦੇ ਯਤਨਾਂ ਸਦਕਾ ਜਥੇਬੰਦੀ ਪ੍ਰਧਾਨਮੰਤਰੀ ਨਰਿੰਦਰ ਮੋਦੀ ਦਾ 'ਇਕ ਭਾਰਤ, ਸ਼੍ਰੇਸ਼ਟ ਭਾਰਤ' ਦਾ ਸੁਪਨਾ ਜ਼ਰੂਰ ਪੂਰਾ ਕਰੇਗੀ। ਉਨ੍ਹਾਂ ਉਮੀਦ ਪ੍ਰਗਟਾਈ ਕਿ ਨਵ-ਨਿਯੁਕਤ ਪ੍ਰਧਾਨ ਠਾਕੁਰ ਕੁਸ਼ਲ ਸਿੰਘ ਅੰਮ੍ਰਿਤਸਰ ਵਿਚ ਰਹਿੰਦੇ ਹਿਮਾਚਲ ਵਾਸੀਆਂ ਨੂੰ ਵੱਡੀ ਗਿਣਤੀ ਵਿਚ ਆਪਣੇ ਨਾਲ ਜੋੜ ਕੇ ਜਥੇਬੰਦੀ ਨੂੰ ਹੋਰ ਮਜ਼ਬੂਤ ਬਣਾਉਣਗੇ। ਠਾਕੁਰ ਕੁਸ਼ਲ ਸਿੰਘ ਨੇ ਅਹੁਦੇਦਾਰਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸੌਂਪੀ ਗਈ ਹਰ ਇਕ ਜ਼ਿੰਮੇਵਾਰੀ ਨੂੰ ਪੂਰੀ ਨਿਸ਼ਠਾ ਨਾਲ ਨਿਭਾਉਣਗੇ ਤੇ ਭਾਰਤ ਭਾਰਤੀ ਨੂੰ ਮਜ਼ਬੂਤ ਬਣਾਉਣ ਲਈ ਦਿਨ-ਰਾਤ ਇਕ ਕਰ ਦੇਣਗੇ। ਇਸ ਮੌਕੇ ਭਾਰਤ ਭਾਰਤੀ ਯੂਥ ਵਿੰਗ ਦੇ ਜਨਰਲ ਸਕੱਤਰ ਅਰਸ਼ਦੀਪ ਸਿੰਘ, ਇੰਸਪੈਕਟਰ ਦਵਿੰਦਰ ਕੁਮਾਰ, ਸੁਨੀਲ ਠਾਕੁਰ, ਰਾਜਬੀਰ ਠਾਕੁਰ, ਜਸਦੀਪ ਸਿੰਘ, ਸੁਖਵਿੰਦਰ ਸਿੰਘ, ਹਰਪ੍ਰੀਤ ਸਿੰਘ, ਬਿਕਰਮਜੀਤ ਸਿੰਘ, ਅਮਨ ਸ਼ਰਮਾ, ਵਿਕਰਮ ਕਪੂਰ, ਪੁਨੀਤ ਸ਼ਰਮਾ ਆਦਿ ਮੌਜੂਦ ਸਨ।



## ਆਈਸੀਆਈਸੀਆਈ ਪਰੂ-ਸਿਗਨੇਚਰ ਸਕਿਓਰ ਲਾਂਚ

ਅੰਮ੍ਰਿਤਸਰ : ਆਈਸੀਆਈਸੀਆਈ ਪਰੁਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਆਈਸੀਆਈਸੀਆਈ ਪਰੂ ਸਿਗਨੇਚਰ ਸਕਿਓਰ ਲਾਂਚ ਕੀਤਾ ਹੈ।ਇਹ ਭਾਰਤੀ ਜੀਵਨ ਬੀਮਾ ਉਦਯੋਗ ਵਿੱਚ ਪਹਿਲਾ ਯੂਨਿਟ ਲਿੰਕਡ ਬੀਮਾ ਯੋਜਨਾ ( ਯੂਲਿਪ) ਹੈ ਜੋ ਪਹਿਲਾਂ ਤੋਂ ਬਣੀ ਗਾਰੰਟੀਸ਼ੁਦਾ ਪਰਿਪੱਕਤਾ ਲਾਭ ਦੀ ਪੇਸ਼ਕਸ਼ ਕਰਦਾ ਹੈ।ਆਈਸੀਆਈਸੀਆਈ ਪਰੂ ਸਿਗਨੇਚਰ ਸਕਿਓਰ ਇੱਕ ਗੈਰ-ਭਾਗੀਦਾਰੀ ਵਾਲੀ ਲਿੰਕਡ ਵਿਅਕਤੀਗਤ ਬੱਚਤ ਜੀਵਨ ਬੀਮਾ ਯੋਜਨਾ ਹੈ। ਇਹ ਉਨ੍ਹਾਂ ਗਾਹਕਾਂ ਲਈ ਤਿਆਰ ਕੀਤਾ ਗਿਆ ਹੈ ਜੋ ਟੈਕਸ ਕੁਸ਼ਲ ਅਤੇ ਗਾਰੰਟੀਸ਼ੁਦਾ ਲਾਭ ਚਾਹੁੰਦੇ ਹਨ।ਇਹ ਨਿਵੇਸ਼ 'ਤੇ ਇੱਕ ਸਥਿਰ ਅਤੇ ਭਰੋਸੇਯੋਗ ਵਾਪਸੀ ਪ੍ਰਦਾਨ ਕਰਦਾ ਹੈ।ਇਸ ਨਵੇਂ ਉਤਪਾਦ ਦੀ ਸ਼ੁਰੂਆਤ 'ਤੇ ਟਿੱਪਣੀ ਕਰਦੇ ਹੋਏ ਆਈਸੀਆਈਸੀਆਈ ਪਰੁਡੈਂਸ਼ੀਅਲ ਲਾਈਫ ਇੰਸ਼ੋਰੈਂਸ ਦੇ ਮੁੱਖ ਉਤਪਾਦ ਅਧਿਕਾਰੀ ਵਿਕਾਸ ਗੁਪਤਾ ਨੇ ਕਿਹਾ ਕਿ ਆਈਸੀਆਈਸੀਆਈ ਪਰੂ-ਸਿਗਨੇਚਰ ਸਕਿਓਰ ਨੂੰ ਡਿਜ਼ਾਈਨ ਕੀਤਾ ਗਿਆ ਹੈ, ਜਿਸ ਵਿੱਚ ਯੂਐੱਲਆਈਪੀ ਦੇ ਲਾਭ, ਬਿਲਟ-ਇਨ ਗਾਰੰਟੀਸ਼ੁਦਾ ਪਰਿਪੱਕਤਾ ਲਾਭ ਅਤੇ ਜੀਵਨ ਕਵਰ ਨੂੰ ਇੱਕ ਸਿੰਗਲ ਪਲਾਨ ਵਿੱਚ ਜੋੜਿਆ ਗਿਆ ਹੈ।

# ਨਗਰ ਨਿਗਮ ਨੇ ਘਰ-ਘਰ ਕੂੜਾ ਇਕੱਠਾ ਕਰਨ ਸਬੰਧੀ ਚਲਾਈ ਜਾਗਰੂਕਤਾ ਮੁਹਿੰਮ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਨਗਰ ਨਿਗਮ ਅੰਮ੍ਰਿਤਸਰ (ਐੱਮਸੀਏ) ਵੱਲੋਂ ਸ਼ਹਿਰ ਦੇ ਸਾਰੇ ਵਾਰਡਾਂ ਵਿੱਚ ਘਰ-ਘਰ ਕੂੜਾ ਇਕੱਠਾ ਕਰਨ ਦੀ ਪ੍ਰਣਾਲੀ ਵਿੱਚ ਲੋਕਾਂ ਦੀ ਸਰਗਰਮ ਭਾਗੀਦਾਰੀ ਨੂੰ ਯਕੀਨੀ ਬਣਾਉਣ ਅਤੇ ਸਫ਼ਾਈ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਵਿਸ਼ਾਲ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸ ਮੁਹਿੰਮ ਦਾ ਉਦੇਸ਼ ਸਰੋਤ ਪੱਧਰ 'ਤੇ ਕੂੜੇ ਦੀ ਛਾਂਟ, ਸਮੇਂ ਸਿਰ ਕੂੜਾ ਇਕੱਠਾ ਕਰਨਾ ਅਤੇ ਸਾਫ਼-ਸੁਥਰਾ ਤੇ ਸਿਹਤਮੰਦ ਸ਼ਹਿਰੀ ਵਾਤਾਵਰਣ ਬਣਾਉਣਾ ਹੈ। ਨਾਗਰਿਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਪਣੇ ਘਰਾਂ ਦਾ ਕੂੜਾ ਸਿਰਫ਼ ਰੋਜ਼ਾਨਾ ਉਨ੍ਹਾਂ ਦੇ ਘਰਾਂ ਤੱਕ ਪਹੁੰਚਣ ਵਾਲੇ ਅਧਿਕਾਰਤ ਕੂੜਾ ਇਕੱਠਾ ਕਰਨ ਵਾਲੇ ਕਰਮਚਾਰੀਆਂ ਨੂੰ ਹੀ ਦੇਣ ਅਤੇ ਖੁੱਲ੍ਹੀਆਂ ਥਾਵਾਂ, ਖਾਲੀ ਪਲਾਟਾਂ, ਸੜਕਾਂ ਦੇ ਕਿਨਾਰਿਆਂ ਜਾਂ ਜਨਤਕ ਸਥਾਨਾਂ 'ਤੇ ਕੂੜਾ ਸੁੱਟਣ ਤੋਂ ਗੁਰੇਜ਼ ਕਰਨ। ਨਗਰ ਨਿਗਮ ਕਮਿਸ਼ਨਰ ਨੇ ਕਿਹਾ ਕਿ ਅਧਿਕਾਰਤ ਘਰ-ਘਰ ਕੂੜਾ ਇਕੱਠਾ ਕਰਨ ਦੀ ਪ੍ਰਣਾਲੀ ਰਾਹੀਂ ਕੂੜੇ ਦਾ ਸਹੀ ਨਿਪਟਾਰਾ ਕਰਨਾ ਸਾਫ਼ ਅਤੇ ਟਿਕਾਊ ਅੰਮ੍ਰਿਤਸਰ ਦੇ ਟੀਚੇ ਨੂੰ ਹਾਸਲ ਕਰਨ ਲਈ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਗਿੱਲੇ ਅਤੇ ਸੁੱਕੇ ਕੂੜੇ ਨੂੰ ਘਰ ਵਿੱਚ ਹੀ ਵੱਖ-ਵੱਖ ਕਰਨ ਦੀ ਅਪੀਲ ਵੀ ਕੀਤੀ ਤਾਂ ਜੋ ਕੂੜੇ ਦਾ ਵਿਗਿਆਨਕ ਢੰਗ ਨਾਲ ਪ੍ਰਬੰਧਨ ਕੀਤਾ ਜਾ ਸਕੇ ਅਤੇ ਸ਼ਹਿਰ ਦੀ ਸਮੁੱਚੀ ਸਫ਼ਾਈ ਵਿਵਸਥਾ ਨੂੰ ਹੋਰ ਬਿਹਤਰ ਬਣਾਇਆ ਜਾ ਸਕੇ। ਇਸ ਮੁਹਿੰਮ ਤਹਿਤ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਸੋਸ਼ਲ ਮੀਡੀਆ, ਜਨਤਕ ਐਲਾਨਾਂ ਅਤੇ ਜਾਣਕਾਰੀ ਸਮੱਗਰੀ ਰਾਹੀਂ ਨਿਯਮਿਤ ਕੂੜਾ ਇਕੱਠਾ ਕਰਨ ਦੇ ਲਾਭਾਂ ਬਾਰੇ ਜਾਗਰੂਕਤਾ ਫੈਲਾਈ ਜਾ ਰਹੀ ਹੈ। ਇਸ ਨਾਲ ਸਾਫ਼-ਸੁਥਰੇ ਮੁਹੱਲੇ, ਸਿਹਤ ਸਬੰਧੀ ਖਤਰਿਆਂ ਵਿੱਚ ਕਮੀ, ਬਿਹਤਰ ਸਫ਼ਾਈ ਅਤੇ ਵਾਤਾਵਰਣ ਸੁਰੱਖਿਆ ਨੂੰ ਉਤਸ਼ਾਹ ਮਿਲੇਗਾ। ਨਗਰ ਨਿਗਮ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣਾ ਕੂੜਾ ਸਿਰਫ਼ ਅਧਿਕਾਰਤ ਇਕੱਠਾ ਕਰਨ ਵਾਲੀਆਂ ਟੀਮਾਂ ਨੂੰ ਹੀ ਸੌਂਪਣ ਅਤੇ ਘਰਾਂ ਜਾਂ ਵਪਾਰਕ ਅਦਾਰਿਆਂ ਦੇ ਬਾਹਰ ਕੂੜਾ ਨਾ ਛੱਡਣ। ਜੇਕਰ ਕਿਸੇ ਇਲਾਕੇ ਵਿੱਚ ਨਿਰਧਾਰਤ ਸਮੇਂ ਅਨੁਸਾਰ ਕੂੜਾ ਇਕੱਠਾ ਕਰਨ ਵਾਲੀ ਗੱਡੀ ਨਹੀਂ ਪਹੁੰਚਦੀ, ਤਾਂ ਨਾਗਰਿਕ ਤੁਰੰਤ ਹੈਲਪਲਾਈਨ ਨੰਬਰ 1800-235-850, ਵਟਸਐਪ ਨੰਬਰ 7347031175 ਜਾਂ ਐੱਮ ਸੇਵਾ ਪੰਜਾਬ ਐਪ ਰਾਹੀਂ ਆਪਣੀ ਸ਼ਿਕਾਇਤ ਦਰਜ ਕਰਵਾ ਸਕਦੇ ਹਨ। ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਸਫ਼ਾਈ ਬਰਕਰਾਰ ਰੱਖਣ ਅਤੇ ਰਾਸ਼ਟਰੀ ਸਫ਼ਾਈ ਮੁਹਿੰਮਾਂ ਦੇ ਉੱਚ ਮਾਪਦੰਡਾਂ ਨੂੰ ਹਾਸਲ ਕਰਨ ਲਈ ਜਨ-ਭਾਗੀਦਾਰੀ ਸਭ ਤੋਂ ਮਹੱਤਵਪੂਰਨ ਹੈ। ਉਨ੍ਹਾਂ ਨੇ ਸਾਰੇ ਨਾਗਰਿਕਾਂ ਨੂੰ ਸਫ਼ਾਈ ਕਰਮਚਾਰੀਆਂ ਦਾ ਸਹਿਯੋਗ ਕਰਨ ਅਤੇ ਜ਼ਿੰਮੇਵਾਰ ਕੂੜਾ ਨਿਪਟਾਰੇ ਦੀਆਂ ਆਦਤਾਂ ਅਪਣਾਉਣ ਦੀ ਅਪੀਲ ਕੀਤੀ। 'ਸੁੱਚਾ ਅੰਮ੍ਰਿਤਸਰ, ਸੁੰਦਰ ਅੰਮ੍ਰਿਤਸਰ' ਨਗਰ ਨਿਗਮ ਦਾ ਸੰਕਲਪ ਹੈ ਅਤੇ ਸ਼ਹਿਰ ਨੂੰ ਸਾਫ਼, ਹਰਿਆ-ਭਰਿਆ ਅਤੇ ਸਿਹਤਮੰਦ ਬਣਾਉਣ ਵਿੱਚ ਹਰ ਨਾਗਰਿਕ ਦੀ ਅਹਿਮ ਭੂਮਿਕਾ ਹੈ।

# ਤਰਕਸ਼ੀਲ ਸੁਸਾਇਟੀ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਉੱਤੇ ਤੁਰੰਤ ਪਾਬੰਦੀ ਲਾਉਣ ਦੀ ਮੰਗ

**ਫ਼ਿਰਕੂ ਰਾਜਨੀਤੀ ਕਰਨ ਦੀ ਬਜਾਏ ਲੋਕਾਂ ਦੀਆਂ ਬੁਨਿਆਦੀ ਲੋੜਾਂ ਦੀ ਪੂਰਤੀ ਕਰੇ ਸਰਕਾਰ**



ਬਰਨਾਲਾ (ਨ ਜ਼ ਸ)-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਵਰਕਿੰਗ ਕਮੇਟੀ ਦੀ ਇਕ ਵਿਸ਼ੇਸ਼ ਮੀਟਿੰਗ ਤਰਕਸ਼ੀਲ ਭਵਨ ਬਰਨਾਲਾ ਵਿਖੇ ਸੂਬਾਈ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਹੇਠ ਵੱਖ ਵੱਖ ਧਾਰਮਿਕ ਸਥਾਨਾਂ ਦੀ ਕਰਵਾਈ ਜਾ ਰਹੀ ਮੁਫ਼ਤ ਯਾਤਰਾ ਨੂੰ ਸਰਾਸਰ ਗੈਰ ਸੰਵਿਧਾਨਕ ਅਤੇ ਕਰੋੜਾਂ ਰੁਪਏ ਦੇ ਜਨਤਕ ਸਰਮਾਏ ਦੀ ਬਰਬਾਦੀ ਕਰਾਰ ਦਿੰਦਿਆਂ ਇਸ ਫ਼ਜ਼ੂਲ ਖਰਚੀ ਉਤੇ ਤੁਰੰਤ ਰੋਕ ਲਾਉਣ ਦੀ ਜ਼ੋਰਦਾਰ ਮੰਗ ਕੀਤੀ ਗਈ।ਇਸ ਮੌਕੇ ਵਿਗਿਆਨਕ ਚੇਤਨਾ ਦੇ ਪ੍ਰਚਾਰ ਤੇ ਪ੍ਰਸਾਰ ਲਈ ਤਰਕਸ਼ੀਲ ਬੁੱਧੀਜੀਵੀ ਡਾਕਟਰ ਨਰਿੰਦਰ ਦਾਭੋਲਕਰ ਨੂੰ ਸਮਰਪਿਤ ਤਿੰਨ ਦਿਨਾਂ ਪੁਸਤਕ ਮੇਲਾ ਅਗਸਤ ਮਹੀਨੇ ਵਿੱਚ ਤਰਕਸ਼ੀਲ ਭਵਨ ਬਰਨਾਲੇ ਵਿਖੇ ਲਾਏ ਜਾਣ ਦਾ ਫੈਸਲਾ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋਂ, ਰਾਜੇਸ਼ ਅਕਲੀਆ, ਰਾਜਪਾਲ ਸਿੰਘ ਅਤੇ ਸੁਮੀਤ ਅੰਮ੍ਰਿਤਸਰ ਨੇ ਕਿਹਾ ਕਿ ਭਾਰਤੀ ਸੰਵਿਧਾਨ ਅਨੁਸਾਰ ਭਾਰਤੀ ਸਟੇਟ ਦਾ ਇਕ ਧਰਮ ਨਿਰਲੇਪ ਆਧਾਰ ਹੈ ਅਤੇ ਪੰਜਾਬ ਸਰਕਾਰ ਸਮੇਤ ਕਿਸੇ ਵੀ ਹਕੂਮਤ ਨੂੰ ਲੋਕਾਂ ਤੋਂ ਟੈਕਸਾਂ ਦੇ ਰੂਪ ਵਿੱਚ ਇਕੱਠੇ ਕੀਤੇ ਕੀਮਤੀ ਜਨਤਕ ਸਰਮਾਏ ਨੂੰ ਧਾਰਮਿਕ ਕਾਰਜਾਂ ਉਤੇ ਫਜ਼ੂਲ ਖਰਚ ਕਰਨ ਦਾ ਕੋਈ ਕਾਨੂੰਨੀ ਤੇ ਨੈਤਿਕ ਅਧਿਕਾਰ ਨਹੀ ਹੈ ਜਦਕਿ ਕਰੋੜਾਂ ਆਮ ਲੋਕ ਸਿੱਖਿਆ, ਸਿਹਤ ਅਤੇ ਰੁਜ਼ਗਾਰ ਦੀਆਂ ਬੁਨਿਆਦੀ ਸਹੂਲਤਾਂ ਨੂੰ ਤਰਸ ਰਹੇ ਹਨ।

ਤਰਕਸ਼ੀਲ ਆਗੂਆਂ ਰਾਮ ਸਵਰਨ ਲੱਖੇਵਾਲੀ, ਜੋਗਿੰਦਰ ਕੁੱਲੇਵਾਲ, ਸੁਖਵਿੰਦਰ ਬਾਗਪੁਰ ਅਤੇ ਜਸਵਿੰਦਰ ਫਗਵਾੜਾ ਨੇ ਇਸ ਯੋਜਨਾ ਦਾ ਡਟਵਾਂ ਵਿਰੋਧ ਕਰਦਿਆਂ ਕਿਹਾ ਕਿ ਤੀਰਥ ਯਾਤਰਾ ਯੋਜਨਾ ਦਾ ਆਮ ਲੋਕਾਂ ਦੇ ਬੁਨਿਆਦੀ ਵਿਕਾਸ ਜਾਂ ਬੁਨਿਆਦੀ ਲੋੜਾਂ ਦੀ ਪੂਰਤੀ ਨਾਲ ਕੋਈ ਸੰਬੰਧ ਨਹੀਂ ਹੈ।ਉਨ੍ਹਾਂ ਸਵਾਲ ਕੀਤਾ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਅਕਾਲੀ ਭਾਜਪਾ ਸਰਕਾਰ ਵੇਲੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨੂੰ ਵਾਪਸ ਲੈਣ ਦੇ ਹੁਕਮ ਦਿੱਤੇ ਗਏ ਸਨ ਤਾਂ ਫਿਰ ਆਪ ਸਰਕਾਰ ਵਲੋਂ ਇਹ ਯੋਜਨਾ ਕਿਸ ਅਧਾਰ ਤੇ ਦੋਬਾਰਾ ਲਾਗੂ ਕੀਤੀ ਗਈ ਹੈ? ਇਸ ਮੌਕੇ ਸੂਬਾ ਕਮੇਟੀ ਆਗੂਆਂ ਸੁਰਜੀਤ ਟਿੱਬਾ, ਕੁਲਜੀਤ ਫਾਜ਼ਿਲਕਾ ਅਤੇ ਗੁਰਪ੍ਰੀਤ ਸ਼ਹਿਣਾ ਨੇ ਦੋਸ਼ ਲਾਇਆ ਕਿ ਇਕ ਪਾਸੇ ਪੰਜਾਬ ਸਰਕਾਰ ਵੱਲੋਂ ਫੰਡਾਂ ਦੀ ਘਾਟ ਕਰਕੇ ਪੰਜਾਬ ਦੇ ਪੜ੍ਹੇ ਲਿਖੇ ਬੇਰੁਜ਼ਗਾਰ ਨੌਜਵਾਨਾਂ ਉਤੇ ਸਰਕਾਰੀ ਨੌਕਰੀਆਂ ਮੰਗਣ ਤੇ ਅਣਮਨੁੱਖੀ ਤਸ਼ੱਦਦ ਕੀਤਾ ਜਾ ਰਿਹਾ ਹੈ ਅਤੇ ਜਨਤਕ ਅਦਾਰਿਆਂ ਨੂੰ ਕੌਡੀਆਂ ਦੇ ਭਾਅ ਵੇਚਿਆ ਜਾ ਰਿਹਾ ਹੈ ਪਰ ਇਸਦੇ ਬਿੱਲਕੁਲ ਉਲਟ ਲੋਕਾਂ ਦੀ ਧਾਰਮਿਕ ਆਸਥਾ ਹੇਠ ਵੋਟਾਂ ਬਟੋਰਨ ਦੀ ਫ਼ਿਰਕੂ ਸਿਆਸਤ ਕਰਕੇ ਕਰੋੜਾਂ ਰੁਪਏ ਦੀ ਬਰਬਾਦੀ ਕੀਤੀ ਜਾ ਰਹੀ ਹੈ।

ਮੀਟਿੰਗ ਵਿੱਚ ਜ਼ੋਨ ਆਗੂਆਂ ਮਾਸਟਰ ਪਰਮ ਵੇਦ, ਸੁਖਦੇਵ ਫਗਵਾੜਾ, ਅਜੀਤ ਪ੍ਰਦੇਸੀ, ਜਸਵੰਤ ਜੀਰਖ, ਮੈਡਮ ਕੁਲਵੰਤ ਕੌਰ, ਸੁਖਵਿੰਦਰ ਗੋਗਾ, ਬਲਰਾਜ ਮੌੜ, ਪ੍ਰਵੀਨ ਜੰਡਵਾਲਾ, ਅੰਮ੍ਰਿਤ ਰਿਸ਼ੀ ਅਤੇ ਜਸਵੀਰ ਸੋਨੀ ਵੱਲੋਂ ਪੰਜਾਬ ਵਿੱਚ ਅੰਧ ਵਿਸ਼ਵਾਸ਼ ਰੋਕੂ ਕਾਨੂੰਨ ਬਣਾਉਣ ਲਈ ਜਨਤਕ ਸੰਘਰਸ਼ ਕਰਨ ਦੀ ਲੋੜ ਉੱਤੇ ਜ਼ੋਰ ਦਿੱਤਾ ਗਿਆ।

# ਮਨੁੱਖਤਾ ਦੀ ਸੇਵਾ ਖੂਨਦਾਨ ਸੁਸਾਇਟੀ ਨੇ ਲੋੜਵੰਦਾਂ ਲਈ ਲਾਇਆ ਵਿਸ਼ਾਲ ਖੂਨਦਾਨ ਕੈਂਪ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਅੰਤਰਰਾਸ਼ਟਰੀ ਖੂਨਦਾਤਾ ਦਿਵਸ ਮੌਕੇ ਮਨੁੱਖਤਾ ਦੀ ਸੇਵਾ ਖੂਨਦਾਨ ਸੁਸਾਇਟੀ ਪੱਟੀ ਵੱਲੋਂ ਸਿਵਲ ਹਸਪਤਾਲ ਪੱਟੀ ਦੀ ਬਲੱਡ ਬੈਂਕ ਵਿਖੇ ਖੂਨਦਾਨ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਇਲਾਕੇ ਦੇ ਨੌਜਵਾਨਾਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਅਣਗਿਣਤ ਯੂਨਿਟ ਖੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੱਤਾ।ਕੈਂਪ ਦੌਰਾਨ ਖੂਨਦਾਨੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਨੌਜਵਾਨਾਂ ਨੇ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਦੇ ਮਕਸਦ ਨਾਲ ਸਵੈ-ਇੱਛਾ ਨਾਲ ਖੂਨਦਾਨ ਕੀਤਾ।ਸੁਸਾਇਟੀ ਵੱਲੋਂ ਖੂਨਦਾਨੀਆਂ ਦਾ ਸਨਮਾਨ ਵੀ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਮੇਂ-ਸਮੇਂ 'ਤੇ ਖੂਨਦਾਨ ਕਰਨ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਸੁਸਾਇਟੀ ਦੇ ਪ੍ਰਬੰਧਕ ਮਲਕੀਅਤ ਸਿੰਘ ਬੱਬਲ ਨੇ ਕਿਹਾ ਕਿ ਖੂਨਦਾਨ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ।ਉਨ੍ਹਾਂ ਕਿਹਾ ਕਿ ਇੱਕ ਯੂਨਿਟ ਖੂਨ ਕਈ ਕੀਮਤੀ ਜ਼ਿੰਦਗੀਆਂ ਨੂੰ ਬਚਾਉਣ ਵਿੱਚ ਸਹਾਈ ਸਾਬਤ ਹੁੰਦਾ ਹੈ।ਹਾਦਸਿਆਂ, ਜਣੇਪੇ, ਆਪ੍ਰੇਸ਼ਨਾਂ ਅਤੇ ਗੰਭੀਰ ਬਿਮਾਰੀਆਂ ਦੌਰਾਨ ਖੂਨ ਦੀ ਲੋੜ ਪੈਂਦੀ ਰਹਿੰਦੀ ਹੈ, ਜਿਸ ਨੂੰ ਸਿਰਫ਼ ਸਵੈ-ਇੱਛੁਕ ਖੂਨਦਾਨੀ ਹੀ ਪੂਰਾ ਕਰ ਸਕਦੇ ਹਨ।ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸਮਾਜ ਸੇਵਾ ਦੇ ਅਜਿਹੇ ਕਾਰਜਾਂ ਨਾਲ ਜੁੜਨ ਦੀ ਅਪੀਲ ਕੀਤੀ।ਸੁਸਾਇਟੀ ਦੇ ਕਾਰਜਕਾਰੀ ਪ੍ਰਧਾਨ ਸੁਖਬੀਰ ਸਿੰਘ ਨਿੱਬਰ ਨੇ ਕਿਹਾ ਕਿ ਵਿਸ਼ਵ ਖੂਨਦਾਨ ਦਿਵਸ ਸਿਰਫ਼ ਇੱਕ ਦਿਨ ਨਹੀਂ, ਸਗੋਂ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਹੈ। ਉਨ੍ਹਾਂ ਕਿਹਾ ਕਿ ਖੂਨ ਦਾ ਕੋਈ ਬਦਲ ਨਹੀਂ ਹੈ ਅਤੇ ਹਰ ਤੰਦਰੁਸਤ ਵਿਅਕਤੀ ਨੂੰ ਨਿਯਮਿਤ ਤੌਰ ਤੇ ਖੂਨਦਾਨ ਕਰਨਾ ਚਾਹੀਦਾ ਹੈ।ਉਨ੍ਹਾਂ ਦੱਸਿਆ ਕਿ ਮਨੁੱਖਤਾ ਦੀ ਸੇਵਾ ਖੂਨਦਾਨ ਸੁਸਾਇਟੀ ਪਿਛਲੇ ਕਈ ਸਾਲਾਂ ਤੋਂ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਖੂਨ ਮੁਹੱਈਆ ਕਰਵਾਉਣ ਲਈ ਦਿਨ-ਰਾਤ ਸੇਵਾ ਨਿਭਾ ਰਹੀ ਹੈ ਅਤੇ ਭਵਿੱਖ ਵਿੱਚ ਵੀ ਇਹ ਸੇਵਾ ਨਿਰੰਤਰ ਜਾਰੀ ਰਹੇਗੀ।ਉਨ੍ਹਾਂ ਸਮਾਜ ਦੇ ਹਰ ਵਰਗ ਨੂੰ ਜਾਤ-ਪਾਤ ਅਤੇ ਧਰਮ ਤੋਂ ਉੱਪਰ ਉੱਠ ਕੇ ਮਨੁੱਖਤਾ ਦੀ ਭਲਾਈ ਲਈ ਖੂਨਦਾਨ ਕਰਨ ਦੀ ਅਪੀਲ ਕੀਤੀ।ਉਨ੍ਹਾਂ ਸਿਵਲ ਹਸਪਤਾਲ ਪੱਟੀ ਦੀ ਬਲੱਡ ਬੈਂਕ ਟੀਮ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਨਾਲ ਇਹ ਕੈਂਪ ਸਫਲਤਾਪੂਰਵਕ ਨੇਪਰੇ ਚੜ੍ਹਿਆ।ਇਸ ਮੌਕੇ ਬਲੱਡ ਬੈਂਕ ਦੇ ਸਟਾਫ਼ ਮੈਂਬਰ ਅਰਦੀਪ ਕੌਰ, ਕੰਵਲਜੀਤ ਕੌਰ, ਸੁਰਭੀ, ਬਿਨੇ ਮਿਸ਼ਰਾ, ਕੋਮਲਪ੍ਰੀਤ ਕੌਰ ਅਤੇ ਪਰਤਾਪ ਸਿੰਘ ਹਾਜ਼ਰ ਰਹੇ।ਇਸ ਮੌਕੇ ਮਨੁੱਖਤਾ ਦੀ ਸੇਵਾ ਖੂਨਦਾਨ ਸੁਸਾਇਟੀ ਦੇ ਕਾਰਜਕਾਰੀ ਪ੍ਰਧਾਨ ਸੁਖਬੀਰ ਸਿੰਘ ਨਿੱਬਰ, ਮਨਪ੍ਰੀਤ ਸਿੰਘ ਸਾਗਰ, ਲਖਵਿੰਦਰ ਸਿੰਘ ਲੱਕੀ, ਮਾਸਟਰ ਸਰਬਜੀਤ ਸਿੰਘ, ਮਾਸਟਰ ਗੁਰਵਿੰਦਰ ਸਿੰਘ, ਪਲਵਿੰਦਰ ਸਿੰਘ ਪਿੰਦਰ, ਵਿਕਰਮਜੀਤ ਸਿੰਘ ਜੱਸਾ, ਦਿਲਦਾਰ ਸਿੰਘ, ਸਾਹਿਬ ਸਿੰਘ, ਰਾਜੂ ਕਮਲ ਅਤੇ ਬਿੱਲਾ ਸਮੇਤ ਸੁਸਾਇਟੀ ਦੇ ਹੋਰ ਮੈਂਬਰ ਹਾਜ਼ਰ ਸਨ।

# ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਜ਼ਿਲ੍ਹਾ ਪਠਾਨਕੋਟ 'ਚ ਰਜਿਸਟ੍ਰੇਸ਼ਨ ਸ਼ੁਰੂ



ਪਠਾਨਕੋਟ, (ਦਵਿੰਦਰ ਸਿੰਘ)- ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਅਤੇ ਲੜਕੀਆਂ ਦੇ ਸਮਾਜਿਕ ਅਤੇ ਆਰਥਿਕ ਸਸ਼ਕਤੀਕਰਨ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਜ਼ਿਲ੍ਹਾ ਪਠਾਨਕੋਟ ਵਿੱਚ ਯੋਗ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਸ਼ੁਰੂ ਕਰ ਦਿੱਤੀ ਗਈ ਹੈ।ਜ਼ਿਲ੍ਹਾ ਪ੍ਰਸ਼ਾਸਨ ਪਠਾਨਕੋਟ ਅਤੇ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਸਾਂਝੇ ਉਪਰਾਲੇ ਨਾਲ ਇਸ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਵਿਸ਼ੇਸ਼ ਕਦਮ ਚੁੱਕੇ ਜਾ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸੰਜੀਵ ਸ਼ਰਮਾ ਨੇ ਦੱਸਿਆ ਕਿ 13 ਅਤੇ 14 ਜੂਨ ਨੂੰ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਅਧਿਕਾਰੀਆਂ, ਸੁਪਰਵਾਈਜ਼ਰਾਂ ਅਤੇ ਆਂਗਣਵਾੜੀ ਵਰਕਰਾਂ ਵੱਲੋਂ ਮਹਿਲਾ ਸਤਿਕਾਰ ਸਖੀਆਂ ਲਈ ਵਿਸ਼ੇਸ਼ ਟ੍ਰੇਨਿੰਗ ਕੈਂਪ ਆਯੋਜਿਤ ਕੀਤੇ ਗਏ।ਇਨ੍ਹਾਂ ਕੈਂਪਾਂ ਦੌਰਾਨ ਯੋਜਨਾ ਦੇ ਉਦੇਸ਼, ਯੋਗਤਾ ਮਾਪਦੰਡ, ਰਜਿਸਟ੍ਰੇਸ਼ਨ ਪ੍ਰਕਿਰਿਆ, ਲਾਭਪਾਤਰੀਆਂ ਦੀ ਪਛਾਣ ਅਤੇ ਪੋਰਟਲ ਸਬੰਧੀ ਤਕਨੀਕੀ ਜਾਣਕਾਰੀ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ।ਉਨ੍ਹਾਂ ਦੱਸਿਆ ਕਿ ਯੋਜਨਾ ਅਧੀਨ 18 ਸਾਲ ਤੋਂ ਵੱਧ ਉਮਰ ਦੀਆਂ ਯੋਗ ਮਹਿਲਾਵਾਂ ਅਤੇ ਲੜਕੀਆਂ ਨੂੰ ਸਿੱਧੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ।ਇਸ ਤਹਿਤ ਅਨੁਸੂਚਿਤ ਜਾਤੀ (ਐਸ.ਸੀ.) ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ, ਜਦਕਿ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੀ ਆਰਥਿਕ ਸਹਾਇਤਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਤੌਰ 'ਤੇ ਜਮ੍ਹਾਂ ਕਰਵਾਈ ਜਾਵੇਗੀ।ਇਸ ਤੋਂ ਇਲਾਵਾ ਬੈਂਕ ਖਾਤਿਆਂ ਦੀ ਵੇਰੀਫਿਕੇਸ਼ਨ, ਆਧਾਰ ਲਿੰਕਿੰਗ ਅਤੇ ਹੋਰ ਤਕਨੀਕੀ ਪ੍ਰਕਿਰਿਆਵਾਂ ਬਾਰੇ ਵੀ ਟ੍ਰੇਨਿੰਗ ਦੌਰਾਨ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ, ਤਾਂ ਜੋ ਯੋਗ ਲਾਭਪਾਤਰੀਆਂ ਨੂੰ ਯੋਜਨਾ ਦਾ ਲਾਭ ਬਿਨਾਂ ਕਿਸੇ ਰੁਕਾਵਟ ਦੇ ਮਿਲ ਸਕੇ।

ਸ਼੍ਰੀ ਸੰਜੀਵ ਸ਼ਰਮਾ ਨੇ ਫੀਲਡ ਸਟਾਫ਼ ਨੂੰ ਹਦਾਇਤ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਵੱਧ ਤੋਂ ਵੱਧ ਯੋਗ ਔਰਤਾਂ ਅਤੇ ਲੜਕੀਆਂ ਦੀ ਪਛਾਣ ਕਰਕੇ ਉਨ੍ਹਾਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ।ਉਨ੍ਹਾਂ ਕਿਹਾ ਕਿ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਜਾਗਰੂਕਤਾ ਮੁਹਿੰਮ ਵੀ ਚਲਾਈ ਜਾਵੇਗੀ ਤਾਂ ਜੋ ਕੋਈ ਵੀ ਯੋਗ ਮਹਿਲਾ ਇਸ ਲੋਕ-ਭਲਾਈ ਯੋਜਨਾ ਦੇ ਲਾਭ ਤੋਂ ਵਾਂਝੀ ਨਾ ਰਹਿ ਜਾਵੇ।

# ਇੰਤਕਾਲਾਂ ਤੇ ਹੋਰ ਜ਼ਮੀਨੀ ਕੇਸਾਂ 'ਚ ਵੱਡੇ ਪੱਧਰ 'ਤੇ ਭ੍ਰਿਸ਼ਟਾਚਾਰ ਖਿਲਾਫ ਦਿੱਤਾ ਰੋਸ ਧਰਨਾ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਬਾਰਡਰ ਦੀ ਤਹਿਸੀਲ ਲੋਪੋਕੇ ਵਿੱਚ ਤਹਿਸੀਲਦਾਰ ਸਮੇਤ ਮਾਲ ਅਧਿਕਾਰੀਆਂ ਵੱਲੋਂ ਜਾਅਲੀ ਰਜਿਸਟਰੀਆਂ, ਇੰਤਕਾਲਾਂ ਅਤੇ ਹੋਰ ਜ਼ਮੀਨੀ ਕੇਸਾਂ ਵਿੱਚ ਵੱਡੇ ਪੱਧਰ 'ਤੇ ਭ੍ਰਿਸ਼ਟਾਚਾਰ ਚੱਲ ਰਹੇ ਹਨ ਜਿਸ ਦੀ ਉੱਘੜਵੀਂ ਮਿਸਾਲ ਹੈ ਪਿੰਡ ਕੁਹਾਲੀ ਦੇ ਕਿਸਾਨ ਬਿਕਰਮਜੀਤ ਸਿੰਘ ਦੀ 6 ਏਕੜ ਜ਼ਮੀਨ ਦੀ। ਕਿਸਾਨ ਬਿਕਰਮਜੀਤ ਸਿੰਘ ਦੇ ਰਿਸ਼ਤੇਦਾਰਾਂ ਵੱਲੋਂ ਸਿਆਸੀ ਦਬਾਅ ਅਤੇ ਪੈਸੇ ਦੇ ਜ਼ੋਰ ਨਾਲ ਮਾਲ ਮਹਿਕਮੇ ਰਾਹੀਂ ਜ਼ਮੀਨ ਹੜੱਪਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਦੇ ਵਿਰੋਧ ਵਿਚ ਜਨਤਕ ਜਥੇਬੰਦੀਆਂ ਦੀ ਅਗਵਾਈ 'ਚ ਲੋਪੋਕੇ ਤਹਿਸੀਲ ਸਾਹਮਣੇ ਵਿਸ਼ਾਲ ਰੋਹ ਭਰਿਆ ਧਰਨਾ ਦਿੱਤਾ ਜਿਸ ਦੀ ਪ੍ਰਧਾਨਗੀ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਵਿਰਸਾ ਸਿੰਘ ਟਪਿਆਲਾ, ਵਿਸਾਖਾ ਸਿੰਘ ਭੰਗਵਾ, ਜਤਿੰਦਰ ਮਾਨਾਂਵਾਲਾ, ਸਾਹਿਬ ਸਿੰਘ ਠੱਠੀ ਤੇ ਨਿਹੰਗ ਗੁਰਮੁੱਖ ਸਿੰਘ ਕੋਹਾਲੀ ਨੇ ਕੀਤੀ!

ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ, ਕਿਸਾਨ ਸਭਾ ਦੇ ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਮੱਲੂਨੰਗਲ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਜੱਗਾ ਸਿੰਘ ਡੱਲਾ, ਸੀਨੀਅਰ ਕਿਸਾਨ ਮਜ਼ਦੂਰ ਆਗੂ ਸਤਵਿੰਦਰ ਸਿੰਘ ਉਠੀਆਂ ਤੇ ਰਜਿੰਦਰ ਸਿੰਘ ਭੱਲਾ ਪਿੰਡ ਨੇ ਕਿਹਾ ਕਿ ਆਮ ਲੋਕਾਂ ਨੂੰ ਕਚਹਿਰੀਆਂ ਥਾਣਿਆਂ ਵਿੱਚ ਇਨਸਾਫ਼ ਨਹੀਂ ਮਿਲ ਰਿਹਾ ਉਪਰੋਂ ਕਾਰਜਪਾਲਿਕਾ, ਵਿਧਾਨਪਾਲਿਕਾ, ਨਿਆਂਪਾਲਿਕਾ ਤੇ ਮੀਡੀਆ ਨੂੰ ਕਾਰਜਹੀਣ ਕਰ ਦਿੱਤਾ ਹੈ। ਜ਼ਮੀਨਾਂ ਤੇ ਪੁਲਸ ਦੇ ਕੇਸਾਂ ਵਿੱਚ ਵੱਡੀਆਂ ਵੱਡੀਆਂ ਕਰਮਾਂ ਹੜੱਪੀਆਂ ਜਾ ਰਹੀਆਂ ਹਨ! ਧਰਨੇ ਦੀ ਤੀਬਰਤਾ ਨੂੰ ਸਮਝਦਿਆਂ ਤਹਿਸੀਲਦਾਰ ਤਰਲੋਚਨ ਸਿੰਘ ਨੇ ਸਟਾਫ ਨਾਲ ਧਰਨੇ ਵਿੱਚ ਪਹੁੰਚ ਕੇ ਸਾਰੇ ਕੇਸਾਂ ਦੀ ਡੂੰਘਾਈ ਨਾਲ ਜਾਣਕਾਰੀ ਲੈ ਕੇ ਵਿਸ਼ਵਾਸ ਦਿਵਾਇਆ ਕਿ ਕੁਹਾਲੀ ਦੇ ਕਿਸਾਨ ਬਿਕਰਮਜੀਤ ਸਿੰਘ ਨਾਲ ਇਨਸਾਫ਼ ਕੀਤਾ ਜਾਵੇਗਾ।

ਉਨ੍ਹਾਂ ਇਹ ਵੀ ਵਿਸ਼ਵਾਸ ਦਿਵਾਇਆ ਕਿ ਭਿੰਡੀ ਨੈਣ ਤੇ ਬੱਚੀਵਿੰਡ ਦੇ ਕਿਸਾਨਾਂ ਨੂੰ ਵੀ ਨਿਆਂ ਮਿਲੇਗਾ। ਆਗੂਆਂ ਨੇ ਕਿਹਾ ਕਿ ਜੇਕਰ ਇਨਸਾਫ ਨਾ ਮਿਲਿਆ ਤਾਂ ਵੱਡਾ ਸੰਘਰਸ਼ ਵਿੱਢਿਆ ਜਾਵੇਗਾ।

## ਸ਼ਹੀਦੀ ਦਿਹਾੜੇ ਨੂੰ ਸਮਰਪਿਤ ਛਬੀਲ ਤੇ ਲੰਗਰ 18 ਨੂੰ



ਪਠਾਨਕੋਟ (ਦਵਿੰਦਰ ਸਿੰਘ)-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧੰਨ-ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਛਬੀਲ ਅਤੇ ਲੰਗਰ ਲਗਾਇਆ ਜਾਵੇਗਾ।ਧੰਨ ਗੁਰੂ ਅਰਜਨ ਦੇਵ ਜੀ ਨੂੰ ਸ਼ਹੀਦਾਂ ਦੇ ਸਰਤਾਜ ਵੀ ਕਿਹਾ ਜਾਂਦਾ ਹੈ।

ਜਾਣਕਾਰੀ ਦਿੰਦਿਆਂ ਬੁਧੀਆ ਸਿੰਘ, ਚੰਨਣ ਸਿੰਘ, ਜਰਨੈਲ ਸਿੰਘ, ਪਵਨ ਸ਼ਰਮਾ, ਕੰਵਲ ਰੰਧਾਵਾ, ਤੇਜਪਾਲ ਸਿੰਘ ਅਤੇ ਸਮੂਹ ਜੱਟ ਪਰਿਵਾਰ ਬੁੰਗਲ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰੂ ਸਾਹਿਬ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਲੰਗਰ ਦੀ ਸੇਵਾ 18 ਜੂਨ ਨੂੰ ਕੀਤੀ ਜਾਵੇਗੀ।

ਪਠਾਨਕੋਟ ਤੋਂ ਚੰਬਾ ਮਾਰਗ ਸਥਿਤ ਪਿੰਡ ਬੁੰਗਲ ਵਿਖੇ ਇਹ ਛਬੀਲ ਅਤੇ ਲੰਗਰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤਕ ਅਟੁੱਟ ਚੱਲੇਗਾ।

## ਹਲਕਾ ਤਰਨਤਾਰਨ ਦੇ ਵਾਰਡ ਨੰਬਰ 16 ਤੇ 19 'ਚ ਕਾਂਗਰਸ ਹੋਈ ਮਜ਼ਬੂਤ



ਸਰਾਏ ਅਮਾਨਤ ਖਾਂ (ਮੱਖਣ ਮਨੋਜ)- ਹਲਕਾ ਤਰਨ ਤਾਰਨ ਦੇ ਵਾਰਡ ਨੰਬਰ 16 ਅਤੇ 19 ਵਿੱਚ ਵਿਸ਼ਾਲ ਅਤੇ ਉਨ੍ਹਾਂ ਦੀ ਮਾਤਾ ਵੱਲੋਂ ਰੱਖੇ ਵਿਸ਼ਾਲ ਪ੍ਰੋਗਰਾਮ ਵਿੱਚ ਕਰਨਬੀਰ ਸਿੰਘ ਬੁਰਜ ਦੀ ਗੈਰ-ਹਾਜ਼ਰੀ ਕਾਰਨ ਉਨ੍ਹਾਂ ਦੇ ਛੋਟੇ ਭਰਾ ਸਰਪੰਚ ਸ. ਗੁਰਚਰਨ ਸਿੰਘ ਖੈਰਦੀ ਅਤੇ ਉਨ੍ਹਾਂ ਦੀ ਟੀਮ ਵੱਲੋਂ ਉਨ੍ਹਾਂ ਦੀ ਅਗਵਾਈ ਹੇਠ ਪਹੁੰਚ ਕਰਕੇ ਕਾਂਗਰਸ ਪਾਰਟੀ ਦੇ ਜੁਝਾਰੂ ਵਰਕਰਾਂ ਅਤੇ ਵਾਰਡ ਵਾਸੀਆਂ ਨਾਲ ਮੁਲਾਕਾਤ ਕੀਤੀ ਗਈ।ਇਸ ਪ੍ਰੋਗਰਾਮ ਵਿੱਚ ਅਜੇ, ਸੰਨੀ, ਗੋਵਿੰਦ, ਮਨੀ, ਬਿੱਲਾ, ਬੱਗਾ, ਆਕਾਸ਼, ਬਿੱਟੂ, ਅਜੇ ਮੱਸੀ, ਕਰਨਜੀਤ, ਵਿਸ਼ਾਲ, ਸਨੇਹਾ, ਕਵਲ, ਐਲਬਰਟ ਮੈਥਿਊ, ਫਰੈਂਸੀਸ, ਰਾਹੁਲ, ਸੱਜਣ, ਲਲਿਤ ਕੁਮਾਰ, ਅਜੇ ਸਮੇਤ ਵੱਡੀ ਗਿਣਤੀ 'ਚ ਸਾਥੀ ਹਾਜ਼ਰ ਸਨ।ਇਸ ਮੌਕੇ ਕਈ ਪਰਿਵਾਰਾਂ ਨੇ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਆਖਦੇ ਹੋਏ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਨਵੇਂ ਸਾਥੀਆਂ ਦਾ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਦਿਲੋਂ ਸਵਾਗਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਤੁਹਾਡੇ ਸਭ ਦੇ ਸਾਥ ਨਾਲ ਕਾਂਗਰਸ ਪਾਰਟੀ ਤਰਨ ਤਾਰਨ ਹਲਕੇ ਵਿੱਚ ਹੋਰ ਮਜ਼ਬੂਤ ਹੋਵੇਗੀ।ਪਹੁੰਚੇ ਸਾਰੇ ਵਰਕਰਾਂ ਤੇ ਵਾਰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਫਰੀਡਮ ਫਾਈਟਰ ਪਰਿਵਾਰਾਂ ਦਾ ਫਰੀਡਮ ਫਾਈਟਰ ਫੈਮਿਲੀ ਵੈੱਲਫੇਅਰ ਬੋਰਡ ਬਣਾਇਆ ਜਾਵੇ: ਲਾਧੂਪੁਰ

ਧਾਰੀਵਾਲ, (ਮਨਦੀਪ ਵਿੱਕੀ)-ਪੰਜਾਬ ਦੀਆਂ ਫਰੀਡਮ ਫਾਈਟਰ ਜਥੇਬੰਦੀਆਂ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ। ਇਸ ਮੌਕੇ ਆਲ ਇੰਡੀਆ ਫਰੀਡਮ ਫਾਈਟਰ ਫੈਮਿਲੀਜ਼ ਐਸੋਸੀਏਸ਼ਨ ਅਤੇ ਫਰੀਡਮ ਫਾਈਟਰ ਉੱਤਰਾਧਿਕਾਰੀ ਸੰਸਥਾ (ਰਜਿ.) 196 ਦੇ ਸੂਬਾ ਸਰਪ੍ਰਸਤ ਸਰਦਾਰ ਹਰਿੰਦਰਪਾਲ ਸਿੰਘ ਖਾਲਸਾ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ।ਇਸ ਮੀਟਿੰਗ ਵਿੱਚ ਆਲ ਇੰਡੀਆ ਫਰੀਡਮ ਫਾਈਟਰ ਫੈਮਿਲੀਜ਼ ਦੇ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਦਲਵੀਰ ਸਿੰਘ ਡੁਗਰੀ, ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਗੁਰਕਿਰਪਾਲ ਸਿੰਘ, ਜ਼ਿਲ੍ਹਾ ਪਠਾਨਕੋਟ ਦੇ ਪ੍ਰਧਾਨ ਤਰਸੇਮ ਸਿੰਘ ਸੰਧੂ ਅਤੇ ਆਲ ਇੰਡੀਆ ਫਰੀਡਮ ਫਾਈਟਰ ਫੈਮਿਲੀਜ਼ ਐਸੋਸੀਏਸ਼ਨ ਦੇ ਰਾਸ਼ਟਰੀ ਪ੍ਰਧਾਨ ਬਖਤਾਵਰ ਸਿੰਘ ਨੇ ਵੀ ਸ਼ਮੂਲੀਅਤ ਕੀਤੀ।ਇਨ੍ਹਾਂ ਤੋਂ ਇਲਾਵਾ ਸੰਗਰੂਰ ਤੋਂ ਗੁਰਸ਼ਰਨਪ੍ਰੀਤ ਸਿੰਘ ਸਮੇਤ ਹੋਰ ਸੰਸਥਾਵਾਂ ਦੀਆਂ ਕਈ ਸ਼ਖ਼ਸੀਅਤਾਂ ਨੇ ਵੀ ਸ਼ਮੂਲੀਅਤ ਕੀਤੀ।ਇਸ ਮੀਟਿੰਗ ਦੀ ਪ੍ਰਧਾਨਗੀ ਹਰਿੰਦਰਪਾਲ ਸਿੰਘ ਖਾਲਸਾ ਨੇ ਕੀਤੀ ਅਤੇ ਫਰੀਡਮ ਫਾਈਟਰਾਂ ਦੇ ਪਰਿਵਾਰਾਂ ਨੂੰ ਆ ਰਹੀਆਂ ਦਿੱਕਤਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੂੰ ਇਨ੍ਹਾਂ ਸੰਸਥਾਵਾਂ ਵੱਲੋਂ ਪਹਿਲੇ ਵੀ ਬੇਨਤੀ ਕੀਤੀ ਗਈ ਸੀ ਕਿ ਫਰੀਡਮ ਫਾਈਟਰ ਪਰਿਵਾਰਾਂ ਦਾ ਫਰੀਡਮ ਫਾਈਟਰ ਫੈਮਿਲੀ ਵੈੱਲਫੇਅਰ ਬੋਰਡ ਬਣਾਇਆ ਜਾਵੇ ਅਤੇ ਪੰਜਾਬ ਦੇ ਫਰੀਡਮ ਫਾਈਟਰ ਮੰਤਰੀ ਮਹਿੰਦਰ ਕੁਮਾਰ ਭਗਤ ਨੂੰ ਜਲੰਧਰ ਵਿਖੇ ਉਨਾਂ ਦੇ ਘਰ ਅੱਜ ਤੋਂ ਡੇਢ ਸਾਲ ਪਹਿਲੇ ਮਿਲੇ ਸੀ ਅਤੇ ਉਹਨਾਂ ਨੇ ਵਿਸ਼ਵਾਸ ਦਵਾਇਆ ਸੀ ਕਿ ਤੁਹਾਡਾ ਫਰੀਡਮ ਫਾਈਟਰ ਫੈਮਿਲੀਜ਼ ਵੈੱਲਫੇਅਰ ਬੋਰਡ ਤਿਆਰ ਹੈ ਤੇ ਡਿਕਲੇਅਰ ਕਰਨ ਦੀ ਗੱਲ ਹੈ ਪਰ ਅੱਜ ਜਦੋਂ ਕਿ ਪੰਜਾਬ ਸਰਕਾਰ ਨੇ ਸਾਰੀਆਂ ਬਰਾਦਰੀਆਂ ਦੇ ਵੈੱਲਫੇਅਰ ਬੋਰਡ ਬਣਾਏ ਹਨ ਤਾਂ ਫਰੀਡਮ ਫਾਈਟਰ ਪਰਿਵਾਰਾਂ ਨੂੰ ਫਿਰ ਛੱਡ ਦਿੱਤਾ ਗਿਆ ਹੈ।ਦੁੱਖ ਨਾਲ ਕਹਿਣਾ ਪੈਂਦਾ ਹੈ ਕਿ ਜਿਨ੍ਹਾਂ ਲੋਕਾਂ ਨੇ ਦੇਸ਼ ਨੂੰ ਆਜ਼ਾਦ ਕਰਾਇਆ ਸਰਕਾਰਾਂ ਉਨ੍ਹਾਂ ਨੂੰ ਭੁੱਲ ਜਾਂਦੀਆਂ ਹਨ ਤੇ ਸਿਰਫ ਵੋਟਾਂ ਦੇ ਫਾਇਦੇ ਲਈ ਬੋਰਡ ਬਣਾ ਕੇ ਲੋਕਾਂ ਨੂੰ ਐਡਜਸਟ ਕਰਦੀਆਂ ਹਨ।ਇਸ ਮੀਟਿੰਗ ਵਿੱਚ ਕੇਰਲਾ, ਤਾਮਿਲਨਾਡੂ ਤੇ ਉੱਤਰਾਖੰਡ ਦੀ ਤਰਜ 'ਤੇ ਫਰੀਡਮ ਫਾਈਟਰ ਪਰਿਵਾਰਾਂ ਨੂੰ ਸਨਮਾਨ ਭੱਤਾ ਬਤੌਰ ਪੈਨਸ਼ਨ ਦੇਣ ਬਾਰੇ ਵੀ ਬੇਨਤੀ ਕੀਤੀ ਗਈ, ਗੁੱਡਾ, ਪੁੱਡਾ ਪਾਲਸੀ ਜੋ ਸਰਕਾਰ ਫਰੀਡਮ ਫਾਈਟਰ ਪਰਿਵਾਰਾਂ ਨੂੰ 2% ਕੋਟੇ ਵਿੱਚ ਪਲਾਟ ਅਲਾਟ ਕਰਦੀ ਸੀ, ਉਹ ਫਰੀਡਮ ਫਾਈਟਰ ਆਸ਼ਰਤਾਂ ਨੂੰ ਪੁੱਡਾ ਪਾਲਸੀ ਤਹਿਤ ਪਲਾਟ ਦੇਣ ਲਈ ਪੁੱਡਾ ਪਾਲਸੀ ਨੂੰ ਬਦਲ ਕੇ ਲਾਗੂ ਕੀਤਾ ਜਾਵੇ।ਫਾਈਟਰ ਪਰਿਵਾਰਾਂ ਨੂੰ ਸਰਕਾਰ ਵੱਲੋਂ ਜਿੱਥੇ 63 ਤੋਂ ਭਾਵ 1% ਨੌਕਰੀਆਂ ਵਿੱਚ ਰਾਖਵਾਂਕਰਨ ਦਿੱਤਾ ਜਾਂਦਾ ਹੈ, ਉੱਥੇ ਦੋ ਦੀ ਬਜਾਏ 3% ਕੀਤਾ ਜਾਵੇ ਤਾਂ ਜੋ ਸਹੂਲਤਾਂ ਤੀਜੀ ਪੀੜ੍ਹੀ ਤੱਕ ਫਰੀਡਮ ਫਾਈਟਰ ਪਰਿਵਾਰਾਂ ਨੂੰ ਦਿੱਤੀਆਂ ਜਾਂਦੀਆਂ ਹਨ ਉਹ ਚੌਥੀ ਪੀੜ੍ਹੀ ਨੂੰ ਵੀ ਦਿੱਤੀਆਂ ਜਾਣ।ਪੰਜਾਬ ਦੇ ਸਾਰੇ ਤਹਿਸੀਲਾਂ ਜਾਂ ਬਲਾਕ ਦਫਤਰਾਂ ਵਿੱਚ ਬਲਾਕਾਂ ਦੇ ਫਰੀਡਮ ਫਾਈਟਰਾਂ ਦੇ ਨਾਵਾਂ ਦੀ ਲਿਸਟ ਤੇ ਉਹਨਾਂ ਨੇ ਕਿੰਨੀ ਜ਼ੇਲ੍ਹ ਕੱਟੀ, ਕਿਸ ਮੋਰਚੇ ਵਿੱਚ ਕੱਟੀ ਤੇ ਪੀਪੀਓ ਨੰਬਰ ਲਿਖ ਕੇ ਉਹ ਬੋਰਡ ਦੇ ਦਫਤਰਾਂ ਵਿੱਚ ਲਾਈਆਂ ਜਾਣ।



# ਵਿਦਿਆਰਥੀਆਂ ਤੇ ਸਟਾਫ਼ ਨੇ ਸ੍ਰੀ ਦਰਬਾਰ ਸਾਹਿਬ ਸੇਵਾ ਨਿਭਾਈ



ਧਾਰੀਵਾਲ (ਮਨਦੀਪ ਵਿੱਕੀ)- ਗਰਮੀਆਂ ਦੀਆਂ ਛੁੱਟੀਆਂ ਦੌਰਾਨ ਨੌਜਵਾਨ ਪੀੜ੍ਹੀ ਨੂੰ ਸਿੱਖ ਧਰਮ, ਇਤਿਹਾਸ ਤੇ ਸੇਵਾ ਭਾਵਨਾ ਨਾਲ ਜੋੜਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵਲੋਂ ਪਿਛਲੇ 3 ਸਾਲਾਂ ਤੋਂ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਤਹਿਤ ਸ਼੍ਰੋਮਣੀ ਕਮੇਟੀ ਅਧੀਨ ਚੱਲ ਰਹੀਆਂ ਵੱਖ-ਵੱਖ ਵਿਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੇਵਾ ਲਈ ਭੇਜਿਆ ਜਾਂਦਾ ਹੈ।

ਇਸੇ ਲੜੀ ਤਹਿਤ 15 ਜੂਨ ਨੂੰ ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ,ਗੁਰਦਾਸਨੰਗਲ ਦੇ ਕਰੀਬ 20 ਵਿਦਿਆਰਥੀਆਂ ਤੇ 25 ਸਟਾਫ਼ ਮੈਂਬਰਾਂ ਨੇ ਸ੍ਰੀ ਦਰਬਾਰ ਸਾਹਿਬ ਵਿਖੇ ਨਿਮਰਤਾ ਸਹਿਤ ਸੇਵਾ ਨਿਭਾਈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਇਹ ਉਪਰਾਲਾ ਵਿਦਿਆਰਥੀਆਂ ਦੇ ਸਮੇਂ ਨੂੰ ਸਾਰਥਕ ਬਣਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੀਆਂ ਧਾਰਮਿਕ ਜੜ੍ਹਾਂ, ਸਿੱਖੀ ਤੇ ਗੁਰਮਤਿ ਮੁੱਲਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਅ ਰਿਹਾ ਹੈ।ਡਾ. ਗੁਰਜੀਤ ਸਿੰਘ ਨੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਦੀ ਅਗਵਾਈ ਹੇਠ ਚੱਲ ਰਹੀ ਇਸ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਸੇਵਾ ਆਧਾਰਿਤ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਲਾਭਦਾਇਕ ਹਨ।ਇਸ ਮੌਕੇ ਸਮੂਹ ਸਟਾਫ਼ ਹਾਜ਼ਰ ਸੀ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਦੋ ਬੱਸਾਂ ਰਵਾਨਾ

ਮੋਹਾਲੀ (ਗੁਰਜੀਤ ਬਿੱਲਾ)-ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਦੀ ਦੇਖਰੇਖ ਹੇਠ ਮੋਹਾਲੀ ਤੋਂ 57ਵੀਂ ਅਤੇ 58ਵੀਂ ਬੱਸ ਨੂੰ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਰਵਾਨਾ ਕੀਤਾ ਗਿਆ, ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੋਆਰਡੀਨੇਟਰ ਅਤੇ ਸਟੇਟ ਐਵਾਰਡੀ- ਫੂਲਰਾਜ ਸਿੰਘ ਨੇ ਇਸ ਯਾਤਰਾ ਸੰਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਯਾਤਰਾ ਯੋਜਨਾ ਦੇ ਤਹਿਤ ਮੋਹਾਲੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ 57ਵੀ ਬੱਸ ਸੋਹਾਣਾ ਤੋ ਕੌਂਸਲਰ- ਕਮਲਜੀਤ ਕੌਰ ਸੋਹਾਣਾ, ਸੁਰਿੰਦਰ ਸਿੰਘ ਰੋਡਾ, ਹਰਸੰਗਤ ਸਿੰਘ ਨੰਬਰਦਾਰ ਜਦਕਿ 58ਵੀਂ ਬੱਸ ਕੌਂਸਲਰ- ਹਰਪਾਲ ਸਿੰਘ ਬਰਾੜ ਦੀ ਰਹਿਨੁਮਾਈ ਹੇਠ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ ਹੋਈਆਂ ਹਨ। ਹਲਕਾ ਕੋਆਰਡੀਨੇਟਰ ਫੂਲਰਾਜ ਸਿੰਘ ਨੇ ਦੱਸਿਆ ਕਿ ਇਸ ਯਾਤਰਾ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ।


**ਉੱਤਰ ਰੇਲਵੇ**

**ਟੈਂਡਰ ਸੂਚਨਾ**

**ਭੰਡਾਰ ਦੀ ਆਪੂਰਤੀ ਲਈ ਮੰਗ ਟੈਂਡਰ ਇਲੈਕਟ੍ਰੋਨਿਕ ਟੈਂਡਰ ਈ ਪ੍ਰਣਾਲੀ ਦੇ ਅੰਤਰਗਤ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀ. ਮੰਡਲ ਸਾਮਗਰੀ ਪ੍ਰਬੰਧਕ/ਉੱਤਰ ਰੇਲਵੇ/ਭੰਡਾਰ ਬਰਾਂਚ/ਫਿਰੋਜ਼ਪੁਰ ਦੁਆਰਾ ਸੰਭਰਣਕਰਤਾਵਾਂ ਤੋਂ ਹੇਠਾ ਲਿਖੇ ਮਦਾਂ ਦੇ ਲਈ ਟੈਂਡਰ ਮੰਗ ਕੀਤੀ ਜਾਂਦੀ ਹੈ:-

| ਲ. ਨੰ: | ਟੈਂਡਰ ਨੰਬਰ | ਮਾਲ ਦਾ ਵੇਰਵਾ | ਮਾਤਰਾ | ਟੈਂਡਰ ਖੁਲਣ ਦੀ ਮਿਤੀ |
|---|---|---|---|---|
| 01 | 94265168 | SIC of Ultra Thermic/Exothermic Cutting Equipment | 04 sets | 09.07.2026 |

**ਟੈਂਡਰ ਸ਼ਰਤਾਂ-** ireps ਦੀ ਵੈਬਸਾਈਟ **www.ireps.gov.in** ਉਤੇ ਉਪਲਬਧ ਹੈ । ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣਾ ਅਤੇ ਰਜਿਸਟਰਡ ਕਰਾਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ-III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾ ਤੋਂ ਪ੍ਰਾਪਤ ਨਹੀਂ ਕੀਤਾ ਹੈ) ਪ੍ਰਾਪਤ ਕਰਨਾ ਹੋਵੇਗਾ। ਹੱਥ ਨਾਲ ਲਿਖੀ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ । **ਟੈਂਡਰ ਨੋਟਿਸ ਨੰ: 03/2026-27 ਮਿਤੀ : 15.06.2026**

2038/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਪੰਜਾਬ 'ਚ ਐੱਸ ਆਈ ਆਰ ਲਈ 25 ਤੋਂ ਘਰ-ਘਰ ਗਣਨਾ ਹੋਵੇਗੀ ਸ਼ੁਰੂ

**ਚੰਡੀਗੜ੍ਹ (ਗੁਰਜੀਤ ਬਿੱਲਾ)**
ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) 2026 ਤਹਿਤ ਸੂਬੇ ਭਰ ਵਿੱਚ ਘਰ-ਘਰ ਗਣਨਾ 25 ਜੂਨ ਤੋਂ 24 ਜੁਲਾਈ ਤੱਕ ਹੋਵੇਗੀ, ਜਿਸ ਵਿੱਚ ਬੂਥ ਲੈਵਲ ਅਫਸਰ (ਬੀ.ਐਲ.ਓਜ਼) ਵੋਟਰਾਂ ਦੇ ਵੇਰਵਿਆਂ ਦੀ ਪੁਸ਼ਟੀ ਕਰਨ ਅਤੇ ਗਣਨਾ ਫਾਰਮ ਇਕੱਤਰ ਕਰਨ ਲਈ ਘਰ-ਘਰ ਜਾਣਗੇ।ਇਸ ਸੂਬੇ ਪੱਧਰੀ ਰਿਵੀਜ਼ਨ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਸੀ ਈ ਓ ਪੰਜਾਬ, ਅਨਿੰਦਿਤਾ ਮਿਤਰਾ ਵੱਲੋਂ ਭਾਰਤੀ ਚੋਣ ਕਮਿਸ਼ਨ ਦੇ ਸੀਨੀਅਰ ਡਿਪਟੀ ਚੋਣ ਕਮਿਸ਼ਨਰ ਭਾਨੂ ਪ੍ਰਕਾਸ਼ ਯੇਤੂਰੂ ਦੀ ਪ੍ਰਧਾਨਗੀ ਹੇਠ ਇੱਕ ਸਮੀਖਿਆ ਮੀਟਿੰਗ ਕਰਵਾਈ ਗਈ। ਇਹ ਮੀਟਿੰਗ ਐੱਸ ਏ ਐੱਸ ਨਗਰ, ਫਤਿਹਗੜ੍ਹ ਸਾਹਿਬ, ਪਟਿਆਲਾ, ਰੋਪੜ ਤੇ ਐੱਸ ਬੀ ਐੱਸ. ਨਗਰ ਦੇ ਜ਼ਿਲ੍ਹਾ ਚੋਣ ਅਧਿਕਾਰੀਆਂ (ਡੀ ਈ ਓਜ਼) ਨਾਲ ਕੀਤੀ ਗਈ।ਸੀ ਈ ਓ ਪੰਜਾਬ, ਅਨਿੰਦਿਤਾ ਮਿਤਰਾ ਨੇ ਸੀਨੀਅਰ ਡਿਪਟੀ ਚੋਣ ਕਮਿਸ਼ਨਰ ਨੂੰ ਸੂਬੇ ਦੇ ਚੋਣ ਤੰਤਰ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਵਿੱਚ 5 ਡਿਵੀਜ਼ਨਾਂ, 23 ਜ਼ਿਲ੍ਹੇ




ਅਤੇ 117 ਹਲਕੇ ਸ਼ਾਮਲ ਹਨ ਜਿਹਨਾਂ ਵਿੱਚ ਕੁੱਲ 14,664 ਸਥਾਨਾਂ 'ਤੇ 24,453 ਪੋਲਿੰਗ ਸਟੇਸ਼ਨ ਹਨ। ਉਨ੍ਹਾਂ ਅੱਗੇ ਦੱਸਿਆ ਕਿ ਸੂਬੇ ਵਿੱਚ ਕੁੱਲ 85.82 ਫ਼ੀਸਦ ਵੋਟਰ ਮੈਪਿੰਗ ਮੁਕੰਮਲ ਹੋ ਚੁੱਕੀ ਹੈ।ਸੀ ਈ ਓ ਪੰਜਾਬ ਨੇ ਦੱਸਿਆ ਕਿ ਏ ਡੀ ਈ ਓਜ਼, ਈ ਆਰ ਓਜ਼, ਏ ਈ ਆਰ ਓਜ਼, ਚੋਣ ਤਹਿਸੀਲਦਾਰਾਂ ਅਤੇ ਤਕਨੀਕੀ ਸਟਾਫ ਲਈ ਕਰਵਾਇਆ ਗਿਆ ਤਿੰਨ-ਰੋਜ਼ਾ ਸੂਬਾ ਪੱਧਰੀ ਸਿਖਲਾਈ ਪ੍ਰੋਗਰਾਮ ਸਫਲਤਾਪੂਰਵਕ ਮੁਕੰਮਲ ਹੋ ਗਿਆ ਹੈ,ਜਦੋਂ ਕਿ ਬੀ.ਐਲ.ਓਜ਼ ਤੇ ਬੀ ਐੱਲਓਜ਼ ਸੁਪਰਵਾਈਜ਼ਰਾਂ ਲਈ ਜ਼ਿਲ੍ਹਾ ਪੱਧਰੀ ਸਿਖਲਾਈ ਪ੍ਰਗਤੀ ਅਧੀਨ ਹੈ।

# ਮੰਨਣ 'ਚ ਬਾਬਾ ਲੱਖ ਦਾਤਾ ਜੰਡਾਂ ਵਾਲਾ ਪੀਰ ਦਾ ਸਾਲਾਨਾ ਮੇਲਾ ਭਲਕ ਤੋਂ

**ਜਲੰਧਰ (ਨ ਜ ਸ)**-ਪਿੰਡ ਮੰਨਣ ਨੇੜੇ ਨੌਗੱਜਾ ਬਾਬਾ ਲੱਖ ਦਾਤਾ ਜੰਡਾਂ ਵਾਲਾ ਪੀਰ ਦੇ ਅਸਥਾਨ 'ਤੇ ਸਾਲਾਨਾ ਜੋੜ ਮੇਲਾ 17 ਅਤੇ 18 ਜੂਨ ਨੂੰ ਸਵੇਰੇ 10 ਵਜੇ ਨਿਸ਼ਾਨ ਸਾਹਿਬ 'ਤੇ ਚਾਦਰ ਚੜ੍ਹਾਉਣ ਦੀ ਰਸਮ ਹੋਵੇਗੀ ਤੇ ਚਾਹ ਦਾ ਭੰਡਾਰਾ ਚੱਲੇਗਾ। 1.30 ਵਜੇ ਲੰਗਰ ਅਤੇ ਸ਼ਾਮ ਨੂੰ 8.00 ਵਜੇ ਨਕਲਾਂ ਦਾ ਪ੍ਰੋਗਰਾਮ ਹੋਵੇਗਾ। 18 ਜੂਨ ਨੂੰ ਸਵੇਰੇ 9.00 ਵਜੇ ਚਿਰਾਗ ਰੋਸ਼ਨ ਹੋਣਗੇ, ਉਪਰੰਤ ਸਟੇਜ ਪ੍ਰੋਗਰਾਮ, ਸੋਢੀ ਇਰਫਾਨ ਅਤੇ ਪਾਰਟੀ ਵੱਲੋਂ ਕਵਾਲੀਆਂ, ਉਪਰੰਤ ਸੋਨੀਆ ਬਾਲਾ ਦੋਗਾਣਾ ਜੋੜੀ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕਰੇਗੀ। ਭੰਗੜਾ ਪਾਰਟੀ ਵੀ ਆਪਣਾ ਪ੍ਰੋਗਰਾਮ ਪੇਸ਼ ਕਰੇਗੀ। ਸ਼ਾਮ ਨੂੰ ਨਗਰ ਫੇਰੀ, ਰੋੜੀਆਂ ਤੇ ਚਿਰਾਗਾਂ ਦੀ ਰਸਮ ਅਦਾ ਹੋਵੇਗੀ। ਦੋਵੇਂ ਦਿਨ ਠੰਢੇ ਮਿੱਠੇ ਜਲ ਦੀਆਂ ਛਬੀਲ ਲਗਣਗੀਆਂ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

# ਲੈਬਨਾਨ 'ਚ ਮਨੁੱਖਤਾ ਦੀ ਸੇਵਾ ਦਾ ਪ੍ਰਤੀਕ ਬਣਿਆ 'ਖਾਲਸਾ ਏਡ', ਲੋੜਵੰਦਾਂ ਲਈ ਮੁਫ਼ਤ ਲੰਗਰ ਸੇਵਾ ਜਾਰੀ

**ਬੈਰੂਤ**-ਲੇਬਨਾਨ ਵਿੱਚ ਜਾਰੀ ਸੰਘਰਸ਼ ਅਤੇ ਲਗਾਤਾਰ ਵੱਧ ਰਹੀ ਮਹਿੰਗਾਈ ਨੇ ਆਮ ਲੋਕਾਂ ਦੀ ਜ਼ਿੰਦਗੀ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਰੋਜ਼ਾਨਾ ਦੀਆਂ ਲੋੜਾਂ ਪੂਰੀਆਂ ਕਰਨਾ ਹਜ਼ਾਰਾਂ ਪਰਵਾਰਾਂ ਲਈ ਵੱਡੀ ਚੁਣੌਤੀ ਬਣ ਗਿਆ ਹੈ। ਅਜਿਹੇ ਮੁਸ਼ਕਲ ਸਮੇਂ ਵਿੱਚ ਖਾਲਸਾ ਏਡ ਵੱਲੋਂ ਮਨੁੱਖਤਾ ਦੀ ਸੇਵਾ ਦਾ ਸ਼ਾਨਦਾਰ ਉਦਾਹਰਨ ਪੇਸ਼ ਕੀਤਾ ਜਾ ਰਿਹਾ ਹੈ।ਖਾਲਸਾ ਏਡ ਨੇ ਲੇਬਨਾਨ ਦੇ ਅਡੋਨਿਸ ਖੇਤਰ ਵਿੱਚ ਸਥਿਤ ਗੁਰਦੁਆਰਾ ਅਡੋਨਿਸ ਸਾਹਿਬ, ਜ਼ੌਕ ਮੋਸਬੇਹ, ਕਸਰਵਾਨ, ਬੇਰੂਤ, ਲੇਬਨਾਨ ਦੇ ਸਹਿਯੋਗ ਨਾਲ ਇੱਕ ਮੁਫ਼ਤ ਲੰਗਰ (ਕਮਿਊਨਿਟੀ ਕਿਚਨ) ਸੇਵਾ ਸ਼ੁਰੂ ਕੀਤੀ ਹੋਈ ਹੈ, ਜਿਸ ਰਾਹੀਂ ਹਰ ਰੋਜ਼ ਵੱਡੀ ਗਿਣਤੀ ਵਿੱਚ ਲੋੜਵੰਦ ਲੋਕਾਂ ਨੂੰ ਭੋਜਨ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਹ ਲੰਗਰ ਸੇਵਾ ਕਿਸੇ ਇੱਕ ਭਾਈਚਾਰੇ ਜਾਂ ਧਰਮ ਲਈ ਨਹੀਂ, ਸਗੋਂ ਹਰ ਉਸ ਵਿਅਕਤੀ ਲਈ ਹੈ ਜੋ ਲੋੜ ਅਤੇ ਮੁਸ਼ਕਲ ਹਾਲਾਤਾਂ ਦਾ ਸਾਹਮਣਾ ਕਰ ਰਿਹਾ ਹੈ।ਖਾਲਸਾ ਏਡ ਦੇ ਮੁਖੀ ਰਵੀ ਸਿੰਘ ਨੇ ਦੱਸਿਆ ਕਿ ਦੱਖਣੀ ਲੇਬਨਾਨ, ਖ਼ਾਸ ਕਰਕੇ ਸਾਇਦਾ ਤੇ ਸਰਹੱਦੀ ਖੇਤਰਾਂ ਵਿੱਚ ਜਾਰੀ ਬੰਬਬਾਰੀ ਅਤੇ ਸੰਘਰਸ਼ ਕਾਰਨ ਇੱਕ ਮਿਲੀਅਨ ਤੋਂ ਵੱਧ ਲੋਕ ਆਪਣੇ ਘਰਾਂ ਤੋਂ ਬੇਘਰ ਹੋ ਚੁੱਕੇ ਹਨ। ਹਰ ਰੋਜ਼ ਹਜ਼ਾਰਾਂ ਪਰਵਾਰ ਸਾਇਦਾ, ਬੇਰੂਤ ਅਤੇ ਹੋਰ ਵੱਡੇ ਸ਼ਹਿਰਾਂ ਵੱਲ ਸ਼ਰਨ ਲੈਣ ਲਈ ਪਹੁੰਚ ਰਹੇ ਹਨ। ਰਾਹਤ ਕੈਂਪ ਅਤੇ ਸ਼ੈਲਟਰ ਸਮਰੱਥਾ ਤੋਂ ਵੱਧ ਭਰ ਚੁੱਕੇ ਹਨ ਅਤੇ ਦੇਸ਼ ਦਾ ਬੁਨਿਆਦੀ ਢਾਂਚਾ ਵੀ ਇਸ ਸੰਕਟ ਦਾ ਭਾਰੀ ਦਬਾਅ ਝੱਲ ਰਿਹਾ ਹੈ।ਰਵੀ ਸਿੰਘ ਅਨੁਸਾਰ ਦੱਖਣੀ ਲੇਬਨਾਨ ਵਿੱਚ ਜਾਰੀ ਬੰਬਬਾਰੀ ਦਾ ਅਜੇ ਤੱਕ ਕੋਈ ਅੰਤ ਨਜ਼ਰ ਨਹੀਂ ਆ ਰਿਹਾ। ਪਿੰਡ ਦਰ ਪਿੰਡ ਲੋਕਾਂ ਨੂੰ ਆਪਣੇ ਘਰ ਖਾਲੀ ਕਰਨ ਦੇ ਹੁਕਮ ਦਿੱਤੇ ਜਾ ਰਹੇ ਹਨ ਤੇ ਕਈ ਪਰਵਾਰਾਂ ਨੂੰ ਡਰ ਹੈ ਕਿ ਉਹ ਸ਼ਾਇਦ ਕਦੇ ਆਪਣੇ ਘਰਾਂ ਅਤੇ ਪਿੰਡਾਂ ਵਿੱਚ ਵਾਪਸ ਨਹੀਂ



ਜਾ ਸਕਣਗੇ। ਹਜ਼ਾਰਾਂ ਘਰ ਤਬਾਹ ਹੋ ਚੁੱਕੇ ਹਨ ਅਤੇ ਵੱਡੀ ਗਿਣਤੀ ਵਿੱਚ ਪਰਵਾਰ ਬੇਘਰ ਹੋ ਕੇ ਮੁਸ਼ਕਲ ਹਾਲਾਤਾਂ ਵਿੱਚ ਜੀਵਨ ਬਤੀਤ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਖਾਲਸਾ ਏਡ ਵੱਲੋਂ ਪ੍ਰਭਾਵਿਤ ਲੋਕਾਂ ਨੂੰ ਸਫ਼ਾਈ ਕਿੱਟਾਂ (ਹਾਈਜੀਨ ਪੈਕ), ਮਹਿਲਾਵਾਂ ਲਈ ਡਿਗਨਿਟੀ ਪੈਕ ਅਤੇ ਪੀਣ ਵਾਲੇ ਪਾਣੀ ਦੀ ਸਹੂਲਤ ਵੀ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ ਹੋਰ ਕਈ ਰਾਹਤ ਪ੍ਰੋਜੈਕਟਾਂ 'ਤੇ ਵੀ ਕੰਮ ਕੀਤਾ ਜਾ ਰਿਹਾ ਹੈ ਤਾਂ ਜੋ ਵੱਧ ਤੋਂ ਵੱਧ ਲੋੜਵੰਦ ਪਰਿਵਾਰਾਂ ਤੱਕ ਸਹਾਇਤਾ ਪਹੁੰਚਾਈ ਜਾ ਸਕੇ।ਰਵੀ ਸਿੰਘ ਨੇ ਕਿਹਾ ਕਿ ਲੇਬਨਾਨ ਵਿੱਚ ਮਹਿੰਗਾਈ ਅਤੇ ਜੀਵਨ-ਯਾਪਨ ਦੇ ਵਧਦੇ ਖਰਚਿਆਂ ਕਾਰਨ ਸਥਾਨਕ ਗੁਰਦੁਆਰਿਆਂ ਲਈ ਲੰਗਰ ਸੇਵਾ ਚਲਾਉਣਾ ਵੀ ਮੁਸ਼ਕਲ ਹੋ ਰਿਹਾ ਸੀ। ਇਸ ਲਈ ਖਾਲਸਾ ਏਡ ਨੇ ਇੱਕ ਸਥਾਨਕ ਗੁਰਦੁਆਰਾ ਸਾਹਿਬ ਵਿੱਚ ਘੱਟੋ-ਘੱਟ ਤਿੰਨ ਮਹੀਨਿਆਂ ਲਈ ਲੰਗਰ ਸੇਵਾ ਦੀ ਜ਼ਿੰਮੇਵਾਰੀ ਸੰਭਾਲੀ ਹੈ ਅਤੇ ਜੰਗ ਖ਼ਤਮ ਹੋਣ ਤੱਕ ਹਰ ਸੰਭਵ ਸਹਾਇਤਾ ਜਾਰੀ ਰੱਖਣ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਪ੍ਰਬੰਧਕ ਆਪਣੀਆਂ ਹੋਰ ਜ਼ਰੂਰੀ ਲੋੜਾਂ ਅਤੇ ਕਿਰਾਏ ਦੇ ਖਰਚੇ ਪੂਰੇ ਕਰਨ, ਜਦਕਿ ਖਾਲਸਾ ਏਡ ਲੰਗਰ ਸੇਵਾ ਲਈ ਲੋੜੀਂਦੀ ਸਹਾਇਤਾ ਮੁਹੱਈਆ ਕਰਵਾਏਗੀ।ਉਨ੍ਹਾਂ ਇਹ ਵੀ ਦੱਸਿਆ ਕਿ ਬੇਰੂਤ ਵਿੱਚ ਵਿਸਥਾਪਿਤ ਪਰਵਾਰਾਂ ਲਈ ਰਸੋਈ ਦੀ ਮੁਰੰਮਤ ਅਤੇ ਵਿਸਥਾਰ ਦੀ ਯੋਜਨਾ ਤਿਆਰ ਕੀਤੀ ਜਾ ਰਹੀ ਹੈ, ਜਿਸ ਰਾਹੀਂ ਸਵੇਰ ਦੇ ਨਾਸ਼ਤੇ ਅਤੇ ਹੋਰ ਖਾਣ-ਪੀਣ ਦੀ ਸਮੱਗਰੀ ਤਿਆਰ ਕਰਕੇ ਪ੍ਰਭਾਵਿਤ ਲੋਕਾਂ ਤੱਕ ਪਹੁੰਚਾਈ ਜਾਵੇਗੀ। ਕਿਉਂਕਿ ਬਹੁਤ ਸਾਰੀਆਂ ਸੰਸਥਾਵਾਂ ਦੁਪਹਿਰ ਦਾ ਭੋਜਨ ਮੁਹੱਈਆ ਕਰਵਾ ਰਹੀਆਂ ਹਨ, ਇਸ ਲਈ ਖਾਲਸਾ ਏਡ ਖ਼ਾਸ ਤੌਰ 'ਤੇ ਸਵੇਰ ਦੇ ਨਾਸ਼ਤੇ ਅਤੇ ਹੋਰ ਜ਼ਰੂਰੀ ਲੋੜਾਂ ਨੂੰ ਪੂਰਾ ਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ।ਖਾਲਸਾ ਏਡ ਨੇ ਸਪੱਸ਼ਟ ਕੀਤਾ ਹੈ ਕਿ ਇਸ ਲੰਗਰ ਵਿੱਚ ਜਾਤ, ਧਰਮ, ਨਸਲ ਜਾਂ ਰੰਗ ਦੇ ਆਧਾਰ 'ਤੇ ਕੋਈ ਭੇਦਭਾਵ ਨਹੀਂ ਕੀਤਾ ਜਾਂਦਾ।

# ਵਿਸ਼ਵ ਵਾਤਾਵਰਨ ਦਿਵਸ ਮਨਾਇਆ



**ਲੋਹੀਆਂ ਖਾਸ, (ਯੋਗੇਸ਼ਵਰ)**
ਬੀ ਕੇ ਇੰਟਰਨੈਸ਼ਨਲ ਕਾਨਵੇਂਟ ਸਕੂਲ ਅਤੇ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ, ਵਾੜਾ ਜੋਧ ਸਿੰਘ ਦੇ ਵਿਦਿਆਰਥੀਆਂ ਵੱਲੋਂ ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ ਤੇ ਆਨਲਾਈਨ ਗਤੀਵਿਧੀਆਂ ਕੀਤੀਆਂ ਗਈਆਂ। ਵਿਦਿਆਰਥੀਆਂ ਨੇ ਗਰਮੀ ਦੀ ਛੁੱਟੀਆਂ ਦੌਰਾਨ ਸਮੇਂ ਦਾ ਸਹੀ ਇਸਤੇਮਾਲ ਕਰਦੇ ਹੋਏ ਵਾਤਾਵਰਣ ਦੇ ਸੰਭਾਲ ਦਾ ਨਿਵੇਕਲੇ ਢੰਗ ਨਾਲ ਸੰਦੇਸ਼ ਦਿੱਤਾ। ਜੂਨੀਅਰ ਵਿਦਿਆਰਥੀਆਂ ਹਰਕੀਰਤ ਸਿੰਘ, ਮਨਕੀਰਤ ਕੌਰ, ਜਪਨੀਤ ਕੌਰ, ਅਮਾਇਰਾ, ਆਸ਼ਿਸ਼, ਏਂਜਲਪਰੀਤ ਕੌਰ, ਸ਼ੁੱਭਨੂਰ ਕੌਰ, ਸਹਿਜਪਰੀਤ ਕੌਰ, ਗੁਰਸੀਰਤ ਕੌਰ ਤੇ ਸੀਨੀਅਰ ਵਿਦਿਆਰਥੀਆਂ ਅਮਾਇਰਾ,ਅਦਿਤ ਕੁਮਾਰ, ਮਹਿਕਦੀਪ ਕੌਰ, ਜਸਕਰਨ,ਸਵਰੀਨ ਕੌਰ, ਮੰਨਤਪ੍ਰੀਤ ਕੌਰ, ਜਸਮੀਨ ਕੌਰ, ਹਰਲੀਨ ਕੌਰ ਰੋਬਿਨ, ਸਰਗੁਨ ਵਰਮਾ ਨੇ ਪੋਸਟਰ ਮੇਕਿੰਗ, ਪੇੜ ਲਗਾਓ, ਕਵਿਤਾਵਾਂ ਆਦਿ ਆਨਲਾਈਨ ਗਤੀਵਿਧੀਆਂ ਵਿੱਚ ਭਾਗ ਲਿਆ ਅਤੇ ਪੁਰਾਣੇ ਸਮਾਨ ਨੂੰ ਮਾਤਾ- ਪਿਤਾ ਦੇ ਸਹਿਯੋਗ ਨਾਲ ਰੀ -ਯੂਜ਼, ਰੀਸਾਈਕਲ ਕਰਕੇ ਵਾਤਾਵਰਨ ਦੀ ਸੁਰੱਖਿਆ ਦਾ ਸੰਦੇਸ਼ ਦਿੱਤਾ। ਸਕੂਲ ਦੇ ਡਾਇਰੈਕਟਰ ਸੱਦਾਮ ਖਾਨ ਤੇ ਪ੍ਰਿੰਸੀਪਲ ਨੀਤੀਮਾ ਪੁਰੀ ਨੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦੇ ਹੋਏ ਸਾਨੂੰ ਸਭ ਨੂੰ ਵਾਤਾਵਰਨ ਨੂੰ ਪ੍ਰਦੂਸ਼ਣ ਰਹਿਤ ਬਣਾਉਣ ਲਈ ਉਪਰਾਲੇ ਕਰਨ ਲਈ ਪ੍ਰੇਰਿਤ ਕੀਤਾ।

# ਸਮਰ ਕੈਂਪ 'ਚ ਫਿਲਮ ਅਦਾਕਾਰ ਰੰਜੀਵਨ ਸਿੰਘ ਕਰਵਾਏ ਸਿਖਿਆਰਥੀਆਂ ਦੇ ਰੂ-ਬ-ਰੂ



**ਚੰਡੀਗੜ੍ਹ (ਗੁਰਜੀਤ ਬਿੱਲਾ)**
ਨਾਟਕਕਾਰ ਅਤੇ ਨਾਟ-ਨਿਰਦੇਸ਼ਕ ਸੰਜੀਵਨ ਸਿੰਘ ਦੀ ਰਹਿਨੁਮਾਈ ਹੇਠ ਉੱਤਰੀ ਖੇਤਰ ਸਭਿਆਚਾਰ ਕੇਂਦਰ, ਪਟਿਆਲਾ ਵੱਲੋਂ ਆਯੋਜਿਤ ਪੈਰਾਗਾਨ ਸੀਨੀਅਰ ਸੈਕੰਡਰੀ ਸਕੂਲ, ਸੈਕਟਰ-69, ਮੁਹਾਲੀ ਵਿਖੇ ਚੱਲ ਰਹੇ ਵੀਹ ਦਿਨਾਂ ਰੰਗਮੰਚੀ ਸਿਖਲਾਈ ਸਮਰ ਕੈਂਪ ਦੌਰਾਨ ਰੰਗਮੰਚੀ ਤੇ ਫਿਲਮ ਅਦਾਕਾਰ ਰੰਜੀਵਨ ਸਿੰਘ ਨੇ ਸਿਖਿਆਰਥੀਆਂ ਨਾਲ ਅਦਾਕਾਰੀ ਅਤੇ ਵਾਰਤਾਲਾਪ ਦੀਆਂ ਬਾਰੀਕੀਆਂ ਬਾਰੇ ਨੁਕਤੇ ਸਾਂਝੇ ਕਰਦਿਆਂ ਕਿਹਾ ਕਿ ਸਾਡੇ ਮੁਲਕ ਵਿਚ ਕਲਾ ਦੀ ਕੋਈ ਵੀ ਵਿਧਾ ਸ਼ੌਕ ਤਾਂ ਠੀਕ ਹੈ ਪਰ ਪੱਛਮੀ ਮੁਲਕਾਂ ਵਾਂਗ ਪੇਸ਼ਾ ਨਹੀਂ ਬਣ ਸਕਦੀ।ਰੋਟੀ ਰੋਜ਼ੀ ਲਈ ਸਾਨੂੰ ਕਲਾਕਾਰਾਂ ਅਤੇ ਕਲਮਕਾਰਾਂ ਨੂੰ ਹੋਰ ਹੀਲੇ-ਵਸੀਲੇ ਕਰਨੇ ਪੈਂਦੇ ਹਨ।ਇਹ ਜਾਣਕਾਰੀ ਸਕੂਲ ਦੇ ਕੋਆਰਡੀਨੇਟਰ ਦੀਪਇੰਦਰ ਕੌਰ ਸ਼ੇਰਗਿੱਲ ਅਤੇ ਸਮਰ ਕੈਂਪ ਦੇ ਸਹਿ-ਨਿਰਦੇਸ਼ਕ ਗੁਰਵਿੰਦਰ ਸਿੰਘ ਬੈਦਵਾਨ ਨੇ ਦਿੰਦੇ ਕਿਹਾ ਕਿ ਸਮਰ ਕੈਂਪ ਦੌਰਾਨ ਤਿਆਰ ਕਰਵਾਏ ਸ਼ਹੀਦ ਭਗਤ ਸਿੰਘ ਦੇ ਜ਼ਿੰਦਗੀ ਦੇ ਅਣਛੋਹੇ ਪਲਾਂ ਅਤੇ ਦੇਸ਼ ਦੀ ਅਜ਼ਾਦੀ ਲਈ ਦਿੱਤੀਆਂ ਕੁਰਬਾਨੀਆਂ ਨੂੰ ਦਰਸਾਉਂਦੇ ਸੰਜੀਵਨ ਸਿੰਘ ਦੇ ਲਿਖੇ ਨਾਟਕ 'ਸਰਦਾਰ' ਦਾ ਮੰਚਣ ਸਕੂਲ ਖੁੱਲਣ ਮਗਰੋਂ ਕਾਰਵਉਂਣ ਤੋਂ ਇਲਾਵਾ ਰਹਿੰਦੇ ਦਿਨਾਂ ਵਿੱਚ ਹੋਰ ਵੀ ਰੰਗਮੰਚੀ ਅਤੇ ਫਿਲਮਾਂ ਦੇ ਅਦਾਕਾਰ ਦੇ ਰੂ-ਬ-ਰੂ ਵੀ ਕਰਵਾਏ ਜਾਣਗੇ।ਇਸ ਸਮਰ ਕੈਂਪ ਦੇ ਪ੍ਰਬੰਧਾਂ ਵਿੱਚ ਪ੍ਰਿੰਸੀਪਲ ਅਮਰਜੀਤ ਕੌਰ ਅਤੇ ਪੰਜਾਬੀ ਅਧਿਆਪਕਾ ਸੰਦੀਪ ਕੌਰ ਕੰਗ ਦਾ ਵੀ ਸਰਗਰਮ ਸਹਿਯੋਗ ਰਿਹਾ।

# ਹਰਿਆਣਾ ਦੀਆਂ ਆਈ ਟੀ ਆਈਜ਼ 'ਚ ਸ਼ੁਰੂ ਹੋਣਗੇ ਖੰਡ ਮਿੱਲਾਂ ਨਾਲ ਜੁੜੇ ਵਿਸ਼ੇਸ਼ ਕੋਰਸ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਉਦਯੋਗਾਂ ਦੇ ਅਨੁਕੂਲ ਕੁਸ਼ਲ ਮਨੁੱਖੀ ਸ਼ਕਤੀ ਦੇ ਵਿਕਾਸ ਦੀ ਦਿਸ਼ਾ ਵਿੱਚ ਹਰਿਆਣਾ ਇੱਕ ਵੱਡੀ ਪਹਿਲ ਕਰਨ ਜਾ ਰਿਹਾ ਹੈ। ਸੂਬੇ ਦੀਆਂ ਆਈ ਟੀ ਆਈਜ਼ ਵਿੱਚ ਜਲਦੀ ਹੀ ਚੀਨੀ ਮਿੱਲਾਂ ਨਾਲ ਸਬੰਧਤ ਵਿਸ਼ੇਸ਼ ਕੋਰਸ ਸ਼ੁਰੂ ਕਰਨ ਦੀ ਤਿਆਰੀ ਹੈ। ਇਸ ਦੇ ਲਈ ਮੁੱਖ ਸਕੱਤਰ ਅਨੁਰਾਗ ਰਸਤੋਗੀ ਨੇ ਯੁਵਾ ਸਸ਼ਕਤੀਕਰਨ ਅਤੇ ਉੱਦਮਤਾ ਵਿਭਾਗ ਦੇ ਪ੍ਰਧਾਨ ਸਕੱਤਰ ਦੀ ਪ੍ਰਧਾਨਗੀ ਹੇਠ ਇੱਕ ਕਮੇਟੀ ਗਠਿਤ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਹ ਕਮੇਟੀ ਕੋਰਸਾਂ ਦੇ ਸੰਚਾਲਨ ਦੀ ਰੂਪ-ਰੇਖਾ ਨੂੰ ਅੰਤਿਮ ਰੂਪ ਦੇ ਕੇ 14 ਦਿਨਾਂ ਦੇ ਅੰਦਰ ਆਪਣੀ ਰਿਪੋਰਟ ਪੇਸ਼ ਕਰੇਗੀ।
ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਇੱਥੇ ਇੱਕ ਬੈਠਕ ਦੀ ਪ੍ਰਧਾਨਗੀ ਕਰਦੇ ਹੋਏ ਰਾਜ ਦੇ ਉਦਯੋਗਿਕ ਸਿਖਲਾਈ ਸੰਸਥਾਵਾਂ (ਆਈ ਟੀ ਆਈ) ਵਿੱਚ ਖੰਡ ਮਿੱਲਾਂ ਨਾਲ ਸਬੰਧਤ ਵਿਸ਼ੇਸ਼ ਕੋਰਸ ਸ਼ੁਰੂ ਕਰਨ ਦੇ ਪ੍ਰਸਤਾਵ ਦੀ ਸਮੀਖਿਆ ਕੀਤੀ। ਇਨ੍ਹਾਂ ਕੋਰਸਾਂ ਦਾ ਉਦੇਸ਼ ਨੌਜਵਾਨਾਂ ਨੂੰ ਉਦਯੋਗ-ਮੁਖੀ ਕੌਸ਼ਲ ਪ੍ਰਦਾਨ ਕਰਨਾ ਅਤੇ ਖੰਡ ਦੇ ਖੇਤਰ ਵਿੱਚ ਰੁਜ਼ਗਾਰ ਦੇ ਮੌਕਿਆਂ ਨੂੰ ਵਧਾਉਣਾ ਹੈ।

# ਸ਼ਹੀਦੀ ਪੁਰਬ ਨੂੰ ਸਮਰਪਿਤ ਛਬੀਲ ਲਗਾਈ



**ਚੰਡੀਗੜ੍ਹ (ਸੁਰਜੀਤ ਸੁਮਨ)**
ਇਥੋ ਦੀ ਐਰੋਸਿਟੀ ਅਤੇ ਆਈ ਟੀ ਸਿਟੀ ਦੇ ਨਿਵਾਸੀਆ ਨੇ ਸੰਗਤਾਂ ਦੇ ਸਹਿਯੋਗ ਨਾਲ ਸ਼ਹੀਦਾਂ ਦੇ ਸਿਰਤਾਜ ਨੌਵੇਂ ਗੁਰੂ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਦੇ ਨਾਲ ਪ੍ਰਸਾਦਿ ਅਤੇ ਛੋਲਿਆਂ ਦਾ ਪ੍ਰਸਾਦਿ ਵੀ ਅਤੁੱਟ ਵਰਤਾਇਆ ਗਿਆ।ਇਸ ਦੌਰਾਨ ਹੋਰਨਾਂ ਤੋਂ ਇਲਾਵਾ ਨਵੇ ਚੁਣੇ ਗਏ ਮਿਊਂਸਪਲ ਕੌਂਸਲਰ ਭਿੰਦਰ ਝੁੰਗੀਆਂ ਨੇ ਵੀ ਸ਼ਿਰਕਤ ਕੀਤੀ। ਇਹ ਛਬੀਲ ਸਵੇਰੇ 10 ਵਜੇ ਤੋ ਸ਼ੁਰੂ ਹੋ ਕੇ ਸ਼ਾਮੀ 4 ਵਜੇ ਤੱਕ ਚੱਲੀ। ਸਮਾਜ ਸੇਵੀ ਪਰਮਦੀਪ ਸਿੰਘ ਭਬਾਤ ਨੇ ਦੱਸਿਆ ਕਿ ਛਬੀਲ ਤੋਂ ਭਾਰੀ ਗਿਣਤੀ ਵਿੱਚ ਸੰਗਤਾਂ ਨੇ ਠੰਡਾ ਮਿੱਠਾ ਜਲ ਛਕਿਆ। ਇਸ ਮੌਕੇ ਰਵਿੰਦਰ ਸਿੰਘ ਤੁਲੀ, ਬੁੱਧੀਰਾਜਾ, ਦਲਜੀਤ ਸਿੰਘ, ਇਕਬਾਲ ਸਿੰਘ, ਸੇਵਕ ਸਿੰਘ, ਜਸਵਿੰਦਰ ਬੇਦੀ ਤੋ ਇਲਾਵਾ ਵੱਡੀ ਗਿਣਤੀ ਵਿੱਚ ਨਿਵਾਸੀ ਮੌਜੂਦ ਸਨ।

# ਭਾਜਪਾ ਮੰਡਲ ਵੱਲੋਂ ਵਰਕਰਾਂ ਦਾ ਸਨਮਾਨ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਨੂਰਮਹਿਲ ਭਾਜਪਾ ਮੰਡਲ ਵੱਲੋਂ ਵਰਕਰਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਪਾਰਟੀ ਲਈ ਤਨਦੇਹੀ ਨਾਲ ਕੰਮ ਕਰਨ ਵਾਲੇ ਵਰਕਰਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਦਿਨੇਸ਼ ਸੰਧੂ ਨੂੰ ਉਹਨਾਂ ਦੀ ਜਿੱਤ ਲਈ ਵਧਾਈ ਦਿਤੀ ਗਈ ਜੋ ਕਿਸੇ ਜਰੂਰੀ ਕਾਰਣ ਕਰਕੇ ਪ੍ਰੋਗਰਾਮ ਵਿਚ ਸ਼ਾਮਿਲ ਨਹੀਂ ਹੋ ਸਕੇ। ਮੰਡਲ ਪ੍ਰਧਾਨ ਮਨਦੀਪ ਕੁਮਾਰ ਸ਼ੁਕਲਾ ਨੇ ਦੱਸਿਆ ਕਿ ਇਹ ਸਮਾਗਮ ਵਰਕਰਾਂ ਵਿਚ ਹੋਰ ਉਤਸ਼ਾਹ ਪੈਦਾ ਕਰੇਗਾ। ਇਸ ਮੌਕੇ ਭੂਸ਼ਨ ਲਾਲ ਸ਼ਰਮਾ, ਕੁਲਦੀਪ ਸ਼ਰਮਾ, ਰਾਮ ਲੁਭਾਇਆ, ਅਸ਼ਵਨੀ ਸੋਂਧੀ, ਜੋਗਿੰਦਰ ਪਾਲ, ਵਿਕਰਮ, ਹਰਜਿੰਦਰ ਕੰਦੋਲਾ, ਰੰਜੂ ਬਾਲਾ, ਬਲਜਿੰਦਰ, ਵਿਸ਼ਾਲ ਗਿੱਲ, ਦੇਵ ਰਾਜ, ਕੁਲਵਿੰਦਰ ਭੰਡਾਲ ਹਾਜ਼ਰ ਸਨ।

# ਸਾਲਾਨਾ ਜੋੜ ਮੇਲਾ 24, 25 ਨੂੰ

**ਫਿਲੌਰ (ਨਿਰਮਲ)**- ਹਜ਼ਰਤ ਦਰਬਾਰ ਬਾਬਾ ਸ਼ੇਖ ਮਦਨ ਵਣਪੀਰ ਮੁਹੱਲਾ ਕਾਜ਼ੀਆਂ ਫਿਲੌਰ ਵਿਖੇ ਸਲਾਨਾ ਜੋੜ ਮੇਲਾ 24, 25 ਜੂਨ (10,11 ਹਾੜ )ਦਿਨ ਬੁੱਧਵਾਰ ਵੀਰਵਾਰ ਨੂੰ ਮਨਾਇਆ ਜਾਵੇਗਾ। ਜਾਣਕਾਰੀ ਦਿੰਦੇ ਹੋਏ ਪ੍ਰਧਾਨ ਤਿਲਕ ਰਾਜ ਨੇ ਦੱਸਿਆ ਕਿ 24 ਜੂਨ ਝੰਡੇ ਦੀ ਰਸਮ ਹੋਵੇਗੀ ਤੇ 25 ਜੂਨ ਰਾਤ ਧਾਰਮਿਕ ਡਰਾਮਾ ਹੋਵੇਗਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਐੱਚ ਐੱਮ ਵੀ ਦੀ ਵਿਦਿਆਰਥਣ ਨੇ ਕੁਸ਼ਤੀ ਟੂਰਨਾਮੈਂਟ 'ਚ ਸੋਨੇ ਦਾ ਤਗਮਾ ਜਿੱਤਿਆ

**ਜਲੰਧਰ (ਸ਼ੈਲੀ ਐਲਬਰਟ)**
ਹੰਸਰਾਜ ਮਹਿਲਾ ਮਹਾਂ ਵਿਦਿਆਲਿਆ ਪੱਲਵੀ ਦੀ ਪ੍ਰਾਪਤੀ 'ਤੇ ਬਹੁਤ ਮਾਣ ਮਹਿਸੂਸ ਕਰਦਾ ਹੈ ਜਿਸਨੇ ਹਿਮਾਚਲ ਪ੍ਰਦੇਸ਼ ਵਿੱਚ




ਆਯੋਜਿਤ ਓਪਨ ਸਟੇਟ ਕੁਸ਼ਤੀ ਟੂਰਨਾਮੈਂਟ ਵਿੱਚ ਸੋਨ ਤਗਮਾ ਜਿੱਤ ਕੇ ਸੰਸਥਾ ਅਤੇ ਆਪਣੇ ਪਰਿਵਾਰ ਦਾ ਨਾਂਅ ਰੌਸ਼ਨ ਕੀਤਾ। ਟੂਰਨਾਮੈਂਟ ਵਿੱਚ ਵੱਖ-ਵੱਖ ਰਾਜਾਂ ਦੀ ਪ੍ਰਤੀਨਿਧਤਾ ਕਰਨ ਵਾਲੇ ਪਹਿਲਵਾਨਾਂ ਨੇ ਹਿੱਸਾ ਲਿਆ। ਪੱਲਵੀ ਨੇ ਆਪਣੇ ਪ੍ਰਤੀਭਾਗੀਆਂ ਨੂੰ ਕੜੀ ਟੱਕਰ ਦਿੰਦੇ ਹੋਏ ਇਹ ਸਫਲਤਾ ਹਾਸਲ ਕੀਤੀ। ਪੱਲਵੀ ਨੂੰ ਉਸ ਦੀ ਜਿੱਤ 'ਤੇ ਵਧਾਈ ਦਿੰਦੇ ਹੋਏ, ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਖੁਸ਼ੀ ਪ੍ਰਗਟ ਕੀਤੀ ਅਤੇ ਕਿਹਾ ਕਿ ਐੱਚ ਐੱਮ ਵੀ ਦਾ ਉਦੇਸ਼ ਹਮੇਸ਼ਾ ਆਪਣੇ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਵੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਵਿੱਚ ਲੀਡਰਸ਼ਿਪ ਗੁਣ, ਆਤਮਵਿਸ਼ਵਾਸ, ਅਨੁਸ਼ਾਸਨ ਅਤੇ ਟੀਮ ਭਾਵਨਾ ਨੂੰ ਪਾਲਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਖੇਡ ਵਿਭਾਗ ਦੇ ਫੈਕਲਟੀ ਮੈਂਬਰਾਂ, ਰਮਨਦੀਪ, ਗੁਰਿੰਦਰ ਤੇ ਪ੍ਰਗਤੀ ਨੇ ਵੀ ਪੱਲਵੀ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਪੱਲਵੀ ਦੀ ਪ੍ਰਾਪਤੀ ਉਸ ਦੀ ਲਗਨ, ਸਖ਼ਤ ਮਿਹਨਤ ਅਤੇ ਨਿਯਮਤ ਸਿਖਲਾਈ ਦਾ ਨਤੀਜਾ ਹੈ। ਉਨ੍ਹਾਂ ਨੇ ਉਸਦੇ ਉਤਸ਼ਾਹ ਦੀ ਸ਼ਲਾਘਾ ਕੀਤੀ, ਉਸਦੀ ਯਾਤਰਾ ਨੂੰ ਉਭਰਦੇ ਐਥਲੀਟਾਂ ਲਈ ਪ੍ਰੇਰਨਾ ਸਰੋਤ ਦੱਸਿਆ।

# ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਗੁਰਮਤਿ ਸਿਖਲਾਈ ਕੈਂਪ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**
ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸੇਵਾ ਸੁਸਾਇਟੀ ਮਾਹਿਲਪੁਰ ਅਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਖੇਤਰ ਮਾਹਿਲਪੁਰ ਵਲੋਂ ਗੁ. ਪ੍ਰਬੰਧਕ ਕਮੇਟੀ ਸ੍ਰੀ ਪਾਉਂਟਾ ਸਾਹਿਬ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ 150 ਸਕੂਲੀ ਵਿਦਿਆਰਥੀਆਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਤੇ ਆਪਣੇ ਅਮੀਰ ਵਿਰਸੇ ਨਾਲ ਜੋੜਨ ਲਈ 9 ਜੂਨ ਤੋਂ 15 ਜੂਨ ਤੱਕ ਗੁਰਮਤਿ ਸਿਖਲਾਈ ਕੈਂਪ ਗੁਰਦੁਆਰਾ ਪਾਉਂਟਾ ਸਾਹਿਬ ਵਿਖੇ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆ ਜਥੇਦਾਰ ਹਰਬੰਸ ਸਿੰਘ ਸਰਹਾਲਾ ਖੁਰਦ ਅਤੇ ਜਗਜੀਤ ਸਿੰਘ ਗਣੇਸ਼ਪੁਰ ਨੇ ਦੱਸਿਆ ਕਿ ਕੈਂਪ ਦੀ ਆਰੰਭਤਾ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਮਾਹਿਲਪੁਰ ਤੋਂ ਚੱਲ ਕੇ ਗੁਰਦੁਆਰਾ ਕਪਾਲ ਮੋਚਨ ਅਤੇ ਖਾਲਸਾ ਰਾਜ ਦੀ ਪਹਿਲੀ ਰਾਜਧਾਨੀ ਕਿਲ੍ਹਾ ਲੋਹਗੜ੍ਹ ਦੀ ਯਾਤਰਾ ਨਾਲ ਹੋਈ। ਇਨ੍ਹਾਂ ਇਤਿਹਾਸਕ ਅਸਥਾਨਾਂ ਦੇ ਮਾਣਮੱਤੇ ਇਤਿਹਾਸ ਤੋਂ ਵੀ ਜਾਣੂ ਕਰਵਾਇਆ ਗਿਆ। ਗੁਰਦੁਆਰਾ ਪਾਉਂਟਾ ਸਾਹਿਬ ਪਹੁੰਚ ਕੇ ਕੈਂਪ ਦੇ ਪਹਿਲੇ ਦਿਨ ਬੀਬੀ ਗਗਨਦੀਪ ਕੌਰ ਖਾਲਸਾ ਜੀ ਨੇ ਸਾਕਾ ਪਾਉਂਟਾ ਸਾਹਿਬ ਅਤੇ ਭੰਗਾਣੀ ਦੇ ਯੁੱਧ ਦੇ ਇਤਿਹਾਸ ਨਾਲ ਵਿਦਿਆਰਥੀਆਂ ਨੂੰ ਰੂਬਰੂ ਕਰਵਾਇਆ, ਕੈਂਪ ਦੇ ਦੂਜੇ ਦਿਨ ਭਾਈ ਰਾਜਪਾਲ ਸਿੰਘ ਜੀ ਅੰਮ੍ਰਿਤਸਰ ਨੇ ਗੁਰਮਤਿ ਇਕ ਸਹਿਣਸ਼ੀਲਤਾ ਦਾ ਮਾਰਗ ਅਤੇ ਪੰਜਾਬੀ ਵਿਸ਼ਾ ਮਾਹਰ ਜਗਤਾਰ ਸਿੰਘ ਸੋਖੀ ਜੀ ਨੇ ਫਿਰੋਜ਼ਪੁਰ ਪੰਜਾਬੀ ਖੁਸ਼ਕੱਤ ਅਤੇ ਪੰਜਾਬੀ ਅੱਖਰਕਾਰੀ ਵਿਸ਼ਿਆਂ ਤੇ ਵਿਦਿਆਰਥੀਆਂ ਨਾਲ ਵਿਚਾਰਾਂ ਦੀ ਸਾਂਝ ਪਾਈ। ਇਸ ਹੀ ਤਰ੍ਹਾਂ ਪੰਥ ਦੇ ਪ੍ਰਸਿੱਧ ਕਵੀ ਡਾਕਟਰ ਹਰੀ ਸਿੰਘ ਜਾਚਕ ਨੇ ਵਿਦਿਆਰਥੀਆਂ ਨੂੰ ਕਵਿਤਾ ਸਿਰਜਣ ਅਤੇ ਕਵਿਤਾ ਦੇ ਇਤਿਹਾਸ ਬਾਰੇ ਜਾਣੂ ਕਰਵਾਇਆ। ਇਸ ਕੈਂਪ ਦੇ ਸੁਚੱਜੇ ਪ੍ਰਬੰਧ ਵਿੱਚ ਮੀਤ ਪ੍ਰਧਾਨ ਸਰਦਾਰ ਹਰਭਜਨ ਸਿੰਘ, ਮੈਨੇਜਰ ਸਰਦਾਰ ਜਗੀਰ ਸਿੰਘ, ਸੁਪਰਡੈਂਟ ਗੁਰਮੀਤ ਸਿੰਘ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਗੁਰਮਤਿ ਸਿਖਲਾਈ ਕੈਂਪ ਵਿੱਚ ਬੱਚਿਆਂ ਦੀਆਂ ਨਿਤਨੇਮ, ਗੁਰਬਾਣੀ ਸੰਥਿਆ, ਦਸਤਾਰ ਸਿਖਲਾਈ ਅਤੇ ਸਿੱਖ ਮਾਰਸ਼ਲ ਆਰਟ ਗਤਕੇ ਦੀਆਂ ਕਲਾਸਾਂ ਲਗਵਾਈਆਂ ਜਾ ਰਹੀਆਂ ਹਨ। ਬੱਚਿਆਂ ਦੇ ਦਸਤਾਰ ਸਜਾਉਣ, ਪੇਂਟਿੰਗ, ਕੁਇਜ਼ ਅਤੇ ਸੁੰਦਰ ਲਿਖਾਈ ਮੁਕਾਬਲੇ ਕਰਵਾਏ ਜਾ ਰਹੇ ਹਨ । ਇਸ ਸਮੇਂ ਭਾਈ ਭਾਈ ਹਰਬੰਸ ਸਿੰਘ ਸਰਹਾਲਾ ਖੁਰਦ, ਜਗਜੀਤ ਸਿੰਘ ਗਣੇਸ਼ਪੁਰ ਜੋਨਲ ਸਕੱਤਰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਸੁਰਿੰਦਰ ਕੌਰ ਖ਼ਾਲਸਾ, ਪਰਮਜੀਤ ਕੌਰ, ਮਨਦੀਪ ਕੌਰ, ਸੁਰਿੰਦਰ ਸਿੰਘ ਅਮਰੀਕ ਸਿੰਘ, ਮਨਮੀਤ ਸਿੰਘ ਪ੍ਰੋਫੈਸਰ ਕੁਲਦੀਪ ਸਿੰਘ, ਪਰਾਚੀ, ਵਿਨੇ ਕੁਮਾਰ, ਰਾਜਵਿੰਦਰ ਕੌਰ, ਜਤਿੰਦਰ ਸਿੰਘ ਜੈਤਪੁਰ, ਦਸਤਾਰ ਕੋਚ ਸਰਬਜੀਤ ਸਿੰਘ ਸਾਬੀ, ਪ੍ਰੋਫੈਸਰ ਕੁਲਦੀਪ ਸਿੰਘ, ਪਰਮਵੀਰ ਸਿੰਘ ਜੀ ਲਲੀਆਂ, ਗਗਨਦੀਪ ਸਿੰਘ ਜਿਆਣ, ਰਣਜੀਤ ਸਿੰਘ ਚੱਬੇਵਾਲ, ਬਲਬੀਰ ਸਿੰਘ ਮਨੌਲੀਆ, ਰਮਨਦੀਪ ਸਿੰਘ ਮਨੌਲੀਆ, ਮਨਪ੍ਰੀਤ ਸਿੰਘ ਭਾਰਟਾ ਅਤੇ ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਸ਼ਹੀਦੀ ਦਿਹਾੜੇ ਨੂੰ ਸਮਰਪਤ ਲੱਸੀ ਦੀ ਛਬੀਲ ਲਗਾਈ



**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮੋਰਿੰਡਾ-ਰੂਪਨਗਰ ਰੋਡ 'ਤੇ ਸਥਿਤ ਮਾਤਾ ਗੁਜਰੀ ਮਾਰਕੀਟ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਠੰਡੀ ਲੱਸੀ ਦੀ ਛਬੀਲ ਲਗਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਰਾਹਗੀਰਾਂ, ਦੁਕਾਨਦਾਰਾਂ ਅਤੇ ਇਲਾਕਾ ਨਿਵਾਸੀਆਂ ਨੂੰ ਠੰਡੀ ਲੱਸੀ ਛਕਾ ਕੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਦਾ ਪ੍ਰਚਾਰ ਕੀਤਾ ਗਿਆ।ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਦੌਰਾਨ ਠੰਡੀ ਲੱਸੀ ਦੀ ਛਬੀਲ ਲਗਾਉਣਾ ਵੀ ਇੱਕ ਮਹਾਨ ਸੇਵਾ ਹੈ, ਜਿਸ ਨਾਲ ਰਾਹਗੀਰਾਂ ਨੂੰ ਰਾਹਤ ਮਿਲਦੀ ਹੈ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਹੁੰਦੀਆਂ ਹਨ। ਇਸ ਮੌਕੇ ਸੰਗਤਾਂ ਵੱਲੋਂ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਨਮਨ ਕਰਦਿਆਂ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ ਗਈ।ਛਬੀਲ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਇਲਾਕਾ ਨਿਵਾਸੀਆਂ ਨੇ ਸੇਵਾ ਵਿੱਚ ਹਿੱਸਾ ਲਿਆ ਅਤੇ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਮਾਰਕੀਟ ਦੇ ਦੁਕਾਨਦਾਰਾਂ ਅਤੇ ਸਮਾਜ ਸੇਵੀਆਂ ਵੱਲੋਂ ਵੀ ਸੇਵਾ ਵਿੱਚ ਸਹਿਯੋਗ ਦਿੱਤਾ ਗਿਆ।ਇਸ ਮੌਕੇ ਪਨਗਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾ, ਦਰਸ਼ਨ ਸਿੰਘ ਸੰਧੂ, ਰਾਹੁਲ ਸ਼ਰਮਾ, ਜਗਤਾਰ ਸਿੰਘ ਅਰਨੌਲੀ, ਪਰਦੀਪ ਸਿੰਘ ਬੈਂਸ, ਇਕਬਾਲ ਸਿੰਘ ਡੂਮਛੇੜੀ ਮੌਜੂਦ ਸਨ।

# ਸਤਿਗੁਰੂ ਕਬੀਰ ਦੇ ਪਰਗਟ ਦਿਵਸ ਨੂੰ ਸਮਰਪਿਤ ਚੌਥੀ ਪ੍ਰਭਾਤ ਫੇਰੀ ਸਜਾਈ

**ਜਲੰਧਰ (ਲਖਵਿੰਦਰ ਸਿੰਘ ਆਧੀ)**-ਸਤਿਗੁਰੂ ਕਬੀਰ ਮਹਾਰਾਜ ਜੀ ਦੇ 628ਵਾਂ ਪਵਿੱਤਰ ਪਰਗਟ ਦਿਵਸ 29 ਜੂਨ ਨੂੰ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਤੇ ਸਤਿਗੁਰੂ ਕਬੀਰ ਮੰਦਿਰ, ਤਿਲਕ ਨਗਰ ਜਲੰਧਰ ਦੀ ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਚੌਥੀ ਵਿਸ਼ਾਲ ਪ੍ਰਭਾਤਫੇਰੀ ਬੜੀ ਹੀ ਸ਼ਰਧਾ ਭਾਵਨਾ ਨਾਲ ਸਜਾਈ ਗਈ ।ਪ੍ਰਭਾਤ ਫੇਰੀਆਂ ਹਰ ਰੋਜ ਲੜੀਵਾਰ ਘਰ ਘਰ ਜਾ ਕੇ ਮਹਾਰਾਜਾ ਜੀ ਦਾ ਗੁਣਗਾਨ ਕਰਨਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼ਸ਼ੀ ਭਗਤ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਇਹ ਚੌਥੀ ਪ੍ਰਭਾਤਫੇਰੀ ਸ਼੍ਰੀ ਰਮੇਸ਼ ਕੁਮਾਰ (ਸਕੂਲ ਵਾਲੇ) ਦੇ ਗ੍ਰਹਿ, ਗੜ੍ਹੇ ਵਾਲੀ ਚੱਕੀ ਵਾਲੀ ਗਲੀ ਵਿਖੇ ਪਹੁੰਚੀ ਤੇ ਪ੍ਰਭਾਤਫੇਰੀ ਦੌਰਾਨ ਸੰਗਤਾਂ ਵੱਲੋਂ ਸਤਿਗੁਰੂ ਕਬੀਰ ਮਹਾਰਾਜ ਜੀ ਦੀ ਬਾਣੀ ਦਾ ਗੁਣਗਾਨ ਅਤੇ ਭਜਨ-ਕੀਰਤਨ ਕੀਤਾ ਗਿਆ। ਇਸ ਮੌਕੇ ਤੇ ਚਾਹ ਪਾਣੀ ਅਤੇ ਕੇਲਿਆ ਦਾ ਪ੍ਰਸ਼ਾਦ ਸੰਗਤਾਂ ਨੂੰ ਅਤੁੱਟ ਵਰਤਾਇਆ ਗਿਆ।

# ਲੈਂਡਮਾਰਕ ਸਕੂਲ ਦੀ ਹਰਸ਼ਿਕਾ ਦੀ ਗ੍ਰੈਂਡ ਫਿਨਾਲੇ ਲਈ ਚੋਣ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**
ਦੀ ਲੈਂਡਮਾਰਕ ਸਕੂਲ ਭੋਗਪੁਰ ਦੀ ਸੱਤਵੀਂ ਜਮਾਤ ਦੀ ਹੋਣਹਾਰ ਵਿਦਿਆਰਥਣ ਹਰਸ਼ਿਕਾ ਨੇ ਆਪਣੀ ਵਿਲੱਖਣ ਕਲਾ ਪ੍ਰਤਿਭਾ ਦੇ ਬਲਬੂਤੇ ਇੱਕ ਹੋਰ ਮਹੱਤਵਪੂਰਨ ਮੀਲ ਪੱਥਰ ਹਾਸਲ ਕਰਦਿਆਂ ਸਕੂਲ ਅਤੇ ਭੋਗਪੁਰ ਦਾ ਨਾਂਅ ਰੌਸ਼ਨ ਕੀਤਾ ਹੈ। ਹਰਸ਼ਿਕਾ ਦੀ ਚੋਣ ਆਪਣੀ ਸ਼ਾਨਦਾਰ ਪੇਂਟਿੰਗ ਕਲਾ, ਰਚਨਾਤਮਕ ਸੋਚ ਅਤੇ ਲਗਾਤਾਰ ਮਿਹਨਤ ਦੇ ਸਦਕਾ ਡੀ.ਡੀ ਪੰਜਾਬੀ ਦੇ ਪ੍ਰਸਿੱਧ ਰਿਆਲਟੀ ਸ਼ੋਅ ਕਿਸਮੇ ਕਿਤਨਾ ਹੈ ਦਮ ਦੇ ਚਾਰ ਰਾਊਂਡ ਜਿੱਤਣ ਤੋਂ ਬਾਅਦ ਗ੍ਰੈਂਡ ਫਿਨਾਲੇ ਲਈ ਹੋਈ। ਉਸ ਦੀ ਇਸ ਪ੍ਰਾਪਤੀ ਨੇ ਨਾ ਸਿਰਫ਼ ਉਸ ਦੇ ਮਾਤਾ-ਪਿਤਾ ਸਗੋਂ ਲੈਂਡਮਾਰਕ ਸਕੂਲ ਅਤੇ ਸਮੁੱਚੇ ਇਲਾਕੇ ਦਾ ਮਾਣ ਵੀ ਵਧਾਇਆ ਹੈ।ਸਕੂਲ ਚੇਅਰਮੈਨ ਇੰਜੀਨੀਅਰ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਸਕੂਲ ਕਮੇਟੀ, ਪ੍ਰਿੰਸੀਪਲ ਡਾਕਟਰ ਸੋਨਮ ਸ਼ਰਮਾ ਅਤੇ ਅਧਿਆਪਕਾ ਦੀ ਅਗਵਾਈ ਹੇਠ ਵਿਦਿਆਰਥੀਆਂ ਨੂੰ ਆਪਣੀਆਂ ਲੁਕੀਆਂ ਹੋਈਆਂ ਪ੍ਰਤਿਭਾਵਾਂ ਨੂੰ ਨਿਖਾਰਨ ਅਤੇ ਵੱਖ-ਵੱਖ ਰਾਜ ਪੱਧਰੀ ਤੇ ਰਾਸ਼ਟਰ ਪੱਧਰੀ ਮੁਕਾਬਲਿਆਂ ਅਤੇ ਰਿਆਲਟੀ ਸ਼ੋਅਜ਼ ਵਿੱਚ ਭਾਗ ਲੈਣ ਲਈ ਲਗਾਤਾਰ ਪ੍ਰੇਰਿਤ ਕੀਤਾ ਜਾਂਦਾ ਹੈ।ਸਕੂਲ ਪ੍ਰਿੰਸੀਪਲ ਸੋਨਮ ਸ਼ਰਮਾ ਨੇ ਹਰਸ਼ਿਕਾ ਦੀ ਇਸ ਵਿਸ਼ੇਸ਼ ਉਪਲਬਧੀ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਸਦੇ ਮਾਤਾ ਪਿਤਾ, ਦਾਰਾਪੁਰ ਦੀ ਪੰਚਾਇਤ ਅਤੇ ਆਰਟ ਟੀਚਰ ਜੋਤੀ ਮਾਹੀ ਨੂੰ ਵਧਾਈ ਦਿੱਤੀ ਗਈ।

# ਜੀ ਆਰ ਡੀ ਨਰਸਿੰਗ ਕਾਲਜ ਵਿਖੇ ਖ਼ੂਨਦਾਨ ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**
ਸ਼ਹਿਰ ਦੀ ਮਹਾਨ ਵਿਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਰਜਿ ਟਾਂਡਾ ਵੱਲੋਂ ਚਲਾਏ ਜਾ ਰਹੇ ਵਿਦਿਅਕ ਅਦਾਰੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਵਿਖੇ ਖ਼ੂਨਦਾਨ ਦਿਵਸ ਮਨਾਇਆ ਗਿਆ। ਇਸ ਸੰਬੰਧੀ ਵਿਦਿਅਕ ਸੰਸਥਾਵਾਂ ਦੇ ਮੁੱਖ ਪ੍ਰਬੰਧਕ ਸ੍ਰੀਮਤੀ ਪ੍ਰਦੀਪ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਤੇ ਦਿਸ਼ਾ ਨਿਰਦੇਸ਼ਾਂ ਤਹਿਤ ਮੈਨੇਜਰ ਸਰਬਜੀਤ ਸਿੰਘ ਮੋਮੀ ਤੇ ਪ੍ਰਿੰਸੀਪਲ ਰੇਨੂ ਬਾਲਾ ਦੀ ਅਗਵਾਈ ਹੇਠ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਤੇ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਖੂਨ ਦਾਨ ਮਹਾਨ ਦਾਨ ਹੈ ਅਤੇ ਸਾਡੇ ਵੱਲੋਂ ਦਾਨ ਕੀਤਾ ਗਿਆ ਖੂਨ ਕਿਸੇ ਵੀ ਮਨੁੱਖ ਦੀ ਜਾਨ ਨੂੰ ਬਚਾ ਸਕਦਾ ਹੈ। ਇਸ ਮੌਕੇ ਤੇ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਸੈਮੀਨਾਰ ਵੀ ਦਾ ਆਯੋਜਨ ਵੀ ਕੀਤਾ ਗਿਆ ਜਿਸ ਵਿੱਚ ਵੱਖ ਵੱਖ ਬੁਲਾਰਿਆਂ ਨੇ ਖ਼ੂਨਦਾਨ ਸੰਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਤੇ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਦੇ ਚਾਰਟ ਕੰਪੀਟੀਸ਼ਨ ਵੀ ਕਰਵਾਏ ਗਏ ਜਿਸ ਵਿੱਚ ਪੁਜੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਨਰਸਿੰਗ ਕਾਲਜ ਪ੍ਰਬੰਧਕਾਂ ਵੱਲੋਂ ਇਨਾਮ ਤਕਸੀਮ ਕੀਤੇ ਗਏ। ਇਸ ਮੌਕੇ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਐਡਮਿਨਿਸਟਰੇਟਰ ਦਲਜਿੰਦਰ ਕੌਰ, ਐਡਮਿਸ਼ਨ ਸੈਲ ਇੰਚਾਰਜ ਲਵਲੀ ਸੈਣੀ, ਰਮਨਦੀਪ ਕੌਰ, ਮਨਪ੍ਰੀਤ ਕੌਰ, ਤਰੁਣ ਸੈਣੀ, ਲਖਵਿੰਦਰ ਕੌਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਜਸਲੀਨ ਕੌਰ, ਪ੍ਰਿਅੰਕਾ, ਕਸ਼ਮੀਰ ਕੌਰ,ਆਰਤੀ ਜਾਜਾ ਤੋਂ ਇਲਾਵਾ ਨਰਸਿੰਗ ਕਾਲਜ ਦਾ ਹੋਰ ਸਟਾਫ ਵੀ ਹਾਜ਼ਰ ਸੀ।






ਮੀਓਂਵਾਲ ਦੇ ਨੌਜਵਾਨ ਕਮਲ ਜਿਸ ਨੂੰ ਨਾਜਾਇਜ਼ ਮਾਈਨਿੰਗ ਕਰ ਰਹੇ ਟਿੱਪਰ ਨੇ ਮੌਤ ਦੇ ਘਾਟ ਉਤਾਰ ਦਿੱਤਾ ਸੀ ਉਸ ਦੇ ਪਰਵਾਰ ਨੂੰ ਇਨਸਾਫ਼ ਤੇ ਮੁਆਵਜਾ ਰਾਸ਼ੀ ਦੁਆਉਣ ਲਈ ਫਿਲੌਰ-ਤਲਵਣ ਰੋਡ ਜਾਮ ਕੀਤੀ ਗਈ। ਇਸ ਰੋਸ ਪ੍ਰਦਰਸ਼ਨ ਵਿੱਚ ਕਿਰਤੀ ਕਿਸਾਨ ਯੂਨੀਅਨ ਅਤੇ ਲੋਕ ਇਨਸਾਫ ਮੰਚ ਵਲੋਂ ਸ਼ਮੂਲੀਅਤ ਕੀਤੀ।
(ਫੋਟੋ ਤੇ ਵੇਰਵਾ : ਨਿਰਮਲ ਫਿਲੌਰ)

# 'ਕਤਰਾ ਕਤਰਾ ਜ਼ਿੰਦਗੀ' ਦੇ ਨਾਟ ਪਾਠ ਦਾ ਦਰਸ਼ਕਾਂ ਨੇ ਭਰਪੂਰ ਆਨੰਦ ਮਾਣਿਆ

**ਚੰਡੀਗੜ੍ਹ (ਸੁਰਜੀਤ ਸੁਮਨ)**
ਸ਼੍ਰੋਮਣੀ ਨਾਟਕਕਾਰ ਦਵਿੰਦਰ ਦਮਨ ਦੇ ਸ਼ਾਹਕਾਰ ਨਾਟਕ 'ਕਤਰਾ ਕਤਰਾ ਜ਼ਿੰਦਗੀ' ਦਾ ਨਾਟ ਪਾਠ ਸਮਾਗਮ ਪੰਜਾਬੀ ਲੇਖਕ ਸਭਾ ਚੰਡੀਗੜ੍ਹ ਵੱਲੋਂ ਪੰਜਾਬ ਕਲਾ ਪ੍ਰੀਸ਼ਦ ਦੇ ਸਹਿਯੋਗ ਨਾਲ ਪੰਜਾਬ ਕਲਾ ਭਵਨ ਵਿਖੇ ਕਰਵਾਇਆ ਗਿਆ। ਇਹ ਨਾਟ ਪਾਠ ਦਵਿੰਦਰ ਦਮਨ ਤੇ ਉਹਨਾਂ ਦੀ ਪਤਨੀ ਪ੍ਰਸਿੱਧ ਰੰਗਮੰਚ, ਟੈਲੀਵਿਜ਼ਨ ਤੇ ਫ਼ਿਲਮ ਅਦਾਕਾਰਾ ਜਸਵੰਤ ਦਮਨ ਨੇ ਕੀਤਾ। ਲਗਭਗ ਡੇਢ ਘੰਟੇ ਦੀ ਇਸ ਪੇਸ਼ਕਾਰੀ ਨੂੰ ਵੱਡੀ ਗਿਣਤੀ ਵਿੱਚ ਹਾਜ਼ਰ ਸਰੋਤਿਆਂ ਨੇ ਨੀਝ ਨਾਲ ਮਾਣਿਆ। ਇਹ ਨਾਟ ਪਾਠ ਇੱਕ ਵਿਆਹੁਤਾ ਜੋੜੇ ਦੇ ਉਸ ਵਾਰਤਾਲਾਪ 'ਤੇ ਅਧਾਰਿਤ ਸੀ, ਜਿਸ ਵਿੱਚ ਉਹ ਰਿਸ਼ਤਿਆਂ ਦੀ ਸੰਜੀਦਗੀ, ਜੀਵਨ ਦੇ ਦੁੱਖ ਸੁੱਖ, ਆਲੇ ਦੁਆਲੇ ਵਾਪਰ ਰਹੀਆਂ ਘਟਨਾਵਾਂ, ਸ਼ਿਕਾਇਤਾਂ, ਖੁਸ਼ੀਆਂ ਤੇ ਤਕਲੀਫ਼ਾਂ ਦੀ ਗੱਲ ਕਰਦੇ ਇਹ ਸੁਨੇਹਾ ਦਿੰਦੇ ਹਨ ਕਿ ਸਾਰੀ ਜ਼ਿੰਦਗੀ ਛੋਟੀਆਂ ਛੋਟੀਆਂ ਘਟਨਾਵਾਂ ਦਾ ਵੱਡਾ ਸੁਮੇਲ ਹੈ। ਸਭਾ ਦੀ ਮੀਤ ਪ੍ਰਧਾਨ ਮਨਜੀਤ ਮੀਤ ਨੇ ਆਪਣੇ ਕਾਵਿਕ ਅੰਦਾਜ਼ ਵਿੱਚ ਸਭ ਨੂੰ ਜੀ ਆਇਆਂ ਕਹਿੰਦਿਆਂ ਦਮਨ ਜੋੜੇ ਦੇ ਰੰਗਮੰਚ ਸਫ਼ਰ ਨੂੰ ਸਲਾਹਿਆ। ਮੰਚ ਸੰਚਾਲਨ ਕਰਦਿਆਂ ਜਨਰਲ ਸਕੱਤਰ ਭੁਪਿੰਦਰ ਸਿੰਘ ਮਲਿਕ ਨੇ ਕਿਹਾ ਕਿ ਇਹ ਨਾਟਕ ਉਹਨਾਂ ਕਦਮਾਂ ਨੂੰ ਸਮਰਪਿਤ ਹੈ, ਜਿਨ੍ਹਾਂ ਦਾ ਸਫ਼ਰ ਜਾਰੀ ਹੈ। ਨਾਟ ਪਾਠ ਮਗਰੋਂ ਦਵਿੰਦਰ ਦਮਨ ਨੇ ਕਿਹਾ ਕਿ ਚਿਰਾਂ ਬਾਅਦ ਕੀਤੀ ਇਸ ਪੇਸ਼ਕਾਰੀ ਨੇ ਉਹਨਾਂ ਨੂੰ ਹੋਰ ਊਰਜਾ ਪ੍ਰਦਾਨ ਕੀਤੀ ਹੈ। ਜਸਵੰਤ ਦਮਨ ਨੇ ਆਪਣੀ ਬਾਕਮਾਲ ਅਦਾਕਾਰੀ ਮਗਰੋਂ ਕਿਹਾ ਕਿ 'ਕਤਰਾ ਕਤਰਾ ਜ਼ਿੰਦਗੀ' ਉਹਨਾਂ ਦੇ ਜੀਵਨ ਦੇ ਵਲਵਲਿਆਂ ਦੀ ਤਰਜਮਾਨੀ ਕਰਦਾ ਹੈ।ਉੱਘੇ ਰੰਗਮੰਚ



ਨਿਰਦੇਸ਼ਕ ਸ਼ਬਦੀਸ਼ ਨੇ ਕਿਹਾ ਕਿ ਦਵਿੰਦਰ ਦਮਨ ਉਹਨਾਂ ਵਰਗੇ ਬਹੁਤ ਸਾਰੇ ਰੰਗਕਰਮੀਆਂ ਦੇ ਰਾਹ ਦਸੇਰੇ ਹਨ। ਅਕਾਦਮਿਕ ਮਾਹਿਰ ਡਾ. ਦੀਪਕ ਮਨਮੋਹਨ ਸਿੰਘ ਨੇ ਦਮਨ ਜੋੜੀ ਨਾਲ ਆਪਣੀ ਪੁਰਾਣੀ ਸਾਂਝ ਦੇ ਹਵਾਲੇ ਨਾਲ ਕਿਹਾ ਕਿ ਅਜਿਹੀਆਂ ਸ਼ਖ਼ਸੀਅਤਾਂ ਦੀ ਵੱਡੀ ਘਾਲਣਾ ਕਰ ਕੇ ਹੀ ਰੰਗਮੰਚ ਜਿਉਂਦਾ ਹੈ। ਸਭਾ ਦੇ ਪ੍ਰਧਾਨ ਦੀਪਕ ਸ਼ਰਮਾ ਚਨਾਰਥਲ ਨੇ ਸਭਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਨਾਟਕ ਸਮਾਜ ਨੂੰ ਦਰਪਣ ਵਿਖਾਉਂਦੇ ਹਨ। ਵੱਡੀ ਗਿਣਤੀ ਵਿੱਚ ਲੇਖਕਾਂ, ਰੰਗਮੰਚ, ਫ਼ਿਲਮੀ ਕਲਾਕਾਰਾਂ ਤੇ ਬੁੱਧੀਜੀਵੀਆਂ ਦੀ ਸ਼ਮੂਲੀਅਤ ਇਸ ਸਮਾਗਮ ਦਾ ਹਾਸਿਲ ਸੀ। ਪ੍ਰਮੁੱਖ ਤੌਰ 'ਤੇ ਇਹਨਾਂ ਵਿੱਚ ਗੁਰਨਾਮ ਕੰਵਰ, ਦਰਸ਼ਨ ਔਲਖ, ਬਲਕਾਰ ਸਿੱਧੂ, ਬਲਵਿੰਦਰ ਜੰਮੂ, ਜੈ ਸਿੰਘ ਛਿੱਬਰ, ਡਾ. ਗੁਰਮੇਲ ਸਿੰਘ, ਕਮਲ ਦੋਸਾਂਝ, ਸੁਖਵਿੰਦਰ ਸਿੱਧੂ, ਹਰਮਿੰਦਰ ਕਾਲੜਾ, ਜਗਦੀਪ ਕੌਰ ਨੂਰਾਨੀ, ਨਰਿੰਦਰ ਨਸਰੀਨ, ਅਜਾਇਬ ਔਜਲਾ, ਅਰਵਿੰਦ ਦਮਨ ਰਟੌਲ, ਸੁਰਜੀਤ ਸਿੰਘ ਧੀਰ, ਗੁਰਦਰਸ਼ਨ ਸਿੰਘ ਮਾਵੀ, ਸੰਜੀਵ ਸਿੰਘ ਸੈਣੀ, ਸੁਖਵਿੰਦਰ ਆਹੀ, ਵਰਿੰਦਰ ਸਿੰਘ ਚੱਠਾ, ਦਵਿੰਦਰ ਢਿੱਲੋਂ, ਊਸ਼ਾ ਕੰਵਰ, ਤੇਜਾ ਸਿੰਘ ਥੂਹਾ, ਲਾਭ ਸਿੰਘ ਲਹਿਲੀ, ਸਰਬਜੀਤ ਸਿੰਘ ਪੱਡਾ, ਪਰਮਿੰਦਰ ਸਿੰਘ ਮਦਾਨ, ਭੁਪਿੰਦਰ ਸਿੰਘ, ਜਗਜੀਤ ਸਿੰਘ ਸੈਣੀ, ਤਜਿੰਦਰ ਜੋਗਾ ਸਿੰਘ, ਰਘਬੀਰ ਭੁੱਲਰ, ਪੂਨਮ ਸਿੰਘ, ਦਿਲਦਾਰ ਸਿੰਘ, ਅਮੀਰ ਸੁਲਤਾਨਾ, ਮਿੰਨੀ ਸਰਕਾਰੀਆ, ਅਨੀਤਾ ਸ਼ਬਦੀਸ਼, ਸਿਮਰਜੀਤ ਗਰੇਵਾਲ, ਹਰਭਜਨ ਕੌਰ ਢਿੱਲੋਂ, ਚਰਨਜੀਤ ਕੌਰ ਬਾਠ, ਰਾਜ ਸਮੱਧਰ, ਮਹਿੰਦਰ ਸਿੰਘ ਸੰਧੂ, ਜਲੌਰ ਸਿੰਘ ਖੀਵਾ, ਸੁਰਿੰਦਰ ਕੁਮਾਰ, ਕੰਵਲਦੀਪ ਕੌਰ, ਅਸ਼ੋਕ ਕੁਮਾਰ ਗਿਰੀ, ਗਗਨਦੀਪ ਕੌਰ, ਰਿਤੂ ਕੇਸਰ, ਇੰਦਰਜੀਤ ਭੁੱਲਰ, ਸੰਜੀਤ, ਗੁਰਬਿੰਦਰ ਗੌਰੀ, ਪ੍ਰਿਯਮ, ਸੁਖਵਿੰਦਰ ਸਿੰਘ, ਗੁਰਮੀਤ ਸਿੰਘ ਸਿੰਗਲ, ਖਮੇਸ਼ ਸਿੰਗਲਾ, ਅਰਸ਼ਦੀਪ ਸਿੰਘ, ਅਵਤਾਰ ਸਿੰਘ, ਗੋਰਕੀ ਸਿੰਘ, ਸਤਬੀਰ ਕੌਰ, ਧਰਮਿੰਦਰ ਸਿੰਘ, ਮੰਦਰ ਗਿੱਲ, ਰਜਿੰਦਰ ਦੱਤ, ਕਾਬਲ ਵਿਰਕ, ਰਣਜੀਤ ਕੌਰ ਸੰਧੂ, ਦੋਹਨ ਵਰਮਾ, ਡਾ. ਵਿਨੋਦ ਸੋਨੀ, ਅਸ਼ਵਨੀ ਮਲਹੋਤਰਾ ਭੀਮ, ਰੂਪ ਸਿੰਘ ਦਿਓਲ, ਚਰਨਜੀਤ ਸਿੰਘ ਕਲੇਰ ਤੇ ਹਰਜੀਤ ਸਿੰਘ ਦੇ ਨਾਮ ਜ਼ਿਕਰ-ਏ-ਖ਼ਾਸ ਰਹੇ।

# ਨਵੇਂ ਅਪਰਾਧਿਕ ਕਾਨੂੰਨਾਂ ਨੂੰ ਲਾਗੂ ਕਰਨ ਵਿੱਚ ਨੰਬਰ-1 ਬਣਿਆ ਹਰਿਆਣਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਵਿੱਚ ਹੁਣ ਸਾਰੇ ਅਦਾਲਤੀ ਸੰਮਨ ਕੋਰਟ ਇਨਫਰਮੇਸ਼ਨ ਸਿਸਟਮ ਦੇ ਮਾਧਿਅਮ ਰਾਹੀਂ ਇਲੈਕਟ੍ਰਾਨਿਕ ਤੌਰ 'ਤੇ ਜਾਰੀ ਕੀਤੇ ਜਾ ਰਹੇ ਹਨ, ਜੋ ਕਿ ਕਾਗਜ਼ ਰਹਿਤ ਨਿਆਂ ਪ੍ਰਣਾਲੀ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਪੁਲਿਸ ਅਤੇ ਅਦਾਲਤੀ ਪ੍ਰਣਾਲੀਆਂ ਦੇ ਸਫਲ ਏਕੀਕਰਣ ਦੇ ਨਤੀਜੇ ਵਜੋਂ ਨਵੇਂ ਅਪਰਾਧਿਕ ਕਾਨੂੰਨਾਂ ਤਹਿਤ ਈ-ਚਾਰਜਸ਼ੀਟ ਦੀ ਸਵੀਕਾਰਤਾ 90 ਫੀਸਦੀ ਤੋਂ ਵੱਧ ਹੋ ਗਈ ਹੈ, ਜਿਸ ਨਾਲ ਅਪਰਾਧਿਕ ਜਾਂਚ ਅਤੇ ਪ੍ਰੋਸੀਕਿਊਸ਼ਨ ਪ੍ਰਕਿਰਿਆ ਵਿੱਚ ਕੁਸ਼ਲਤਾ ਅਤੇ ਪਾਰਦਰਸ਼ਤਾ ਵਧੀ ਹੈ। ਇਸ ਦੇ ਨਾਲ ਹੀ ਰਾਜ ਨੇ ਤਕਨਾਲੋਜੀ ਅਧਾਰਤ ਪੁਲਿਸਿੰਗ ਅਤੇ ਨਿਆਇਕ ਪ੍ਰਕਿਰਿਆਵਾਂ ਵਿੱਚ ਰਾਸ਼ਟਰੀ ਪੱਧਰ 'ਤੇ ਮੋਹਰੀ ਰਾਜ ਵਜੋਂ ਆਪਣੀ ਸਥਿਤੀ ਨੂੰ ਹੋਰ ਮਜ਼ਬੂਤ ਕੀਤਾ ਹੈ।ਇਹ ਪ੍ਰਾਪਤੀਆਂ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਦੀ ਪ੍ਰਧਾਨਗੀ ਹੇਠ ਹੋਈ ਕ੍ਰਾਈਮ ਐਂਡ ਕ੍ਰਿਮੀਨਲ ਟ੍ਰੈਕਿੰਗ ਨੈੱਟਵਰਕ ਐਂਡ ਸਿਸਟਮਜ਼ ਤੇ ਇੰਟਰਓਪਰੇਬਲ ਕ੍ਰਿਮੀਨਲ ਜਸਟਿਸ ਸਿਸਟਮ ਦੀ 33ਵੀਂ ਰਾਜ ਪੱਧਰੀ ਸੁਪਰੀਮ ਕਮੇਟੀ ਦੀ ਮੀਟਿੰਗ ਵਿੱਚ ਸਾਹਮਣੇ ਆਈਆਂ। ਮੀਟਿੰਗ ਵਿੱਚ ਨਵੇਂ ਅਪਰਾਧਿਕ ਕਾਨੂੰਨਾਂ, ਸੀ ਸੀ ਟੀ ਐੱਨ ਐੱਸ ਅਤੇ ਆਈ ਸੀ ਜੇ ਐੱਸ ਪਹਿਲਕਦਮੀਆਂ ਦੇ ਰਾਜ ਪੱਧਰੀ ਲਾਗੂਕਰਨ ਦੀ ਸਮੀਖਿਆ ਕੀਤੀ ਗਈ।

# ਸਾਲਾਨਾ ਜੋੜ ਮੇਲਾ 25 ਨੂੰ

**ਅੱਡਾ ਸਰਾਂ (ਜਸਵੀਰ ਕਾਜਲ)**-ਦਰਗਾਹ ਪੀਰ ਬਾਬਾ ਮਲੰਗ ਸ਼ਾਹ ਖ਼ਾਕੀ ਨਡਾਲੀ ਨੂਰਪੁਰ ਵਿਖੇ ਸਾਲਾਨਾ ਜੋੜ ਮੇਲਾ 25 ਜੂਨ ਦਿਨ ਵੀਰਵਾਰ ਨੂੰ ਗੱਦੀ ਨਸ਼ੀਨ ਮਾਤਾ ਗੁਰਮੇਲ ਕੌਰ ਦੀ ਅਗਵਾਈ ਹੇਠ ਸ਼ਰਧਾ ਪੂਰਵਕ ਮਨਾਇਆ ਜਾਵੇਗਾ। ਇਸ ਸੰਬੰਧੀ ਸੇਵਾਦਾਰ ਸੋਨੂ ਸ਼ਾਹ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੌਕੇ ਮੁੱਕਦਸ ਦਰਗਾਹ 'ਤੇ ਚਾਦਰ, ਝੰਡਾ ਚੜ੍ਹਾਉਣ ਅਤੇ ਚਿਰਾਗ ਰੋਸ਼ਨ ਕਰਨ ਉਪਰੰਤ ਧਾਰਮਿਕ ਮਹਿਫ਼ਲ ਏ ਕਵਾਲ ਸਜਾਈ ਜਾਵੇਗੀ ਜਿਸ 'ਚ ਫਨਕਾਰ ਕਵਾਲ ਜਥੇ ਅਤੇ ਨਕਾਲ ਪਾਰਟੀ ਜਥੇ ਆਪਣੇ ਫਨ ਦਾ ਮੁਜ਼ਾਹਰਾ ਕਰਨਗੇ। ਇਸ ਮੌਕੇ ਵੱਖ ਵੱਖ ਦਰਬਾਰਾ ਤੋਂ ਮਹਾਂਪੁਰਸ਼ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ ਤੇ ਇਸ ਉਪਰੰਤ ਚਾਹ ਪਕੌੜੇ, ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਅਤੁੱਟ ਲੰਗਰ ਵੀ ਵਰਤਾਇਆ ਜਾਵੇਗਾ।